17-April-PAGE-1.qxd 4/16/2025 9:23 PM Page 1

ਵੀਰਵਾਰ, 17 ਅਪ੍ਰੈਲ, 2025
5 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 316

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 17 APRIL, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


### ਸੁਪਰੀਮ ਕੋਰਟ ਨੇ ਕੇਂਦਰ ਨੂੰ ਪੁੱਛਿਆ

## ਹਿੰਦੂ ਟਰੱਸਟਾਂ 'ਚ ਮੁਸਲਮਾਨਾਂ ਨੂੰ ਟਰੱਸਟੀ ਬਣਾਓਗੇ ?

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਉਹ ਵਕਫ (ਸੋਧ) ਕਾਨੂੰਨ 2025 ਦੀ ਵੈਧਤਾ ਨੂੰ ਚੈਲੰਜ ਕਰਦੀਆਂ ਪਟੀਸ਼ਨਾਂ 'ਤੇ ਵੀਰਵਾਰ ਅੰਤਰਮ ਹੁਕਮ ਪਾਸ ਕਰੇਗੀ। ਹਾਲਾਂਕਿ ਕੋਰਟ ਨੇ ਕਾਨੂੰਨ ਖਿਲਾਫ ਪ੍ਰੋਟੈਸਟ ਦੌਰਾਨ ਪੱਛਮੀ ਬੰਗਾਲ ਵਿੱਚ ਹਿੰਸਾ 'ਤੇ ਗੰਭੀਰ ਚਿੰਤਾ ਜ਼ਾਹਰ ਕੀਤੀ। ਤਿੰਨ ਮੈਂਬਰੀ ਬੈਂਚ ਦੀ ਅਗਵਾਈ ਕਰ ਰਹੇ ਚੀਫ ਜਸਟਿਸ ਸੰਜੀਵ ਖੰਨਾ ਨੇ ਕਿਹਾ, 'ਹਿੰਸਾ ਬਹੁਤ ਚਿੰਤਾ ਲਾ ਰਹੀ ਹੈ। ਮਾਮਲਾ ਸੁਪਰੀਮ ਕੋਰਟ ਦੇ ਸਾਹਮਣੇ ਹੈ ਤੇ ਅਸੀਂ ਫੈਸਲਾ ਕਰਾਂਗੇ।' ਕੋਰਟ ਨੇ ਸੁਣਵਾਈ ਦੌਰਾਨ ਕੇਂਦਰ ਤੋਂ ਇਹ ਵੀ ਪੁੱਛਿਆ ਕਿ ਜਿਵੇਂ ਨਵੇਂ ਕਾਨੂੰਨ ਵਿੱਚ ਹਿੰਦੂਆਂ ਨੂੰ ਬੋਰਡ ਦੇ ਟਰੱਸਟੀ ਬਣਾਇਆ ਗਿਆ ਹੈ, ਹਿੰਦੂ ਧਾਰਮਕ ਟਰੱਸਟਾਂ ਵਿੱਚ ਮੁਸਲਮਾਨਾਂ ਨੂੰ ਟਰੱਸਟੀ ਬਣਾਇਆ ਜਾਵੇਗਾ? ਵੀਰਵਾਰ ਦੋ ਵਜੇ ਮਾਮਲੇ 'ਤੇ ਅੱਗੇ ਸੁਣਵਾਈ ਕਰੇਗੀ।

ਸੁਪਰੀਮ ਕੋਰਟ ਨੇ ਵਕਫ ਸੋਧ ਐਕਟ 2025 ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦਿੰਦੀਆਂ ਪਟੀਸ਼ਨਾਂ 'ਤੇ ਬੁੱਧਵਾਰ ਨੂੰ ਸੁਣਵਾਈ ਸ਼ੁਰੂ ਕੀਤੀ। ਚੀਫ ਜਸਟਿਸ ਸੰਜੀਵ ਖੰਨਾ ਤੇ ਜਸਟਿਸ ਸੰਜੈ ਕੁਮਾਰ ਦੀ ਸ਼ਮੂਲੀਅਤ ਵਾਲੀ ਬੈਂਚ ਨੇ ਸੁਣਵਾਈ ਦੌਰਾਨ ਦੋ ਪਹਿਲੂਆਂ 'ਤੇ ਜ਼ੋਰ ਦਿੱਤਾ। ਚੀਫ ਜਸਟਿਸ ਨੇ ਕਿਹਾ, "ਦੋ ਪਹਿਲੂ ਹਨ, ਜਿਨ੍ਹਾਂ 'ਤੇ ਅਸੀਂ ਦੋਵਾਂ ਧਿਰਾਂ ਨੂੰ ਧਿਆਨ ਦੇਣ ਲਈ ਕਹਿਣਾ ਚਾਹੁੰਦੇ ਹਾਂ। ਪਹਿਲਾ, ਕੀ ਸਾਨੂੰ ਇਸ ਨੂੰ ਹਾਈ ਕੋਰਟ ਵਿੱਚ ਭੇਜਣਾ ਚਾਹੀਦਾ ਹੈ ਜਾਂ ਨਹੀਂ? ਦੂਜਾ, ਸੰਖੇਪ ਵਿੱਚ ਦੱਸੋ ਕਿ ਤੁਸੀਂ ਅਸਲ ਵਿੱਚ ਕਿਸ ਗੱਲ 'ਤੇ ਅਪੀਲ ਤੇ ਬਹਿਸ ਕਰਨਾ ਚਾਹੁੰਦੇ ਹੋ?" ਚੀਫ ਜਸਟਿਸ ਨੇ ਕਿਹਾ, "ਦੂਜਾ ਪਹਿਲੂ ਕੁਝ ਹੱਦ ਤੱਕ ਪਹਿਲੇ ਮੁੱਦੇ ਦਾ ਫੈਸਲਾ ਕਰਨ ਵਿੱਚ ਸਾਡੀ ਮਦਦ ਕਰ ਸਕਦਾ ਹੈ।"

ਇਸ ਦੌਰਾਨ, ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਨੇ ਕਿਹਾ ਕਿ ਵਕਫ ਐਕਟ ਦੇ ਸਾਰੇ ਭਾਰਤ 'ਤੇ ਪ੍ਰਭਾਵ ਪੈਣਗੇ ਅਤੇ ਪਟੀਸ਼ਨਾਂ ਨੂੰ ਹਾਈ ਕੋਰਟ ਨਹੀਂ ਭੇਜਿਆ ਜਾਣਾ ਚਾਹੀਦਾ। ਇਸ 'ਤੇ ਚੀਫ ਜਸਟਿਸ ਖੰਨਾ ਨੇ ਕਿਹਾ ਕਿ ਇੱਕ ਹਾਈ ਕੋਰਟ ਨੂੰ ਪਟੀਸ਼ਨਾਂ ਨਾਲ ਨਜਿੱਠਣ ਲਈ ਕਿਹਾ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਉਹ ਕਾਨੂੰਨ 'ਤੇ ਰੋਕ ਲਗਾਉਣ ਦੇ ਪਹਿਲੂ 'ਤੇ ਕੋਈ ਦਲੀਲ ਨਹੀਂ ਸੁਣ ਰਹੇ ਹਨ।

ਉਧਰ, ਕੇਂਦਰ ਨੇ ਕਿਹਾ ਕਿ ਵਕਫ ਸੋਧ ਐਕਟ ਦੇ ਅਧਿਐਨ ਲਈ ਸਾਂਝੀ ਸੰਸਦੀ ਕਮੇਟੀ (ਜੇ ਪੀ ਸੀ) ਦਾ ਗਠਨ ਕੀਤਾ ਗਿਆ ਸੀ ਅਤੇ ਵਿਸਤ੍ਰਿਤ ਅਭਿਆਸ ਕੀਤਾ ਗਿਆ ਸੀ। ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਜੇ ਪੀ ਸੀ ਦੀਆਂ 38 ਬੈਠਕਾਂ ਹੋਈਆਂ ਅਤੇ ਸੰਸਦ ਦੇ ਦੋਵਾਂ ਸਦਨਾਂ ਦੁਆਰਾ ਇਸ ਨੂੰ ਪਾਸ ਕਰਨ ਤੋਂ ਪਹਿਲਾਂ 98.2 ਲੱਖ ਮੈਮੋਰੰਡਮਾਂ ਦੀ ਜਾਂਚ ਕੀਤੀ ਗਈ। ਪਟੀਸ਼ਨਰਾਂ ਵੱਲੋਂ ਸੀਨੀਅਰ ਵਕੀਲ ਕਪਿਲ ਸਿੱਬਲ ਪੇਸ਼ ਹੋਏ।

ਕੇਂਦਰ ਨੇ ਹਾਲ ਹੀ ਵਿੱਚ ਵਕਫ (ਸੋਧ) ਐਕਟ, 2025 ਨੂੰ ਨੋਟੀਫਾਈ ਕੀਤਾ ਹੈ, ਜਿਸ ਨੂੰ ਦੋਵਾਂ ਸਦਨਾਂ ਵਿੱਚ ਤਿੱਖੀ ਬਹਿਸ ਤੋਂ ਬਾਅਦ ਸੰਸਦ ਦੀ ਹਰੀ ਝੰਡੀ ਮਗਰੋਂ 5 ਅਪਰੈਲ ਨੂੰ ਰਾਸ਼ਟਰਪਤੀ ਦਰੋਪਦੀ ਮੁਰਮੂ ਦੀ ਮਨਜ਼ੂਰੀ ਮਿਲੀ ਸੀ।

ਰਾਜ ਸਭਾ ਵਿੱਚ 128 ਮੈਂਬਰਾਂ ਨੇ ਬਿੱਲ ਦੇ ਹੱਕ ਵਿੱਚ ਅਤੇ 95 ਨੇ ਵਿਰੋਧ ਵਿੱਚ ਵੋਟਿੰਗ ਕਰਕੇ ਪਾਸ ਕੀਤਾ। ਇਸ ਨੂੰ ਲੋਕ ਸਭਾ ਵਿੱਚ 288 ਮੈਂਬਰਾਂ ਨੇ ਸਮਰਥਨ ਅਤੇ 232 ਨੇ ਵਿਰੋਧ ਕਰਕੇ ਪਾਸ ਕੀਤਾ। ਏ ਆਈ ਐੱਮ ਆਈ ਐੱਮ ਆਗੂ ਅਸਦੁੱਦੀਨ ਓਵੈਸੀ, ਆਲ ਇੰਡੀਆ ਮੁਸਲਮ ਪਰਸਨਲ ਲਾਅ ਬੋਰਡ, ਜਮੀਅਤ ਉਲੇਮਾ-ਏ-ਹਿੰਦ, ਡੀ ਐੱਮ ਕੇ, ਕਾਂਗਰਸ ਸੰਸਦ ਮੈਂਬਰਾਂ ਇਮਰਾਨ ਪ੍ਰਤਾਪਗੜ੍ਹੀ ਅਤੇ ਮੁਹੰਮਦ ਜਾਵੇਦ, ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ ਸਮੇਤ 72 ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਐਕਟ ਦੀ ਵੈਧਤਾ ਨੂੰ ਚੁਣੌਤੀ ਦਿੱਤੀ ਗਈ ਹੈ। ਕੇਂਦਰ ਨੇ 8 ਅਪਰੈਲ ਨੂੰ ਸੁਪਰੀਮ ਕੋਰਟ ਵਿੱਚ ਇੱਕ ਕੈਵੀਏਟ ਦਾਖਲ ਕਰਕੇ ਇਸ ਮਾਮਲੇ ਵਿੱਚ ਕੋਈ ਵੀ ਹੁਕਮ ਪਾਸ ਕਰਨ ਤੋਂ ਪਹਿਲਾਂ ਉਸ ਦਾ ਪੱਖ ਸੁਣੇ ਜਾਣ ਦੀ ਮੰਗ ਕੀਤੀ ਸੀ।

## ਅਮਰੀਕਾ ਸਾਹਮਣੇ 'ਆਤਮ ਸਮਰਪਣ' ਸਾਮਰਾਜਵਾਦ ਵਿਰੋਧੀ ਹਰ ਸਿਧਾਂਤ ਨੂੰ ਧੋਖਾ ਦੇਣ ਦੇ ਤੁਲ : ਰਾਜਨ ਸੀ. ਸਾਗਰ

☛ ਅੰਦੋਲਨ 'ਚ ਔਰਤਾਂ ਨੂੰ ਅਣਗੌਲਿਆ ਨਾ ਕੀਤਾ ਜਾਵੇ : ਨਿਸ਼ਾ ਸਿੱਧੂ ☛ ਰਿਪੋਰਟ 'ਤੇ ਬਲਕਰਨ ਬਰਾੜ ਤੇ ਕੁਲਵੰਤ ਮੌਲਵੀਵਾਲ ਨੇ ਸਰਗਰਮ ਹਿੱਸਾ ਲਿਆ




ਕੌਮੀ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਬਲਕਰਨ ਸਿੰਘ ਬਰਾੜ, ਰਾਜਨ ਸੀ. ਸਾਗਰ ਤੇ ਕੁਲਵੰਤ ਸਿੰਘ ਮੌਲਵੀਵਾਲ

**ਨਾਗਾਪਟੀਨਮ (ਤਾਮਿਲਨਾਡੂ) (ਗਿਆਨ ਸੈਦਪੁਰੀ)**

'ਮੋਦੀ ਸਰਕਾਰ ਦਾ ਅਮਰੀਕਾ ਸਾਹਮਣੇ ਸਮਰਪਣ ਭਾਰਤ ਦੇ ਸਾਮਰਾਜਵਾਦ ਵਿਰੋਧੀ ਹਰ ਸਿਧਾਂਤ ਨੂੰ ਧੋਖਾ ਦੇਣਾ ਹੈ। ਜਦੋਂ ਭਾਰਤ ਦਾ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਇਸ ਆਤਮ ਸਮਰਪਣ ਨੂੰ ਭਾਰਤ ਦੀ ਕੂਟਨੀਤਕ ਸਫਲਤਾ ਦੱਸਦਾ ਹੈ ਤਾਂ ਇਹ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਮਹਾਨ ਕੁਰਬਾਨੀ ਅਤੇ ਮਹਾਤਮਾ ਗਾਂਧੀ ਦੇ ਸਵਦੇਸ਼ੀ ਅੰਦੋਲਨ ਦੇ ਸੰਕਲਪ ਦਾ ਮਜ਼ਾਕ ਉਡਾਉਣ ਦੇ ਬਰਾਬਰ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਰਾਜਨ ਸਾਗਰ ਨੇ ਕੀਤਾ। ਉਹ ਇੱਥੇ ਚੱਲ ਰਹੀ ਕੁਲ ਹਿੰਦ ਕਿਸਾਨ ਸਭਾ ਦੀ 30ਵੀਂ ਕੌਮੀ ਕਾਨਫਰੰਸ ਅੱਗੇ ਰਿਪੋਰਟ ਪੇਸ਼ ਕਰ ਰਹੇ ਸਨ। ਉਨ੍ਹਾ ਕਿਹਾ ਕਿ ਪਿਛਲੀ ਕੌਮੀ ਕਾਨਫਰੰਸ 2016 ਵਿੱਚ ਤਿਲੰਗਾਨਾ ਸੂਬੇ ਦੇ ਸ਼ਹਿਰ ਹੈਦਰਾਬਾਦ ਵਿੱਚ ਹੋਈ ਸੀ। ਉਸ ਕਾਨਫਰੰਸ ਤੋਂ ਬਾਅਦ ਵਿਸ਼ਵ ਅਤੇ ਭਾਰਤ ਵਿੱਚ ਸਮਾਜਕ ਅਤੇ ਆਰਥਕ ਪ੍ਰਵਰਤਨਾਂ ਨੂੰ ਸਮਝਣ ਦੀ ਲੋੜ ਹੈ। ਇਸ ਸਮੇਂ ਭਾਰਤ ਦੀ ਹਾਲਤ ਬਿਆਨ ਕਰਦਿਆਂ ਰਾਜਨ ਨੇ ਕਿਹਾ ਕਿ ਸਾਡਾ ਦੇਸ਼ ਇਸ ਸਮੇਂ ਚੌਰਾਹੇ 'ਤੇ ਖੜਾ ਹੈ। ਉਨ੍ਹਾ ਕਿਹਾ ਕਿ ਜਿਸ ਧਰਤੀ ਨੇ ਕ੍ਰਾਂਤੀਕਾਰੀਆਂ ਨੂੰ ਜਨਮ ਦਿੱਤਾ, ਉਹ ਟੈਰਿਫ ਅੱਤਿਆਚਾਰਾਂ ਅੱਗੇ ਝੁਕ ਨਹੀਂ ਸਕਦੀ। ਕਿਸਾਨ ਸੰਗਠਨਾਂ, ਵਪਾਰੀਆਂ ਅਤੇ ਨਾਗਰਿਕ ਸਮਾਜ ਨੂੰ ਇੱਕਜੁੱਟ ਹੋ ਕੇ ਸਿਰਫ ਵਾਸ਼ਿੰਗਟਨ ਨਾਲ ਹੀ ਨਹੀਂ, ਸਗੋਂ ਦਿੱਲੀ ਵਿਰੁੱਧ ਵੀ ਲੜਨਾ ਹੋਵੇਗਾ। ਇੱਕ ਦੇਸ਼, ਜਿਸ ਦੀ ਪ੍ਰਤਿਸ਼ਟਾ ਖੋਹ ਲਈ ਗਈ ਹੋਵੇ, ਇਸ ਦੇ ਲੋਕ ਵਿਦੇਸ਼ੀ ਪੂੰਜੀ ਦੇ ਗੁਲਾਮ ਹੋਣ ਤੇ ਉਸ ਦਾ ਭਵਿੱਖ ਸਭ ਤੋਂ ਉੱਚੀ ਬੋਲੀ ਲਾਉਣ ਵਾਲੇ ਨੂੰ ਨਿਲਾਮ ਕਰ ਦਿੱਤਾ ਜਾਵੇ, ਅਜਿਹੀ ਸਥਿਤੀ ਵਿੱਚ ਆਪਣੇ ਮੁਲਕ ਦੀ ਹੋਂਦ ਲਈ ਸੰਘਰਸ਼ ਕਰਨਾ ਲਾਜ਼ਮੀ ਬਣ ਜਾਂਦਾ ਹੈ। ਉਹਨਾ ਕਿਹਾ ਕਿ ਭਾਜਪਾ- ਆਰ ਐੱਸ ਐਸ ਨੇ ਜਨਤਕ ਜੀਵਨ ਦੇ ਹਰ ਪਹਿਲੂ ਵਿੱਚ ਸੰਪਰਦਾਇਕ ਧਰੁਵੀਕਰਨ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਜਾਰੀ ਰੱਖੀਆਂ ਹੋਈਆਂ ਹਨ। ਘੱਟ ਗਿਣਤੀਆਂ ਵਿਰੁੱਧ ਨਫ਼ਰਤ ਫੈਲਾਉਣ ਦਾ ਸਿਲਸਿਲਾ ਜਾਰੀ ਰੱਖਿਆ ਹੋਇਆ ਹੈ। ਨਵ-ਫਾਸ਼ੀਵਾਦ ਅੱਤਵਾਦ ਦਾ ਮਾਹੌਲ ਪੈਦਾ ਕੀਤਾ ਗਿਆ ● ਬਾਕੀ ਸਫ਼ਾ 2 'ਤੇ

## ਉਰਦੂ ਨਾਲ ਦੁਸ਼ਮਣੀ ਨਹੀਂ, ਦੋਸਤੀ ਕਰੋ

### ਇਹ ਦੇਸ਼ ਦੀ ਸੰਸਕ੍ਰਿਤੀ 'ਚ ਪੈਦਾ ਹੋਈ ਤੇ ਵਧੀ-ਫੁੱਲੀ



**ਨਵੀਂ ਦਿੱਲੀ** : 'ਭਾਸ਼ਾ ਸੰਸਕ੍ਰਿਤੀ ਹੈ, ਧਰਮ ਨਹੀਂ ਅਤੇ ਉਰਦੂ ਇਸ ਦੇਸ਼ ਦੀ ਮਿੱਟੀ ਵਿੱਚ ਪਲੀ-ਵਧੀ ਭਾਸ਼ਾ ਹੈ। ਆਓ, ਅਸੀਂ ਉਰਦੂ ਤੇ ਬਾਕੀ ਸਾਰੀਆਂ ਭਾਸ਼ਾਵਾਂ ਨਾਲ ਦੋਸਤੀ ਕਰੀਏ!' ਇਹ ਬਿਆਨ ਕਿਸੇ ਉਰਦੂ ਪ੍ਰੇਮੀ ਦਾ ਨਹੀਂ, ਸੁਪਰੀਮ ਕੋਰਟ ਨੇ ਉਰਦੂ ਭਾਸ਼ਾ ਦੇ ਹੱਕ ਵਿੱਚ ਇਹ ਬਿਆਨ ਆਪਣੇ ਇੱਕ ਫੈਸਲੇ ਵਿੱਚ ਦਿੱਤਾ ਹੈ। ਮਾਮਲਾ ਮਹਾਰਾਸ਼ਟਰ ਦੇ ਅਕੋਲਾ ਜ਼ਿਲ੍ਹੇ ਦੀ ਪਾਤੂਰ ਨਗਰ ਕੌਂਸਲ ਦੀ ਇਮਾਰਤ 'ਤੇ ਲੱਗੇ ਉਰਦੂ ਬੋਰਡ ਖਿਲਾਫ ਪਟੀਸ਼ਨ ਦਾ ਸੀ, ਜਿਸ ਨੂੰ ਸੁਪਰੀਮ ਕੋਰਟ ਨੇ ਉਪਰੋਕਤ ਸ਼ਬਦਾਂ ਨਾਲ ਖਾਰਜ ਕਰ ਦਿੱਤਾ।

ਉਰਦੂ ਦੇ ਬੋਰਡ ਖਿਲਾਫ ਪਟੀਸ਼ਨ ਦਾਇਰ ਕਰਨ ਵਾਲੇ ਸਾਬਕਾ ਕੌਂਸਲਰ ਨੇ ਦਲੀਲ ਦਿੱਤੀ ਸੀ ਕਿ ਉਰਦੂ ਵਿੱਚ ਬੋਰਡ ਲਾਉਣਾ ਸੂਬੇ ਦੇ ਭਾਸ਼ਾ ਕਾਨੂੰਨ ਦੀ ਉਲੰਘਣਾ ਹੈ। ਪਟੀਸ਼ਨ ਨੂੰ ਖਾਰਜ ਕਰਦਿਆਂ ਜਸਟਿਸ ਸੁਧਾਂਸ਼ੂ ਧੂਲੀਆ ਤੇ ਜਸਟਿਸ ਕੇ ਵਿਨੋਦ ਚੰਦਰਨ ਦੀ ਬੈਂਚ ਨੇ ਬੰਬੇ ਹਾਈ ਕੋਰਟ ਦੇ ਫੈਸਲੇ ਨੂੰ ਬਹਾਲ ਰੱਖਿਆ। ਬੈਂਚ ਨੇ ਪਟੀਸ਼ਨ ਵਿੱਚ ਦਿੱਤੀਆਂ ਗਈਆਂ ਦਲੀਲਾਂ ਨੂੰ ਭਾਸ਼ਾਈ ਤੁਅੱਸਬ ਕਰਾਰ ਦਿੱਤਾ। ਬੈਂਚ ਨੇ ਕਿਹਾ—ਕਿਸੇ ਵੀ ਭਾਸ਼ਾ ਖਿਲਾਫ ਸਾਡੀਆਂ ਗਲਤਫਹਿਮੀਆਂ ਨੂੰ ਸੱਚ ਤੇ ਸਾਹਸ ਨਾਲ ਖਤਮ ਕਰਨਾ ਚਾਹੀਦਾ ਹੈ। ਸਾਡੇ ਦੇਸ਼ ਦੀ ਵਿਵਧਤਾ ਸਾਡੀ ਤਾਕਤ ਹੈ, ਕਮਜ਼ੋਰੀ ਨਹੀਂ। ਉਰਦੂ ਨਾਲ ਦੋਸਤੀ ਕਰੋ, ਦੁਸ਼ਮਣੀ ਨਹੀਂ। ਭਾਸ਼ਾ ਕਿਸੇ ਧਰਮ ਦੀ ਨਹੀਂ ਹੁੰਦੀ, ਉਹ ਇਲਾਕੇ, ਭਾਈਚਾਰੇ ਤੇ ਸੰਸਕ੍ਰਿਤੀ ਨਾਲ ਜੁੜੀ ਹੁੰਦੀ ਹੈ।

ਬੈਂਚ ਨੇ ਉਰਦੂ ਨੂੰ ਗੰਗਾ-ਜਮਨੀ ਤਹਿਜ਼ੀਬ ਦਾ ਬਿਹਤਰੀਨ ਨਮੂਨਾ ਦੱਸਦਿਆਂ ਉਸ ਨੂੰ ਸਾਂਝੀ ਸੰਸਕ੍ਰਿਤੀ ਦੀ ਨਜ਼ੀਰ ਦੱਸਿਆ, ਜਿਹੜੀ ਉੱਤਰ ਤੇ ਮੱਧ ਭਾਰਤ ਦੇ ਮੈਦਾਨਾਂ ਵਿੱਚ ਪਨਪੀ। ਬੈਂਚ ਨੇ ਕਿਹਾ ਕਿ ਉਰਦੂ ਹਿੰਦੀ ਤੇ ਪੰਜਾਬੀ ਦੀ ਤਰ੍ਹਾਂ ਇੱਕ ਭਾਰਤੀ ਭਾਸ਼ਾ ਹੈ, ਜਿਹੜੀ ਇੱਥੋਂ ਦੀ ਸੰਸਕ੍ਰਿਤੀ ਵਿੱਚ ਪੈਦਾ ਹੋਈ ਤੇ ਪਲੀ-ਵਧੀ। ਉਰਦੂ ਨੂੰ ਵਿਦੇਸ਼ੀ ਜਾਂ ਸਿਰਫ ਮੁਸਲਮਾਨਾਂ ਦੀ ਭਾਸ਼ਾ ਮੰਨਣਾ ਇੱਕ ਇਤਿਹਾਸਕ ਭੁਲੇਖਾ ਹੈ।

ਬੈਂਚ ਨੇ ਇਸ ਨੂੰ ਅੰਗਰੇਜ਼ਾਂ ਦੀ ਪਾੜੋ ਤੇ ਰਾਜ ਕਰੋ ਦੀ ਨੀਤੀ ਨਾਲ ਜੋੜਦਿਆਂ ਕਿਹਾ, 'ਇਹ ਵੰਡ ਬਸਤੀਵਾਦੀ ਤਾਕਤਾਂ ਵੱਲੋਂ ਧਾਰਮਕ ਆਧਾਰ 'ਤੇ ਭਾਸ਼ਾਵਾਂ ਨੂੰ ਅੱਡ ਕਰਨ ਦੀ ਸਾਜ਼ਿਸ਼ ਦਾ ਹਿੱਸਾ ਰਹੀ ਹੈ। ਹਿੰਦੀ ਨੂੰ ਹਿੰਦੂਆਂ ਦੀ ਅਤੇ ਉਰਦੂ ਨੂੰ ਮੁਸਲਮਾਨਾਂ ਦੀ ਭਾਸ਼ਾ ਦੇ ਰੂਪ ਵਿੱਚ ਸਥਾਪਤ ਕਰਨਾ ਸਾਡੀ ਸਾਂਝੀ ਵਿਰਾਸਤ 'ਤੇ ਹਮਲਾ ਸੀ।'

ਬੈਂਚ ਨੇ ਅੰਕੜਿਆਂ ਰਾਹੀਂ ਵੀ ਭਾਰਤ ਦੀ ਭਾਸ਼ਾਈ ਵਿਵਧਤਾ ਦੀ ਮਿਸਾਲ ਪੇਸ਼ ਕੀਤੀ। ਉਸ ਨੇ ਦੱਸਿਆ ਕਿ ਉਰਦੂ ਭਾਰਤ ਦੀ ਛੇਵੀਂ ਸਭ ਤੋਂ ਵੱਧ ਬੋਲੀ ਜਾਣ ਵਾਲੀ ਭਾਸ਼ਾ ਹੈ। ਇਹ ਦੇਸ਼ ਦੇ ਸਾਰੇ ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਕਿਸੇ ਨਾ ਕਿਸੇ ਰੂਪ ਵਿੱਚ ਬੋਲੀ ਜਾਂਦੀ ਹੈ।

ਬੈਂਚ ਨੇ ਆਜ਼ਾਦੀ ਸੰਗਰਾਮ ਦੌਰਾਨ ਉਭਰੀ 'ਹਿੰਦੁਸਤਾਨੀ' ਭਾਸ਼ਾ ਦਾ ਜ਼ਿਕਰ ਕਰਦਿਆਂ ਕਿਹਾ, 'ਹਿੰਦੁਸਤਾਨੀ, ਜਿਹੜੀ ਹਿੰਦੀ-ਉਰਦੂ-ਪੰਜਾਬੀ ਵਰਗੀਆਂ ਭਾਸ਼ਾਵਾਂ ਦਾ ਮੇਲ ਹੈ, ਉਸ ਸਮੇਂ ਸੰਪੂਰਨ ਭਾਰਤ ਵਿੱਚ ਸੰਵਾਦ ਦੀ ਪ੍ਰਮੁੱਖ ਭਾਸ਼ਾ ਬਣ ਰਹੀ ਸੀ। ਪਹਿਲੇ ਪ੍ਰਧਾਨ ਮੰਤਰੀ ਪੰਡਤ ਨਹਿਰੂ ਹਿੰਦੁਸਤਾਨੀ ਨੂੰ ● ਬਾਕੀ ਸਫ਼ਾ 2 'ਤੇ

## ਗਵਈ ਹੋਣਗੇ ਨਵੇਂ ਚੀਫ ਜਸਟਿਸ



**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਜਸਟਿਸ ਬੀ ਆਰ ਗਵਈ ਦੇਸ਼ ਦੇ 52ਵੇਂ ਚੀਫ ਜਸਟਿਸ ਹੋਣਗੇ। ਸੁਪਰੀਮ ਕੋਰਟ ਦੇ ਚੀਫ ਜਸਟਿਸ ਸੰਜੀਵ ਖੰਨਾ ਨੇ ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਦੇ ਨਾਂਅ ਦੀ ਆਪਣੇ ਜਾਨਸ਼ੀਨ ਵਜੋਂ ਸਿਫਾਰਸ਼ ਕਾਨੂੰਨ ਮੰਤਰਾਲੇ ਨੂੰ ਭੇਜ ਦਿੱਤੀ ਹੈ। ਚੀਫ ਜਸਟਿਸ ਸੰਜੀਵ ਖੰਨਾ ਦਾ ਛੇ ਮਹੀਨਿਆਂ ਤੇ ਦੋ ਦਿਨ ਦਾ ਕਾਰਜਕਾਲ 13 ਮਈ ਨੂੰ ਖਤਮ ਹੋ ਰਿਹਾ ਹੈ। ਜਸਟਿਸ ਗਵਈ 14 ਮਈ ਨੂੰ ਚੀਫ ਜਸਟਿਸ ਬਣਨਗੇ। ਉਹ ਨਵੰਬਰ 2025 ਤੱਕ ਚੀਫ ਜਸਟਿਸ ਰਹਿਣਗੇ। ਸੁਪਰੀਮ ਕੋਰਟ ਦੇ ਜੱਜਾਂ ਦੀ ਰਿਟਾਇਰਮੈਂਟ ਉਮਰ 65 ਸਾਲ ਹੈ। ਜਸਟਿਸ ਗਵਈ 24 ਨਵੰਬਰ 1960 ਨੂੰ ਮਹਾਰਾਸ਼ਟਰ ਦੇ ਅਮਰਾਵਤੀ ਵਿੱਚ ਪੈਦਾ ਹੋਏ ਸਨ ਤੇ 14 ਨਵੰਬਰ 2003 ਨੂੰ ਬੰਬੇ ਹਾਈ ਕੋਰਟ ਦੇ ਐਡੀਸ਼ਨਲ ਜੱਜ ਬਣੇ ਸਨ।

## ਬਾਜਵਾ ਦੀ 22 ਤੱਕ ਗ੍ਰਿਫ਼ਤਾਰੀ ਟਲੀ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੂੰ ਬੁੱਧਵਾਰ ਵੱਡੀ ਰਾਹਤ ਦਿੱਤੀ। ਬਾਜਵਾ ਨੇ 'ਬੰਬਾਂ ਬਾਰੇ ਬਿਆਨ' ਮਾਮਲੇ ਵਿੱਚ ਪੰਜਾਬ ਪੁਲਸ ਵੱਲੋਂ ਮੁਹਾਲੀ ਦੇ ਫੇਜ਼ 7 ਥਾਣੇ 'ਚ ਦਰਜ ਐੱਫ ਆਈ ਆਰ ਰੱਦ ਕਰਾਉਣ ਲਈ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਹਾਈ ਕੋਰਟ ਨੇ ਸੁਣਵਾਈ ਮਗਰੋਂ ਬਾਜਵਾ ਦੀ ਗ੍ਰਿਫਤਾਰੀ ਉਤੇ 22 ਅਪਰੈਲ ਤੱਕ ਰੋਕ ਲਗਾ ਦਿੱਤੀ। ਅਦਾਲਤ ਨੇ ਬਾਜਵਾ ਨੂੰ ਪ੍ਰੈੱਸ ਵਿੱਚ ਕਿਸੇ ਵੀ ਤਰ੍ਹਾਂ ਦੀ ਬਿਆਨਬਾਜ਼ੀ ਕਰਨ ਤੋਂ ਵੀ ਰੋਕ ਦਿੱਤਾ ਹੈ ਅਤੇ ਪੁਲਸ ਜਾਂਚ ਵਿੱਚ ਸਹਿਯੋਗ ਕਰਨ ਲਈ ਕਿਹਾ ਹੈ। ਬਾਜਵਾ ਦੇ ਵਕੀਲ ਨੇ ਦਲੀਲ ਦਿੱਤੀ ਸੀ ਕਿ ਉਨ੍ਹਾਂ ਦੇ ਮੁਵੱਕਿਲ ਦਾ ਬਿਆਨ ਅਖਬਾਰ ਵਿੱਚ ਛਪੀ ਖਬਰ ਉੱਤੇ ਅਧਾਰਤ ਸੀ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਵੀ ਨੋਟਿਸ ਜਾਰੀ ਕੀਤਾ ਹੈ ਅਤੇ ਇਸ ਮਾਮਲੇ ਵਿੱਚ ਜਵਾਬ ਦਾਇਰ ਕਰਨ ਲਈ ਕਿਹਾ ਹੈ। ਅਗਲੀ ਸੁਣਵਾਈ 22 ਅਪਰੈਲ ਨੂੰ ਹੋਵੇਗੀ।

## ਬਾਜਵਾ ਖਿਲਾਫ ਕੇਸ ਦਾ ਬਰਾੜ ਵੱਲੋਂ ਸਖਤ ਵਿਰੋਧ

**ਚੰਡੀਗੜ੍ਹ** : ਆਪੋਜੀਸ਼ਨ ਦੇ ਆਗੂ ਪ੍ਰਤਾਪ ਸਿੰਘ ਬਾਜਵਾ 'ਤੇ ਕੇਸ ਕਰਨਾ ਆਮ ਆਦਮੀ ਪਾਰਟੀ ਦੀ ਬੁਖਲਾਹਟ ਤੇ ਹਰ ਫਰੰਟ 'ਤੇ ਉਸ ਦੀ ਅਸਫਲਤਾ ਨੂੰ ਪ੍ਰਗਟ ਕਰਦਾ ਹੈ। ਪ੍ਰਤਾਪ ਸਿੰਘ ਬਾਜਵਾ ਦੇ 'ਪਾਕਿਸਤਾਨ 'ਚੋਂ 50 ਬੰਬ ਪੰਜਾਬ ਵਿਚ ਅੱਤਵਾਦੀ ਕਾਰਵਾਈਆਂ ਲਈ ਭੇਜੇ ਗਏ' ਵਾਲੇ ਬਿਆਨ 'ਤੇ ਪੰਜਾਬ ਸਰਕਾਰ ਦੀ ਕਾਰਵਾਈ ਬਾਰੇ ਪ੍ਰਤੀਕਰਮ ਕਰਦਿਆਂ ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਸਰਕਾਰ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ। ਉਹਨਾ ਕਿਹਾ ਕਿ ਇਹ ਸੱਚ ਹੈ ਕਿ ਪੰਜਾਬ ਅੰਦਰ ਆਏ ਦਿਨ ਰਾਜਸੀ ਆਗੂਆਂ ਅਤੇ ਥਾਣਿਆਂ 'ਤੇ ਗਰਨੇਡਾਂ ਤੇ ਬੰਬਾਂ ਨਾਲ ਹਮਲੇ ਹੋਏ ਹਨ ਤੇ ਅਮਨ-ਕਾਨੂੰਨ ਦੀ ਬੁਰੀ ਹਾਲਤ ਹੈ। ਬਾਜਵਾ ਜਾਂ ਲਗਭਗ ਸਾਰੀਆਂ ਰਾਜਸੀ ਪਾਰਟੀਆਂ ਇਸ 'ਤੇ ਆਪਣੇ ਪ੍ਰਤੀਕਰਮ ਦੇ ਰਹੀਆਂ ਹਨ। ਪੰਜਾਬ ਸਰਕਾਰ ਦਾ ਇਹ ਕਹਿਣਾ ਹੈ ਕਿ ਬਾਜਵਾ ਦੇ ਪਾਕਿਸਤਾਨ ਵਿਚਲੇ ਅੱਤਵਾਦੀ ਅਨਸਰਾਂ ਨਾਲ ਸੰਬੰਧ ਹਨ, ਉਕਾ ਹੀ ਬੇਹੂਦਾ ਅਤੇ ਬਚਕਾਨਾ ਦੋਸ਼ ਹੈ। ਉਹਨਾ ਆਖਿਆ ਕਿ ਮਾਨ ਸਰਕਾਰ ਵੱਲੋਂ ਨਸ਼ਾ ਮਾਫੀਏ ਅਤੇ ਗੈਂਗਸਟਰਾਂ ਵਿਰੁੱਧ ਕੋਈ ਕਾਰਗਰ ਐਕਸ਼ਨ ਲੈਣ ਦੀ ਬਜਾਏ ਵਿਰੋਧੀ ਪਾਰਟੀਆਂ ਦੇ ਆਗੂਆਂ ਵਿਰੁੱਧ ਪੁਲਸ ਅਤੇ ਏਜੰਸੀਆਂ ਰਾਹੀਂ ਕਾਰਵਾਈਆਂ ਕਰਵਾ ਕੇ ਲੋਕਾਂ ਨੂੰ ਬੇਵਕੂਫ ਨਹੀਂ ਬਣਾਇਆ ਜਾ ਸਕਦਾ। ਉਹਨਾ ਦੋਸ਼ ਲਾਇਆ ਕਿ ਤਿੰਨ ਸਾਲ ਦੇ ਸ਼ਾਸਨ ਕਾਲ ਵਿਚ ਭ੍ਰਿਸ਼ਟਾਚਾਰ, ਨਸ਼ਾ ਮਾਫੀਆ, ਗੈਂਗਸਟਰਾਂ ਦੀਆਂ ਹਿੰਸਾਤਮਕ ਕਾਰਵਾਈਆਂ ਵਿਚ ਅੰਤਾਂ ਦਾ ਵਾਧਾ ਹੋਇਆ ਹੈ, ਜਿਨ੍ਹਾਂ ਨੂੰ ਛੁਪਾਉਣ ਲਈ ਸਰਕਾਰ ਝੂਠੇ ਡਰਾਮੇ ਕਰ ਰਹੀ ਹੈ।

ਸਾਥੀ ਬਰਾੜ ਨੇ ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਕੁਮਾਰ ਜਾਖੜ ਦੇ ਬਿਆਨ 'ਤੇ ਵੀ ਹੈਰਾਨੀ ਪ੍ਰਗਟ ਕੀਤੀ, ਜਿਸ ਵਿਚ ਉਹਨਾ ਦਾਅਵਾ ਕੀਤਾ ਕਿ ਸਿਰਫ ਭਾਜਪਾ ਹੀ ਪੰਜਾਬ ਨੂੰ ਸੰਕਟ ਵਿਚੋਂ ਕੱਢ ਸਕਦੀ ਹੈ। ਭਾਜਪਾ ਦੇਸ਼ ਦੇ ਅਜੋਕੇ ਗੰਭੀਰ ਸੰਕਟ ਲਈ ਜ਼ਿੰਮੇਵਾਰ ਹੈ, ਉਹ ਪੰਜਾਬ ਵਿਚ ਆਪਣੀਆਂ ਏਜੰਸੀਆਂ ਰਾਹੀਂ ਅੱਤਵਾਦ ਨੂੰ ਸ਼ਹਿ ਦੇ ਕੇ ਫਿਰਕੂ ਹਿੰਸਾ ਪੈਦਾ ਕਰਨ ਵਾਲੇ ਛੜਯੰਤਰ ਰਚ ਰਹੀ ਹੈ। ਉਹਨਾ ਆਸ ਪ੍ਰਗਟ ਕੀਤੀ ਕਿ ਪੰਜਾਬ ਦੇ ਲੋਕ ਕਿਸੇ ਹਾਲਤ ਵਿਚ ਵੀ ਮੁੜ ਕੇ ਬੁਰੇ ਦਿਨ ਨਹੀਂ ਆਉਣ ਦੇਣਗੇ।

## ਮੁੱਖ ਚੋਣ ਕਮਿਸ਼ਨਰ ਤੇ ਚੋਣ ਕਮਿਸ਼ਨਰਾਂ ਬਾਰੇ ਸੁਣਵਾਈ 14 ਨੂੰ

**ਨਵੀਂ ਦਿੱਲੀ** : ਸੁਪਰੀਮ ਕੋਰਟ 2023 ਦੇ ਕਾਨੂੰਨ ਤਹਿਤ ਮੁੱਖ ਚੋਣ ਕਮਿਸ਼ਨਰ ਤੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਨੂੰ ਚੁਣੌਤੀ ਦਿੰਦੀਆਂ ਪਟੀਸ਼ਨਾਂ 'ਤੇ 14 ਮਈ ਨੂੰ ਸੁਣਵਾਈ ਕਰੇਗੀ। ਜਸਟਿਸ ਸੂਰੀਆ ਕਾਂਤ, ਜਸਟਿਸ ਦੀਪਾਂਕਰ ਦੱਤਾ ਤੇ ਜਸਟਿਸ ਉੱਜਲ ਭੂਈਆਂ ਦੀ ਬੈਂਚ ਨੇ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਦੀ ਫੌਰੀ ਸੁਣਵਾਈ ਦੀ ਅਪੀਲ ਮਗਰੋਂ 14 ਮਈ ਦੀ ਤਰੀਕ ਨਿਰਧਾਰਤ ਕਰ ਦਿੱਤੀ। ਭੂਸ਼ਣ ਨੇ 19 ਮਾਰਚ ਨੂੰ ਪਿਛਲੀ ਸੁਣਵਾਈ ਮੌਕੇ ਦਲੀਲ ਦਿੱਤੀ ਸੀ ਕਿ ਇਹ ਜਮਹੂਰੀਅਤ ਦੀਆਂ ਜੜ੍ਹਾਂ ਨਾਲ ਜੁੜਿਆ ਮਸਲਾ ਹੈ ਤੇ ਸੰਵਿਧਾਨਕ ਬੈਂਚ ਵੱਲੋਂ 2023 ਵਿਚ ਸੁਣਾਏ ਫੈਸਲੇ ਅਧੀਨ ਆਉਂਦਾ ਹੈ।

## 'ਇੱਕ ਰਾਸ਼ਟਰ-ਇੱਕ ਚੋਣ' ਮੁਹਿੰਮ ਦੀ ਪੰਜਾਬ 'ਚ ਸ਼ੁਰੂਆਤ

**ਚੰਡੀਗੜ੍ਹ** : ਭਾਜਪਾ ਨੇ ਦੇਸ਼ ਵਿੱਚ 'ਇੱਕ ਰਾਸ਼ਟਰ-ਇੱਕ ਚੋਣ' ਮੁਹਿੰਮ ਨੂੰ ਤੇਜ਼ੀ ਨਾਲ ਅੱਗੇ ਵਧਾਉਂਦਿਆਂ ਬੁੱਧਵਾਰ ਪੰਜਾਬ ਵਿੱਚ ਵੀ ਇਸ ਮੁਹਿੰਮ ਦਾ ਆਗਾਜ਼ ਕਰ ਦਿੱਤਾ। ਚੰਡੀਗੜ੍ਹ ਸਥਿਤ ਭਾਜਪਾ ਦਫਤਰ ਵਿੱਚ ਮੁਹਿੰਮ ਦੇ ਕਨਵੀਨਰ ਐੱਸ ਐੱਸ ਚੰਨੀ ਅਤੇ ਕੋ-ਕਨਵੀਨਰ ਪਰਮਪਾਲ ਕੌਰ ਨੇ ਇਸ ਮੁਹਿੰਮ ਦੇ ਗੀਤ ਨੂੰ ਰਿਲੀਜ਼ ਕੀਤਾ। ਚੰਨੀ ਨੇ ਕਿਹਾ ਕਿ 'ਇੱਕ ਰਾਸ਼ਟਰ-ਇੱਕ ਚੋਣ' ਲਾਗੂ ਹੋ ਜਾਂਦੀ ਹੈ ਤਾਂ ਸਰਕਾਰ ਦੇ ਰੁਪਏ ਅਤੇ ਤੰਤਰ ਦੀ ਬੱਚਤ ਕੀਤੀ ਜਾ ਸਕੇਗੀ। ਖੇਤਰੀ ਪਾਰਟੀਆਂ ਵੱਲੋਂ ਇਸ ਮੁਹਿੰਮ ਨੂੰ ਲੈ ਕੇ ਉੱਠ ਰਹੇ ਖਦਸ਼ੇ ਬਿਲਕੁਲ ਗਲਤ ਹਨ, ਜਦੋਂ ਕਿ ਇਹ ਫੈਸਲਾ ਦੇਸ਼ ਦੀ ਭਲਾਈ ਲਈ ਲਿਆ ਜਾ ਰਿਹਾ ਹੈ।

## ਸੋਨੀਆ-ਰਾਹੁਲ ਖਿਲਾਫ ਚਾਰਜਸ਼ੀਟ ਦਾ ਤਿੱਖਾ ਵਿਰੋਧ

**ਚੰਡੀਗੜ੍ਹ** : ਪੰਜਾਬ ਕਾਂਗਰਸ ਨੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਚੰਡੀਗੜ੍ਹ ਦੇ ਸੈਕਟਰ ਨੌਂ ਵਿਚਲੇ ਈ ਡੀ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਨੇ ਸ਼ਮੂਲੀਅਤ ਕਰਦਿਆਂ ਕੇਂਦਰ ਸਰਕਾਰ ਉੱਤੇ ਕੇਂਦਰੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨ ਦੇ ਦੋਸ਼ ਲਾਏ।

ਰਾਜਾ ਵੜਿੰਗ ਨੇ ਕਿਹਾ ਕਿ ਭਾਜਪਾ ਸਰਕਾਰ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਵਿਰੁੱਧ ਝੂਠੇ ਕੇਸ ਦਰਜ ਕਰਕੇ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾ ਕਿਹਾ ਕਿ ਭਾਜਪਾ ਦੀਆਂ ਧੱਕੇਸ਼ਾਹੀਆਂ ਨੂੰ ਕਾਂਗਰਸ ਪਾਰਟੀ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ ਅਤੇ ਦੇਸ਼-ਭਰ ਵਿੱਚ ਵੱਡੇ ਪੱਧਰ ਉੱਤੇ ਸੰਘਰਸ਼ ਕਰਕੇ ਇਸ ਮੰਦਭਾਗੀ ਕਾਰਵਾਈ ਦਾ ਵਿਰੋਧ ਕਰੇਗੀ। ਉਨ੍ਹਾ ਕਿਹਾ, "ਅਸੀਂ ਕਿਸੇ ਵੀ ਤਾਨਾਸ਼ਾਹੀ ਤਾਕਤ ਅੱਗੇ ਗੋਡੇ ਨਹੀਂ ਟੇਕਾਂਗੇ।"

ਕਾਂਗਰਸੀ ਵਰਕਰਾਂ ਨੇ ਈ ਡੀ ਵੱਲੋਂ ਨੈਸ਼ਨਲ



ਹੇਰਾਲਡ ਕੇਸ ਵਿੱਚ ਸੀਨੀਅਰ ਪਾਰਟੀ ਆਗੂ ਸੋਨੀਆ ਗਾਂਧੀ ਤੇ ਰਾਹੁਲ ਗਾਂਧੀ ਖਿਲਾਫ ਦਾਖ਼ਲ ਚਾਰਜਸ਼ੀਟ ਦੇ ਵਿਰੋਧ 'ਚ ਨਵੀਂ ਦਿੱਲੀ 'ਚ ਆਲ ਇੰਡੀਆ ਕਾਂਗਰਸ ਕਮੇਟੀ ਦੇ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ। ਈ ਡੀ ਨੇ ਮੰਗਲਵਾਰ ਨੂੰ ਕਿਹਾ ਸੀ ਕਿ ਉਸ ਨੇ ਨੈਸ਼ਨਲ ਹੇਰਾਲਡ ਅਖਬਾਰ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ 9 ਅਪਰੈਲ ਨੂੰ ਚਾਰਜਸ਼ੀਟ ਦਾਇਰ ਕੀਤੀ ਸੀ। ਸੋਨੀਆ ਅਤੇ ਰਾਹੁਲ ਗਾਂਧੀ ਤੋਂ ਇਲਾਵਾ, ਚਾਰਜਸ਼ੀਟ ਵਿੱਚ ਸੀਨੀਅਰ ਕਾਂਗਰਸੀ ਆਗੂ ਸੈਮ ਪਿਤਰੋਦਾ ਅਤੇ ਸੁਮਨ ਦੂਬੇ ਨੂੰ ਵੀ ਸਹਿ-ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਹੈ। ਪ੍ਰਦਰਸ਼ਨ ਵਾਲੀ ਥਾਂ ਮੌਜੂਦ ਕਾਂਗਰਸ ਆਗੂ ਸੁਪ੍ਰੀਆ ਸ੍ਰੀਨੇਤ ਨੇ ਇਸ ਨੂੰ ਗਾਂਧੀ ਪਰਵਾਰ ਅਤੇ ਕਾਂਗਰਸ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਦੱਸਿਆ। ਉਸ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਕੁਝ ਨਹੀਂ ਹੋਇਆ, ਇਹ 12 ਸਾਲ ਪੁਰਾਣਾ ਮਾਮਲਾ ਹੈ।

ਈ ਡੀ ਨੇ ਮਨੀ ਲਾਂਡਰਿੰਗ ਦਾ ਮਾਮਲਾ ਦਾਇਰ ਕੀਤਾ ਹੈ, ਜਿੱਥੇ ਇੱਕ ਪੈਸੇ ਦਾ ਵੀ ਲੈਣ-ਦੇਣ ਨਹੀਂ ਕੀਤਾ ਗਿਆ ਹੈ। ਸੱਚਾਈ ਇਹ ਹੈ ਕਿ ਸਰਕਾਰ ਗਾਂਧੀ ਪਰਵਾਰ ਅਤੇ ਕਾਂਗਰਸ ਨੂੰ ਨੱਥ ਪਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਉਹ ਪੂਰੀ ਤਾਕਤ ਨਾਲ ਲੜਨਗੇ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨ ਦਾ ਦੋਸ਼ ਲਗਾਇਆ।

## ਚੀਨ ਨੇ ਭਾਰਤੀਆਂ ਲਈ ਵੀਜ਼ਾ ਨੇਮ ਆਸਾਨ ਬਣਾਏ

**ਨਵੀਂ ਦਿੱਲੀ** : ਅਮਰੀਕਾ ਨਾਲ ਜਾਰੀ ਟੈਰਿਫ ਜੰਗ ਦਰਮਿਆਨ ਚੀਨ ਨੇ ਭਾਰਤ ਨਾਲ ਰਿਸ਼ਤੇ ਸੁਧਾਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਭਾਰਤੀ ਨਾਗਰਿਕਾਂ ਲਈ ਵੀਜ਼ਾ ਨੇਮਾਂ 'ਚ ਕਈ ਅਹਿਮ ਛੋਟਾਂ ਦਿੱਤੀਆਂ ਹਨ।

ਚੀਨੀ ਦੂਤਾਵਾਸ ਮੁਤਾਬਕ 1 ਜਨਵਰੀ ਤੋਂ 9 ਅਪਰੈਲ 2025 ਤੱਕ ਭਾਰਤ ਸਥਿਤ ਚੀਨੀ ਦੂਤਾਵਾਸ ਤੇ ਕੌਂਸਲਖਾਨਿਆਂ ਵਿੱਚ ਭਾਰਤੀ ਨਾਗਰਿਕਾਂ ਨੂੰ 85000 ਤੋਂ ਵੱਧ ਵੀਜ਼ੇ ਜਾਰੀ ਕੀਤੇ ਗਏ ਹਨ।

ਚੀਨੀ ਰਾਜਦੂਤ ਸ਼ੂ ਫੇਈਹੋਂਗ ਨੇ ਐਕਸ 'ਤੇ ਇਕ ਪੋਸਟ ਵਿਚ ਕਿਹਾ, "ਅਸੀਂ ਚਾਹੁੰਦੇ ਹਾਂ ਕਿ ਵੱਧ ਤੋਂ ਵੱਧ ਭਾਰਤੀ ਨਾਗਰਿਕ ਚੀਨ ਆਉਣ ਤੇ ਉਥੋਂ ਦੇ ਖੁੱਲ੍ਹੇ, ਸੁਰੱਖਿਅਤ, ਜੀਵੰਤ ਤੇ ਦੋਸਤਾਨਾ ਸੱਭਿਆਚਾਰ ਦਾ ਤਜਰਬਾ ਕਰਨ।"

ਇਸ ਪਹਿਲ ਤਹਿਤ ਹੁਣ ਭਾਰਤੀ ਨਾਗਰਿਕਾਂ ਨੂੰ ਵੀਜ਼ਾ ਅਰਜ਼ੀ ਲਈ ਮੁਲਾਕਾਤ ਲਈ ਅਗਾਊਂ ਸਮਾਂ ਲੈਣ ਦੀ ਲੋੜ ਨਹੀਂ ਪਏਗੀ। ਉਹ ਕਿਸੇ ਵੀ ਕੰਮਕਾਜੀ ਦਿਨ ਸਿੱਧਾ ਵੀਜ਼ਾ ਕੇਂਦਰ ਪਹੁੰਚ ਸਕਦੇ ਹਨ। ਇਹੀ ਨਹੀਂ, ਛੋਟੀ ਮਿਆਦ ਦੀਆਂ ਯਾਤਰਾਵਾਂ ਲਈ ਬਾਇਓਮੈਟ੍ਰਿਕ ਡੇਟਾ ਜਮ੍ਹਾਂ ਕਰਵਾਉਣ ਦੀ ਸ਼ਰਤ ਵੀ ਖ਼ਤਮ ਕਰ ਦਿੱਤੀ ਗਈ ਹੈ। ਵੀਜ਼ਾ ਫੀਸ ਵਿੱਚ ਵੀ ਕਟੌਤੀ ਕੀਤੀ ਗਈ ਹੈ ਤੇ ਵੀਜ਼ਾ ਅਰਜ਼ੀ ਦੇ ਅਮਲ ਨੂੰ ਵੀ ਤੇਜ਼ ਕੀਤਾ ਗਿਆ ਹੈ। ਚੀਨ ਦੀ ਇਸ ਰਣਨੀਤੀ ਦਾ ਮੁੱਖ ਮਕਸਦ ਨਾ ਸਿਰਫ ਸੈਰਸਪਾਟੇ ਨੂੰ ਹੱਲਾਸ਼ੇਰੀ ਦੇਣਾ ਹੈ ਬਲਕਿ ਭਾਰਤ ਨਾਲ ਵਪਾਰਕ ਤੇ ਕੂਟਨੀਤਕ ਸੰਬੰਧਾਂ ਨੂੰ ਮਜ਼ਬੂਤ ਕਰਨਾ ਹੈ।

ਚੀਨੀ ਦੂਤਾਵਾਸ ਦੀ ਤਰਜਮਾਨ ਯੂ ਜਿੰਗ ਨੇ ਕਿਹਾ ਕਿ ਭਾਰਤ ਤੇ ਚੀਨ ਦੋਵੇਂ ਵਿਕਾਸਸ਼ੀਲ ਦੇਸ਼ ਹਨ ਤੇ ਉਨ੍ਹਾਂ ਨੂੰ ਵਪਾਰ ਵਿੱਚ ਇਕ-ਦੂਜੇ ਨਾਲ ਸਹਿਯੋਗ ਕਰਨਾ ਚਾਹੀਦਾ ਹੈ। ਉਨ੍ਹਾ ਅਮਰੀਕਾ ਉੱਤੇ ਟੈਰਿਫ ਦੀ ਦੁਰਵਰਤੋਂ ਦਾ ਦੋਸ਼ ਲਾਉਂਦਿਆਂ ਭਾਰਤ ਨੂੰ ਇਸ ਮਾਮਲੇ ਵਿੱਚ ਚੀਨ ਦਾ ਸਾਥ ਦੇਣ ਦੀ ਅਪੀਲ ਕੀਤੀ ਹੈ। ਮਾਹਰਾਂ ਦਾ ਮੰਨਣਾ ਹੈ ਕਿ ਇਹ ਕਦਮ ਭਾਰਤ-ਚੀਨ ਰਿਸ਼ਤਿਆਂ ਵਿੱਚ ਨਵੇਂ ਦਿਸਹੱਦੇ ਜੋੜ ਸਕਦਾ ਹੈ, ਖਾਸ ਕਰਕੇ ਅਜਿਹੇ ਮੌਕੇ ਜਦੋਂ ਆਲਮੀ ਵਪਾਰ ਉੱਤੇ ਭੂ-ਸਿਆਸੀ ਤਣਾਅ ਦਾ ਅਸਰ ਪੈ ਰਿਹਾ ਹੈ।

## ਅੱਜ-ਨਾਮਾ

ਸੁਫਨਾ ਪੁੱਜਾ ਇੱਕ ਨਵਾਂ ਪੰਜਾਬ ਤੀਕਰ,
ਚੱਲਣੀ ਏਹਦੇ ਵੱਲ ਬੁਲੇਟ ਟਰੇਨ ਬੇਲੀ।
ਲੋਕਲ ਬੱਸ ਦੇ ਵਾਂਗ ਨਹੀਂ ਰੁਕੂ ਥਾਂ-ਥਾਂ,
ਸਟਾਪੇਜ ਹੋਣਗੇ ਤਿੰਨ-ਚਾਰ ਮੇਨ ਬੇਲੀ।
ਸੜਕਾਂ ਬਣਨ ਦੀ ਵੀ ਦਿੱਸੇ ਲੜੀ ਲੱਗੀ,
ਬਣਦੀ ਰਾਹਾਂ ਦੀ ਜਾਵੇ ਪਈ ਚੇਨ ਬੇਲੀ।
ਚਰਚਾ ਇਹ ਵੀ ਨਾਲੋ-ਨਾਲ ਜਾਏ ਚੱਲੀ,
ਕੁਰੱਪਸ਼ਨ ਵਾਲੀ ਨਾ ਰੁਕੀ ਡਰੇਨ ਬੇਲੀ।
ਸੁਫਨੇ ਵੇਖਣ-ਵਿਖਾਉਣ ਨੂੰ ਬੜੇ ਸੋਹਣੇ,
ਚਿਤਵਿਆ ਹੁੰਦਾ ਨਾ ਕਦੇ ਵਿਕਾਸ ਬੇਲੀ।
ਅੰਨ੍ਹੀਂ ਪੀਂਹਦੀ ਤਾਂ ਕੁੱਤੇ ਜਦ ਜਾਣ ਚੱਟੀ,
ਹੋਵੇ ਕੁਝ ਲੋਕਾਂ ਨੂੰ ਕਿੰਜ ਧਰਵਾਸ ਬੇਲੀ

-ਤੀਸ ਮਾਰ ਖਾਂ

## ਵਾਂਗਚੁੱਕ ਵੱਲੋਂ ਭਾਰਤ ਨੂੰ ਅਮਰੀਕਾ ਦੀ ਨਕਲ ਨਾ ਕਰਨ ਦੀ ਸਲਾਹ

**ਨਵੀਂ ਦਿੱਲੀ** : ਅਮਰੀਕਾ ਵਿੱਚ ਇੱਕ ਘੰਟਾ ਟਰੇਨ ਲੇਟ ਹੋਣ ਦੀ ਔਖਿਆਈ ਝੱਲਣ ਵਾਲੇ ਇੰਜੀਨੀਅਰ ਤੇ ਜਲਵਾਯੂ ਕਾਰਕੁੰਨ ਸੋਨਮ ਵਾਂਗਚੁੱਕ ਨੇ ਅਮਰੀਕਾ ਦੇ ਰੇਲ ਸਿਸਟਮ ਦੀ ਅਲੋਚਨਾ ਕਰਦਿਆਂ ਇਸ ਨੂੰ ਪ੍ਰਦੂਸ਼ਣ ਫੈਲਾਉਂਦੀਆਂ ਕਾਰਾਂ ਤੇ ਜਹਾਜ਼ਾਂ 'ਤੇ ਬਹੁਤੀ ਨਿਰਭਰਤਾ ਦਾ ਨਤੀਜਾ ਦੱਸਿਆ ਹੈ। ਉਨ੍ਹਾ ਇਹ ਵੀ ਕਿਹਾ ਕਿ ਟਰੇਨਾਂ ਆਵਾਜਾਈ ਦਾ ਕਾਰਗਰ ਜ਼ਰੀਆ ਮੰਨਿਆ ਜਾਂਦਾ ਹੈ, ਅਮਰੀਕਾ ਵਿੱਚ ਇਨ੍ਹਾਂ 'ਤੇ ਵਧੀ ਬੇਵਿਸ਼ਵਾਸੀ ਨੇ ਲੋਕਾਂ ਨੂੰ ਕਾਰਾਂ ਤੇ ਜਹਾਜ਼ਾਂ 'ਤੇ ਵਧੇਰੇ ਨਿਰਭਰ ਬਣਾ ਦਿੱਤਾ ਹੈ। ਇਸ ਦੇ ਨਾਲ ਹੀ ਵਾਂਗਚੁੱਕ ਨੇ ਕਿਹਾ ਹੈ ਕਿ ਭਾਰਤ ਨੂੰ ਅਮਰੀਕੀਆਂ ਦੀ ਨਕਲ ਨਹੀਂ ਕਰਨੀ ਚਾਹੀਦੀ।

ਉਨ੍ਹਾ ਨੋਟ ਕੀਤਾ ਹੈ ਕਿ ਅਮਰੀਕਾ ਵਿੱਚ ਚਾਣਚੱਕ ਬਦਲਦਾ ਮੌਸਮ ਵੀ ਟਰੇਨਾਂ ਲੇਟ ਕਰਦਾ ਹੈ, ਜਿਸ ਲਈ ਸਿਸਟਮ ਵਿੱਚ ਲਚਕ ਲਿਆਉਣੀ ਚਾਹੀਦੀ ਹੈ। ਅਮਰੀਕਾ ਵਿੱਚ ਰੇਲਵੇ ਦੀ ਹਾਲਤ ਬਹੁਤ ਹੀ ਮਾੜੀ ਹੈ। ਪਹਿਲਾਂ ਰੇਲਾਂ ਦਾ ਸੁਨਹਿਰੀ ਯੁੱਗ ਹੁੰਦਾ ਸੀ, ਪਰ ਕਾਰਾਂ ਤੇ ਜਹਾਜ਼ਾਂ ਦੇ ਵਧਣ ਨਾਲ ਪਤਨ ਸ਼ੁਰੂ ਹੋ ਗਿਆ। ਕਾਰ ਬਣਾਉਣ ਵਾਲੀਆਂ ਕੰਪਨੀਆਂ ਦਾ ਸਰਕਾਰ 'ਤੇ ਕਾਫੀ ਕੰਟਰੋਲ ਹੈ। ਉਹ ਹਾਈਵੇਜ਼ ਦੀਆਂ ਗਿਣਤੀ ਵਧਾਉਣ ਲਈ ਜ਼ੋਰ ਪਾਉਂਦੀਆਂ ਹਨ, ਜਿਸ ਨਾਲ ਰੇਲਵੇ ਸੰਪਰਕਤਾ 'ਤੇ ਬੁਰਾ ਪ੍ਰਭਾਵ ਪੈਂਦਾ ਹੈ।

ਵਾਂਗਚੁੱਕ ਨੇ ਪੋਸਟ ਕੀਤੀ ਵੀਡੀਓ ਵਿੱਚ ਕਿਹਾ ਹੈ, "ਅਮਰੀਕਾ ਵਿੱਚ ਕਾਰ ਖਰੀਦਣੀ ਮਜਬੂਰੀ ਹੈ। ਲੋਕ ਕਾਰਾਂ 'ਤੇ ਬਹੁਤ ਨਿਰਭਰ ਹਨ, ਕਿਉਂਕਿ ਪਬਲਿਕ ਟਰਾਂਸਪੋਰਟ ਬਹੁਤ ਘੱਟ ਹੈ। ਮੈਂ ਸਮਝਦਾਂ ਕਿ ਸਿਰਫ ਇਹੀ ਕਾਰਨ ਹੈ ਕਿ ਅਮਰੀਕਾ



ਵਿੱਚ ਪ੍ਰਦੂਸ਼ਣ ਫੈਲਾਉਣ ਵਾਲਾ ਧੂੰਆਂ ਦੁਨੀਆ ਦੇ ਮੁਕਾਬਲੇ ਸਭ ਤੋਂ ਵੱਧ ਨਿਕਲਦਾ ਹੈ। ਅਮਰੀਕੀਆਂ ਨੇ ਗਲਤ ਰਾਹ ਅਪਨਾਇਆ, ਜਿਸ ਨੇ ਇਹ ਹਾਲਾਤ ਪੈਦਾ ਕਰ ਦਿੱਤੇ।"

ਅਮਰੀਕੀ ਪਰਿਆਵਰਣ ਰਾਖੀ ਏਜੰਸੀ (ਈ ਪੀ ਏ) ਮੁਤਾਬਕ ਅਮਰੀਕਾ ਨਿੱਜੀ ਵਾਹਨਾਂ 'ਤੇ ਨਿਰਭਰ ਕਰਦਾ ਹੈ ਅਤੇ ਮੋਟਰ-ਗੱਡੀਆਂ ਗ੍ਰੀਨਹਾਊਸ ਗੈਸਾਂ ਛੱਡਣ ਵਿੱਚ ਸਭ ਤੋਂ ਵੱਧ ਹਿੱਸਾ ਪਾਉਂਦੀਆਂ ਹਨ।

ਵਾਂਗਚੁੱਕ ਨੇ ਕਿਹਾ ਹੈ ਕਿ ਭਾਰਤੀ ਰੇਲਵੇ ਨੂੰ ਅਮਰੀਕਾ ਦੀ ਨਕਲ ਨਹੀਂ ਕਰਨੀ ਚਾਹੀਦੀ। ਸਰਕਾਰ ਨੂੰ ਭਾਰਤੀ ਰੇਲਵੇ ਵੱਲ ਵਧੇਰੇ ਧਿਆਨ ਦੇ ਕੇ ਇਸ ਦੀ ਹਾਲਤ ਸੁਧਾਰਨੀ ਚਾਹੀਦੀ ਹੈ। ਭਾਰਤ ਨੂੰ ਰੇਲਵੇ 'ਤੇ ਵਧੇਰੇ ਫੋਕਸ ਕਰਨਾ ਚਾਹੀਦਾ ਹੈ, ਕਿਉਂਕਿ ਇਹ ਲੋਕਾਂ ਨੂੰ ਦੂਰ-ਦੁਰਾਡੇ ਦੇ ਇਲਾਕਿਆਂ ਨਾਲ ਜੋੜਦੀ ਹੈ। ਸਰਕਾਰ ਨੂੰ ਰੇਲਾਂ ਦੀ ਰਫਤਾਰ ਵਧਾਉਣੀ ਚਾਹੀਦੀ ਹੈ ਤਾਂ ਜੋ ਲੋਕ ਇਨ੍ਹਾਂ 'ਤੇ ਸਫਰ ਕਰਨ ਨੂੰ ਪਹਿਲ ਦੇਣ। ਉਨ੍ਹਾ ਕਿਹਾ ਕਿ ਚੀਨ, ਯੂਰਪ ਤੇ ਜਾਪਾਨ ਬਿਹਤਰੀਨ ਮਿਸਾਲਾਂ ਹਨ ਤੇ ਭਾਰਤ ਨੂੰ ਉਨ੍ਹਾਂ ਦੀ ਰੀਸ ਕਰਨੀ ਚਾਹੀਦੀ ਹੈ।

ਵਾਂਗਚੁੱਕ ਇਸ ਤੋਂ ਪਹਿਲਾਂ ਵੰਦੇ ਭਾਰਤ ਟਰੇਨ ਦੀ ਹਮਾਇਤ ਕਰ ਚੁੱਕੇ ਹਨ, ਕਿਉਂਕਿ ਇਹ ਜਹਾਜ਼ਾਂ ਦੇ ਮੁਕਾਬਲੇ ਘੱਟ ਪ੍ਰਦੂਸ਼ਣ ਫੈਲਾਉਂਦੀ ਹੈ। ਉਹ ਇਸ ਗੱਲ 'ਤੇ ਵੀ ਜ਼ੋਰ ਦੇ ਚੁੱਕੇ ਹਨ ਕਿ ਟਰਾਂਸਪੋਰਟ ਸਿਸਟਮ ਦਾ ਵਿਕਾਸ ਕਰਦਿਆਂ ਪਰਿਆਵਰਣ ਦਾ ਖਿਆਲ ਰੱਖਣਾ ਚਾਹੀਦਾ ਹੈ। ਜਹਾਜ਼ 'ਤੇ ਸਫਰ ਕਰਨਾ ਜਲਵਾਯੂ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਉਂਦਾ ਹੈ। ਇਸ 'ਤੇ ਨਿਰਭਰਤਾ ਘਟਾਉਣੀ ਚਾਹੀਦੀ ਹੈ।

# ਪਰਾਲੀ ਦੀਆਂ ਗੱਠਾਂ ਨਾਲ ਭਰੀ ਟਰਾਲੀ ਦੀ ਕਾਰ ਨਾਲ ਟੱਕਰ, ਇੱਕ ਹਲਾਕ

**ਖੰਨਾ (ਸੁਖਵਿੰਦਰ ਸਿੰਘ ਕਾਹਲਾ) :** ਬੀਤੀ ਰਾਤ ਲਗਭਗ 12 ਵਜੇ ਇਕੋਲਾਹਾ ਪਿੰਡ ਨੇੜੇ ਇੱਕ ਕਾਰ ਸਵਾਰ ਦਾ ਪਰਾਲੀ ਦੀਆਂ ਗੱਠਾਂ ਨਾਲ ਭਰੇ ਟਰੈਕਟਰ ਨਾਲ ਹਾਦਸਾ ਹੋ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਕਾਰ ਸਵਾਰ 47 ਸਾਲਾ ਵਿਮਲ ਕੌਂਸ ਦੀ ਮੌਕੇ 'ਤੇ ਹੀ ਮੌਤ ਹੋ ਗਈ।





ਜਾਣਕਾਰੀ ਦਿੰਦੇ ਹੋਏ ਮ੍ਰਿਤਕ ਵਿਮਲ ਕੌਂਸ ਦੇ ਭਰਾ ਵਿਸ਼ਾਲ ਕੌਂਸ ਨੇ ਦੱਸਿਆ ਕਿ ਵਿਮਲ ਜ਼ੀਰਕਪੁਰ ਵਿੱਚ ਰਹਿੰਦਾ ਸੀ ਤੇ ਪੁਰੀ ਸਥਿਤ ਕੇ ਆਰ ਬੀ ਐੱਲ ਕੰਪਨੀ ਵਿੱਚ ਜਨਰਲ ਮੈਨੇਜਰ ਵਜੋਂ ਕੰਮ ਕਰਦਾ ਸੀ।ਰਾਤ 11 ਵਜੇ ਦੇ ਕਰੀਬ, ਦੋਵੇਂ ਭਰਾ ਆਪਣੇ-ਆਪਣੇ ਵਾਹਨਾਂ ਵਿੱਚ ਜ਼ੀਰਕਪੁਰ ਤੋਂ ਪੁਰੀ ਜਾ ਰਹੇ ਸਨ।ਜਦੋਂ ਉਹ ਖੰਨਾ ਨੇੜੇ ਇਕੋਲਾਹਾ ਪਿੰਡ ਪਾਰ ਕਰਨ ਤੋਂ ਬਾਅਦ ਅੱਗੇ ਵਧੇ, ਤਾਂ ਦੂਰੋਂ ਇੱਕ ਵਿਅਕਤੀ ਪਰਾਲੀ ਦੀਆਂ ਗੱਠਾਂ ਨਾਲ ਲੱਦਿਆ ਟਰੈਕਟਰ ਲੈ ਕੇ ਉਨ੍ਹਾਂ ਵੱਲ ਆ ਰਿਹਾ ਸੀ।ਉਹ ਟਰੈਕਟਰ ਲਾਪ੍ਰਵਾਹੀ ਨਾਲ ਚਲਾ ਰਿਹਾ ਸੀ, ਜਿਸ ਕਾਰਨ ਟਰਾਲੀ ਤੇ ਕਾਰ ਦੀ ਟੱਕਰ ਹੋ ਗਈ, ਜਿਸ ਤੋਂ ਬਾਅਦ ਵਿਮਲ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਅਤੇ ਬਹੁਤ ਜ਼ਿਆਦਾ ਖ਼ੂਨ ਵਹਿ ਰਿਹਾ ਸੀ।ਮੌਕੇ 'ਤੇ ਮੌਜੂਦ ਰਾਹਗੀਰਾਂ ਦੀ ਮਦਦ ਨਾਲ ਵਿਸ਼ਾਲ ਆਪਣੇ ਭਰਾ ਵਿਮਲ ਨੂੰ ਸਿਵਲ ਹਸਪਤਾਲ ਖੰਨਾ ਲੈ ਆਇਆ, ਪਰ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਐੱਸ ਐੱਚ ਓ ਸਦਰ ਸੁਖਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ। ਮੁਲਜ਼ਮ ਜਲਦੀ ਹੀ ਫੜਿਆ ਜਾਵੇਗਾ।

# ਸਿੱਖਿਆ ਤੇ ਸਿਹਤ ਖੇਤਰਾਂ 'ਚ 'ਆਪ' ਸਰਕਾਰ ਨੇ ਕ੍ਰਾਂਤੀ ਲਿਆਂਦੀ : ਜੌੜਾਮਾਜਰਾ

● 73.14 ਲੱਖ ਰੁਪਏ ਦੀ ਲਾਗਤ ਨਾਲ ਧਰਮਕੋਟ, ਮੁੰਡਖੇੜਾ, ਕਲਿਆਣ, ਉੱਚਾ ਗਾਉਂ ਤੇ ਅਸਾਹਿਬਪੁਰਾ ਦੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ



**ਸਮਾਣਾ (ਗੁਰਪਿਆਰ ਸਿੰਘ ਬੱਲ):** ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਸਮਾਣਾ ਹਲਕੇ ਦੇ ਪਿੰਡਾਂ ਧਰਮਕੋਟ, ਮੁੰਡਖੇੜਾ, ਕਲਿਆਣ, ਉੱਚਾ ਗਾਉਂ ਤੇ ਅਸਾਹਿਬਪੁਰਾ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 73.14 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਵਿਦਿਆਰਥੀਆਂ ਲਈ ਸਮਰਪਤ ਕੀਤਾ।ਇਸ ਮੌਕੇ ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਸਿੱਖਿਆ ਤੇ ਸਿਹਤ ਵੱਲ ਧਿਆਨ ਨਹੀਂ ਦਿੱਤਾ, ਜਿਸ ਕਰਕੇ ਇਹ ਖੇਤਰ ਅਣਗੌਲੇ ਪਏ ਹੋਏ ਹਨ, ਪਰ ਪੰਜਾਬ ਸਰਕਾਰ ਨੇ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਤੇ ਸਿਹਤ ਕ੍ਰਾਂਤੀ ਲਿਆਂਦੀ ਹੈ। ਇਸ ਦੌਰਾਨ ਸਰਕਾਰੀ ਮਿਡਲ ਤੇ ਪ੍ਰਾਇਮਰੀ ਸਕੂਲ ਮੁੰਡਖੇੜਾ, ਸਰਕਾਰੀ ਪ੍ਰਾਇਮਰੀ ਸਕੂਲ ਅਸਾਹਬਪੁਰਾ, ਪ੍ਰਾਇਮਰੀ ਸਕੂਲ ਧਰਮਕੋਟ, ਸਰਕਾਰੀ ਪ੍ਰਾਇਮਰੀ ਸਕੂਲ ਪੂਰਬੀਆ ਕਲੋਨੀ ਕਲਿਆਣ ਵਿਖੇ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਅੱਜ ਸਾਡੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੱਡੀਆਂ ਮੱਲਾਂ ਮਾਰ ਰਹੇ ਹਨ ਤੇ ਅਧਿਆਪਕਾਂ ਨੂੰ ਸਿਖਲਾਈ ਦੇਣ ਲਈ ਵਿਦੇਸ਼ਾਂ ਵਿੱਚ ਭੇਜਿਆ ਜਾ ਰਿਹਾ ਹੈ। ਜੌੜਾਮਾਜਰਾ ਨੇ ਕਿਹਾ ਕਿ ਇਹ ਸੋਚ ਆਮ ਆਦਮੀ ਪਾਰਟੀ ਦੀ ਹੈ, ਜਿਸ ਨੇ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਤੇ ਸਰਕਾਰੀ ਹਸਪਤਾਲਾਂ 'ਚ ਇਲਾਜ ਕਰਵਾਉਣ ਲਈ ਲੋਕਾਂ ਦੀ ਮਜਬੂਰੀ ਨਹੀਂ, ਬਲਕਿ ਉਨ੍ਹਾਂ ਦੀ ਮਰਜ਼ੀ ਬਣਾ ਦਿੱਤਾ ਜਾਵੇਗਾ ਅਤੇ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਸ ਨੂੰ ਸੱਚ ਸਾਬਿਤ ਕੀਤਾ ਹੈ।ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਗੁਰਦੇਵ ਸਿੰਘ ਟਿਵਾਣਾ, ਸਕੂਲਾਂ ਦੇ ਪ੍ਰਿੰਸੀਪਲ ਤੇ ਪਿੰਡਾਂ ਦੇ ਸਰਪੰਚਾਂ ਸਮੇਤ ਵੱਡੀ ਗਿਣਤੀ ਅਧਿਆਪਕ, ਵਿਦਿਆਰਥੀ, ਮਾਪੇ ਤੇ ਹੋਰ ਪਤਵੰਤੇ ਮੌਜੂਦ ਸਨ।

# ਵਿਧਾਇਕ ਦੇਵ ਮਾਨ ਵੱਲੋਂ 4 ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ

**ਨਾਭਾ (ਵਰਿੰਦਰ ਵਰਮਾ)-** ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਚਾਰ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 40 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਇੱਕ ਅਜਿਹਾ ਸਾਧਨ ਹੈ, ਜੋ ਗਰੀਬੀ ਤੋੜ ਸਕਦੀ ਹੈ ਤੇ ਇਸ ਲਈ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕ੍ਰਾਂਤੀ ਲਿਆਂਦੀ ਗਈ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਇਕੱਲਾ ਨਾਭਾ ਹਲਕਾ ਹੀ ਅਜਿਹਾ ਹਲਕਾ ਹੈ, ਜਿੱਥੇ ਭਾਦਸੋਂ ਤੇ ਨਾਭਾ ਵਿਖੇ ਦੋ ਸਕੂਲ ਆਫ ਐਮੀਨੈਂਸ ਬਣੇ ਹਨ।ਦੇਵ ਮਾਨ ਨੇ ਇਸ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਵਿਖੇ 14 ਲੱਖ ਰੁਪਏ ਨਾਲ ਸਾਇੰਸ ਲੈਬ ਤੇ 3 ਲੱਖ ਰੁਪਏ ਨਾਲ ਮੁਕੰਮਲ ਕਰਵਾਈ ਚਾਰਦੀਵਾਰੀ ਤੇ ਸਰਕਾਰੀ ਪ੍ਰਾਇਮਰੀ ਸਕੂਲ 'ਚ ਵੀ 1.5 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਚਾਰਦੀਵਾਰੀ ਦਾ ਉਦਘਾਟਨ ਕੀਤਾ, ਜਦੋਂਕਿ ਸਰਕਾਰੀ ਪ੍ਰਾਇਮਰੀ ਸਕੂਲ



ਮਨਸੂਰਪੁਰ ਵਿਖੇ 6.25 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਨਸੂਰਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਚਾਰਦੀਵਾਰੀ ਤੇ 9 ਲੱਖ ਦੀ ਲਾਗਤ ਨਾਲ ਬਣੇ ਕਲਾਸ ਰੂਮ ਦਾ ਉਦਘਾਟਨ ਕੀਤਾ।ਇਸ ਤੋਂ ਇਲਾਵਾ ਪਿੰਡ ਛੀਟਾਂਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਵੀ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਤੇ ਸਿਹਤ ਸਮੇਤ ਹੋਰ ਖੇਤਰਾਂ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਕੀਤੀਆਂ ਗਈਆਂ ਹਨ।ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲਾਂ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਤਹਿਤ ਨਵੀਆਂ ਸਾਇੰਸ ਲੈਬਾਂ ਤੇ ਨਵੇਂ ਕਮਰੇ ਬਣਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਦੇ ਵੱਖ ਵੱਖ ਸਕੂਲਾਂ ਵਿੱਚ ਲਗਾਤਾਰ ਵਿਕਾਸ ਦੇ ਕੰਮ ਚੱਲ ਰਹੇ ਹਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਗਾਤਾਰ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲਾਂ ਨੂੰ ਅੱਗੇ ਲਿਜਾਇਆ ਜਾ ਰਿਹਾ ਹੈ।ਇਸ ਮੌਕੇ ਪਿੰਡ ਦੀ ਪੰਚਾਇਤ ਤੇ ਸਕੂਲ ਸਟਾਫ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਕੀਤਾ ਗਿਆ।

# ਸਰਕਾਰੀ ਸਕੂਲਾਂ ਦੀ ਬਦਲੀ ਜਾ ਰਹੀ ਹੈ ਨੁਹਾਰ : ਮਾਈਸਰਖਾਨਾ

ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

**ਤਲਵੰਡੀ ਸਾਬੋ (ਜਗਦੀਪ ਗਿੱਲ):** ਪੰਜਾਬ ਦੀ ਸਰਕਾਰ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆ



ਰਹੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ ਨੇ ਪਿੰਡ ਮੌੜ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਮੌਕੇ ਸੰਬੋਧਨ ਕਰਦਿਆਂ ਕੀਤਾ। ਇਸ ਦੌਰਾਨ ਸ੍ਰ. ਸੁਖਬੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਨੌਜਵਾਨ ਲੜਕੇ ਤੇ ਲੜਕੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸਵੈ-ਰੋਜ਼ਗਾਰ ਤੇ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਦਿੱਖ ਬਦਲਣ ਲਈ ਇਤਿਹਾਸਕ ਫ਼ੈਸਲੇ ਲਏ ਜਾ ਰਹੇ ਹਨ।ਇਸ ਦੌਰਾਨ ਮਾਈਸਰਖਾਨਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੌੜ ਕਲਾਂ ਤੋਂ ਇਲਾਵਾ ਸਰਕਾਰੀ ਮਿਡਲ ਸਕੂਲ ਗਹਿਰੀ ਬਾਰਾ ਸਿੰਘ ਤੇ ਸਰਕਾਰੀ ਮਿਡਲ ਸਕੂਲ ਪੀਰਕੋਟ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਸਕੂਲਾਂ ਦਾ ਸਮੂਹ ਸਟਾਫ, ਵਿਦਿਆਰਥੀ, ਉਨ੍ਹਾਂ ਦੇ ਮਾਪੇ ਤੇ ਪਿੰਡਾਂ ਦੀਆਂ ਪੰਚਾਇਤਾਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਮਾਲ ਅਫ਼ਸਰਾਂ ਨੂੰ ਜ਼ਮੀਨੀ ਰਜਿਸਟਰੀਆਂ ਦੇ ਮੁੜ ਮਿਲੇ ਅਧਿਕਾਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)-** ਸੂਬਾ ਸਰਕਾਰ ਵੱਲੋਂ ਮਾਲ ਅਫ਼ਸਰਾਂ ਤੋਂ ਵਾਪਸ ਲਏ ਜ਼ਮੀਨੀ ਰਜਿਸਟਰੀਆਂ ਦੇ ਅਧਿਕਾਰ ਮੁੜ ਦੇਣ ਦਾ ਅਮਲ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਦੌਰਾਨ ਸੂਬੇ ਦੇ ਕਈ ਜ਼ਿਲ੍ਹਿਆਂ ਦੇ ਡੀ ਸੀ'ਜ਼ ਵੱਲੋਂ ਸੀਨੀਅਰ ਸਹਾਇਕਾਂ ਤੇ ਕਾਨੂੰਨਗੋ ਨੂੰ ਰਜਿਸਟਰੀਆਂ ਲਈ ਦਿੱਤੀਆਂ ਸਬ-ਰਜਿਸਟਰਾਰ ਤੇ ਜਾਇੰਟ ਸਬ-ਰਜਿਸਟਰਾਰ ਦੀਆਂ ਸ਼ਕਤੀਆਂ ਵਾਪਸ ਲੈ ਕੇ ਤਹਿਸੀਲਦਾਰਾਂ ਤੇ ਨਾਇਬ-ਤਹਿਸੀਲਦਾਰਾਂ ਨੂੰ ਮੁੜ ਰਜਿਸਟਰੀਆਂ ਦਾ ਕੰਮ ਦੇ ਦਿੱਤਾ ਗਿਆ ਹੈ।ਇਸ ਤੋਂ ਪਹਿਲਾਂ ਜ਼ਮੀਨੀ ਇੰਤਕਾਲਾਂ ਦੇ ਅਧਿਕਾਰ ਮੁੜ ਦਿੱਤੇ ਜਾ ਚੁੱਕੇ ਹਨ।ਪੰਜਾਬ ਰੈਵੇਨਿਊ ਅਫ਼ਸਰਜ਼ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਮਨਿੰਦਰ ਸਿੰਘ ਤੇ ਸੂਬਾ ਪ੍ਰਧਾਨ ਸੁਖਚਰਨ ਸਿੰਘ ਚੰਨੀ ਨੇ ਸਰਕਾਰ ਦੇ ਇਸ ਫ਼ੈਸਲੇ ਦਾ ਸਵਾਗਤ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਵੱਲੋਂ ਮਾਲ ਵਿਭਾਗ ਵਿੱਚ ਸੁਧਾਰ ਹਿੱਤ ਦਿਖਾਏ ਬੁਲੰਦ ਇਰਾਦੇ ਦਾ ਸਮਰਥਨ ਕਰਦੇ ਹਨ। ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਇਨ੍ਹਾਂ ਢਾਂਚਾਗਤ ਸੁਧਾਰਾਂ ਦੀ ਲੋੜ ਸੀ। ਇਸ ਲਈ ਸਮੂਹ ਮਾਲ ਅਧਿਕਾਰੀਆਂ ਨੇ ਇਨ੍ਹਾਂ ਸੁਧਾਰਾਂ ਦੀ ਤੀਬਰਤਾ ਮਹਿਸੂਸ ਕਰਦੇ ਹੋਏ ਰਜਿਸਟ੍ਰੇਸ਼ਨ ਪ੍ਰਕਿਰਿਆ ਤੋਂ ਆਪਣੇ ਪੈਰ ਪਿੱਛੇ ਖਿੱਚੇ ਸਨ। ਉਨ੍ਹਾਂ ਕਿਹਾ ਕਿ ਕਿਸੇ ਵੀ ਮਹਿਕਮੇ ਵਿੱਚ ਭ੍ਰਿਸ਼ਟਾਚਾਰ ਦਾ ਖ਼ਾਤਮਾ ਨਿਰੋਲ ਵਿਜੀਲੈਂਸ ਵਿਭਾਗ 'ਤੇ ਨਹੀਂ ਛੱਡਿਆ ਜਾਣਾ ਚਾਹੀਦਾ ਸੀ।

# 22 ਕਰੋੜ ਦੀ ਲਾਗਤ ਨਾਲ ਜੰਡ ਸਾਹਿਬ 'ਚ ਸਪੋਰਟਸ ਸਕੂਲ ਦਾ ਨਿਰਮਾਣ ਹੋਵੇਗਾ : ਸੇਖੋਂ

● ਸਰਕਾਰ ਦਾ ਇੱਕੋ ਇੱਕ ਮਕਸਦ ਪੰਜਾਬ ਨੂੰ ਸਿੱਖਿਆ ਖੇਤਰ 'ਚ ਮੋਹਰੀ ਸੂਬਾ ਬਣਾਉਣਾ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)-** ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਜ਼ਿਲ੍ਹੇ ਦੇ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਕੇ ਉਨ੍ਹਾਂ ਨੂੰ ਲੋਕ ਅਰਪਣ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਇਸੇ ਲੜੀ ਤਹਿਤ ਵਿਧਾਇਕ ਫਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਰਾੜ੍ਹ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੰਡ ਸਾਹਿਬ ਵਿਖੇ ਵੱਖ ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਕੂਲਾਂ ਨੂੰ ਲਗਾਤਾਰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਕੇ ਉਨ੍ਹਾਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਵੀ ਵਧੀਆ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਕੂਲਾਂ ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ ਦੇ ਸਮੇਂ ਵਿੱਚ ਬੰਦ ਕਰਨ ਦੀ ਗੱਲ ਚੱਲੀ ਸੀ, ਨੂੰ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅਪਗ੍ਰੇਡ ਕਰਕੇ ਪ੍ਰਾਈਵੇਟ ਸਕੂਲਾਂ ਤੋਂ ਵਧੀਆ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ 'ਤੇ ਲਗਭਗ 23 ਕਰੋੜ ਰੁਪਇਆ ਖਰਚਿਆ ਜਾ ਚੁੱਕਿਆ ਹੈ ਤੇ ਇਸ ਤੋਂ ਇਲਾਵਾ 22 ਕਰੋੜ ਦੀ ਲਾਗਤ ਨਾਲ ਪਿੰਡ ਜੰਡ ਸਾਹਿਬ ਵਿਖੇ ਸਪੋਰਟਸ ਸਕੂਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਬੀ. ਐੱਡ ਸਕੂਲਾਂ, ਬਰਜਿੰਦਰਾ ਕਾਲਜ, ਆਈ.ਟੀ.ਆਈ. 'ਤੇ ਵੱਖਰੇ ਫੰਡ ਖਰਚ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿੱਚ ਪਿਛਲੇ ਸਮੇਂ 300 ਕਰੋੜ ਦੇ ਕਰੀਬ ਫੰਡ ਆਏ ਹਨ, ਜਿਨ੍ਹਾਂ ਨਾਲ ਨਵੇਂ ਵਿਭਾਗ ਤੇ ਨਵੀਆਂ ਖੋਜਾਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇੱਕੋ ਇੱਕ ਮਕਸਦ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣਾ ਹੈ।ਉਨ੍ਹਾਂ ਦੱਸਿਆ ਕਿ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਮਰਾੜ੍ਹ ਵਿਖੇ 3.75 ਲੱਖ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ ਹੈ।ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੰਡ ਸਾਹਿਬ 9.65 ਲੱਖ ਰੁਪਏ ਦੀ ਲਾਗਤ ਨਾਲ ਆਧੁਨਿਕ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ ਹੈ।

# ਪਾਵਰ ਕੌਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਦੇ ਡੈਪੂਟੇਸ਼ਨ ਨੇ ਸੀ ਐਮ ਡੀ ਤੇ ਡਾਇਰੈਕਟਰ ਪ੍ਰਬੰਧਕੀ ਨੂੰ ਦਿੱਤਾ ਮੰਗ ਪੱਤਰ

**ਪਟਿਆਲਾ :** ਪਾਵਰ ਕੌਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਰਜਿਸਟਰਡ (ਏਟਕ) ਦੇ ਇੱਕ ਡੈਪੂਟੇਸ਼ਨ ਨੇ ਅੱਜ ਅਮਰੀਕ ਸਿੰਘ ਮਸੀਤਾਂ ਪੰਜਾਬ ਯੂਨੀਅਨ ਜਨਰਲ ਸੈਕਰੇਟਰੀ ਦੀ ਅਗਵਾਈ ਵਿੱਚ ਚੇਅਰਮੈਨ ਕਮ ਮੈਨੇਜਿੰਗ ਡਾਇਰੈਕਟਰ ਅਜੋਏ ਕੁਮਾਰ ਸਿਨਹਾ ਅਤੇ ਜਸਬੀਰ ਸਿੰਘ ਸੁਰ ਸਿੰਘ ਵਾਲਾ ਡਾਇਰੈਕਟਰ ਐਡਮਿਨ ਨੂੰ ਮਿਲ ਕੇ ਆਪਣੀਆਂ ਮੰਗਾਂ ਸਬੰਧੀ ਮੀਟਿੰਗ ਦੇਣ ਬਾਰੇ ਇੱਕ ਮੈਮੋਰੰਡਮ ਦਿੱਤਾ। ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ ਨੇ ਉਨ੍ਹਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਪੇ ਰਿਵੀਜ਼ਨ ਦੇ ਏਰੀਅਰ ਬਕਾਇਆ ਪਏ ਹਨ, ਜਿਨ੍ਹਾਂ ਬਾਰੇ ਪੰਜਾਬ ਸਰਕਾਰ ਨੇ ਪਾਲਸੀ ਬਣਾਈ ਹੈ, ਉਸ ਨੂੰ ਜਲਦੀ ਲਾਗੂ ਕਰਵਾਇਆ ਜਾਵੇ। ਇਸ ਮੌਕੇ ਕੇਵਲ ਸਿੰਘ ਬਣਵੈਤ ਮੀਤ ਪ੍ਰਧਾਨ, ਰਜਿੰਦਰ ਸਿੰਘ ਰਾਜਪੁਰਾ ਮੀਤ ਪ੍ਰਧਾਨ, ਗੱਜਨ ਸਿੰਘ ਪ੍ਰੈਸ ਸਕੱਤਰ, ਜਗਦੇਵ ਸਿੰਘ ਬਾਹੀਆ, ਭਿੰਦਰ ਸਿੰਘ ਚਾਹਿਲ ਹੈਡ ਆਫਿਸ ਪ੍ਰਧਾਨ, ਸੁਰਿੰਦਰ ਸਿੰਘ, ਅਜ਼ੀਮ ਖਾਨ, ਮਲਕੀਤ ਸਿੰਘ, ਜਸਪਾਲ ਸਿੰਘ, ਸੰਤੋਖ ਸਿੰਘ ਅਤੇ ਜਗਤਾਰ ਸਿੰਘ ਆਦਿ ਹਾਜ਼ਰ ਸਨ।

# ਵਾਲੀਬਾਲ ਟੂਰਨਾਮੈਂਟ 'ਚ ਗਿੱਦੜਬਾਹਾ ਦੀ ਟੀਮ ਨੇ ਪਹਿਲਾ ਸਥਾਨ ਜਿੱਤਿਆ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-** ਵਾਲੀਬਾਲ ਐਸੋਸੀਏਸ਼ਨ ਕੋਟਕਪੂਰਾ ਵੱਲੋਂ ਵਿਸਾਖੀ ਦੇ ਸ਼ੁਭ ਦਿਹਾੜੇ ਨੂੰ ਸਮਰਪਤ ਬੀਤੇ ਦਿਨੀਂ ਸਰਕਾਰੀ ਸਕੂਲ ਕੋਟਕਪੂਰਾ ਵਿਖੇ ਇੱਕ ਰੋਜ਼ਾ



ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਗਿੱਦੜਬਾਹਾ ਦੀ ਵਾਲੀਬਾਲ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਣਜੀਤ ਸਿੰਘ ਗੁਰੂਸਰ ਰਿਟਾਇਰਡ ਲੈਕਚਰਾਰ ਫਿਜ਼ੀਕਲ ਐਜੂਕੇਸ਼ਨ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ 55 ਤੋਂ 60 ਸਾਲ ਉਮਰ ਵਰਗ ਵਿੱਚ ਗਿੱਦੜਬਾਹਾ ਦੀ ਟੀਮ ਨੇ ਫਾਈਨਲ ਮੁਕਾਬਲੇ ਵਿੱਚ ਕੋਟਕਪੂਰਾ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।ਉਨ੍ਹਾਂ ਦੱਸਿਆ ਕਿ ਜੇਤੂ ਟੀਮਾਂ ਨੂੰ ਸਪੋਰਟਸ ਕਿਟਾਂ, ਸ਼ੀਲਡ ਅਤੇ ਤਮਗੇ ਦੇ ਕੇ ਸਨਮਾਨਿਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਗਿੱਦੜਬਾਹਾ ਦੀ ਟੀਮ ਵਿੱਚ ਪਿਛਲੇ ਲੰਮੇਂ ਸਮੇਂ ਤੋਂ ਨਰਿੰਦਰ ਸਿੰਘ ਭੋਲਾ ਕੌਂਸਲਰ, ਬਲਤੇਸ ਸਿੰਘ ਮਾਸਟਰ, ਜੀਵਨ ਗਰਗ, ਬਲਵੰਤ ਸਿੰਘ, ਅਵਤਾਰ ਸਿੰਘ, ਪ੍ਰੇਮੀ ਸਾਹਿਬ ਚੰਦ ਤੋਂ ਇਲਾਵਾ ਹੋਰ ਖਿਡਾਰੀ ਵੀ ਲਗਾਤਾਰ ਮਿਹਨਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਉਮਰ 'ਚ ਖੇਡਾਂ ਨਾਲ ਜੁੜ ਕੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਸਾਬਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਪੰਜਾਬ ਨੂੰ ਰੰਗਲਾ ਪੰਜਾਬ ਨਸ਼ਾ ਮੁਕਤ ਸਮਾਜ ਸਿਰਜਣਾ ਹੈ ਤਾਂ ਸਾਨੂੰ ਅਤੇ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਟੀਮ ਮੈਂਬਰਾਂ ਤੋਂ ਇਲਾਵਾ ਸਹਿਯੋਗੀਆਂ ਦਾ ਵੀ ਬਹੁਤ ਧੰਨਵਾਦ ਕੀਤਾ।

# ਵਿਦਿਆਰਥੀਆਂ ਨੂੰ ਟੀਚੇ ਪੂਰੇ ਕਰਨ ਲਈ ਸਖ਼ਤ ਮਿਹਨਤ ਦੀ ਜ਼ਰੂਰਤ : ਬਲਜਿੰਦਰ ਕੌਰ

● ਵੱਖ-ਵੱਖ ਪਿੰਡਾਂ 'ਚ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਤਲਵੰਡੀ ਸਾਬੋ (ਜਗਦੀਪ ਗਿੱਲ) :** ਵਿਦਿਆਰਥੀਆਂ ਨੂੰ ਹਮੇਸ਼ਾ ਆਪਣੇ ਟੀਚੇ ਮਿੱਥ ਕੇ ਪੂਰਾ ਕਰਨ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੀਫ ਵ੍ਹਿੱਪ ਤੇ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਤਲਵੰਡੀ ਸਾਬੋ ਹਲਕੇ ਅਧੀਨ ਪੈਂਦੇ ਪਿੰਡ ਲਹਿਰੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਗਏ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਸਮਾਗਮ 'ਚ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰ ਕੇ ਆਪਣਾ, ਆਪਣੇ ਮਾਪਿਆਂ, ਅਧਿਆਪਕਾਂ, ਸੂਬੇ ਤੇ ਦੇਸ਼ ਦਾ ਨਾਮ ਰੋਸ਼ਨ ਕਰਨ।ਉਨ੍ਹਾ ਕਿਹਾ ਕਿ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਤੇ ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।ਉਨ੍ਹਾਂ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਜੋ-ਜੋ ਵਾਅਦੇ ਪੰਜਾਬ ਸਰਕਾਰ ਨੇ ਆਮ ਲੋਕਾਂ ਨਾਲ ਕੀਤੇ, ਉਨ੍ਹਾਂ 'ਤੇ ਖਰੀ ਉੱਤਰੀ ਹੈ। ਇਸ ਦੌਰਾਨ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਲਹਿਰੀ ਤੋਂ ਇਲਾਵਾ ਬਹਿਮਣ ਜੱਸਾ ਸਿੰਘ, ਬਹਿਮਣ ਕੌਰ ਸਿੰਘ, ਸਿੰਗੋ ਤੇ ਨਥੇਹਾ ਦੇ ਸਰਕਾਰੀ ਸਕੂਲਾਂ ਦੇ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ।ਇਸ ਮੌਕੇ ਸਕੂਲਾਂ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਤੇ ਪਿੰਡਾਂ ਦੀਆਂ ਪੰਚਾਇਤਾਂ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਆਦਿ ਹਾਜ਼ਰ ਸਨ।

# ਪੀ ਜੀ ਆਈ 'ਚ ਮੈਡੀਕਲ ਫੋਟੋਗ੍ਰਾਫੀ ਪ੍ਰਦਰਸ਼ਨੀ ਲਗਾਈ

**ਸਮਰਾਲਾ (ਸੁਰਜੀਤ ਸਿੰਘ)-** ਪੀ.ਜੀ.ਆਈ. ਚੰਡੀਗੜ੍ਹ ਦੇ ਕਲਿਨੀਕਲ ਫੋਟੋਗ੍ਰਾਫੀ ਵਿਭਾਗ ਵੱਲੋਂ ਸੰਸਥਾ ਵਿੱਚ 1963 ਵਿੱਚ ਸ਼ੁਰੂ ਹੋਈ ਮੈਡੀਕਲ ਫੋਟੋਗ੍ਰਾਫੀ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ, ਜਿਸ ਦਾ ਉਦਘਾਟਨ ਪੀ.ਜੀ.ਆਈ. ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੀਤਾ।ਆਪਣੇ ਸੰਬੋਧਨ ਵਿੱਚ ਪ੍ਰੋ. ਲਾਲ ਨੇ ਮੈਡੀਕਲ ਫੋਟੋਗ੍ਰਾਫੀ ਦੀ



ਮਰੀਜ਼ ਸੰਭਾਲ, ਅਕਾਦਮਿਕ ਕਾਰਜ ਤੇ ਸੰਸਥਾਗਤ ਦਸਤਾਵੇਜ਼ੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਸੰਸਥਾ ਦੇ ਇਤਿਹਾਸਕ ਪਲਾਂ, ਮਾਣਯੋਗ ਵਿਅਕਤੀਆਂ ਦੀ ਵਿਰਾਸਤ ਤੇ ਚਿਕਿਤਸਾ ਸੰਬੰਧੀ ਚਿੱਤਰਾਂ ਨੂੰ ਸੰਭਾਲਣ ਵਿੱਚ ਵਿਭਾਗ ਦੀ ਭੂਮਿਕਾ ਦੀ ਪ੍ਰਸ਼ੰਸਾ ਕੀਤੀ।ਇਸ ਮੌਕੇ ਪ੍ਰੋ. ਲਾਲ ਨੇ ਵਿਭਾਗ ਵਿੱਚ ਲੰਬੇ ਸਮੇਂ ਤੱਕ ਸੇਵਾ ਨਿਭਾਅ ਚੁੱਕੇ ਸੀਨੀਅਰ ਫੋਟੋਗ੍ਰਾਫਰਾਂ ਨੂੰ ਸਨਮਾਨਤ ਕੀਤਾ, ਜਿਨ੍ਹਾਂ ਵਿੱਚ ਇੰਦਰਮੋਹਨ ਆਹੂਜਾ, ਸੁਖਵਿੰਦਰ ਸਿੰਘ, ਕੁਲਦੀਪ ਸੋਨੀ ਤੇ ਗੁਰਮੀਤ ਸਿੰਘ ਸ਼ਾਮਲ ਸਨ। ਪ੍ਰਦਰਸ਼ਨੀ ਵਿੱਚ ਆਰਕਾਈਵ ਤਸਵੀਰਾਂ, ਵਿਦਿਆਰਥੀਆਂ ਦੀ ਕਲਾ ਰਚਨਾਵਾਂ ਤੇ ਪੁਰਾਣੇ ਕੈਮਰਿਆਂ ਦੀ ਵਿਸ਼ੇਸ਼ ਨਮਾਇਸ਼ ਕੀਤੀ ਗਈ, ਜਿਸ ਰਾਹੀਂ ਦਸ਼ਕਾਂ ਦੌਰਾਨ ਮੈਡੀਕਲ ਫੋਟੋਗ੍ਰਾਫੀ ਵਿੱਚ ਆਏ ਤਕਨੀਕੀ ਬਦਲਾਵਾਂ ਨੂੰ ਦਰਸਾਇਆ ਗਿਆ। ਦਰਸ਼ਕ ਵਿਸ਼ੇਸ਼ ਤੌਰ 'ਤੇ ਉਨ੍ਹਾਂ ਇਤਿਹਾਸਕ ਤਸਵੀਰਾਂ ਤੋਂ ਪ੍ਰਭਾਵਿਤ ਹੋਏ, ਜੋ ਪੀ.ਜੀ.ਆਈ. ਨੂੰ ਭਾਰਤ ਦੀ ਪ੍ਰਮੁੱਖ ਚਿਕਿਤਸਾ ਸੰਸਥਾ ਬਣਨ ਦੀ ਯਾਤਰਾ ਦਰਸਾਉਂਦੀਆਂ ਹਨ।ਇਸ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਮਾਣਯੋਗ ਵਿਅਕਤੀਵਾਂ ਵਿੱਚ ਪੰਕਜ ਰਾਏ (ਆਈ.ਏ.ਐੱਸ.), ਡਿਪਟੀ ਡਾਇਰੈਕਟਰ ਪ੍ਰੋ. ਆਰ. ਕੇ. ਰਾਥੋ, ਡੀਨ ਅਕਾਦਮਿਕਸ ਪ੍ਰੋ. ਸੰਜੇ ਜੈਨ, ਡੀਨ ਰਿਸਰਚ ਪ੍ਰੋ. ਵਿਪਿਨ ਕੋਸ਼ਲ, ਮੈਡੀਕਲ ਸੁਪਰਿੰਟੈਂਡੈਂਟ ਤੇ ਹੋਸਪਿਟਲ ਐਡਮਿਨਿਸਟ੍ਰੇਸ਼ਨ ਵਿਭਾਗ ਦੇ ਮੁਖੀ ਅਤੇ ਪ੍ਰੋ. ਪਰਮਜੀਤ ਸਿੰਘ, ਰੇਡੀਓ-ਡਾਇਗਨੋਸਿਸ ਤੇ ਇਮੇਜਿੰਗ ਵਿਭਾਗ ਦੇ ਮੁਖੀ ਅਤੇ ਕਲਿਨੀਕਲ ਫੋਟੋਗ੍ਰਾਫੀ ਵਿਭਾਗ ਦੇ ਇੰਚਾਰਜ ਸ਼ਾਮਲ ਸਨ।

# ਅਮਨਦੀਪ ਨੇ ਕਰਾਟੇ ਚੈਂਪੀਅਨਸ਼ਿਪ 'ਚ ਜਿੱਤਿਆ ਗੋਲਡ ਮੈਡਲ



**ਚੀਮਾ ਮੰਡੀ (ਰਵਿੰਦਰ ਚੀਮਾ)-** ਮਾਡਰਨ ਕਾਲਜ ਬੀਰ ਕਲਾਂ ਦੀ ਵਿਦਿਆਰਥਣ ਅਮਨਦੀਪ ਕੌਰ, ਜੋ ਕਿ ਬੀ. ਏ. ਭਾਗ ਤੀਜਾ ਵਿੱਚ ਪੜ੍ਹਾਈ ਕਰ ਰਹੀ ਹੈ, ਨੇ ਆਪਣੀ ਮਿਹਨਤ ਤੇ ਲਗਨ ਨਾਲ ਪੰਜਾਬ ਗੋਜੂ ਰਊ ਸਪੋਰਟਸ ਕਰਾਟੇ ਚੈਂਪੀਅਨਸ਼ਿਪ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਆਪਣੇ ਨਾਮ ਕੀਤਾ।ਇਹ ਜਿੱਤ ਨਾ ਸਿਰਫ ਕਾਲਜ ਲਈ ਮਾਣ ਦੀ ਗੱਲ ਹੈ, ਸਗੋਂ ਇਲਾਕੇ ਲਈ ਵੀ ਮਾਣਯੋਗ ਪ੍ਰਾਪਤੀ ਹੈ।ਕਾਲਜ ਦੇ ਪ੍ਰਿੰਸੀਪਲ ਤੇ ਚੇਅਰਮੈਨ ਮਾਨਯੋਗ ਡਾ. ਰਵਿੰਦਰ ਬਾਂਸਲ ਨੇ ਅਮਨਦੀਪ ਕੌਰ ਨੂੰ ਇਸ ਉਪਲਬਧੀ ਲਈ ਮੁਬਾਰਕਬਾਦ ਦਿੰਦੇ ਹੋਏ ਉਸ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਹਨ।ਅਮਨਦੀਪ ਕੌਰ ਨੇ ਦੱਸਿਆ ਕਿ ਇਹ ਸਫਲਤਾ ਉਸ ਦੇ ਕਾਲਜ ਦੀ ਮਾਰਗਦਰਸ਼ਨ ਤੇ ਕੋਚ ਦੇ ਸਹਿਯੋਗ ਨਾਲ ਸੰਭਵ ਹੋਈ ਹੈ।ਉਹ ਭਵਿੱਖ ਵਿੱਚ ਰਾਸ਼ਟਰੀ ਪੱਧਰ 'ਤੇ ਵੀ ਕਾਮਯਾਬੀ ਹਾਸਲ ਕਰਨ ਦੀ ਇੱਛਾ ਰੱਖਦੀ ਹੈ।

# ਸੀ ਜੀ ਐਮ ਇੰਟਰਨੈਸ਼ਨਲ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

**ਮਲੋਟ (ਗੁਰਮੀਤ ਸਿੰਘ ਮੱਕੜ)-** ਸੀ.ਜੀ.ਐਮ. ਇੰਟਰਨੈਸ਼ਨਲ ਸਕੂਲ ਮੋਹਲਾਂ ਵਿੱਚ ਬੱਚਿਆਂ ਨੇ ਵਿਸਾਖੀ ਮਨਾਉਂਦਿਆਂ ਵੱਖ-ਵੱਖ ਪੇਸ਼ਕਾਰੀਆਂ ਗਰੁੱਪ ਡਾਂਸ, ਗਿੱਧਾ, ਬੋਲੀਆਂ ਅਤੇ ਗੀਤ-ਸੰਗੀਤ ਪੇਸ਼ ਕੀਤੀਆਂ ਗਈਆਂ। ਨਰਸਰੀ ਸੈਕਸ਼ਨ, ਪੰਜਵੀਂ, ਛੇਵੀਂ



ਅਤੇ ਅੱਠਵੀਂ ਦੇ ਬੱਚਿਆਂ ਨੇ ਪੇਸ਼ਕਾਰੀ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਵੱਲੋਂ 'ਜੱਟਾ ਆਈ ਵਿਸਾਖੀ', 'ਮਾਰਦਾ ਦਮਾਮੇ ਜੱਟ ਮੇਲੇ ਆ ਗਿਆ' ਵੱਖ-ਵੱਖ ਗੀਤ ਪੇਸ਼ ਕੀਤੇ ਗਏ। ਇਸ ਮੌਕੇ ਪ੍ਰਿੰਸੀਪਲ ਨਿਰਮਲ ਕੌਰ, ਮੈਡਮ ਸਰਬਜੀਤ ਕੌਰ, ਮੈਡਮ ਅਮਨਦੀਪ ਕੌਰ, ਹਰਪ੍ਰੀਤ ਕੌਰ, ਹਰਪ੍ਰੀਤ ਕੌਰ ਘੁੜਿਆਣਾ, ਰਿੰਪਲ, ਚਰਨਜੀਤ ਕੌਰ, ਪ੍ਰਭਜੋਤ ਕੌਰ ਅਤੇ ਮੈਡਮ ਪੁਨੀਤ ਕੌਰ ਹਾਜ਼ਰ ਸਨ।

# ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-** ਪੇਂਡੂ ਸਾਹਿਤ ਸਭਾ (ਰਜਿ.) ਬਾਲਿਆਂਵਾਲੀ ਦੀ ਮਹੀਨਾਵਾਰ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ



ਗਿੱਲ ਯਾਦਗਾਰੀ ਲਾਇਬਰੇਰੀ ਅਤੇ ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਅਤੇ ਕੰਪਿਊਟਰ ਸੈਂਟਰ ਵਿਖੇ ਹੋਈ। ਸਾਹਿਤਕ ਦੌਰ ਵਿੱਚ ਜੀਤ ਸਿੰਘ ਚਹਿਲ ਨੇ ਕਵਿਤਾ ਤੇ ਗੀਤ ਸੁਣਾਏ। ਹਰਜਿੰਦਰ ਕੌਰ ਨੇ ਕਵਿਤਾ ਪੜ੍ਹੀ। ਸੁਖਦਰਸ਼ਨ ਗਰਗ ਨੇ ਤਾਜ਼ਾ ਰੁਬਾਈਆਂ ਸੁਣਾਈਆਂ। ਗੁਰਤੇਜ ਸਿੰਘ ਨੇ ਵੀ ਰੁਬਾਈਆਂ ਅਤੇ ਪੱਤਰਕਾਰ ਕੁਲਦੀਪ ਮਤਵਾਲਾ ਨੇ ਕਹਾਣੀ ਸੁਣਾਈ। ਇਸ ਦੌਰਾਨ ਸ਼ੋਕ ਮਤੇ ਰਾਹੀਂ ਸਭਾ ਦੇ ਜਨਰਲ ਸਕੱਤਰ ਮਾਸਟਰ ਜਗਨ ਨਾਥ ਦੇ ਭਣੋਈਏ ਹਰਦੇਵ ਸਿੰਘ (ਉਗੋ ਕੇ) ਦੀ ਬੇਵਕਤੀ ਮੌਤ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਗੁਰਮੀਤ ਕੁਮਾਰ, ਇੰਦਰ ਸਿੰਘ ਅਤੇ ਗੁਰਪ੍ਰੀਤ ਕੌਰ ਵੀ ਹਾਜ਼ਰ ਸਨ।

# ਆਧੁਨਿਕ ਸਹੂਲਤਾਂ ਨਾਲ ਲੈਸ ਕਮਰਾ ਵਿਧਾਇਕ ਵੱਲੋਂ ਬੱਚਿਆਂ ਨੂੰ ਸਮਰਪਤ

**ਦੋਰਾਹਾ (ਹਰਮਿੰਦਰ ਸੇਠ)-** ਦੋਰਾਹਾ ਦੇ ਨੇੜਲੇ ਪਿੰਡ ਪੱਦੀ ਵਿਖੇ ਜੀਵਨ ਸਿੰਘ ਸੰਗੋਵਾਲ ਐਮ ਐਲ ਏ ਹਲਕਾ ਗਿੱਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਪੱਦੀ ਵਿਖੇ ਆਧੁਨਿਕ ਸਹੂਲਤਾਂ ਨਾਲ ਲੈਸ ਨਵੇਂ ਬਣੇ ਕਮਰੇ ਦਾ ਉਦਘਾਟਨ ਕਰਕੇ ਬੱਚਿਆਂ ਨੂੰ ਸਮਰਪਤ ਕੀਤਾ। ਸਕੂਲ ਦੇ ਮੁੱਖ ਅਧਿਆਪਕ ਸਤਵੰਤ ਸਿੰਘ ਨੇ ਸਕੂਲ ਦੀਆਂ ਪ੍ਰਾਪਤੀਆਂ ਅਤੇ ਖੇਡਾਂ ਵਿੱਚ ਮਾਰੀਆਂ ਮੱਲਾਂ ਬਾਰੇ ਆਏ ਹੋਏ ਪਤਵੰਤਿਆਂ ਨੂੰ ਦੱਸਿਆ। ਇਸ ਮੌਕੇ ਬੱਚਿਆਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਹਲਕਾ ਗਿੱਲ ਦੇ ਐਜੂਕੇਸ਼ਨ ਪ੍ਰਧਾਨ ਗਿਆਨ



ਸਿੰਘ ਕਾਲੜਾ, ਜਸਵਿੰਦਰ ਸਿੰਘ ਜੱਸੀ ਪੀਏ, ਬਲਾਕ ਪ੍ਰਧਾਨ ਸਰਬਜੀਤ ਸਿੰਘ, ਪ੍ਰਿੰਸੀਪਲ ਮਹੇਸ਼ ਟੰਡਨ, ਬਲਾਕ ਪ੍ਰਧਾਨ ਅਦੱਤਿਆ ਜੈਨ, ਵੋਮੈਨ ਵਿੰਗ ਤੋਂ ਉਪਮਾ, ਬੀ ਪੀ ਈ ਓ (ਡੇਹਲੋਂ 1) ਗੁਰਪ੍ਰੀਤ ਸਿੰਘ ਸੰਧੂ, ਸੀਐਚਟੀਮੈਡਮ ਮਨਜੀਤ ਕੌਰ ਡੇਹਲੋਂ , ਸੀ ਐਚ ਟੀ ਮੈਡਮ ਕੰਵਲਜੀਤ ਕੌਰ ਹਰਨਾਮਪੁਰਾ, ਬਲਾਕ ਕੋਆਰਡੀਨੇਟ ਲਖਵੀਰ ਸਿੰਘ ਬਲਾਕ, ਕਮੇਟੀ ਮੈਂਬਰ ਦਵਿੰਦਰ ਸਿੰਘ, ਬਲਾਕ ਕਮੇਟੀ ਮੈਂਬਰ ਰਵਿੰਦਰ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਪੱਦੀ ਦੇ ਮੁੱਖ ਅਧਿਆਪਕ ਸਤਵੰਤ ਸਿੰਘ, ਅਧਿਆਪਕ ਅਮਰਜੀਤ ਸਿੰਘ, ਪਿੰਡ ਦੇ ਸਰਪੰਚ ਸਤਬੀਰ ਸਿੰਘ ਸ਼ਿੰਦਾ, ਜਿੰਦਾ ਅਤੇ ਬੱਚਿਆਂ ਦੇ ਮਾਪੇ ਇਸ ਸਮਾਗਮ ਵਿੱਚ ਸ਼ਾਮਿਲ ਹੋਏ।

## ...ਸਫ਼ਾ 1 ਦੇ ਬਾਕੀ

### ਅਮਰੀਕਾ ਸਾਹਮਣੇ 'ਆਤਮ ਸਮਰਪਣ' ਸਾਮਰਾਜਵਾਦ ਵਿਰੋਧੀ ...

ਹੈ। ਹੋਲੀ ਦੇ ਦਿਨਾਂ ਦੌਰਾਨ ਉਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਦੀਆਂ ਨਿੰਦਣਯੋਗ ਘਟਨਾਵਾਂ ਸੰਵਿਧਾਨਕ ਅਧਿਕਾਰਾਂ ਨੂੰ ਕਾਇਮ ਰੱਖਣ ਵਿੱਚ ਪ੍ਰਸ਼ਾਸਨ ਦੀਆਂ ਨੀਤੀਆਂ ਬੁਰੀ ਤਰ੍ਹਾਂ ਅਸਫਲ ਰਹੀਆਂ ਹਨ।

ਰਾਜਨ ਨੇ ਰੂਸ-ਯੂਕਰੇਨ ਯੁੱਧ ਅਤੇ ਇਜ਼ਰਾਈਲ ਦੇ ਗਾਜ਼ਾ 'ਤੇ ਹਮਲੇ ਬਾਰੇ ਵੀ ਵਿਸਥਾਰ ਨਾਲ ਜ਼ਿਕਰ ਕੀਤਾ।

ਇਸ ਉਪਰੰਤ ਸਭਾ ਦੇ ਜਨਰਲ ਸਕੱਤਰ ਰਾਹੁਲਾ ਵੈਂਕਈਆ ਨੇ ਜਥੇਬੰਦਕ ਰਿਪੋਰਟ ਪੇਸ਼ ਕੀਤੀ। ਕਾਨਫਰੰਸ ਨੂੰ ਭਾਰਤੀ ਮਹਿਲਾ ਫੈਡਰੇਸ਼ਨ ਦੀ ਜਨਰਲ ਸਕੱਤਰ ਨਿਸ਼ਾ ਸਿੱਧੂ ਨੇ ਸੰਬੋਧਨ ਕਰਦਿਆਂ ਕਿਸਾਨ ਸਭਾ ਦਾ ਡਟ ਕੇ ਸਾਥ ਦੇਣ ਦੇ ਇਕਰਾਰ ਦੇ ਨਾਲ ਔਰਤਾਂ ਨੂੰ ਕਿਸਾਨ ਅੰਦੋਲਨ ਵਿੱਚ ਅਣਗੌਲਿਆ ਕਰਨ ਦਾ ਗਿਲਾ ਵੀ ਕੀਤਾ। ਨਿਸ਼ਾ ਸਿੱਧੂ ਨੇ ਫਸਲਾਂ ਵੇਚਣ ਮੌਕੇ ਵੀ ਔਰਤਾਂ ਨੂੰ ਪਾਸੇ ਰੱਖਣ ਦੀ ਵੇਦਨਾ ਦੱਸੀ। ਉਨ੍ਹਾ ਕਿਹਾ ਕਿ ਸਵੇਰੇ ਉੱਠ ਕੇ ਨਿੱਤ ਪ੍ਰਤੀ ਦੇ ਕੰਮ ਤੋਂ ਇਲਾਵਾ ਖੇਤ ਵਿੱਚ ਰੋਟੀ ਪਹੁੰਚਾਉਣੀ ਤੇ ਰਾਤ ਨੂੰ ਰੋਟੀ-ਟੁੱਕ ਦਾ ਆਹਰ ਵੀ ਔਰਤਾਂ ਦੇ ਹਿੱਸੇ ਆਉਂਦਾ ਹੈ। ਜਦੋਂ ਫਸਲ ਮੰਡੀ ਲੈ ਕੇ ਜਾਣ ਦਾ ਸਮਾਂ ਆਉਂਦਾ ਹੈ ਤਾਂ ਓਦੋਂ 'ਰਾਮੂ ਹੀ ਜਾਂਦਾ ਹੈ, ਰਾਧਾ ਕਿਉ ਨਹੀਂ ਜਾਂਦੀ ? ' ਨਿਸ਼ਾ ਸਿੱਧੂ ਨੇ ਹੋਰ ਖੇਤਰਾਂ ਵਿੱਚ ਔਰਤਾਂ ਨਾਲ ਹੁੰਦੇ ਅੱਤਿਆਚਾਰਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ।

ਆਲ ਇੰਡੀਆ ਯੂਥ ਫੈਡਰੇਸ਼ਨ ਦੇ ਕੌਮੀ ਸਕੱਤਰ ਤਿਰੁਮਲਾਈ ਰਾਮਨ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਦਿਨੇਸ਼ ਸੀਰੰਗਾ ਰਾਜਨ ਨੇ ਵੀ ਕਿਸਾਨ ਸਭਾ ਦੀ ਕੌਮੀ ਕਾਨਫਰੰਸ ਨੂੰ ਸੰਬੋਧਨ ਕੀਤਾ। ਇਨ੍ਹਾਂ ਨੌਜਵਾਨ ਆਗੂਆਂ ਨੇ ਭਾਰਤ ਦੀ ਨੌਜਵਾਨ ਪੀੜ੍ਹੀ ਦੇ ਭਵਿੱਖ ਪ੍ਰਤੀ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਦੇਸ਼ ਦੇ ਸਮੁੱਚੇ ਹਾਲਾਤ ਦੀ ਚੀਰ-ਫਾੜ ਕੀਤੀ। ਇੱਥੇ ਨਿਆਂ ਦੇ ਖੰਭ ਲਾ ਕੇ ਉੱਡ ਜਾਣ ਦੇ ਸੰਦਰਭ ਵਿੱਚ ਤਿਰੁਮਲਾਈ ਨੇ ਕਿਹਾ ਕਿ ਭਾਰਤ ਅਨਿਆਂ ਵਾਲਾ ਦੇਸ਼ ਹੈ। ਨੌਜਵਾਨ ਆਗੂਆਂ ਨੇ ਕੁਲ ਹਿੰਦ ਕਿਸਾਨ ਸਭਾ ਨਾਲ ਆਪੋ-ਆਪਣੀਆਂ ਜਥੇਬੰਦੀਆਂ ਵੱਲੋਂ ਯਕਯਹਿਤੀ ਦਾ ਪ੍ਰਗਟਾਵਾ ਕੀਤਾ।

ਹਾਊਸ ਵਿੱਚ ਪੇਸ਼ ਕੀਤੀ ਗਈ ਰਿਪੋਰਟ 'ਤੇ ਕਾਨਫਰੰਸ ਦੇ ਦੂਸਰੇ ਦਿਨ ਯਾਨਿ 16 ਅਪ੍ਰੈਲ ਨੂੰ ਭਖਵੀਂ ਬਹਿਸ ਹੋਈ। ਇਸ ਬਹਿਸ ਵਿੱਚ ਬਹੁਤ ਸਾਰੇ ਰਾਜਾਂ ਦੇ ਡੈਲੀਗੇਟਾਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚ ਭੁਵਨੇਸ਼ਵਰ ਪ੍ਰਸ਼ਾਸ ਮਹਿਤਾ ਸਾਬਕਾ ਮੈਂਬਰ ਪਾਰਲੀਮੈਂਟ (ਝਾਰਖੰਡ), ਆਸਾਮ ਤੋਂ ਜੈਅੰਤਾ ਗੋਗੋਈ, ਮਨੀਪੁਰ, ਆਂਧਰਾ ਪ੍ਰਦੇਸ਼, ਉੜੀਸਾ ਦੇ ਡੈਲੀਗੇਟਾਂ ਨੇ ਵੀ ਹਿੱਸਾ ਲਿਆ। ਕੁਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਬਹਿਸ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਰਿਪੋਰਟ ਵਿੱਚ ਦਿੱਲੀ ਦੀਆਂ ਬਰੂਹਾਂ 'ਤੇ ਲੜੇ ਕਿਸਾਨੀ ਅੰਦੋਲਨ ਵਿੱਚ ਪੰਜਾਬ ਦੀ ਭੂਮਿਕਾ ਦਾ ਪੂਰਾ ਜ਼ਿਕਰ ਨਹੀਂ ਹੈ। ਇਸ ਅੰਦੋਲਨ ਵਿੱਚ ਪੰਜਾਬੀ ਪ੍ਰਵਾਸੀਆਂ ਨੇ ਵੀ ਕਰੋੜਾਂ ਰੁਪਏ ਖਰਚ ਕੇ ਵੱਡੀ ਭੂਮਿਕਾ ਨਿਭਾਈ ਸੀ। ਬਰਾੜ ਨੇ ਪੰਜਾਬ ਨਾਲ ਸੰਬੰਧਤ ਬਹੁਤ ਸਾਰੀਆਂ ਸਮੱਸਿਆਵਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ।ਕੁਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਸੀਨੀਅਰ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲ ਨੇ ਪੰਜਾਬ ਦੇ ਦਰਿਆਵਾਂ ਦੇ ਪ੍ਰਦੂਸ਼ਣ ਦਾ ਸਵਾਲ ਉਠਾਇਆ। ਉਨ੍ਹਾ ਕਿਹਾ ਕਿ ਪੰਜ ਦਰਿਆਵਾਂ ਦੇ ਨਾਂਅ 'ਤੇ ਪੰਜਾਬ ਬਣਿਆ ਸੀ। ਹੁਣ ਪੰਜਾਂ ਦੀ ਥਾਂ ਦੋ-ਢਾਈ ਦਰਿਆ ਹੀ ਪੰਜਾਬ ਵਿੱਚ ਵਗਦੇ ਹਨ। ਉਹ ਵੀ ਬੁਰੀ ਤਰ੍ਹਾਂ ਪ੍ਰਦੂਸ਼ਤ ਹੋ ਚੁੱਕੇ ਹਨ। ਇਹ ਦਰਿਆ ਕੈਂਸਰ ਵਰਗੀ ਭਿਆਨਕ ਬਿਮਾਰੀ ਦਾ ਵੀ ਕਾਰਨ ਬਣ ਰਹੇ ਹਨ। ਮੌਲਵੀਵਾਲਾ ਨੇ ਕਿਸਾਨ ਅੰਦੋਲਨ ਦਾ ਜ਼ਿਕਰ ਕਰਦਿਆਂ ਦੂਸਰੀਆਂ ਕਿਸਾਨ ਜਥੇਬੰਦੀਆਂ ਨਾਲੋਂ ਕੁਲ ਹਿੰਦ ਕਿਸਾਨ ਸਭਾ ਦੀਆਂ ਕੁਝ ਵਿਸ਼ੇਸ਼ਤਾਵਾਂ ਨੂੰ ਵੀ ਉਜਾਗਰ ਕੀਤਾ।

### ਉਰਦੂ ਨਾਲ ਦੁਸ਼ਮਣੀ ਨਹੀਂ, ਦੋਸਤੀ ਕਰੋ ...

ਕੁਲ ਹਿੰਦ ਸੰਪਰਕ ਭਾਸ਼ਾ ਵਜੋਂ ਅਪਨਾਉਣ ਦੇ ਹਾਮੀ ਸਨ। ਇਸ ਦੇ ਨਾਲ ਹੀ ਉਹ ਹੋਰਨਾਂ ਪ੍ਰਦੇਸ਼ਾਂ ਦੀਆਂ ਭਾਸ਼ਾਵਾਂ ਨੂੰ ਵੀ ਬਰਾਬਰ ਦਰਜਾ ਦੇਣ ਦੇ ਹੱਕ ਵਿੱਚ ਸਨ।'

ਉਰਦੂ ਨੂੰ ਹਿੰਦੀ ਦੇ ਖਿਲਾਫ ਤੋਲਣ 'ਤੇ ਬੈਂਚ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਆਰਟੀਕਲ 343 ਤਹਿਤ ਭਲੇ ਹੀ ਹਿੰਦੀ ਨੂੰ ਰਾਜ ਭਾਸ਼ਾ ਐਲਾਨਿਆ ਗਿਆ ਹੋਵੇ, ਪਰ ਇਸ ਦਾ ਮਤਲਬ ਇਹ ਨਹੀਂ ਕਿ ਉਰਦੂ ਜਾਂ ਹਿੰਦੁਸਤਾਨੀ ਦੀ ਹੋਂਦ ਹੀ ਖਤਮ ਹੋ ਗਈ। ਸੰਵਿਧਾਨ ਦੇ ਨਿਰਮਾਤਾਵਾਂ ਦੀ ਮਨਸ਼ਾ ਕਦੇ ਇਹ ਨਹੀਂ ਸੀ ਕਿ ਉਰਦੂ ਵਰਗੀਆਂ ਭਾਸ਼ਾਵਾਂ ਨੂੰ ਹਾਸ਼ੀਏ 'ਤੇ ਧੱਕਿਆ ਜਾਵੇ। ਬੈਂਚ ਨੇ ਕਿਹਾ—ਅੱਜ ਵੀ ਅਦਾਲਤਾਂ 'ਚ ਕਈ ਸ਼ਬਦ ਉਰਦੂ ਦੇ ਚੱਲਦੇ ਹਨ, ਜਿਵੇ, ਅਦਾਲਤ, ਹਲਫਨਾਮਾ, ਪੇਸ਼ੀ, ਵਕਾਲਤਨਾਮਾ, ਦਸਤੀ ਆਦਿ। ਸੁਪਰੀਮ ਕੋਰਟ ਤੇ ਹਾਈ ਕੋਰਟ ਵਿੱਚ ਭਲੇ ਹੀ ਅੰਗਰੇਜ਼ੀ ਨੂੰ ਅਧਿਕਾਰਤ ਭਾਸ਼ਾ ਮੰਨਿਆ ਗਿਆ ਹੈ, ਪਰ ਉਰਦੂ ਦੇ ਸ਼ਬਦ ਅੱਜ ਵੀ ਅਦਾਲਤੀ ਵਿਹਾਰ ਵਿੱਚ ਜਿਊਂਦੇ ਹਨ।

ਜੇ ਹਿੰਦੀ, ਉਰਦੂ ਜਾਂ ਫਿਰ ਉਰਦੂ ਦੇ ਨਾਲ ਹੋਰ ਭਾਸ਼ਾ ਦਾ ਵਿਵਾਦ ਵੀ ਦੇਖਿਆ ਜਾਵੇ ਤਾਂ ਕੋਰਟ ਦੇ ਫੈਸਲੇ ਦੀ ਆਖਰੀ ਪੰਕਤੀ ਅਹਿਮ ਹੈ। ਕੋਰਟ ਨੇ ਉਰਦੂ ਦੀ ਅਲੋਚਨਾ 'ਤੇ ਸਾਫ-ਸਾਫ ਕਿਹਾ ਕਿ ਜਦ ਅਸੀਂ ਉਰਦੂ ਦੀ ਅਲੋਚਨਾ ਕਰਦੇ ਹਾਂ ਤਾਂ ਅਸੀਂ ਹਿੰਦੀ ਦੀ ਵੀ ਅਲੋਚਨਾ ਕਰਦੇ ਹਾਂ, ਕਿਉਂਕਿ ਭਾਸ਼ਾ ਮਾਹਰਾਂ ਤੇ ਵਿਦਵਾਨਾਂ ਮੁਤਾਬਕ ਹਿੰਦੀ ਤੇ ਉਰਦੂ ਦੋ ਵੱਖ-ਵੱਖ ਭਾਸ਼ਾਵਾਂ ਨਹੀਂ, ਸਗੋਂ ਇੱਕ ਹੀ ਭਾਸ਼ਾ ਹਨ। ਵੰਡ ਸਿਰਫ ਧਾਰਮਕ ਸਿਆਸਤ ਤੇ ਭਾਸ਼ਾਈ ਦੁਸ਼ਮਣੀ ਕਾਰਨ ਹੋਈ ਹੈ।

ਪਾਤੂਰ ਨਗਰ ਕੌਂਸਲ ਨੂੰ ਲੈ ਕੇ ਬੈਂਚ ਨੇ ਕਿਹਾ ਕਿ ਪਾਤੂਰ ਨਗਰ ਕੌਂਸਲ ਦਾ ਉਦੇਸ਼ ਸਥਾਨਕ ਲੋਕਾਂ ਦੀ ਸੇਵਾ ਤੇ ਸੰਵਾਦ ਹੈ। ਜੇ ਕਿਸੇ ਇਲਾਕੇ ਵਿੱਚ ਉਰਦੂ ਭਾਸ਼ੀ ਲੋਕ ਰਹਿੰਦੇ ਹਨ ਤਾਂ ਉਨ੍ਹਾਂ ਲਈ ਉਰਦੂ ਵਿੱਚ ਜਾਣਕਾਰੀ ਦੇਣਾ ਪੂਰੀ ਤਰ੍ਹਾਂ ਜਾਇਜ਼ ਤੇ ਜ਼ਰੂਰੀ ਹੈ।

# ਯੰਗ ਪ੍ਰੋਗਰੈਸਿਵ ਸਿੱਖ ਫੋਰਮ ਵੱਲੋਂ ਚਾਂਸਲਰ ਡਾ. ਜ਼ੋਰਾ ਸਿੰਘ ਸਨਮਾਨਤ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-** ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੂੰ ਦਿੱਲੀ ਦੇ ਬੇਲ-ਲਾ-ਮੋਂਡੇ ਹੋਟਲ ਵਿੱਚ ਇੱਕ ਸ਼ਾਨਦਾਰ ਵਿਸਾਖੀ ਸਮਾਰੋਹ ਦੌਰਾਨ ਯੰਗ ਪ੍ਰੋਗਰੈਸਿਵ ਸਿੱਖ ਫੋਰਮ (ਵਾਈ ਪੀ ਐਸ ਐਫ) ਦੁਆਰਾ ਇੱਕ ਵਿਸ਼ੇਸ਼ ਸਨਮਾਨ ਨਾਲ ਸਨਮਾਨਤ ਕੀਤਾ ਗਿਆ। ਵਾਈ ਪੀ ਐਸ ਐਫ ਦੇ ਪ੍ਰਧਾਨ ਅਤੇ ਹਰਿਆਣਾ ਸਰਕਾਰ ਦੇ ਵਿਸ਼ੇਸ਼ ਡਿਊਟੀ ਅਧਿਕਾਰੀ ਡਾ. ਪ੍ਰਭਲੀਨ ਸਿੰਘ ਦੀ ਅਗਵਾਈ ਵਿੱਚ ਹੋਏ ਇਸ ਸਮਾਗਮ ਨੇ ਸੱਭਿਆਚਾਰਕ ਵਿਰਾਸਤ ਅਤੇ ਤਰੱਕੀ ਦਾ ਜਸ਼ਨ ਮਨਾਉਣ ਲਈ ਉੱਘੀਆਂ ਸ਼ਖਸੀਅਤਾਂ ਅਤੇ ਭਾਈਚਾਰਕ ਆਗੂਆਂ ਨੂੰ ਇਕੱਠਾ ਕੀਤਾ। ਡਾ. ਸਿੰਘ, ਜੋ ਇਸ ਮੌਕੇ 'ਤੇ ਮਹਿਮਾਨ ਵਜੋਂ ਸ਼ਾਮਲ ਹੋਏ, ਦੀ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਅਤੇ ਭਾਈਚਾਰਕ ਸੇਵਾ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਲਈ ਸ਼ਲਾਘਾ ਕੀਤੀ ਗਈ। ਇਹ ਸਮਾਗਮ ਬੇਲ-ਲਾ-ਮੋਂਡੇ ਗਰੁੱਪ ਆਫ਼ ਹੋਟਲਜ਼ ਦੇ ਚੇਅਰਮੈਨ ਗੁਰਮੀਤ ਸਿੰਘ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਮੌਕੇ ਨੂੰ ਭਾਰਤ ਸਰਕਾਰ ਦੇ ਬਿਜਲੀ ਮੰਤਰੀ ਅਤੇ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਖੱਟਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਹੋਰ ਉੱਘੇ ਮਹਿਮਾਨਾਂ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ, ਉਦਯੋਗ, ਖੁਰਾਕ ਅਤੇ ਸਪਲਾਈ, ਅਤੇ ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵ ਮੰਤਰੀ (ਦਿੱਲੀ ਦੀ ਰਾਸ਼ਟਰੀ ਰਾਜਧਾਨੀ ਖੇਤਰ) ਮਨਜਿੰਦਰ ਸਿੰਘ ਸਿਰਸਾ; ਡੀ ਐਸ ਜੀ ਐਮ ਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਭਾਰਤੀ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਸਾਬਕਾ ਆਈ ਪੀ ਐਸ ਅਧਿਕਾਰੀ ਸ਼ਾਮਲ ਸਨ।ਇਸ ਤੋਂ ਇਲਾਵਾ ਐਸ ਰਾਜੂ ਚੱਢਾ, ਵੇਵ ਗਰੁੱਪ ਦੇ ਚੇਅਰਮੈਨ ਵਰਗੀਆਂ ਨਾਮਵਰ ਸ਼ਖਸੀਅਤਾਂ; ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ (ਰਾਜ ਸਭਾ); ਜਥੇਦਾਰ ਬਲਜੀਤ ਸਿੰਘ ਦਾਦੂਵਾਲ; ਪੀਟੀਸੀ ਨਿਊਜ਼ ਦੇ ਕਾਰਜਕਾਰੀ ਸੰਪਾਦਕ ਹਰਪ੍ਰੀਤ ਸਿੰਘ ਸਾਹਨੀ ਅਤੇ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਮਾਨ ਵੀ ਹਾਜ਼ਰ ਹੋਏ। ਕਲਾਕਾਰ ਸਤਿੰਦਰ ਸੱਤੀ, ਹੌਬੀ ਧਾਲੀਵਾਲ ਅਤੇ ਅਮਰ ਨੂਰੀ ਨੇ ਤਿਉਹਾਰ ਦਾ ਸੁਹਜ ਸ਼ਾਮਲ ਕੀਤਾ।

# ਵਿੱਦਿਅਕ ਮਾਹੌਲ ਨੂੰ ਮਜ਼ਬੂਤ ਬਣਾਉਣ ਲਈ ਢਾਂਚਾਗਤ ਸੁਧਾਰ ਜ਼ਰੂਰੀ : ਕੁਲਵੰਤ ਸਿੰਘ

● ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 34 ਲੱਖ ਰੁਪਏ ਦੇ ਵਿਕਾਸ ਕਾਰਜ ਲੋਕ ਅਰਪਿਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਿੱਖਿਆ ਖੇਤਰ ਵਿੱਚ ਸੁਧਾਰ ਤੇ ਵਿਦਿਆਰਥੀਆਂ ਲਈ ਬਿਹਤਰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਹਲਕਾ ਸ਼ੁਤਰਾਣਾ ਤੋਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਸਰਕਾਰੀ ਮਿਡਲ ਸਕੂਲ ਸਧਾਰਨਪੁਰ ਸਮੇਤ ਸਰਕਾਰੀ ਪ੍ਰਾਇਮਰੀ ਸਕੂਲ ਹੀਰਾਨਗਰ, ਸਰਕਾਰੀ ਪ੍ਰਾਇਮਰੀ ਸਕੂਲ ਬਕਰਾਹਾ, ਸਰਕਾਰੀ ਪ੍ਰਾਇਮਰੀ ਸਕੂਲ ਡਰੋਲੀ ਵਿੱਚ ਕੁੱਲ 34 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਗਏ ਢਾਂਚਾਗਤ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਕਮਰੇ ਬਣਾਉਣਾ, ਕਲਾਸ ਰੂਮ ਦੀ ਮੁਰੰਮਤ, ਚਾਰਦੀਵਾਰੀ, ਬਰਾਂਡਿਆਂ ਦੀ ਉਸਾਰੀ, ਪਾਣੀ ਦੀ ਸਹੂਲਤਾਂ ਦੀ ਸੁਧਾਰ, ਸਕੂਲ ਕੈਂਪਸ ਦੀ ਸੁੰਦਰਤਾ ਤੇ ਹੋਰ ਆਧੁਨਿਕੀਕਰਨ ਦੇ ਕੰਮ ਸ਼ਾਮਲ ਹਨ। ਉਦਘਾਟਨੀ ਸਮਾਰੋਹਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸਿੱਖਿਆ ਇੱਕ ਮਹੱਤਵਪੂਰਨ ਤੇ ਅਸਰਦਾਰ ਸਾਧਨ ਹੈ।ਬੱਚਿਆਂ ਲਈ ਚੰਗਾ ਵਿੱਦਿਅਕ ਮਾਹੌਲ ਤਿਆਰ ਕਰਨਾ ਭਗਵੰਤ ਸਿੰਘ ਮਾਨ ਸਰਕਾਰ ਦੀ ਪਹਿਲ ਹੈ।ਸਰਕਾਰੀ ਸਕੂਲਾਂ ਨੂੰ ਆਧੁਨਿਕ ਬਣਾਉਣ ਨਾਲ ਹੀ ਸਿੱਖਿਆ ਵਿੱਚ ਗੁਣਵੱਤਾ ਲਿਆਈ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦੇ ਹਰ ਇੱਕ ਕੋਨੇ ਵਿੱਚ ਸਕੂਲਾਂ ਦੀ ਸੁਧਾਰਿਆ ਹੋਇਆ ਢਾਂਚਾ ਬਣਾਇਆ ਜਾ ਰਿਹਾ ਹੈ, ਤਾਂ ਜੋ ਹਰ ਵਿਦਿਆਰਥੀ ਨੂੰ ਬਰਾਬਰ ਮੌਕੇ ਮਿਲ ਸਕਣ।ਸਕੂਲ ਪ੍ਰਬੰਧਨ ਤੇ ਸਥਾਨਕ ਨਿਵਾਸੀਆਂ ਨੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸਿੱਖਿਆ ਕੋਆਰਡੀਨੇਟਰ ਕੁਲਵੀਰ



ਸਿੰਘ, ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਜਤਿੰਦਰ ਕੁਮਾਰ ਬਾਂਸਲ, ਬਲਾਕ ਨੋਡਲ ਅਫ਼ਸਰ/ਪ੍ਰਿੰਸੀਪਲ ਵਰਿੰਦਰ ਪਾਲ ਸਿੰਘ, ਸਧਾਰਨਪੁਰ ਦੇ ਡੀ ਡੀ ਓ ਗਿੰਨੀ ਬਾਲਾ, ਸਥਾਨਕ ਪੱਧਰ ਦੇ ਅਧਿਕਾਰੀ ਬੀਪੀਓ ਪ੍ਰੇਮ ਕੁਮਾਰ, ਈਸ਼ਵਰ ਰਾਣਾ ਸਕੂਲ ਮੁਖੀ, ਸਰਕਾਰੀ ਮਿਡਲ ਸਕੂਲ ਸਧਾਰਨਪੁਰ ਰਾਮ ਆਸਰਾ, ਸਰਕਾਰੀ ਪ੍ਰਾਇਮਰੀ ਸਕੂਲ ਹੀਰਾਨਗਰ ਜਸਪਾਲ ਸਿੰਘ, ਸਰਕਾਰੀ ਪ੍ਰਾਇਮਰੀ ਸਕੂਲ ਡਰੋਲੀ ਨਰਿੰਦਰ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਬਕਰਾਹਾ ਬਲਵਿੰਦਰ ਸਿੰਘ ਸਮਾਜਿਕ ਸਰਗਰਮੀਆਂ ਨਾਲ ਜੁੜੇ ਹੋਰ ਵਿਅਕਤੀ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ :** nawanzamana@gmail.com * **Web :** www.nawanzamana.in

17-April-PAGE-3.qxd 4/16/2025 9:20 PM Page 1



## ਡੀ ਸੀ ਵੱਲੋਂ ਦਾਣਾ ਮੰਡੀ ਵਿਖੇ ਕਣਕ ਖਰੀਦ ਦੀ ਸ਼ੁਰੂਆਤ



**ਗੁਰਦਾਸਪੁਰ (ਜਨਕ ਮਹਾਜਨ)** - ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਦਾਣਾ ਮੰਡੀ ਗੁਰਦਾਸਪੁਰ ਵਿਖੇ ਕਣਕ ਦੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਇਸ ਸੀਜ਼ਨ ਦੌਰਾਨ ਪਿੰਡ ਬਾਹੀਆਂ ਦੇ ਕਿਸਾਨ ਹਰਵੰਤ ਸਿੰਘ ਸਭ ਤੋਂ ਪਹਿਲਾਂ ਦਾਣਾ ਮੰਡੀ ਗੁਰਦਾਸਪੁਰ ਵਿੱਚ ਕਣਕ ਦੀ ਫਸਲ ਵੇਚਣ ਲੈ ਕੇ ਆਏ ਸਨ ਅਤੇ ਖਰੀਦ ਏਜੰਸੀ ਦੇ ਅਧਿਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਦੀ ਹਾਜ਼ਰੀ ਵਿੱਚ ਉਸ ਦੀ ਕਣਕ ਦੀ ਫਸਲ ਨੂੰ ਖਰੀਦਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨ ਹਰਵੰਤ ਸਿੰਘ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਖਰੀਦੀ ਗਈ ਫਸਲ ਦੀ ਅਦਾਇਗੀ ਕਿਸਾਨ ਨੂੰ 24 ਘੰਟੇ ਦੇ ਅੰਦਰ-ਅੰਦਰ ਕਰਨੀ ਯਕੀਨੀ ਬਣਾਈ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦਾਣਾ ਮੰਡੀ ਗੁਰਦਾਸਪੁਰ ਵਿੱਚ ਕਣਕ ਦੀ ਖਰੀਦ ਸਬੰਧੀ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਨੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ, ਜ਼ਿਲ੍ਹਾ ਮੰਡੀ ਅਫਸਰ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਕਣਕ ਵੇਚਣ ਆਉਣ ਵਾਲੇ ਕਿਸੇ ਵੀ ਕਿਸਾਨ ਨੂੰ ਕੋਈ ਮੁਸ਼ਕਲ ਨਹੀਂ ਆਉਣੀ ਚਾਹੀਦੀ ਅਤੇ ਕਿਸਾਨਾਂ ਦੀ ਫਸਲ ਬਿਨਾਂ ਕਿਸੇ ਦੇਰੀ ਖਰੀਦ ਕੇ 24 ਘੰਟੇ ਦੇ ਅੰਦਰ ਉਨ੍ਹਾਂ ਨੂੰ ਅਦਾਇਗੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖਰੀਦ ਸਬੰਧੀ ਹੋਰ ਪ੍ਰਬੰਧ ਵੀ ਮੁਕੰਮਲ ਕਰ ਲਏ ਗਏ ਹਨ।

ਇਸ ਤੋਂ ਇਲਾਵਾ ਮੰਡੀਆਂ ਵਿੱਚ ਸਫ਼ਾਈ, ਬਿਜਲੀ, ਪਾਣੀ, ਛਾਂ, ਬਾਥਰੂਮ ਆਦਿ ਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਦੀ ਪੂਰੀ ਤਰ੍ਹਾਂ ਪੱਕਣ 'ਤੇ ਹੀ ਕਟਾਈ ਕਰਨ ਤਾਂ ਜੋ ਮੰਡੀ ਵਿੱਚ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ ਨਾ ਆਵੇ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸੁਖਜਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ, ਸੈਕਟਰੀ ਮਾਰਕਿਟ ਕਮੇਟੀ ਗੁਰਦਾਸਪੁਰ ਵਿਜੇ ਕੁਮਾਰ, ਏ.ਐੱਫ.ਐੱਸ.ਓ. ਕਮਲਜੀਤ ਸਿੰਘ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਅਧਿਆਪਕ ਤਨਖ਼ਾਹ ਨਾ ਮਿਲਣ ਕਾਰਨ ਪ੍ਰੇਸ਼ਾਨ

**ਵੇਰਕਾ (ਰਾਣਾ)** ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਟੀਚਰ (ਐਲੀ:) ਅਤੇ ਨਾਨ ਟੀਚਿੰਗ ਸਟਾਫ ਨੂੰ ਅਪ੍ਰੈਲ ਮਹੀਨਾ ਲੰਘਣ ਉਪਰੰਤ ਵੀ ਹਾਲੇ ਤੱਕ ਮਿਲਣ ਵਾਲੀ ਮਾਰਚ ਮਹੀਨੇ ਦੀ ਤਨਖ਼ਾਹ ਨਸੀਬ ਨਹੀਂ ਹੋਈ ਹੈ ਜਿਸ ਕਾਰਨ ਉਹ ਬੇਹੱਦ ਤੰਗ-ਪ੍ਰੇਸ਼ਾਨ ਹਨ।ਇਸ ਸੰਬੰਧ ਵਿੱਚ ਟੀਚਰ ਅਤੇ ਨਾਨ ਟੀਚਿੰਗ ਸਟਾਫ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ,ਮਾਨਯੋਗ ਸਿੱਖਿਆ ਮੰਤਰੀ ਪੰਜਾਬ ਸਰਕਾਰ, ਮਾਨਯੋਗ ਸਿੱਖਿਆ ਸਕੱਤਰ ਪੰਜਾਬ ਸਰਕਾਰ, ਮਾਨਯੋਗ ਡੀ. ਪੀ. ਆਈ. (ਐਲੀ:) ਅਜੀਤਗੜ੍ਹ ਅਤੇ ਮਾਨਯੋਗ ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਪਾਸੋਂ ਤੁਰੰਤ ਤਨਖ਼ਾਹ ਦਿਵਾਏ ਜਾਣ ਦੀ ਮੰਗ ਕੀਤੀ ਹੈ।ਇਸ ਦੌਰਾਨ ਵੱਖ-ਵੱਖ ਸਮਾਜਿਕ, ਮੁਲਾਜ਼ਮ ਅਤੇ ਅਧਿਆਪਕ ਯੂਨੀਅਨ ਦੇ ਸਰਗਰਮ ਆਗੂਆਂ ਨੇ ਆਖਿਆ ਹੈ ਕਿ ਅਧਿਆਪਕ ਤੇ ਨਾਨ ਟੀਚਿੰਗ ਸਟਾਫ ਨੂੰ ਤਨਖ਼ਾਹ ਨਾ ਮਿਲਣ ਨਾਲ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੀ ਫੂਕ ਤਾਂ ਨਿਕਲ ਹੀ ਗਈ ਹੈ ਅਤੇ ਇਸਦੇ ਨਾਲ ਰਾਜ ਸਰਕਾਰ ਦਾ ਅਕਸ/ਰੁਤਬਾ ਵੀ ਖਰਾਬ ਹੋਇਆ ਹੈ।ਇਸ ਮੌਕੇ ਟੀਚਰ ਤੇ ਹੋਰ ਸਟਾਫ ਹਾਲੇ ਤੀਕ ਅਤਿਅੰਤ ਮਹਿੰਗਾਈ ਦੇ ਦੌਰ ਵਿੱਚ ਤਨਖ਼ਾਹ ਨਾ ਮਿਲਣ ਕਰਕੇ ਫਾਕੇ ਕੱਟਣ ਲਈ ਮਜਬੂਰ ਤੇ ਬੇਵੱਸ ਹਨ।ਉਨ੍ਹਾਂ ਨੇ ਨਵੇਂ ਵਿੱਦਿਅਕ ਸੈਸ਼ਨ ਸਾਲ 2025-2026 ਦੌਰਾਨ ਬੱਚਿਆਂ ਦੇ ਨਵੇਂ ਦਾਖਲਿਆਂ, ਪੜ੍ਹਾਉਣ ਵੱਲ ਅਤੇ ਹੋਰ ਲੋੜੀਂਦੇ ਕੰਮਾਂ ਪ੍ਰਤੀ ਧਿਆਨ ਕੇਂਦਰਿਤ ਕਿੱਥੇ ਕਰਨਾ ਹੈ। ਜਿਨ੍ਹਾਂ ਨੂੰ ਵੱਖ-ਵੱਖ ਮੰਤਵਾਂ ਤਹਿਤ ਲਏ ਬੈਂਕ ਲੋਨ ਦੀ ਮਾਸਿਕ ਕਿਸ਼ਤਾਂ ਦੇਣ, ਆਪਣੇ ਬੱਚਿਆਂ ਦੇ ਪ੍ਰਾਈਵੇਟ ਸਕੂਲਾਂ ਚ ਨਵੇਂ ਦਾਖਲੇ ਕਰਵਾਉਣ ਤੇ ਫੀਸਾਂ ਦੇਣ, ਵਰਦੀਆਂ ਖ੍ਰੀਦਣ, ਸਟੇਸ਼ਨਰੀ ਲੈਣ ਤੇ ਇਲਾਵਾ ਹੋਰ ਕਈ ਅਣਗਿਣਤ ਖਰਚ ਕਰਨੇ ਕਿੱਥੋਂ ਅਦਾ ਕਰਨ ਬਾਬਤ ਵਧੇਰੇ ਚਿੰਤਾ ਲੱਗੀ ਹੋਈ ਹੈ। ਇਸ ਸੰਬੰਧ ਵਿੱਚ ਭਰੋਸੇਯੋਗ ਸੂਤਰ ਦੱਸਦੇ ਹਨ ਕਿ 3 ਅਪ੍ਰੈਲ 2025 ਨੂੰ ਜ਼ਿਲ੍ਹਾ ਸਿੱਖਿਆ ਅਫਸਰ (ਐਲੀ:) ਨੇ ਪੱਤਰ ਲਿਖ ਕੇ ਕਲਰਕ ਲੇਖਾ-1 ਨੂੰ ਹੁਕਮ ਦਿੱਤਾ ਸੀ ਕਿ ਸਾਲ 2025-2026 ਦੇ ਬਜਟ ਅਲਾਟ ਨਾ ਕੀਤਾ ਜਾਵੇ।ਉਕਤ ਜ਼ਿਲ੍ਹਾ ਅਧਿਕਾਰੀ ਨੇ ਸਰਕਾਰ ਦੇ ਨਿਯਮਾਂ ਨੂੰ ਟਿੱਚ ਸਮਝਦੇ ਹੋਏ ਕੁਝ ਇਕ ਲਾਪ੍ਰਵਾਹੀ/ਅਣਗਹਿਲੀ ਵਰਤਣ ਵਾਲੇ ਅਧਿਆਪਕਾਂ ਵਿਰੁੱਧ ਨਿਯਮਾਂ ਅਧੀਨ ਵਿਭਾਗੀ ਕਾਰਵਾਈ ਕਰਨ ਦੀ ਬਜਾਏ ਮਹਿਜ ਆਪਣੀ ਹੋਂਦ ਦਾ ਪ੍ਰਗਟਾਵਾ ਜਾਂ ਅਫਸਰੀ ਦੱਸਣ ਵਾਸਤੇ ਸਮੂਹ ਸਟਾਫ ਦੀ ਤਨਖ਼ਾਹ ਬੰਦ ਕਰ ਦਿੱਤੀ।ਜਿਸ ਨਾਲ ਸਮੂਹ ਸਟਾਫ ਪ੍ਰਭਾਵਿਤ ਹੋਇਆ ਹੈ।ਇਸ ਸੰਬੰਧੀ ਅਧਿਆਪਕ ਵਰਗ ਅਤੇ ਨਾਨ ਟੀਚਿੰਗ ਸਟਾਫ ਨੇ ਤੁਰੰਤ ਤਨਖ਼ਾਹ ਦਿਵਾਉਣ ਲਈ ਸਾਸ਼ਨ-ਪ੍ਰਸ਼ਾਸਨ ਤੋਂ ਮੰਗ ਕੀਤੀ ਹੈ।

## 'ਖੁਆਰ ਹੋਏ ਸਭ ਮਿਲੈਂਗੇ' ਧਰਮ ਪ੍ਰਚਾਰ ਲਹਿਰ ਦਾ ਆਗਾਜ਼



**ਸ੍ਰੀ ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਨਗਾਰਾ ਵਜਾ ਕੇ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿਖੇ ਸਥਿਤ ਗੁਰਦੁਆਰਾ ਜਨਮ ਅਸਥਾਨ ਭਾਈ ਜੀਵਨ ਸਿੰਘ ਪਿੰਡ ਗੱਗੋ ਮਾਹਲ ਤੋਂ ਖੁਆਰ ਹੋਏ ਸਭ ਮਿਲੈਂਗੇ ਧਰਮ ਪ੍ਰਚਾਰ ਲਹਿਰ ਸ਼ੁਰੂ ਕਰ ਦਿੱਤੀ ਹੈ।ਇਹ ਲਹਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੀ ਤਰਫੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਛਾਇਆ ਹੇਠ ਸ਼ੁਰੂ ਕੀਤੀ ਗਈ ਹੈ।ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਵੱਡੀ ਗਿਣਤੀ ਵਿੱਚ ਨਗਰ ਅਤੇ ਇਲਾਕੇ ਦੀ ਸੰਗਤ ਨੇ ਸ਼ਮੂਲੀਅਤ ਕੀਤੀ। ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਨਾਲ ਜੋੜਿਆ।ਗੁਰਮਤਿ ਸਮਾਗਮ ਦੀ ਸਮਾਪਤੀ ਉਪਰੰਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਖ਼ੁਦ ਕੀਤੀ ਗਈ।ਆਪਣੇ ਸੰਬੋਧਨ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ 'ਖੁਆਰ ਹੋਏ ਸਭ ਮਿਲੈਂਗੇ' ਧਰਮ ਪ੍ਰਚਾਰ ਲਹਿਰ ਤਹਿਤ ਪੰਜਾਬ ਤੇ ਹੋਰ ਸੂਬਿਆਂ ਦੇ ਪਿੰਡ-ਪਿੰਡ ਸ਼ਹਿਰ-ਸ਼ਹਿਰ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਪ੍ਰਸਾਰ ਕਰਦਿਆਂ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਤੇ ਸੰਦੇਸ਼ ਨੂੰ ਪਹੁੰਚਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਸੰਗਤ ਨੂੰ ਅੰਮ੍ਰਿਤਧਾਰੀ ਕਰਨ ਲਈ ਪ੍ਰੇਰਿਆ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਸਿੱਖ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਅਤੇ ਸਿੱਖੀ ਬਾਣੇ ਨਾਲ ਜੁੜਨ ਲਈ ਪ੍ਰੇਰਨਾ ਕੀਤੀ ਜਾਵੇਗੀ।ਇਸ ਲਹਿਰ ਤਹਿਤ ਪੰਜਾਬ ਅੰਦਰ ਪਿਛਲੇ ਸਮੇਂ ਤੋਂ ਹੋ ਰਹੇ ਧਰਮ ਪਰਿਵਰਤਨ ਨੂੰ ਠੱਲ੍ਹ ਦੇ ਨਾਲ-ਨਾਲ ਸਿੱਖ ਜਥੇਬੰਦੀਆਂ ਵਿਚਕਾਰ ਇਕਜੁੱਟਤਾ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।ਉਨ੍ਹਾਂ ਨੇ ਕਿਹਾ ਕਿ ਇਸ ਲਹਿਰ ਤਹਿਤ ਲਗਾਤਾਰ ਇੱਕ ਸਾਲ ਪਿੰਡਾਂ ਤੇ ਸ਼ਹਿਰਾਂ ਦੇ ਗੁਰਦੁਆਰਾ ਸਾਹਿਬਾਨ ਵਿਖੇ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਪੜਾਅ ਦਰ ਪੜਾਅ ਸਮਾਗਮ ਕੀਤੇ ਜਾਣਗੇ ਅਤੇ ਸੰਗਤ ਕਰਕੇ ਪਰਿਵਾਰਾਂ ਨੂੰ ਗੁਰਬਾਣੀ ਤੇ ਗੁਰਮਤਿ ਨਾਲ ਜੋੜਿਆ ਜਾਵੇਗਾ।ਉਨ੍ਹਾਂ ਕਿਹਾ ਕਿ ਉਹ ਖੁਦ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਜਾਣਗੇ ਅਤੇ ਸਿੱਖੀ ਦਾ ਪ੍ਰਚਾਰ ਕਰਨਗੇ ਤੇ ਸਿੱਖੀ ਤੋਂ ਦੂਰ ਹੋਏ ਭੈਣ ਭਰਾਵਾਂ ਨੂੰ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ।

## ਮੂੰਹ-ਖੁਰ ਬਿਮਾਰੀ ਤੋਂ ਬਚਾਅ ਲਈ 6ਵੇਂ ਗੇੜ ਦੀ ਟੀਕਾਕਰਨ ਮੁਹਿੰਮ ਦਾ ਆਰੰਭ

**ਗੁਰਦਾਸਪੁਰ, (ਜਨਕ ਮਹਾਜਨ)**-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਕੁਸ਼ਲ ਅਗਵਾਈ ਅਤੇ ਡਾਇਰੈਕਟਰ ਜੀ. ਐੱਸ. ਬੇਦੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੂੰਹ-ਖੁਰ ਬਿਮਾਰੀ ਤੋਂ ਬਚਾਅ ਲਈ 6ਵੇਂ ਗੇੜ ਦੀ ਟੀਕਾਕਰਨ ਮੁਹਿੰਮ ਦਾ ਆਗਾਜ਼ ਡਾ. ਜਸਪ੍ਰੀਤ ਸਿੰਘ ਨਾਗਪਾਲ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਗੁਰਦਾਸਪੁਰ ਵੱਲੋਂ ਦਲੇਰ ਡੇਅਰੀ ਫਾਰਮ, ਬਾਬੋਵਾਲ ਗੁਰਦਾਸਪੁਰ ਤੋਂ ਕੀਤਾ ਗਿਆ।



ਇਸ ਮੌਕੇ ਡਿਪਟੀ ਡਾਇਰੈਕਟਰ ਡਾ. ਜਸਪ੍ਰੀਤ ਸਿੰਘ ਨਾਗਪਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਅੰਦਰ ਇਸ ਬਿਮਾਰੀ ਤੋਂ ਬਚਾਅ ਦੀਆਂ 390,900 ਡੋਜ਼ਾਂ ਪ੍ਰਾਪਤ ਹੋਈਆਂ ਹਨ। ਵਿਭਾਗ ਵੱਲੋਂ ਗਠਿਤ 64 ਟੀਮਾਂ ਵੱਲੋਂ ਘਰ-ਘਰ ਜਾ ਕੇ ਬਿਲਕੁਲ ਮੁਫ਼ਤ ਲਗਾਏ ਜਾਣਗੇ ਅਤੇ ਇਹ ਮੁਹਿੰਮ 15 ਅਪ੍ਰੈਲ ਤੋ 30 ਮਈ ਤੱਕ ਚੱਲੇਗੀ। ਉਨ੍ਹਾਂ ਨੇ ਸਮੂਹ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਵਿਭਾਗ ਨਾਲ ਸਹਿਯੋਗ ਕਰਦੇ ਹੋਏ ਮੂੰਹ ਖੁਰ ਦੀ ਖ਼ਤਰਨਾਕ ਬਿਮਾਰੀ ਤੋਂ ਬਚਾਅ ਲਈ ਟੀਕੇ ਆਪਣੇ ਪਸ਼ੂਆਂ ਨੂੰ ਜ਼ਰੂਰ ਲਗਵਾਉਣ। ਇਸ ਤੋਂ ਪਹਿਲਾ ਟੀਕਾਕਰਨ ਦੀ ਸਫਲਤਾ ਲਈ ਜ਼ਿਲ੍ਹੇ ਦੇ ਸਾਰੇ ਪਸ਼ੂਆਂ ਨੂੰ ਮਲ੍ਹੱਪ ਰਹਿਤ ਕਰਨ ਦੀ ਮੁਹਿੰਮ ਚਲਾਈ ਗਈ ਸੀ। ਇਸ ਮੌਕੇ ਡਾ. ਜਸਵਿੰਦਰ ਸਿੰਘ ਸੀਨੀਅਰ ਵੈਟਰਨਰੀ ਅਫ਼ਸਰ ਗੁਰਦਾਸਪੁਰ, ਡਾ. ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਗੁਰਦਾਸਪੁਰ, ਡਾ. ਗੁਰਦੇਵ ਸਿੰਘ ਸੀਨੀਅਰ ਵੈਟਰਨਰੀ ਅਫ਼ਸਰ ਡੇਰਾ ਬਾਬਾ ਨਾਨਕ, ਨਵਜੋਤ ਸਿੰਘ ਵੈਟਰਨਰੀ ਇੰਸਪੈਕਟਰ ਅਤੇ ਦਲੇਰ ਸਿੰਘ, ਜਗਰੂਪ ਸਿੰਘ ਤੇ ਹੋਰ ਪਸ਼ੂ ਪਾਲਕ ਵੀ ਹਾਜ਼ਰ ਸਨ।

## ਆੜ੍ਹਤੀ ਐਸੋਸੀਏਸ਼ਨ ਜੰਡਿਆਲਾ ਗੁਰੂ ਵਿਖੇ ਸਰਕਾਰੀ ਕਣਕ ਦੀ ਖਰੀਦ ਸ਼ੁਰੂ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਆੜ੍ਹਤੀ ਐਸੋਸੀਸ਼ਨ ਜੰਡਿਆਲਾ ਗੁਰੂ ਵਿਖੇ ਸਰਕਾਰੀ ਕਣਕ ਦੀ ਖਰੀਦ ਮੌਕੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਆਏ ਹੋਏ ਰਾਗੀ ਜਥਿਆਂ ਵੱਲੋਂ ਗੁਰੂ ਕੀ ਇਲਾਹੀ ਬਾਣੀ ਦੇ ਸ਼ਬਦ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਸਰਕਾਰ ਕਣਕ ਦੀ ਖਰੀਦ ਦੀ ਤੁਰੰਤ ਸ਼ੁਰੂ ਕਰਨ ਦੀ ਹਦਾਇਤਾਂ ਤੋਂ ਬਾਅਦ ਸਰਕਾਰੀ ਏਜੰਸੀਆਂ ਵੱਲੋਂ ਪੰਜਾਬ ਭਰ 'ਚ ਕਣਕ ਦੀ ਖਰੀਦ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤੀ ਗਈ ਹੈ।ਮੰਡੀਆਂ 'ਚ ਕਣਕ ਦਾ ਇੱਕ-ਇੱਕ ਦਾਣਾ ਖਰੀਦ ਕੇ ਪੰਜਾਬ ਨੂੰ ਖੁਸ਼ਹਾਲ ਬਣਾਇਆ ਜਾਵੇਗਾ। ਇਸ ਮੌਕੇ ਆੜ੍ਹਤੀ ਐਸੋਸੀਅਸ਼ਨ ਦੇ ਪ੍ਰਧਾਨ ਸੁਨੀਲ ਪਾਸੀ ਨੇ ਕਿਹਾ ਕਿਸਾਨ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਕੈਬਿਨੇਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੂੰ ਆਰਤੀ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਪਾਸੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਏ ਹੋਏ ਪਤਵੰਤੇ ਸੱਜਣਾਂ ਵਿੱਚ ਬਾਬਾ ਪਰਮਾਨੰਦ ਮੁੱਖ ਸੇਵਾਦਾਰ ਸ਼੍ਰੀ ਗੁਰੂ ਬਾਬਾ ਹੁੰਦਾਲ ਜੀ,ਵਿਜੈ ਕਾਲੜਾ ਪੰਜਾਬ ਪ੍ਰਧਾਨ ਨਰਿੰਦਰ ਬਹਿਲ ਜ਼ਿਲਾ ਪ੍ਰਧਾਨ, ਅਮਨਦੀਪ ਛੀਨਾ ਅੰਮ੍ਰਿਤਸਰ ਮੰਡੀ ਪ੍ਰਧਾਨ, ਦਿਲਬਾਗ ਸਿੰਘ ਮੰਡੀ ਤਰਨ ਤਾਂਰਨ ਅਟਾਰੀ ਮੰਡੀ ਪ੍ਰਧਾਨ, ਅਜੇ ਕੁਮਾਰ ਘੜਿਆਲਾ ਮੰਡੀ ਅਤੇ ਹੋਰ ਵੱਖ-ਵੱਖ ਮੰਡੀਆਂ ਤੋਂ ਆਏ ਆੜ੍ਹਤੀ ਵੀਰਾਂ ਤੋਂ ਇਲਾਵਾ ਨਰੇਸ਼ ਪਾਠਕ ਮੈਂਬਰ ਸਿਲੈਕਸ਼ਨ ਬੋਰਡ, ਸੁਰਜੀਤ ਸਿੰਘ ਕੰਗ ਸਾਬਕਾ ਪ੍ਰਧਾਨ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ, ਸਤਿੰਦਰ ਸਿੰਘ, ਅਮਰੀਕ ਸਿੰਘ ਸੋਢੀ, ਸਾਰੀਆਂ ਖਰੀਦ ਏਜੰਸੀਆਂ ਦੇ ਇੰਸਪੈਕਟਰ, ਡੀਐੱਫਐੱਸਸੀ ਅਮਨਦੀਪ ਸੰਧੂ, ਡੀਐੱਮਓ ਮਾਰਕੀਟ ਕਮੇਟੀ ਅਮਨਦੀਪ ਸਿੰਘ, ਰੋਮੀ ਬੱਸੀ, ਪਰਮਿੰਦਰ ਸਿੰਘ ਰਿੱਪਣ, ਮਨਜਿੰਦਰ ਸਰਜਾ ਸਾਬਕਾ ਪ੍ਰਧਾਨ, ਮੋਹਿੰਦਰ ਛੱਜਲਵੱਡੀ, ਰਸ਼ਪਾਲ ਪਾਸੀ, ਗੁਰਪ੍ਰੀਤ ਸਿੰਘ ਰਾਕੇਸ਼ ਕੁਮਾਰ ਗੋਲਡੀ, ਰਣਜੀਤ ਸਿੰਘ, ਮੋਹਿਤ ਮਿਗਲਾਨੀ ਅਤੇ ਚਰਨਜੀਤ ਸਿੰਘ ਹਾਜ਼ਰ ਸਨ।



## ਗੁਰੂ ਨਾਨਕ ਦੇਵ ਯੂਨੀਵਰਸਿਟੀ 'ਚ ਸੁਰੱਖਿਅਤ ਤੇ ਸਾਫ ਭੋਜਨ ਵਿਸ਼ੇ 'ਤੇ ਚਰਚਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** — ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹੋਟਲ ਮੈਨੇਜਮੈਂਟ ਐਂਡ ਟੂਰਿਜ਼ਮ ਵਿਭਾਗ ਵੱਲੋਂ ਚੈਟ-2025 ਅਧੀਨ ਅਕਾਦਮਿਕ ਚਰਚਾ ਲੜੀ ਦਾ ਉਦਘਾਟਨ ਕੀਤਾ। 'ਭਵਿੱਖ ਲਈ ਖਾਣਾ: ਭਾਰਤ ਦੇ ਛੋਟੇ ਪੱਧਰ ਦੇ ਭੋਜਨ ਉਦਯੋਗ ਵਿੱਚ ਸੁਰੱਖਿਆ ਅਤੇ ਸਫਾਈ ਵਿੱਚ ਕ੍ਰਾਂਤੀ' ਵਿਸ਼ੇ 'ਤੇ ਕਰਵਾਏ ਇਸ ਪ੍ਰੋਗਰਾਮ ਦਾ ਆਯੋਜਨ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਸਰਪ੍ਰਸਤੀ ਹੇਠ ਕੀਤਾ ਗਿਆ।ਆਸਟ੍ਰੇਲੀਆ ਦੇ ਮੈਲਬੌਰਨ ਵਿੱਚ ਆਸਟ੍ਰੇਲੀਆਈ ਯੋਗਤਾ ਅਤੇ ਸਿਖਲਾਈ ਓਵਰਸੀਜ਼ ਟ੍ਰੇਨਰ, ਸ਼ੈੱਫ ਜਸਵਿੰਦਰ ਸਿੰਘ, ਸਹਾਇਕ ਪ੍ਰੋਫੈਸਰ ਨੇ ਆਪਣੇ ਭਾਸ਼ਣ ਵਿੱਚ ਭਾਰਤ ਦੇ ਛੋਟੇ ਪੱਧਰ ਦੇ ਭੋਜਨ ਖੇਤਰ ਵਿੱਚ ਭੋਜਨ ਸੁਰੱਖਿਆ ਅਤੇ ਸਫਾਈ ਅਭਿਆਸਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੰਦਿਆਂ ਛੋਟੇ ਨਿਰਮਾਤਾਵਾਂ ਨੂੰ ਦਰਪੇਸ਼ ਵੱਖ-ਵੱਖ ਚੁਣੌਤੀਆਂ ਨੂੰ ਉਜਾਗਰ ਕੀਤਾ ਅਤੇ ਸੁਰੱਖਿਅਤ ਅਤੇ ਉੱਚ-ਗੁਣਵੱਤਾ ਵਾਲੇ ਭੋਜਨ ਉਤਪਾਦਾਂ ਦੀ ਡਿਲਿਵਰੀ ਨੂੰ ਯਕੀਨੀ ਬਣਾਉਣ ਲਈ ਵਧੀਆ ਸਿਖਲਾਈ, ਸਿੱਖਿਆ ਅਤੇ ਸਹਿਯੋਗੀ ਪਹਿਲਕਦਮੀਆਂ ਦੀ ਵਕਾਲਤ ਕੀਤੀ। ਇਸ ਤੋਂ ਪਹਿਲਾਂ ਡਾ. ਹਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ ਨੇ ਸਵਾਗਤ ਕਰਦਿਆਂ ਪ੍ਰੋਗਰਾਮ ਦੇ ਉਦੇਸ਼ਾਂ ਬਾਰੇ ਦੱਸਿਆ।ਵਿਭਾਗ ਦੇ ਮੁਖੀ ਡਾ. ਤੇਜਵੰਤ ਸਿੰਘ ਕੰਗ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਾਰਿਆਂ ਦੇ ਯਤਨਾਂ ਦਾ ਧੰਨਵਾਦ ਕੀਤਾ।

## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਆਰ ਐੱਮ ਪੀ ਆਈ ਨੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਮਹਾਨ ਦਾਰਸ਼ਨਿਕ ਡਾ. ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਨ ਆਰ.ਐਮ ਪੀ.ਆਈ ਵਲੋਂ ਸਾਥੀ ਫੌਜਾ ਸਿੰਘ ਭੁੱਲਰ ਹਾਲ ਵਿਖੇ ਸਾਥੀ ਰਾਜਬਲਬੀਰ ਸਿੰਘ, ਜਗਤਾਰ ਸਿੰਘ ਕਰਮਪੁਰਾ ਅਤੇ ਬਾਬਾ ਅਰਜੁਨ ਸਿੰਘ ਦੀ ਅਗਵਾਈ ਹੇਠ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਜ਼ਿਲ੍ਹੇ ਭਰ ਦੀਆਂ ਕਿਸਾਨ, ਮਜ਼ਦੂਰ, ਨੌਜਵਾਨ ਅਤੇ ਔਰਤ ਅਤੇ ਮੁਲਾਜ਼ਮ ਜਥੇਬੰਦੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਇਸ ਸਮਾਗਮ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਸਾਥੀ ਸਤਿਨਾਮ ਸਿੰਘ ਅਜਨਾਲਾ ਨੇ ਡਾ. ਅੰਬੇਡਕਰ ਦੇ ਸੰਘਰਸ਼ਮਈ ਜੀਵਨ 'ਤੇ ਚਾਨਣਾ ਪਾਉਂਦਿਆਂ ਉਹਨਾਂ ਵਲੋਂ ਭਾਰਤ ਦੇ ਗਰੀਬ ਲੋਕਾਂ ਲਈ ਵੋਟ ਦਾ ਅਧਿਕਾਰ, ਔਰਤਾਂ ਲਈ ਸਮਾਨਤਾ ਦਾ ਅਧਿਕਾਰ, ਘੱਟ ਗਿਣਤੀਆਂ ਦੀ ਸੁਰੱਖਿਆ, ਭਾਰਤੀ ਸਮਾਜ ਵਿੱਚ ਬਰਾਬਰਤਾ ਲਿਆਉਣ, ਬੋਲਣ ਦੀ ਆਜ਼ਾਦੀ ਦਿਵਾਉਣ ਜਿਹੇ ਅਹਿਮ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਭਾਰਤੀ ਸਮਾਜ ਨੂੰ ਵਡਮੁੱਲੀ ਦੇਣ ਦੀ ਚਰਚਾ ਕੀਤੀ। ਮੌਜੂਦਾ ਮੋਦੀ ਸਰਕਾਰ ਵੱਲੋਂ ਕਾਰਪੋਰੇਟਾਂ ਦੀ ਸੇਵਾ ਹਿੱਤ ਅਤੇ ਆਮ ਲੋਕਾਂ ਦੀ ਬੇਹਤਰੀ ਲਈ ਬਣਾਏ ਕਾਨੂੰਨਾਂ ਨੂੰ ਮਨਮਰਜ਼ੀ ਨਾਲ ਤੋੜਨ ਦੀ ਨਿਖੇਧੀ ਕਰਦਿਆਂ ਸਾਥੀ ਅਜਨਾਲਾ ਨੇ ਸਮੂਹ ਦੇਸ਼ ਭਗਤ, ਕਿਸਾਨਾਂ, ਮਜ਼ਦੂਰਾਂ ਅਤੇ ਸਮਾਜ ਦੇ ਹਰ ਵਰਗ ਦੇ ਲੋਕਾਂ ਨੂੰ ਇਹਨਾਂ ਤਾਨਾਸ਼ਾਹੀ ਰੁਚੀਆਂ ਖਿਲਾਫ ਜਥੇਬੰਦ ਹੋਣ ਦਾ ਸੱਦਾ ਦਿੱਤਾ। ਸਾਥੀ ਰਾਜਬਲਬੀਰ ਨੇ ਡਾ. ਅੰਬੇਡਕਰ ਵਲੋਂ ਗਰੀਬ ਲੋਕਾਂ ਨੂੰ ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ ਦੇ ਦਿੱਤੇ ਉਪਦੇਸ਼ ਰੂਪੀ ਪ੍ਰਵਚਨ ਦੀ ਵਿਆਖਿਆ ਕਰਦਿਆਂ ਦੱਸਿਆ ਕਿ ਅੱਜ ਦੱਬੇ ਕੁਚਲੇ ਅਤੇ ਖਾਸ ਤੌਰ 'ਤੇ ਹਾਸ਼ੀਏ 'ਤੇ ਧੱਕੇ ਲੋਕਾਂ ਨੂੰ ਡਾ. ਅੰਬੇਡਕਰ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਹੀ ਉਨ੍ਹਾਂ ਵੱਲੋਂ ਮਿਲੇ ਅਧਿਕਾਰਾਂ ਅਤੇ ਹੱਕਾਂ ਦੀ ਰਾਖੀ ਕੀਤੀ ਜਾ ਸਕਦੀ ਹੈ। ਸਾਥੀ ਰਤਨ ਸਿੰਘ ਰੰਧਾਵਾ ਨੇ ਡਾ. ਅੰਬੇਡਕਰ ਦੇ ਵਿਚਾਰਾਂ ਦੀ ਮੌਜੂਦਾ ਸਮੇਂ ਵਿੱਚ ਪ੍ਰਸੰਗਿਕਤਾ ਦੀ ਗੱਲ ਕਰਦਿਆਂ ਭਾਰਤੀ ਲੋਕਤੰਤਰ ਨੂੰ ਬਚਾਉਣ ਅਤੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਹੋਰ ਵੀ ਵਿਸ਼ਾਲ ਅਤੇ ਤਿੱਖੇ ਕਰਨ ਦਾ ਸੱਦਾ ਦਿੱਤਾ।ਸੀ.ਟੀ.ਯੂ ਦੇ ਆਗੂ ਸਾਥੀ ਜਗਤਾਰ ਸਿੰਘ ਕਰਮਪੁਰਾ ਨੇ ਡਾ. ਅੰਬੇਡਕਰ ਵੱਲੋਂ ਮਜ਼ਦੂਰ ਜਮਾਤ ਨੂੰ ਭਾਰਤੀ ਸੰਵਿਧਾਨ ਦੁਆਰਾ ਲੈ ਕੇ ਦਿੱਤੇ ਟਰੇਡ ਯੂਨੀਅਨ ਅਧਿਕਾਰਾਂ ਨੂੰ ਖਤਮ ਕਰਨ ਲਈ ਮੌਜੂਦਾ ਸਰਕਾਰ ਦੀ ਨਿਖੇਧੀ ਕਰਦਿਆਂ ਮਜ਼ਦੂਰ ਜਮਾਤ ਨੂੰ ਜਥੇਬੰਦ ਹੋਣ ਦਾ ਸੱਦਾ ਦਿੱਤਾ। ਉਪਰੋਕਤ ਤੋਂ ਇਲਾਵਾ ਅੱਜ ਦੇ ਸਮਾਗਮ ਵਿੱਚ ਸਾਥੀ ਕੁਲਵੰਤ ਸਿੰਘ ਮੱਲੂਨੰਗਲ, ਰਕੇਸ਼ ਯੂਪੀ, ਮੰਗਲ ਸਿੰਘ ਟਾਂਡਾ, ਲੱਖਾ ਸਿੰਘ, ਸੁੱਚਾ ਸਿੰਘ ਟਰਪਈ, ਸੁਖਰਾਜ ਸਿੰਘ ਮਾਹਲ, ਕਰਮਜੀਤ ਸਿੰਘ ਕੇਪੀ, ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਡਾਕਟਰ ਅੰਬੇਡਕਰ ਦੇ ਜਨਮ ਦਿਨ ਦੀ ਵਧਾਈ ਦੇਂਦਿਆਂ ਉਹਨਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਪ੍ਰਣ ਕੀਤਾ। ਅਖੀਰ ਵਿੱਚ ਸਾਥੀ ਹੀਰਾ ਸਿੰਘ ਭੱਟੀ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

## ਪ੍ਰੋ. ਕਰਮਜੀਤ ਸਿੰਘ ਚਾਹਲ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਜਿਸਟਰਾਰ ਵਜੋਂ ਅਹੁਦਾ ਸੰਭਾਲਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਆਰਕੀਟੈਕਚਰ ਵਿਭਾਗ ਦੇ ਪ੍ਰੋਫੈਸਰ ਅਤੇ ਉੱਘੇ ਸਿੱਖਿਆ ਸ਼ਾਸਤਰੀ ਪ੍ਰੋ. ਕਰਮਜੀਤ ਸਿੰਘ ਚਾਹਲ ਨੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ, ਡੀਨ ਅਕਾਦਮਿਕ ਮਾਮਲੇ, ਪ੍ਰੋ. ਪਲਵਿੰਦਰ ਸਿੰਘ ਦੀ ਮੌਜੂਦਗੀ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਨਵੇਂ ਰਜਿਸਟਰਾਰ ਵਜੋਂ ਅੱਜ ਅਹੁਦਾ ਸੰਭਾਲਿਆ।



ਇਸ ਮੌਕੇ ਹਰਇਕਬਾਲ ਸਿੰਘ, ਓ.ਐਸ.ਡੀ. ਅਤੇ ਪਰਮਿੰਦਰ ਸਿੰਘ, ਓ.ਐਸ.ਡੀ. ਤੋਂ ਇਲਾਵਾ ਯੂਨੀਵਰਸਿਟੀ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਪ੍ਰੋ. ਚਾਹਲ ਦੇ ਅਕਾਦਮਿਕ ਪ੍ਰਸ਼ਾਸਨ ਵਿੱਚ ਵਿਸ਼ੇਸ਼ ਤਜਰਬੇ ਦੀ ਸ਼ਲਾਘਾ ਕਰਦਿਆਂ ਯੂਨੀਵਰਸਿਟੀ ਪ੍ਰਸ਼ਾਸਨਿਕ ਗਤੀਵਿਧੀਆਂ ਨੂੰ ਹੋਰ ਵੀ ਵਧੇਰੇ ਕੁਸ਼ਲਤਾਪੂਰਵਕ ਚਲਾਉਣ ਲਈ ਉਨ੍ਹਾਂ ਦੀ ਯੋਗਤਾ 'ਤੇ ਭਰੋਸਾ ਪ੍ਰਗਟ ਕੀਤਾ। ਅਹੁਦਾ ਸੰਭਾਲਣ ਤੋਂ ਬਾਅਦ ਰਜਿਸਟਰਾਰ ਪ੍ਰੋ. ਚਾਹਲ ਨੇ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਮੈਨੂੰ ਇਹ ਜ਼ਿੰਮੇਵਾਰੀ ਸੰਭਾਲਣ ਮੌਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੇਰੀ ਕੋਸ਼ਿਸ਼ ਹੋਵੇਗੀ ਕਿ ਯੂਨੀਵਰਸਿਟੀ ਦੇ ਪ੍ਰਸ਼ਾਸਨਿਕ ਕਾਰਜਾਂ ਨੂੰ ਹੋਰ ਵੀ ਪਾਰਦਰਸ਼ੀ ਤੇ ਬਿਹਤਰ ਬਣਾਇਆ ਜਾਵੇ ਇਸ ਮੌਕੇ ਮੌਜੂਦ ਵੱਖ-ਵੱਖ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਪ੍ਰੋ. ਚਾਹਲ ਨੂੰ ਵਧਾਈ ਦਿੱਤੀ।

## ਕੈਬਨਿਟ ਮੰਤਰੀ ਧਾਲੀਵਾਲ ਵੱਲੋਂ ਹਲਕਾ ਅਜਨਾਲਾ ਦੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਹਲਕਾ ਅਜਨਾਲਾ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕਰੀਬ 87 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਹੁਣ ਸੂਬੇ ਭਰ ਦੇ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਵੀ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨਾਲੋਂ ਵਧੀਆ ਸਿੱਖਿਆ ਹਾਸਲ ਹੋਵੇਗੀ। ਅਜਨਾਲਾ ਹਲਕੇ ਦੇ ਸਕੂਲਾਂ ਮਹਿਲ ਜੰਡਿਆਲਾ, ਚੇਤਨਪੁਰਾ, ਮੱਝੂਪੁਰਾ, ਸੰਗਤਪੁਰਾ ਆਦਿ ਵਿਖੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਫੈਸਲੇ ਲਏ ਜਾ ਰਹੇ ਹਨ। 12 ਹਜ਼ਾਰ ਦੇ ਕਰੀਬ ਕੱਚੇ ਅਧਿਆਪਕ ਪੱਕੇ ਕਰਨ ਸਮੇਤ 20 ਹਜ਼ਾਰ ਦੇ ਕਰੀਬ ਨਵੇਂ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਧਾਲੀਵਾਲ ਨੇ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅਜਨਾਲਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲ ਜੰਡਿਆਲਾ, ਸਰਕਾਰੀ ਹਾਈ ਸਕੂਲ ਚੇਤਨਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰਾ, ਸਰਕਾਰੀ ਪ੍ਰਾਇਮਰੀ ਸਕੂਲ ਸੰਗਤਪੁਰਾ, ਸਰਕਾਰੀ ਪ੍ਰਾਇਮਰੀ ਸਕੂਲ ਮੱਝਪੁਰਾ, ਸਰਕਾਰੀ ਮਿਡਲ ਸਕੂਲ ਹਰਦੋਪੁਤਲੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਹਰਦੋਪੁਤਲੀ ਆਦਿ ਵਿਖੇ ਵਿਕਾਸ ਕੰਮਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ 'ਚ ਸਿੱਖਿਆ ਦੇ ਖੇਤਰ ਵਿੱਚ ਇਸੇ ਤਰ੍ਹਾਂ ਜੰਗੀ ਪੱਧਰ 'ਤੇ ਵਿਕਾਸ ਕਾਰਜ ਜਾਰੀ ਰਹਿਣਗੇ।

ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਸਿੱਖਿਆ ਕੋਆਰਡੀਨੇਟਰ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਗੁਰਜੰਟ ਸਿੰਘ ਸੋਹੀ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਜਸਬੀਰ ਸਿੰਘ ਚੇਤਨਪੁਰਾ, ਭੁਪਿੰਦਰ ਸਿੰਘ ਮੈਂਬਰ ਪੰਚਾਇਤ, ਸਰਪੰਚ ਸਮਸ਼ੇਰ ਸਿੰਘ, ਪ੍ਰਿੰਸੀਪਲ ਸੁਦੇਸ਼ ਕੁਮਾਰ ਅਜਨਾਲਾ, ਰਣਜੀਤ ਸਿੰਘ ਧਾਲੀਵਾਲ ਤੋਂ ਇਲਾਵਾ ਸਕੂਲੀ ਬੱਚੇ ਅਤੇ ਉਨ੍ਹਾਂ ਦੇ ਮਾਪੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਭੈਣੀ ਮੀਆਂ ਖਾਂ ਪੁਲਸ ਨੂੰ ਕੀਤੀ ਸ਼ਿਕਾਇਤ 'ਤੇ ਜਾਂਚ ਪੜਤਾਲ ਕਰਨ ਬਾਅਦ ਇੰਨਕੁਆਰੀ ਉਪ ਕਪਤਾਨ ਪੁਲਸ ਪੰਜਾਬ ਹੋਮੀਸਾਈਡ ਐਂਡ ਫੋਰੈਂਸਿਕ ਗੁਰਦਾਸਪੁਰ ਨੇ ਪਾਇਆ ਕਿ ਰੌਕੀ ਸ਼ਰਮਾ ਪੁੱਤਰ ਬ੍ਰਹਮ ਸ਼ਰਮਾ, ਰਿੰਕੂ ਪੁੱਤਰ ਗੁਰਭਜਨ ਸਿੰਘ ਵਾਸੀਆਨ ਮੇਘੀਆ ਥਾਣਾ ਪੁਰਾਣਾ ਸਾਲਾ, ਅਨੀਤਾ ਦੇਵੀ ਪਤਨੀ ਅਸ਼ੋਕ ਕੁਮਾਰ, ਰੋਮੀ ਪੁੱਤਰ ਅਸ਼ੋਕ ਕੁਮਾਰ ਵਾਸੀਆਨ ਭੈਣੀ ਕਾਣੇ ਥਾਣਾ ਭੈਣੀ ਮੀਆਂ ਖਾਂ ਨੇ ਪੀੜਤ ਕੰਵਰ ਗੁਰਤਾਜ ਸਿੰਘ ਅਤੇ ਉਸ ਦੀ ਪਤਨੀ ਨੀਸ਼ਾ ਵਾਲੀਆ ਨੂੰ ਵਿਦੇਸ਼ ਅਮਰੀਕਾ ਭੇਜਣ ਲਈ 20,50,000 ਰੁਪਏ ਲਏ ਸੀ ਪਰ ਵਿਦੇਸ਼ ਅਮਰੀਕਾ ਨਹੀਂ ਭੇਜਿਆ ਅਤੇ ਪੀੜਤ ਵਲੋਂ ਪੈਸੇ ਵਾਪਿਸ ਮੰਗਣ ਤੇ ਕਥਿਤ ਦੋਸ਼ੀਆਂ ਨੇ 16,25000 ਰੁਪਏ ਵਾਪਿਸ ਕਰ ਦਿੱਤੇ ਪਰ 4 ਲੱਖ 25000 ਰੁਪਏ ਵਾਪਸ ਨਾ ਕਰਕੇ ਪੀੜਤ ਨਾਲ ਧੋਖਾਧੜੀ ਕੀਤੀ ਹੈ। ਪੁਲਸ ਨੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਐੱਸ ਸੀ ਤੇ ਐੱਸ ਟੀ ਵਕੀਲਾਂ ਦੀ ਸਿਲੈਕਸ਼ਨ ਲਈ ਪੰਜਾਬ ਸਰਕਾਰ ਨੇ ਲਿਆ ਇਤਿਹਾਸਕ ਫੈਸਲਾ : ਕਟਾਰੂਚੱਕ

**ਪਠਾਨਕੋਟ (ਦਵਿੰਦਰ ਸਿੰਘ)**-ਜਿਸ ਸੋਚ ਨਾਲ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ, 2022 ਵਿੱਚ ਜਦੋਂ ਆਮ ਆਦਮੀ ਪਾਰਟੀ ਪੰਜਾਬ ਵਿੱਚ ਚੋਣ ਲੜ ਰਹੀ ਸੀ, ਅਸੀਂ ਪੰਜਾਬ ਦੇ ਲੋਕਾਂ ਦੇ ਸਾਹਮਣੇ ਦੋ ਤਸਵੀਰਾਂ ਅਤੇ ਦੋ ਵਿਚਾਰ ਪੇਸ਼ ਕੀਤੇ ਸਨ, ਜੋ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਵਿਚਾਰ ਸਨ ਅਤੇ ਅੱਜ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਫੋਟੋ ਪੰਜਾਬ ਦੇ ਹਰ ਦਫ਼ਤਰ ਵਿੱਚ ਲੱਗੀ ਹੋਈ ਹੈ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਫੋਟੋ ਅੱਜ ਪੰਜਾਬ ਦੇ ਹਰ ਵਿਭਾਗ ਵਿੱਚ ਲੱਗੀ ਹੋਈ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਦਫਤਰ ਪਿੰਡ ਕਟਾਰੂਚੱਕ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਇਸ ਮੌਕੇ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ। ਕਟਾਰੂਚੱਕ ਨੇ ਕਿਹਾ ਕਿ ਅੱਜ ਪੰਜਾਬ ਵਿੱਚ, ਅਸੀਂ ਦੋ ਚੀਜ਼ਾਂ 'ਤੇ ਕੰਮ ਕਰ ਰਹੇ ਹਾਂ- ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਖਾਤਮਾ ਕੀਤਾ ਜਾਵੇਗਾ ਅਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਸੋਚ ਨੂੰ ਆਮ ਆਦਮੀ ਪਾਰਟੀ ਨੇ ਅਪਣਾਇਆ ਹੈ।2022 ਵਿੱਚ ਅਸੀਂ ਪੰਜਾਬ ਦੇ ਲੋਕਾਂ ਨਾਲ ਅਤੇ ਖਾਸ ਕਰਕੇ ਪੰਜਾਬ ਦੇ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਨਾਲ ਇੱਕ ਵੱਡਾ ਵਾਅਦਾ ਕੀਤਾ ਸੀ ਕਿ ਜਦੋਂ ਅਸੀਂ ਸੱਤਾ ਵਿੱਚ ਆਵਾਂਗੇ, ਤਾਂ ਅਸੀਂ ਤੁਹਾਡੇ ਬੱਚਿਆਂ ਨੂੰ ਹਾਈ ਕੋਰਟ ਵਿੱਚ ਰਾਖਵਾਂਕਰਨ ਦੇਵਾਂਗੇ। ਅਸੀਂ 2017 ਦੇ ਐਕਟ ਵਿੱਚ ਖੋਜ ਲਿਆਂਦੀ ਹੈ ਅਤੇ ਉਸ ਸਮੇਂ, ਅਸੀਂ ਪਹਿਲੀ ਵਾਰ 58 ਅਸਾਮੀਆਂ ਵਿੱਚ ਰਾਖਵੇਂਕਰਨ ਦੀ ਵਿਵਸਥਾ ਲਿਆਂਦੀ ਹੈ, ਭਾਵੇਂ ਉਹ ਸੀਨੀਅਰ ਐਡਵੋਕੇਟ ਜਨਰਲ ਹੋਣ ਜਾਂ ਵਧੀਕ ਐਡਵੋਕੇਟ ਜਨਰਲ ਜਾਂ ਸੀਨੀਅਰ ਡਿਪਟੀ ਐਡਵੋਕੇਟ ਜਨਰਲ ਜਾਂ ਡਿਪਟੀ ਐਡਵੋਕੇਟ ਜਨਰਲ, ਸਹਾਇਕ ਐਡਵੋਕੇਟ ਜਨਰਲ ਜਾਂ ਐਡਵੋਕੇਟ ਆਨ ਰਿਕਾਰਡ। ਇਹ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਦੇ ਦਲਿਤਾਂ ਅਤੇ ਪੰਜਾਬ ਦੇ ਅਨੁਸੂਚਿਤ ਜਨਜਾਤੀਆਂ ਦੇ ਹੱਕ ਵਿੱਚ ਲਿਆ ਗਿਆ ਇੱਕ ਇਤਿਹਾਸਕ ਵੱਡਾ ਫੈਸਲਾ ਹੈ।

## ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਵਿਖੇ ਮਨਾਇਆ ਵਿਸਾਖੀ ਦਾ ਤਿਉਹਾਰ



**ਤਰਸਿੱਕਾ, (ਰਸੇਮ ਸਿੰਘ ਸਾਧਪੁਰ)—ਸਾਖੀ** ਦਾ ਪਾਵਨ ਤਿਉਹਾਰ ਬੱਚਿਆਂ ਅਤੇ ਸਮੂਹ ਸਟਾਫ ਵੱਲੋਂ ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ ਬਹੁਤ ਧੂਮ ਧਾਮ ਨਾਲ ਮਨਾਇਆ ਗਿਆ।ਇਸ ਦਿਹਾੜੇ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਕਰਨ ਉਪਰੰਤ ਖਾਲਸਾ ਪੰਥ ਦੀ ਸਾਜਨਾ ਉਪਰ ਭਾਸ਼ਨ ਦਿੱਤੇ ਗਏ।ਵਿਦਿਆਰਥੀਆਂ ਵੱਲੋਂ ਜਲ੍ਹਿਆਂਵਾਲੇ ਬਾਗ ਦੇ ਖੂਨੀ ਸਾਕੇ ਸਬੰਧੀ ਸ਼ਹੀਦਾਂ ਨੂੰ ਯਾਦ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ।ਫਸਲਾਂ ਦੀ ਵਾਢੀ ਕਰਕੇ ਘਰ ਵਿੱਚ ਆਈ ਖੁਸ਼ੀ ਸੰਬੰਧਿਤ ਕਵਿਤਾਵਾਂ ਵੱਖ-ਵੱਖ ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ।ਪੰਜਾਬ ਦੀ ਸੱਭਿਅਤਾ ਨੂੰ ਦਰਸਾਉਂਦਾ ਲੋਕ ਨਾਚ ਭੰਗੜਾ ਅਤੇ ਗਿੱਧਾ ਵਿਦਿਆਰਥੀਆਂ ਵੱਲੋਂ ਪੇਸ਼ ਕਰਕੇ ਵਿਸਾਖੀ ਦੇ ਤਿਉਹਾਰ ਤੇ ਰੌਣਕਾਂ ਲਗਾਈਆਂ ਗਈਆਂ।ਦਸਮੇਸ਼ ਹੈਰੀਟੇਜ ਸਕੂਲ ਦੇ ਡਾਇਰੈਕਟਰ ਮੈਡਮ ਹਰਪ੍ਰੀਤ ਕੌਰ ਨੇ ਦੱਸਿਆ ਕਿ ਪੜ੍ਹਾਈ ਦੇ ਨਾਲ ਨਾਲ ਬਾਕੀ ਗਤੀਵਿਧੀਆਂ ਵਿੱਚ ਵੀ ਜ਼ਰੂਰ ਭਾਗ ਲੈਣਾ ਚਾਹੀਦਾ ਹੈ।ਇਨ੍ਹਾਂ ਦੇ ਨਾਲ ਬੱਚਿਆਂ ਦਾ ਆਤਮ ਵਿਸ਼ਵਾਸ ਵੱਧਦਾ ਹੈ ਅਤੇ ਉਹ ਪੜ੍ਹਾਈ ਦੇ ਨਾਲ ਨਾਲ ਹਰ ਖੇਤਰ ਵਿੱਚ ਅੱਗੇ ਵੱਧਦੇ ਹੋਏ ਸਫਲਤਾ ਪ੍ਰਾਪਤ ਕਰਦੇ ਹਨ। ਮਨੋਰੰਜਨ ਦੇ ਨਾਲ ਨਾਲ ਵਿਸਾਖੀ ਦਾ ਤਿਉਹਾਰ ਸਕੂਲ ਵਿੱਚ ਮਨਾਉਣ ਦਾ ਮਕਸਦ ਬੱਚਿਆਂ ਨੂੰ ਇਸ ਤਿਉਹਾਰ ਤੇ ਦੇ ਧਾਰਮਿਕ ਤੇ ਇਤਿਹਾਸਿਕ ਮਹੱਤਵ ਤੋਂ ਜਾਣੂ ਕਰਾਉਣਾ ਹੈ। ਸਕੂਲ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਦਸਮ ਪਿਤਾ ਦੁਆਰਾ ਖਾਲਸਾ ਪੰਥ ਦੀ ਸਾਜਨਾ ਜਲਿਆਂਵਾਲਾ ਬਾਗ ਦਾ ਖੂਨੀ ਸਾਕਾ,ਕਿਸਾਨਾਂ ਦੁਆਰਾ ਫਸਲਾਂ ਦੀ ਵਾਢੀ ਕਰਕੇ ਘਰ 'ਚ ਆਏ ਖੁਸ਼ੀ ਸਬੰਧੀ ਵਿਚਾਰ ਸਾਂਝੇ ਕੀਤੇ ਤੇ ਬੱਚਿਆਂ ਨੂੰ ਵੀ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਇੰਪਲਾਈਜ਼ ਫੈਡਰੇਸ਼ਨ (ਚਾਹਲ) ਦੀ ਨਵੀਂ ਬਣੀ ਮੰਡਲ ਕਮੇਟੀ ਦੀ ਅਹਿਮ ਮੀਟਿੰਗ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਪੀ ਐੱਸ ਪੀ ਸੀ ਐੱਲ ਦੇ ਦਫਤਰ ਜੰਡਿਆਲਾ ਗੁਰੂ ਵਿਖੇ ਇੰਪਲਾਈਜ਼ ਫੈਡਰੇਸ਼ਨ ਚਾਹਲ ਵੱਲੋਂ ਪਾਵਰਕਾਮ ਦੀ ਨਵੀਂ ਬਣਾਈ ਗਈ ਮੰਡਲ ਕਮੇਟੀ ਦੀ ਪਲੇਠੀ ਮੀਟਿੰਗ ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਨਾਲ ਮੰਡਲ ਜੰਡਿਆਲਾ ਗੁਰੂ ਦੇ ਪ੍ਰਧਾਨ ਮਨਿੰਦਰ ਮਨੀ ਤੇ ਮੰਡਲ ਕਮੇਟੀ ਦੇ ਮੈਬਰਾਂ ਵਿਚਕਾਰ ਹੋਈ। ਇਸ ਮੀਟਿੰਗ ਵਿੱਚ ਵੱਖ-ਵੱਖ ਮਸਲਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਮੁੱਖ ਇੰਨਜੀਨਅਰ ਨੇ ਮੰਡਲ ਜੰਡਿਆਲਾ ਕਮੇਟੀ ਨੂੰ ਵਿਸ਼ਵਾਸ ਦਿੱਤਾ ਕਿ ਜੋ ਵੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਜਾਂ ਆਉਂਦੀਆਂ ਮੁਸ਼ਕਲਾਂ ਦਾ ਸੰਭਵ ਹੱਲ ਕੀਤਾ ਜਾਵੇਗਾ ।ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਨੇ ਨਵੀਂ ਚੁਣੀ ਮੰਡਲ ਕਮੇਟੀ ਨੂੰ ਸ਼ੁਭਕਾਮਨਾਵਾ ਦਿੱਤੀਆਂ। ਇਸ ਮੌਕੇ ਪ੍ਰਤਾਪ ਸਿੰਘ ਬਾਡਰ ਜ਼ੋਨ ਪ੍ਰਧਾਨ ਤੇ ਸੁਖਦੇਵ ਸਿੰਘ ਸਰਕਲ ਪ੍ਰਧਾਨ ਤੇ ਮਨਿੰਦਰ ਸਿੰਘ ਮਨੀ ਪ੍ਰਧਾਨ ਮੰਡਲ ਜੰਡਿਆਲਾ ਗੁਰੂ ਨੇ ਮੁੱਖ ਇੰਨਜੀਨਅਰ ਗੁਰਮੁੱਖ ਸਿੰਘ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ।ਇਸ ਮੌਕੇ ਮੰਡਲ ਜੰਡਿਆਲਾ ਦੇ ਪ੍ਰਧਾਨ ਮਨਿੰਦਰ ਸਿੰਘ ਮਨੀ ਜੰਡਿਆਲਾ ਨੇ ਕਿਹਾ ਕਿ ਬੀਤੇ ਦਿਨ ਮੈਨੂੰ ਮੰਡਲ ਪ੍ਰਧਾਨ ਵਜੋਂ ਮਿਲੀਆਂ ਸੇਵਾਵਾਂ ਨੂੰ ਨਿਭਾਉਣ ਦਾ ਯਤਨ ਕਰਾਂਗਾਸ਼ ਉਨ੍ਹਾਂ ਕਿਹਾ ਕਿ ਜਿਸ ਦਿਨ ਮੈਨੂੰ ਮੰਡਲ ਜੰਡਿਆਲਾ ਗੁਰੂ ਦੀਆਂ ਸੇਵਾਵਾਂ ਮਿਲੀਆਂ ਸਨ ਉਸ ਦਿਨ ਵਿਸ਼ੇਸ਼ ਤੌਰ ਤੇ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਪੰਜਾਬ ਪ੍ਰਧਾਨ ਗੁਰਵੇਲ ਸਿੰਘ ਬਲਪੁਰੀਆਂ, ਬਾਰਡਰ ਜ਼ੋਨ ਪ੍ਰਧਾਨ ਪ੍ਰਤਾਪ ਸਿੰਘ ਸੁਖੇਵਾਲ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਾ ਹਾਂ।ਇਸ ਮੌਕੇ ਸਰਪ੍ਰਸਤ ਕਰਨ ਸਿੰਘ, ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ, ਮੀਤ ਪ੍ਰਧਾਨ ਦਵਿੰਦਰ ਸਿੰਘ ਭੰਗੂ, ਸਕੱਤਰ ਪ੍ਰਤਾਪ ਸਿੰਘ, ਸਹਾਇਕ ਸਕੱਤਰ ਲਖਬੀਰ ਸਿੰਘ, ਕੈਸ਼ੀਅਰ ਮਨਜੀਤ ਸਿੰਘ, ਪ੍ਰਚਾਰ ਸਕੱਤਰ ਦਿਲਬਾਗ ਸਿੰਘ ਮੌਕੇ ਤੇ ਹਾਜ਼ਰ ਸਨ।

## ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦੁਆਰਾ ਸਿੰਘ ਸਭਾ ਪੁਰਾਣਾ ਸ਼ਾਲਾ ਵਿਖੇ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਮਹਾਨ ਦੋ ਰੋਜ਼ਾ ਗੁਰਮਤਿ ਸਮਾਗਮ ਐਨ.ਆਰ.ਆਈ. ਵੀਰਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਭ ਤੋਂ ਪਹਿਲਾਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਸਮਾਗਮ ਵਿੱਚ ਪਹੁੰਚੇ ਕੀਰਤਨੀਆਂ ਜਥਾ ਭਾਈ ਪਰਮਜੀਤ ਸਿੰਘ, ਕੀਰਤਨੀ ਜਥਾ ਭਾਈ ਲਖਵਿੰਦਰ ਸਿੰਘ, ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਅਤੇ ਗਿਆਨੀ ਜੋਗਰਾਜ ਸਿੰਘ ਹੈਡ ਗ੍ਰੰਥੀ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ 150 ਦੇ ਕਰੀਬ ਬੱਚਿਆਂ ਦੇ ਤਿੰਨ ਵਰਗਾਂ ਵਿਚ ਧਾਰਮਿਕ ਮੁਕਾਬਲੇ ਵੀ ਕਰਵਾਏ ਗਏ ਜਿਨ੍ਹਾਂ ਵਿੱਚ 5 ਤੋਂ 12 ਸਾਲ, 12 ਤੋਂ 18 ਸਾਲ ਅਤੇ 18 ਸਾਲ ਤੋਂ ਵੱਧ ਉਮਰ ਦੇ ਬੱਚਿਆਂ ਨੇ ਭਾਗ ਲਿਆ।

ਇਸ ਮੌਕੇ ਸੁਮਤਪ੍ਰੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਪੁਰਾਣਾ ਸ਼ਾਲਾ ਪਹਿਲੇ ਨੰਬਰ 'ਤੇ ਰਿਹਾ। ਇਸ ਮੌਕੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਿਰੋਪਾਉ, ਨਕਦ ਰਾਸ਼ੀ ਤੇ ਮੋਮੈਂਟੋ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਬੱਚਿਆਂ ਦੀ ਪ੍ਰੀਖਿਆ ਲਈ ਗਈ। ਇਸ ਮੌਕੇ ਪ੍ਰਧਾਨ ਮੁਖਤਿਆਰ ਸਿੰਘ, ਉਪ ਪ੍ਰਧਾਨ ਪਰਵਿੰਦਰ ਸਿੰਘ, ਜਨਰਲ ਸਕੱਤਰ ਸੂਬੇਦਾਰ ਤਰਲੋਕ ਸਿੰਘ, ਸਕੱਤਰ ਸਰਬਜੀਤ ਸਿੰਘ ਲਾਲੀਆ, ਕੈਪਟਨ ਪਿਆਰਾ ਸਿੰਘ, ਸੈਕਟਰੀ ਜਸਵੀਰ ਸਿੰਘ, ਸੈਕਟਰੀ ਕੈਪਟਨ ਜੋਗਿੰਦਰ ਸਿੰਘ, ਡੀ.ਐਸ.ਪੀ. ਰਘਨਾਥ ਸਿੰਘ, ਸਲਾਹਕਾਰ ਜਗਮੋਹਨ ਸਿੰਘ, ਮਨਜਿੰਦਰ ਪਾਲ, ਮੈਂਬਰ ਮੱਖਣ ਸਿੰਘ, ਕਰਨੈਲ ਸਿੰਘ, ਮਾਸਟਰ ਲਖਵਿੰਦਰ ਸਿੰਘ, ਰਸਪਾਲ ਸਿੰਘ ਘੋਤੜਾ, ਗਿਆਨੀ ਰਵੇਲ ਸਿੰਘ, ਗਿਆਨੀ ਮੇਜਰ ਸਿੰਘ, ਸ਼ਿਵਪਾਲ ਸਿੰਘ, ਇੰਸਪੈਕਟਰ ਲਖਵੀਰ ਸਿੰਘ, ਬਲਜੀਤ ਸਿੰਘ ਫੌਜੀ, ਠੇਕੇਦਾਰ ਬਲਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਡਾ. ਅੰਬੇਡਕਰ ਦੀ 134ਵੀਂ ਜੈਅੰਤੀ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਰਧਾ ਦੇ ਫੁੱਲ ਭੇਟ



**ਗੁਰਦਾਸਪੁਰ (ਜਨਕ ਮਹਾਜਨ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜੈਅੰਤੀ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਿਤ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ 'ਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਭ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਆਦਿੱਤਯ ਗੁਪਤਾ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਪੀ.ਸੀ.ਐੱਸ. ਅਧਿਕਾਰੀ ਰੁਪਿੰਦਰਪਾਲ ਸਿੰਘ, ਸੁਪਰਡੈਂਟ ਵਿਜੇ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਬਾਬਾ ਸਾਹਿਬ ਦੇ ਬੁੱਤ ਉੱਪਰ ਸ਼ਰਧਾ-ਸੁਮਨ ਭੇਟ ਕੀਤੇ।

ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜੈਅੰਤੀ ਦੀ ਵਧਾਈ ਦਿੰਦਿਆਂ ਕਿਹਾ ਕਿ ਇੱਕ ਸਾਧਾਰਣ ਪਰਿਵਾਰ 'ਚ ਜਨਮੇ ਬਾਬਾ ਸਾਹਿਬ ਨੇ ਬੇਹੱਦ ਔਕੜਾਂ ਦਾ ਸਾਹਮਣਾ ਕੀਤਾ ਪਰ ਇਸ ਦੇ ਬਾਵਜੂਦ ਉਹ ਆਪਣੀ ਲਿਆਕਤ ਅਤੇ ਲਗਨ ਸਦਕਾ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ ਅਤੇ ਰਾਜਨੀਤੀਵਾਨ ਵਜੋਂ ਦੁਨੀਆ ਭਰ 'ਚ ਸਤਿਕਾਰੇ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਪਾਵਨ ਮੌਕੇ ਸਾਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਉਹ ਬਾਬਾ ਸਾਹਿਬ ਵਲੋਂ ਪਾਏ ਪੂਰਨਿਆਂ 'ਤੇ ਚੱਲਦੇ ਆਪਣੇ ਦੇਸ਼ ਅਤੇ ਸਮਾਜ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ ਨੇ ਕਿਹਾ ਕਿ ਪੂਰੇ ਭਾਰਤ ਨੂੰ ਡਾ. ਭੀਮ ਰਾਓ ਅੰਬੇਡਕਰ 'ਤੇ ਮਾਣ ਹੈ ਅਤੇ ਸਾਨੂੰ ਸਭ ਨੂੰ ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚੱਲਣ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਆਪਣਾ ਪੂਰਾ ਜੀਵਨ ਸਮਾਜਿਕ ਸਦਭਾਵਨਾ ਅਤੇ ਸਭ ਨੂੰ ਬਰਾਬਰਤਾ ਦੇ ਹੱਕ ਦਿਵਾਉਣ ਲਈ ਸਮਰਪਿਤ ਕੀਤਾ।

## ਗਰਾਮ ਪੰਚਾਇਤ ਬੁਤਾਲਾ ਨੇ ਨਿਵੇਕਲੇ ਤਰੀਕੇ ਨਾਲ ਮਨਾਇਆ ਖਾਲਸਾ ਸਾਜਨਾ ਦਿਵਸ

**ਬੁਤਾਲਾ ( ਨਿਰਮਲ ਸਿੰਘ ਸੰਘਾ)**-ਅੱਜ ਇਤਿਹਾਸਕ ਪਿੰਡ ਬੁਤਾਲਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਨਿਵੇਕਲੇ ਤਰੀਕੇ ਨਾਲ ਮਨਾਉਂਦਿਆਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਅਨਿਨ ਸੇਵਕ ਭਾਈ ਪੱਲ੍ਹਾ ਜੀ ਦੇ ਮਾਤਾ ਬੀਬੀ ਸੰਤੀ ਜੀ ਯਾਦ ਵਿੱਚ ਪਾਰਕ ਦੀ ਸਥਾਪਨਾ ਕੀਤੀ ਗਈ। ਭਾਈ ਬਲਜੀਤ ਸਿੰਘ ਹੈਡ ਗ੍ਰੰਥੀ ਨੇ ਕਾਰਜ ਦੀ ਆਰੰਭਤਾ ਤੋਂ ਪਹਿਲਾਂ ਅਰਦਾਸ ਕਰ ਕੇ ਸ਼ੁਕਰਾਨਾ ਕੀਤਾ। ਇਸ ਤਰ੍ਹਾਂ ਬੁਤਾਲਾ ਵਾਸੀਆਂ ਲਈ ਖਾਲਸਾ ਸਾਜਨਾ ਦਿਵਸ 2025 ਯਾਦਗਾਰੀ ਹੋ ਨਿੱਬੜਿਆ। ਗ੍ਰਾਮ ਪੰਚਾਇਤ ਬੁਤਾਲਾ, ਰਾਉਂਡਗਲਾਸ ਫਾਊਂਡੇਸ਼ਨ, ਬੁਤਾਲਾ ਵੈਲਫੇਅਰ ਸੁਸਾਇਟੀ, ਬਾਬਾ ਪੱਲ੍ਹਾ ਸਪੋਰਟਸ ਕਲੱਬ, ਬਾਬਾ ਪੱਲ੍ਹਾ ਜੀ ਯਾਦਗਾਰੀ ਹਾਕੀ ਟੂਰਨਾਮੈਂਟ ਕਮੇਟੀ, ਸਮੂਹ ਐਨ ਆਰ ਆਈ ਵੀਰਾਂ ਤੇ ਸੰਗਤਾਂ ਦੇ ਸਾਂਝੇ ਉਦਮ ਸਦਕਾ ਇਸ ਕਾਰਜ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਸਰਪੰਚ ਸੁਖਵਿੰਦਰ ਸਿੰਘ ਬੁਤਾਲਾ, ਬਲਤੇਜ ਸਿੰਘ ਪੰਚ, ਗੁਰਪ੍ਰੀਤ ਸਿੰਘ ਗੋਪੀ, ਚਰਨਜੀਤ ਸਿੰਘ ਪੰਚ, ਗਿਆਨ ਸਿੰਘ ਪ੍ਰਧਾਨ, ਗੁਰਮੀਤ ਸਿੰਘ ਪੰਚ, ਹੈਡਮਾਸਟਰ ਹਰਸਰਨ ਸਿੰਘ, ਪ੍ਰਭਜੋਤ ਸਿੰਘ ਜੋਤੀ, ਹਰਵਿੰਦਰ ਸਿੰਘ ਫੌਜੀ, ਨਿਰਵੈਰ ਸਿੰਘ ਫੌਜੀ, ਸੂਬੇਦਾਰ ਅਮਨਦੀਪ ਸਿੰਘ, ਹਰਜੀਤ ਸਿੰਘ ਪੰਚ, ਸੁਖਜੀਤ ਸਿੰਘ ਪੰਚ, ਬਲਵਿੰਦਰ ਸਿੰਘ ਚੇਅਰਮੈਨ, ਸੰਦੀਪ ਸਿੰਘ ਸੋਨੀ, ਹਰਿੰਦਰ ਸਿੰਘ, ਲਖਵਿੰਦਰ ਸਿੰਘ ਪੰਚ, ਜਗਜੀਤ ਸਿੰਘ ਪੰਚ, ਗਗਨਦੀਪ ਸਿੰਘ ਬੇਰੀਆਂ ਵਾਲੇ, ਹਰਪਾਲ ਸਿੰਘ,ਅਮਨਤੇਜ ਸਿੰਘ, ਸੁਖਬੀਰ ਸਿੰਘ ਸੰਧੂ, ਬਿਕਰਮ ਸਿੰਘ, ਦਿਲਬਾਗ ਸਿੰਘ, ਜਸਵਿੰਦਰ ਸਿੰਘ, ਦਲੇਰਜੀਤ ਸਿੰਘ, ਰੋਹਿਤ ਕੁਮਾਰ, ਨਵਰਾਜ ਸਿੰਘ, ਰਵੇਲ ਸਿੰਘ ਚਾਹਲ, ਰਣਜੀਤ ਸਿੰਘ ਸੰਘਾ, ਸ਼ਰਨਜੀਤ ਸਿੰਘ ਸੰਘਾ ਅਤੇ ਹਰਮੇਹਰ ਆਦਿ ਹਾਜ਼ਰ ਸਨ।

## ਲੋਕ ਭਲਾਈ ਮੰਚ ਪੰਜਾਬ ਵੱਲੋਂ ਡਾ. ਬੀ ਆਰ ਅੰਬੇਡਕਰ ਦੇ 134ਵੇਂ ਜਨਮ ਦਿਨ 'ਤੇ ਸੈਮੀਨਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਲੋਕ ਭਲਾਈ ਮੰਚ ਪੰਜਾਬ ਵਲੋਂ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਡਾਕਟਰ ਬੀ ਆਰ ਅੰਬੇਡਕਰ ਦਾ 134ਵਾਂ ਜਨਮ ਦਿਨ ਸੈਮੀਨਾਰ ਕਰਕੇ ਗੁਰਮੁਖ ਸਿੰਘ ਬੰਡਾਲਾ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਇਸ ਸਮੇਂ ਵਿਸ਼ਾਲ ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ ਸੂਬਾਈ ਪ੍ਰਧਾਨ, ਇਕਬਾਲ ਸਿੰਘ ਮੋਹਕਮਪੁਰਾ, ਨਿਰਵੈਲ ਸਿੰਘ ਢਪੱਈ, ਕੁਲਦੀਪ ਸਿੰਘ ਤੇ ਮਾਸਟਰ ਸੁਖਦੇਵ ਸਿੰਘ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਡਾਕਟਰ ਬੀ ਆਰ ਅੰਬੇਡਕਰ ਦੇ ਸੰਘਰਸ਼ਮਈ ਜੀਵਨ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਡਾਕਟਰ ਸਾਹਿਬ ਦੇ ਦਿੱਤੇ ਗਏ ਮੂਲ ਸਿਧਾਂਤ ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਤੇ ਚਲਦਿਆਂ ਲੋਕ ਭਲਾਈ ਦੇ ਕੰਮ ਹੋਰ ਤੇਜ਼ ਕਰਨਗੇ। ਇਸ ਸਮੇਂ ਉਪਰੋਕਤ ਤੋਂ ਇਲਾਵਾ ਤੀਰਥ ਰਾਮ, ਬਲਵਿੰਦਰ ਕੌਰ, ਸੰਦੀਪ ਕੁਮਾਰ, ਜੀਤਲਾਲ, ਭਗਵਾਨ ਦਾਸ, ਗੋਗਾ ਭਲਵਾਨ, ਸੂਰਜ, ਸਤਪਾਲ ਸਿੰਘ ਗਿੱਲ, ਲਖਵਿੰਦਰ ਸਿੰਘ ਲੱਖਾ, ਅਸ਼ਵਨੀ ਕੁਮਾਰ ਰੋਡੇ ਸ਼ਾਹ, ਸੀਤਾ, ਦਿਲਬਾਗ ਸਿੰਘ ਨਰਾਇਣਗੜ੍ਹ, ਕੁਲਵਿੰਦਰ ਸਿੰਘ ਬਿੱਟੂ, ਬਲਦੇਵ ਸਿੰਘ, ਕਸ਼ਮੀਰ ਸਿੰਘ, ਅਸ਼ਵਨੀ ਕੁਮਾਰ, ਬਾਜ ਸਿੰਘ ਭਰਾਰੀਵਾਲ, ਸੁਖਪਾਲ ਸਿੰਘ, ਕਿਰਪਾਲ ਸਿੰਘ, ਕੋਮਲਪ੍ਰੀਤ ਕੌਰ, ਪੂਜਾ, ਰਾਜਾ ਰੋਡੇ ਸ਼ਾਹ, ਕੈਪਟਨ ਸਿੰਘ ਤੇ ਵਰਿਆਮ ਚੰਦ ਆਦਿ ਵੀ ਹਾਜ਼ਰ ਸਨ।

## ਐੱਸ ਸੀ/ਬੀ ਸੀ ਅਧਿਆਪਕ ਯੂਨੀਅਨ ਨੇ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਐੱਸਸੀ/ਬੀਸੀ ਅਧਿਆਪਕ ਯੂਨੀਅਨ ਪੰਜਾਬ ਜਿਲ੍ਹਾ ਗੁਰਦਾਸਪੁਰ ਅਤੇ ਸਮੂਹ ਮੁਲਾਜ਼ਮਾਂ ਵਲੋਂ ਭਾਰਤ ਰਤਨ, ਨਾਰੀ ਮੁਕਤੀ ਦਾਤਾ, ਕਾਨੂੰਨ ਦੇ ਬਾਦਸ਼ਾਹ ਅਤੇ ਗਰੀਬਾਂ ਮਜ਼ਲੂਮਾਂ ਦੇ ਮਸੀਹਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਅਤੇ ਸਤਿਕਾਰ ਸਹਿਤ ਪਰਮਿੰਦਰ ਸਿੰਘ ਚੀਫ ਆਰਗੇਨਾਈਜਰ ਪੰਜਾਬ ਦੀ ਸਰਪ੍ਰਸਤੀ ਹੇਠ ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਮਨਾਇਆ ਗਿਆ ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਰਛਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਐਸ.ਸੀ/ਬੀ.ਸੀ ਅਧਿਆਪਕ ਯੂਨੀਅਨ, ਮਹਿੰਦਰ ਪਾਲ ਪ੍ਰਧਾਨ ਮਹਾਸ਼ਾ ਵੈੱਲਫੇਅਰ ਐਸੋਸੀਏਸ਼ਨ, ਐਟਵੋਕੇਟ ਸੋਮਨਾਥ ਮੇਜਰ, ਪਵਲ ਕੁਮਾਰ ਪ੍ਰੈੱਸ ਸਕੱਤਰ, ਕੁਲਦੀਪ ਸਿੰਘ ਪੁਰੇਵਾਲ ਪ੍ਰਧਾਨ ਜੀਟੀਯੂ, ਬਲਵਿੰਦਰ ਕੁਮਾਰ ਪ੍ਰਧਾਨ ਭੀਮ ਆਰਮੀ, ਰਵੀ ਕੁਮਾਰ ਪ੍ਰਧਾਨ ਡਾ. ਅੰਬੇਡਕਰ ਟਾਈਗਰ ਫੋਰਸ, ਐਡਵੋਕੇਟ ਸੁਖਰਾਜ ਥਾਪਾ, ਰਮੇਸ਼ ਕੁਮਾਰ ਬਸਪਾ ਧਾਰੀਵਾਲ, ਸੁਰਜੀਤ ਰਾਜ ਪ੍ਰਿੰਸੀਪਲ, ਰਾਜ ਕੁਮਾਰ ਲੈਂਕ ਆਦਿ ਆਗੂਆਂ ਨੇ ਬਾਬਾ ਸਾਹਿਬ ਦੇ ਜੀਵਨ ਸੰਘਰਸ਼ ਤੇ ਚਾਨਣਾ ਪਾਇਆ ।ਜਗਦੀਸ਼ ਬੈਂਸ ਨੇ ਆਪਣੇ ਸਾਥੀਆਂ ਦਾ ਧੰਨਵਾਦ ਕੀਤਾ ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਰਾਮ ਸਿੰਘ ਬਟਾਲਾ ਨੇ ਬਾਖੂਬੀ ਨਿਭਾਈ।ਪ੍ਰੋਗਰਾਮ ਵਿਚ ਪਿੰਡ ਭਗਵਾਂ ਦੀ ਮਿਸ਼ਨ ਦੀ ਇਕਾਈ ਅਤੇ ਪ੍ਰੀਤਮ ਕੌਰ ਵਾਰਡ ਨੰਬਰ 5 ਦੇ ਐਮਸੀ ਵਿਸ਼ੇਸ਼ ਤੌਰ 'ਤੇ ਪਹੁੰਚੇ ।



17-April-PAGE-4.qxd 4/16/2025 10:37 PM Page 1

ਨਵਾਂ ਜ਼ਮਾਨਾ
ਵੀਰਵਾਰ, 17 ਅਪ੍ਰੈਲ 2025

# ਟਰੰਪ ਦਾ ਸਿੱਖਿਆ 'ਤੇ ਹਮਲਾ

ਇਤਿਹਾਸ ਗਵਾਹ ਹੈ ਕਿ ਫਾਸ਼ੀਵਾਦੀ ਹਾਕਮਾਂ ਦਾ ਸੱਤਾ ਪ੍ਰਾਪਤੀ ਬਾਅਦ ਪਹਿਲਾ ਨਿਸ਼ਾਨਾ ਉਹ ਸੰਸਥਾਵਾਂ ਹੁੰਦੀਆਂ ਹਨ, ਜਿਹੜੀਆਂ ਵਿਗਿਆਨ, ਤਰਕ ਤੇ ਸੁਤੰਤਰ ਸੋਚ ਨੂੰ ਪ੍ਰਣਾਈਆਂ ਹੁੰਦੀਆਂ ਹਨ। ਇਸ ਲਈ ਲਾਇਬ੍ਰੇਰੀਆਂ ਤੇ ਸਿੱਖਿਆ ਅਦਾਰੇ ਉਨ੍ਹਾਂ ਦੇ ਕਹਿਰ ਦਾ ਸ਼ਿਕਾਰ ਬਣਦੇ ਹਨ। ਸਾਡੇ ਆਪਣੇ ਦੇਸ਼ ਵਿੱਚ ਮੋਦੀ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਕੌਮਾਂਤਰੀ ਪ੍ਰਸਿੱਧੀ ਵਾਲੀ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨੂੰ ਖ਼ਤਮ ਕੀਤੇ ਜਾਣ ਲਈ ਲਗਾਤਾਰ ਕੋਸ਼ਿਸ਼ਾਂ ਹੁੰਦੀਆਂ ਆ ਰਹੀਆਂ ਹਨ।

ਅਮਰੀਕਾ ਵਿੱਚ ਫਾਸ਼ੀ ਸੋਚ ਵਾਲੇ ਡੋਨਲਡ ਟਰੰਪ ਦੇ ਸੱਤਾਧਾਰੀ ਹੋਣ ਬਾਅਦ ਉਥੋਂ ਦੀਆਂ ਨਾਮਣੇ ਵਾਲੀਆਂ ਯੂਨੀਵਰਸਿਟੀਆਂ ਨੂੰ ਵੀ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਅਮਰੀਕਾ ਦੀ ਸਭ ਤੋਂ ਪੁਰਾਣੀ ਤੇ ਪ੍ਰਸਿੱਧ ਹਾਰਵਰਡ ਯੂਨੀਵਰਸਿਟੀ ਨੂੰ ਟਰੰਪ ਪ੍ਰਸ਼ਾਸਨ ਵੱਲੋਂ ਭੇਜੇ ਲਿਖਤੀ ਪੱਤਰ ਵਿੱਚ ਕਿਹਾ ਗਿਆ ਸੀ ਕਿ ਉਹ ਆਪਣੇ ਅਦਾਰੇ ਵਿੱਚ ਫਲਸਤੀਨ ਦੇ ਹੱਕ ਵਿੱਚ ਯਹੂਦੀ ਵਿਰੋਧੀ ਵਿਚਾਰਾਂ ਨੂੰ ਰੋਕੇ, ਨਹੀਂ ਤਾਂ ਉਸ ਨੂੰ ਮਿਲਣ ਵਾਲੀ ਸਰਕਾਰੀ ਸਹਾਇਤਾ ਉੱਤੇ ਰੋਕ ਲਾ ਦਿੱਤੀ ਜਾਵੇਗੀ। ਸਰਕਾਰ ਨੇ ਆਪਣੇ ਪੱਤਰ ਵਿੱਚ ਕਿਹਾ ਸੀ ਕਿ ਸਰਕਾਰੀ ਫੰਡ ਹੁਣ ਯੂਨੀਵਰਸਿਟੀਆਂ ਦਾ ਅਧਿਕਾਰ ਨਹੀਂ ਹੋਵੇਗਾ, ਸਗੋਂ ਇਹ ਸਰਕਾਰ ਵੱਲੋਂ ਸੰਬੰਧਤ ਅਦਾਰੇ ਵਿੱਚ ਇੱਕ ਨਿਵੇਸ਼ ਹੋਵੇਗਾ, ਜਿਸ ਦੇ ਇਵਜ਼ ਵਿੱਚ ਅਦਾਰੇ ਨੂੰ ਸਰਕਾਰ ਵੱਲੋਂ ਲਾਈਆਂ ਸ਼ਰਤਾਂ ਨੂੰ ਮੰਨਣਾ ਪਵੇਗਾ। ਇਸ ਪੱਤਰ ਵਿੱਚ ਸ਼ਰਤਾਂ ਦਾ ਵੀ ਵੇਰਵਾ ਸੀ।

ਇਸ ਪੱਤਰ ਦੇ ਜਵਾਬ ਵਿੱਚ ਹਾਰਵਰਡ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਐਲਨ ਗਾਰਬਰ ਨੇ ਕਿਹਾ ਕਿ ਹਾਰਵਰਡ ਆਪਣੀ ਅਜ਼ਾਦ ਸੋਚ ਨਾਲ ਕੋਈ ਸਮਝੌਤਾ ਨਹੀਂ ਕਰੇਗੀ। ਉਨ੍ਹਾ ਕਿਹਾ ਕਿ ਇਹ ਇਕ ਯੂਨੀਵਰਸਿਟੀ ਦੀ ਅਜ਼ਾਦੀ ਉੱਤੇ ਸਿੱਧਾ ਹਮਲਾ ਹੈ। ਸਿੱਖਿਆ ਦਾ ਕੰਮ ਸਵਾਲ ਕਰਨਾ, ਨਵੀਂ ਸੋਚ ਨੂੰ ਉਤਸ਼ਾਹਤ ਕਰਨਾ ਤੇ ਵਿਚਾਰਾਂ ਦੀ ਸੁਤੰਤਰਤਾ ਨੂੰ ਕਾਇਮ ਰੱਖਣਾ ਹੁੰਦਾ ਹੈ। ਟਰੰਪ ਸਰਕਾਰ ਨੇ ਹਾਰਵਰਡ ਯੂਨੀਵਰਸਿਟੀ ਦੇ ਜਵਾਬ ਤੋਂ ਬਾਅਦ ਉਸ ਨੂੰ ਮਿਲਣ ਵਾਲੀ 2.3 ਅਰਬ ਡਾਲਰ ਯਾਨੀ ਲੱਗਭੱਗ 1850 ਕਰੋੜ ਦੀ ਫੰਡਿੰਗ ਰੋਕ ਦਿੱਤੀ ਹੈ। ਟਰੰਪ ਸਰਕਾਰ ਨੇ ਆਪਣੇ ਇਸ ਕਦਮ ਨੂੰ 'ਐਂਟੀ ਵੋਕ' ਕਦਮ ਕਿਹਾ ਹੈ। ਅਮਰੀਕਾ ਵਿੱਚ 'ਵੋਕ' ਉਨ੍ਹਾਂ ਲੋਕਾਂ ਨੂੰ ਕਿਹਾ ਜਾਂਦਾ ਹੈ, ਜਿਹੜੇ ਆਪਣੇ ਹੱਕ ਪ੍ਰਤੀ ਬਿਨਾਂ ਕਿਸੇ ਦਬਾਅ ਦੇ ਆਪਣੀ ਗੱਲ ਕਹਿੰਦੇ ਹਨ। ਅਮਰੀਕਾ ਦੇ ਰਾਸ਼ਟਰਪਤੀ ਟਰੰਪ ਤੇ ਉਸ ਦੇ ਉਦਯੋਗਪਤੀ ਸਹਿਯੋਗੀ ਐਲਨ ਮਸਕ ਨੂੰ ਅਜ਼ਾਦ ਵਿਚਾਰਾਂ ਤੇ ਉਨ੍ਹਾਂ ਦੇ ਪ੍ਰਗਟਾਵੇ ਤੋਂ ਹਮੇਸ਼ਾ ਚਿੜ੍ਹ ਰਹੀ ਹੈ।

ਹਾਰਵਰਡ ਯੂਨੀਵਰਸਿਟੀ ਹੀ ਨਹੀਂ, ਸਗੋਂ ਅਮਰੀਕਾ ਦੀਆਂ ਹੋਰ ਵੀ ਨਾਮੀ ਯੂਨੀਵਰਸਿਟੀਆਂ ਟਰੰਪ ਪ੍ਰਸ਼ਾਸਨ ਦੀ ਸਿੱਖਿਆ ਵਿਰੋਧੀ ਮੁਹਿੰਮ ਦੀ ਭੇਟ ਚੜ੍ਹ ਚੁੱਕੀਆਂ ਹਨ। ਇਨ੍ਹਾਂ ਵਿੱਚ ਕੋਲੰਬੀਆ, ਪਿੰਸਟਨ, ਬਰਾਊਨ ਤੇ ਪੇਂਸਿਲਵੇਨੀਆ ਯੂਨੀਵਰਸਿਟੀਆਂ ਸ਼ਾਮਲ ਹਨ। ਇਨ੍ਹਾਂ ਯੂਨੀਵਰਸਿਟੀਆਂ ਨੇ ਸਰਕਾਰ ਦੀਆਂ ਸ਼ਰਤਾਂ ਮੰਨ ਕੇ ਆਪਣੀ ਰੋਕੀ ਗਈ ਸਹਾਇਤਾ ਵਾਪਸ ਲੈ ਲਈ ਹੈ।

ਇਨ੍ਹਾਂ ਸਰਕਾਰੀ ਪਾਬੰਦੀਆਂ ਵਿਰੁੱਧ ਹਾਰਵਰਡ ਯੂਨੀਵਰਸਿਟੀ ਨੇ ਸਖ਼ਤ ਰੁਖ ਅਪਣਾਇਆ ਹੈ। ਯੂਨੀਵਰਸਿਟੀਆਂ ਵਿਰੁੱਧ ਅਮਰੀਕੀ ਪ੍ਰਸ਼ਾਸਨ ਦੇ ਫੈਸਲੇ ਵਿਰੁੱਧ ਲੋਕ ਵੀ ਮੈਦਾਨ ਵਿੱਚ ਨਿੱਤਰਨੇ ਸ਼ੁਰੂ ਹੋ ਗਏ ਹਨ। ਇਨ੍ਹਾਂ ਲੋਕਾਂ ਦਾ ਕਹਿਣਾ ਹੈ ਕਿ ਇਹ ਫੈਸਲਾ ਸਿੱਖਿਆ ਉੱਤੇ ਸਿਆਸੀ ਕੰਟਰੋਲ ਕਰਨ ਦਾ ਯਤਨ ਹੈ। ਅਮਰੀਕਨ ਐਸੋਸੀਏਸ਼ਨ ਆਫ਼ ਯੂਨੀਵਰਸਿਟੀਜ਼ ਪ੍ਰੋਫ਼ੈਸਰਜ਼ ਤੇ ਕਈ ਸਮਾਜਿਕ ਸੰਗਠਨਾਂ ਨੇ ਸਰਕਾਰ ਦੇ ਫੈਸਲੇ ਵਿਰੁੱਧ ਅਦਾਲਤ ਦਾ ਦਰਵਾਜ਼ਾ ਖੜਕਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਵਿਦਿਆਰਥੀਆਂ ਉੱਤੇ ਇੱਕ ਖਾਸ ਵਿਚਾਰਧਾਰਾ ਮੜ੍ਹਨ ਦੀ ਕੋਸ਼ਿਸ਼ ਕਰ ਰਹੀ ਹੈ।

ਹਾਰਵਰਡ ਵਰਗੀਆਂ ਯੂਨੀਵਰਸਿਟੀਆਂ ਦਾ ਸੰਬੰਧ ਸਿਰਫ਼ ਅਮਰੀਕਾ ਨਾਲ ਹੀ ਨਹੀਂ, ਉਨ੍ਹਾਂ ਅੰਦਰ ਵੱਡੀ ਗਿਣਤੀ ਵਿੱਚ ਵੱਖ-ਵੱਖ ਦੇਸ਼ਾਂ ਦੇ ਵਿਦਿਆਰਥੀ ਵੀ ਪੜ੍ਹਦੇ ਹਨ। ਇਹੋ ਨਹੀਂ, ਬਹੁਤ ਸਾਰੇ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਤੇ ਸਿੱਖਿਆ ਅਦਾਰੇ ਉਨ੍ਹਾਂ ਨਾਲ ਜੁੜੇ ਹੋਏ ਹਨ। ਹਾਰਵਰਡ ਯੂਨੀਵਰਸਿਟੀ ਜੇ ਸਰਕਾਰ ਦੀਆਂ ਸ਼ਰਤਾਂ ਮੰਨ ਲੈਂਦੀ ਹੈ ਤਾਂ ਇਸ ਦਾ ਅਸਰ ਦੁਨੀਆ ਭਰ ਦੇ ਸਿੱਖਿਆ ਸੰਸਥਾਨਾਂ ਉੱਤੇ ਪਵੇਗਾ। ਟਰੰਪ ਪ੍ਰਸ਼ਾਸਨ ਨੇ 60 ਤੋਂ ਵੱਧ ਹੋਰ ਯੂਨੀਵਰਸਿਟੀਆਂ ਨੂੰ ਵੀ ਨੋਟਿਸ ਭੇਜ ਕੇ ਚੇਤਾਵਨੀ ਜਾਰੀ ਕੀਤੀ ਹੈ ਕਿ ਜਾਂ ਤਾਂ ਉਹ ਸਰਕਾਰੀ ਪਾਬੰਦੀਆਂ ਦਾ ਪਾਲਣ ਕਰਨ ਜਾਂ ਉਨ੍ਹਾਂ ਨਾਲ ਵੀ ਹਾਰਵਰਡ ਵਰਗਾ ਹੀ ਵਿਹਾਰ ਕੀਤਾ ਜਾਵੇਗਾ।

ਇਹ ਚੰਗੀ ਗੱਲ ਹੈ ਕਿ ਹਾਰਵਰਡ ਪ੍ਰਸ਼ਾਸਨ ਨੇ ਟਰੰਪ ਸਰਕਾਰ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ ਹੈ। ਹਾਰਵਰਡ ਯੂਨੀਵਰਸਿਟੀ ਦੇ ਸਟੈਂਡ ਦੀ ਸ਼ਲਾਘਾ ਕਰਦਿਆਂ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਨੇ ਐਕਸ ਉੱਤੇ ਲਿਖਿਆ ਹੈ, "ਹਾਰਵਰਡ ਨੇ ਬਾਕੀ ਉੱਚ ਸਿੱਖਿਆ ਅਦਾਰਿਆਂ ਲਈ ਇਕ ਮਿਸਾਲ ਪੈਦਾ ਕੀਤੀ ਹੈ। ਉਸ ਨੇ ਅਕਾਦਮਿਕ ਅਜ਼ਾਦੀ ਦਾ ਗਲਾ ਘੁੱਟਣ ਦੇ ਗੈਰਕਾਨੂੰਨੀ ਤੇ ਅਮਾਨਵੀ ਜਤਨ ਨੂੰ ਖਾਰਜ ਕਰ ਦਿੱਤਾ ਹੈ। ਉਸ ਨੇ ਇਹ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕੇ ਹਨ ਕਿ ਹਾਰਵਰਡ ਦੇ ਵਿਦਿਆਰਥੀ ਤਰਕ, ਬਹਿਸ ਤੇ ਆਪਸੀ ਸਦਭਾਵਨਾ ਵਾਲੇ ਮਾਹੌਲ ਦਾ ਫਾਇਦਾ ਉਠਾ ਸਕਣ। ਆਓ ਉਮੀਦ ਕਰੀਏ ਕਿ ਬਾਕੀ ਸਿੱਖਿਆ ਸੰਸਥਾਨ ਵੀ ਉਸ ਦੇ ਪਦਚਿੰਨ੍ਹਾਂ ਉੱਤੇ ਚੱਲਣਗੇ।"

**-ਚੰਦ ਫਤਿਹਪੁਰੀ**

## ਪਾਠਕ-ਸੱਥ

### ਦਿਖਾਵੇ ਦੀ ਦੌੜ : ਮੱਧ ਵਰਗ ਕਰਜ਼ੇ ਵਿੱਚ ਕਿਵੇਂ ਫਸਦਾ ਹੈ

ਸਾਨੂੰ ਮਿਡਲ ਕਲਾਸ ਭਾਵ ਮੱਧ ਵਰਗੀ ਲੋਕਾਂ ਨੂੰ ਇੱਕ ਗੱਲ ਦਾ ਬਹੁਤ ਡਰ ਲੱਗਦਾ ਹੈ ਕਿ ਕੋਈ ਸਾਨੂੰ ਗਰੀਬ ਨਾ ਸਮਝ ਲਵੇ। ਮੱਧ ਵਰਗੀ ਲੋਕਾਂ ਕੋਲ ਭਾਵੇਂ 20 ਹਜ਼ਾਰ ਦਾ ਫੋਨ ਖਰੀਦਣ ਦੇ ਪੈਸੇ ਹੋਣ, ਪਰ ਉਹ ਇੱਕ ਲੱਖ ਦਾ ਆਈਫੋਨ ਲੈਣ ਦੀ ਕੋਸ਼ਿਸ਼ ਕਰਦੇ ਹਨ, ਸਿਰਫ਼ ਇਸ ਲਈ ਕਿ ਅਮੀਰ ਲੱਗ ਸਕਣ।

ਜੇ ਉਨ੍ਹਾਂ ਕੋਲ 50 ਹਜ਼ਾਰ ਦਾ ਮੋਟਰਸਾਈਕਲ ਖਰੀਦਣ ਦੀ ਸਮਰੱਥਾ ਹੋਵੇ, ਤਾਂ ਵੀ ਉਹ ਕਰਜ਼ਾ ਲੈ ਕੇ 6-7 ਲੱਖ ਦੀ ਕਾਰ ਖਰੀਦਣਗੇ, ਤਾਂ ਕਿ ਲੋਕ ਸੋਚਣ ਕਿ ਉਹ ਅਮੀਰ ਹਨ। ਜੇ ਪੈਸੇ ਨਹੀਂ ਹੁੰਦੇ, ਤਾਂ ਉਹ ਕ੍ਰੈਡਿਟ ਕਾਰਡ ਵਰਤਦੇ ਹਨ। ਇਸ ਸਭ ਵਿੱਚ ਫਸ ਕੇ, ਉਨ੍ਹਾਂ ਕੋਲ ਜੋ ਥੋੜ੍ਹਾ-ਬਹੁਤ ਪੈਸਾ ਹੁੰਦਾ ਹੈ, ਉਹ ਵੀ ਖਤਮ ਹੋ ਜਾਂਦਾ ਹੈ।

ਇਹ ਸਿਰਫ਼ ਇਸ ਲਈ ਹੁੰਦਾ ਹੈ ਕਿ ਲੋਕ ਉਨ੍ਹਾਂ ਨੂੰ ਅਮੀਰ ਸਮਝਣ। ਉਹ ਅਸਲ ਵਿੱਚ ਜਿੰਨੇ ਅਮੀਰ ਨਹੀਂ ਹੁੰਦੇ, ਉਸ ਤੋਂ ਵੱਧ ਦਿਖਾਉਣ ਦੀ ਕੋਸ਼ਿਸ਼ ਕਰਦੇ ਹਨ। ਇਸ ਕਾਰਨ ਉਹ ਅਕਸਰ ਮੁਸ਼ਕਿਲ ਵਿੱਚ ਫਸ ਜਾਂਦੇ ਹਨ ।

ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਅਮੀਰੀ ਸਿਰਫ਼ ਮਹਿੰਗੀਆਂ ਚੀਜ਼ਾਂ ਖਰੀਦਣ ਵਿੱਚ ਨਹੀਂ ਹੈ । ਅਸਲ ਅਮੀਰੀ ਇਹ ਹੈ ਕਿ ਤੁਹਾਡੇ ਕੋਲ ਪੈਸਾ ਹੋਵੇ ਅਤੇ ਤੁਸੀਂ ਆਪਣੀਆਂ ਲੋੜਾਂ ਨੂੰ ਸਹੀ ਤਰੀਕੇ ਨਾਲ ਪੂਰਾ ਕਰ ਸਕੋ। ਇਸ ਦਿਖਾਵੇ ਦੀ ਦੌੜ ਵਿੱਚ ਪੈ ਕੇ ਮਿਡਲ ਕਲਾਸ ਦੇ ਲੋਕ ਆਪਣਾ ਹੀ ਨੁਕਸਾਨ ਕਰਦੇ ਹਨ। ਉਨ੍ਹਾਂ ਨੂੰ ਇਹ ਡਰ ਛੱਡ ਦੇਣਾ ਚਾਹੀਦਾ ਹੈ ਕਿ ਕੋਈ ਉਨ੍ਹਾਂ ਨੂੰ ਗਰੀਬ ਸਮਝੇਗਾ, ਨਹੀਂ ਤਾਂ ਉਹ ਕਰਜ਼ੇ ਵਿੱਚ ਫਸ ਕੇ ਸੱਚ ਵਿੱਚ ਗਰੀਬ ਹੋ ਜਾਣਗੇ।

**-ਚਾਨਣ ਦੀਪ ਸਿੰਘ ਔਲਖ, 98768-88177**

# ਗੱਫਿਆਂ ਵਾਲੇ ਬਿੱਲ 'ਤੇ ਚਰਚਾ ਕਾਹਦੀ?



ਗੁਰਪ੍ਰੀਤ

ਜਦੋਂ ਸੰਸਦ ਦੇ ਸਾਰੇ ਮੈਂਬਰ ਆਪਣੀ ਚੁੱਪ ਦੇ ਵਿੱਚ ਹੀ ਏਨਾ ਬੋਲ ਦੇਣ ਕਿ ਸਭ ਅੱਛਾ ਹੀ ਹੈ...! ਇਹ ਬਿੱਲ ਪਾਸ ਕਰ ਦਿਓ ਤਾਂ, ਕਿੰਨੀ ਹੈਰਾਨੀ ਹੋਵੇਗੀ ਨਾ ਕਿ ਸੰਸਦ ਵਿੱਚ ਹਰ ਨਿੱਕੇ-ਮੋਟੇ ਬਿੱਲ 'ਤੇ ਲੰਮੀਆਂ-ਚੌੜੀਆਂ ਬਹਿਸਾਂ ਅਤੇ ਇੱਕ-ਦੂਜੇ 'ਤੇ ਗੰਭੀਰ ਦੋਸ਼ ਲਗਾਉਣ ਵਾਲੇ ਲੀਡਰ ਆਖ਼ਰ ਇੱਕ ਅਜਿਹੇ ਬਿੱਲ 'ਤੇ ਚੁੱਪੀ ਤਾਣ ਕੇ ਕਿਵੇਂ ਕਹਿ ਦਿੰਦੇ ਨੇ ਕਿ ਇਹ ਬਿੱਲ ਅੱਛਾ ਹੈ, ਇਸ ਨੂੰ ਪਾਸ ਕਰ ਦਿਓ।

ਪਾਠਕ ਸੋਚ ਰਹੇ ਹੋਣਗੇ ਕਿ ਮੈਂ ਅਜਿਹੇ ਕਿਹੜੇ ਬਿੱਲ ਦੀ ਗੱਲ ਕਰ ਰਿਹਾ, ਜਿਸ ਨੂੰ ਬਿਨਾਂ ਕਿਸੇ ਵਿਰੋਧ ਦੇ ਸੰਸਦ ਵਿੱਚ ਪਾਸ ਕਰ ਦਿੱਤਾ ਗਿਆ। ਵੈਸੇ, ਤਾਂ ਸੰਸਦ ਵਿੱਚ ਅਸੀਂ ਸੱਤਾ ਧਿਰ ਅਤੇ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ (ਐੱਮ ਪੀਜ਼) ਨੂੰ ਲੜਦੇ, ਝਗੜਦੇ ਅਤੇ ਰੌਲਾ ਪਾਉਂਦੇ ਜ਼ਰੂਰ ਦੇਖਦੇ ਹੋਵਾਂਗੇ, ਪਰ ਇੱਕ ਅਜਿਹਾ ਬਿੱਲ ਜਦੋਂ ਸੰਸਦ ਵਿੱਚ ਆਇਆ ਤਾਂ ਕੋਈ ਵੀ ਬਹਿਸ ਨਹੀਂ ਹੋਈ, ਕੋਈ ਝਗੜਾ ਨਹੀਂ ਹੋਇਆ, ਨਾ ਹੀ ਕਿਸੇ 'ਤੇ ਕੋਈ ਗੰਭੀਰ ਦੋਸ਼ ਲੱਗਿਆ, ਸਗੋਂ ਇਹ ਬਿੱਲ ਬਿਨਾਂ ਕਿਸੇ ਵਿਰੋਧ ਦੇ ਪਾਸ ਕਰ ਦਿੱਤਾ ਗਿਆ।

ਦਰਅਸਲ ਇਹ ਬਿੱਲ ਸੀ ਸੰਸਦ ਮੈਂਬਰਾਂ ਦੀ ਤਨਖ਼ਾਹ ਵਿੱਚ ਵਾਧਾ ਕਰਨ ਵਾਲਾ। ਇਸ ਸੈਸ਼ਨ ਦੌਰਾਨ ਮੌਜੂਦਾ ਸੰਸਦ ਮੈਂਬਰਾਂ ਅਤੇ ਸਾਬਕਾ ਸੰਸਦ ਮੈਂਬਰਾਂ ਲਈ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਇੱਕ ਅਹਿਮ ਐਲਾਨ ਕੀਤਾ ਗਿਆ ਹੈ, ਜਿਸ ਵਿੱਚ ਉਨ੍ਹਾਂ ਦੀ (ਐੱਮ.ਪੀਜ਼) ਤਨਖ਼ਾਹ, ਭੱਤੇ ਅਤੇ ਪੈਨਸ਼ਨ ਆਦਿ ਵਧਾਈ ਗਈ ਹੈ। ਮੋਟੇ ਤੌਰ 'ਤੇ ਦੱਸ ਦੇਈਏ ਕਿ ਸੰਸਦ ਮੈਂਬਰਾਂ ਦੀ ਤਨਖ਼ਾਹ 1 ਲੱਖ ਰੁਪਏ ਤੋਂ ਵਧਾ ਕੇ ਇੱਕ ਲੱਖ 24 ਹਜ਼ਾਰ ਰੁਪਏ ਕਰ ਦਿੱਤੀ ਗਈ ਹੈ, ਯਾਨੀ ਕਿ ਤਨਖ਼ਾਹ ਵਿੱਚ 24 ਫ਼ੀਸਦੀ ਵਾਧਾ ਕੀਤਾ ਗਿਆ ਹੈ, ਜਦੋਂਕਿ ਦੂਜੇ ਪਾਸੇ ਕੇਂਦਰੀ ਮੁਲਾਜ਼ਮਾਂ ਨੂੰ ਸਿਰਫ਼ 2 ਫ਼ੀਸਦੀ ਮਹਿੰਗਾਈ ਭੱਤਾ ਦੇ ਕੇ ਹੀ ਸਾਰ ਦਿੱਤਾ ਗਿਆ ।

ਹਾਲਾਂਕਿ ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਡਲ ਕਲਾਸ ਨੂੰ ਇਸ ਸੰਸਦ ਵਿੱਚ ਟੈਕਸ ਤੋਂ ਭੋਰਾ ਛੋਟ ਦੇਣ ਤੋਂ ਇਲਾਵਾ ਕੱਖ ਵੀ ਪ੍ਰਾਪਤ ਨਹੀਂ ਹੋਇਆ।ਟੈਕਸ ਵਿੱਚ ਵਾਧੇ-ਘਾਟੇ ਵੀ ਉਦੋਂ ਹੀ ਚੰਗੇ ਲਗਦੇ ਨੇ, ਜਦੋਂ ਜੇਬ ਵਿੱਚ ਪੈਸੇ ਆਉਂਦੇ ਹੋਣ।

ਵੈਸੇ, ਵੇਖਿਆ ਜਾਵੇ ਤਾਂ ਕਿੰਨੀ ਹੈਰਾਨੀ ਦੀ ਗੱਲ ਹੈ ਨਾ, ਕਿ ਜਿਹਨਾਂ ਸੰਸਦ ਮੈਂਬਰਾਂ ਨੂੰ ਅਸੀਂ ਇੱਕ-ਦੂਜੇ 'ਤੇ ਗੰਭੀਰ ਦੋਸ਼ ਲਗਾਉਂਦੇ ਹੋਏ ਅਤੇ ਸੰਸਦ ਦੇ ਬਾਹਰ ਮੀਡੀਆ ਦੇ ਸਾਹਮਣੇ ਸੱਚੇ ਸਵਿਤਰੇ ਬਣਦੇ ਹੋਏ ਵੇਖਦੇ ਹਾਂ, ਉਹ ਸੰਸਦ ਮੈਂਬਰ ਆਪਣੀ ਤਨਖ਼ਾਹ ਦੇ ਵਾਧੇ ਵਾਲਾ ਬਿੱਲ ਜਿਹੜਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਇਸ ਵਾਰ ਲਿਆਂਦਾ ਗਿਆ ਹੈ, ਉਸ ਦਾ ਵਿਰੋਧ ਕੀਤੇ ਬਿਨਾਂ ਹੀ ਪਾਸ ਕਰਵਾ ਆਏ। ਇਹਨਾਂ ਸੰਸਦ ਮੈਂਬਰਾਂ 'ਤੇ ਕਿਵੇਂ ਯਕੀਨ ਕਰ ਲਿਆ ਜਾਵੇ ਕਿ ਇਹ ਲੋਕ-ਪੱਖੀ ਹਨ ਅਤੇ ਲੋਕਾਂ 'ਤੇ ਪੈ ਰਹੀ ਮਹਿੰਗਾਈ ਦੀ ਮਾਰ ਦੀ ਇਹ ਗੱਲ ਸੰਸਦ ਵਿੱਚ ਕਰਨਗੇ? ਸਰਕਾਰ ਵੱਲੋਂ ਕਈ ਨਵੇਂ ਬਿੱਲ ਲਿਆਏ ਜਾਂਦੇ ਨੇ, ਕਈ ਬਿੱਲਾਂ ਵਿੱਚ ਸੋਧਾਂ ਕੀਤੀਆਂ ਜਾਂਦੀਆਂ ਨੇ ਅਤੇ ਇਹਨਾਂ ਬਿੱਲਾਂ ਦਾ ਹਮੇਸ਼ਾ ਹੀ ਵਿਰੋਧੀ ਧਿਰ ਦੇ ਵਿੱਚ ਬੈਠੇ ਸੰਸਦ ਮੈਂਬਰਾਂ ਅਤੇ ਹੋਰਨਾਂ ਵੱਲੋਂ ਵਿਰੋਧ ਕੀਤਾ ਜਾਂਦਾ ਹੈ, ਪਰ ਹੈਰਾਨੀ ਉਸ ਵੇਲੇ ਹੁੰਦੀ ਹੈ, ਜਦੋਂ ਇੱਕ ਅਜਿਹਾ ਬਿੱਲ ਸੰਸਦ ਵਿੱਚ ਪੇਸ਼ ਕੀਤਾ ਜਾਵੇ, ਜਿਸ ਦਾ ਨਾ ਵਿਰੋਧ ਹੋਵੇ, ਨਾ ਬਹਿਸ ਹੋਵੇ, ਸਗੋਂ ਚੁੱਪ-ਚੁਪੀਤੇ ਹਾਂ ਵਿੱਚ ਹਾਂ ਮਿਲਾ ਕੇ ਪਾਸ ਕਰ ਦਿੱਤਾ ਜਾਵੇ। ਵੈਸੇ, ਸੰਸਦ ਮੈਂਬਰਾਂ ਦੀ ਵਧੀ ਤਨਖ਼ਾਹ ਦੇ ਨਾਲ ਖ਼ਜ਼ਾਨੇ 'ਤੇ ਵੱਡੇ ਪੱਧਰ 'ਤੇ ਬੋਝ ਪੈਣ ਵਾਲਾ ਹੈ, ਪਰ ਸੰਸਦ ਮੈਂਬਰਾਂ ਨੂੰ ਕੀ ਲੱਗੇ, ਇਹ ਤਾਂ ਆਮ ਲੋਕਾਂ ਨੇ ਹੀ ਟੈਕਸ ਭਰ ਕੇ ਇਹਨਾਂ ਨੂੰ ਤਨਖ਼ਾਹ ਅਤੇ ਹੋਰ ਭੱਤੇ ਦਿਵਾਉਣੇ ਨੇ।

ਜੇਕਰ ਕਿਸਾਨ ਆਪਣੀਆਂ ਕਰੀਬ 23 ਫ਼ਸਲਾਂ ਉਤੇ ਐਮ ਐਸ ਪੀ (ਘੱਟੋ-ਘੱਟ ਸਮਰਥਨ ਮੁੱਲ) ਗਰੰਟੀ ਕਾਨੂੰਨ ਵੀ ਮੰਗਦੇ ਨੇ, ਮੁਲਾਜ਼ਮ ਪੁਰਾਣੀ ਪੈਨਸ਼ਨ ਸਕੀਮ ਮੰਗਦੇ ਨੇ, ਤਾਂ ਸਰਕਾਰਾਂ ਵੱਲੋਂ ਇਹਨਾਂ ਦੀਆਂ ਮੰਗਾਂ ਨੂੰ ਦਰਕਿਨਾਰ ਕਰ ਦਿੱਤਾ ਜਾਂਦਾ ਹੈ, ਤਾਂ ਜੋ ਇਹ ਚੁੱਪ ਕਰ ਜਾਣ । ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਆਮ ਵਰਗਾਂ ਦੀਆਂ ਮੰਗਾਂ ਬਾਰੇ ਇਹਨਾਂ ਸਰਕਾਰਾਂ ਅਤੇ ਵਿਰੋਧੀ ਧਿਰਾਂ ਵੱਲੋਂ ਮੁੱਦਾ ਬਣਾ ਕੇ ਇੱਕ ਵਾਰ ਰੌਲਾ-ਰੱਪਾ ਪਾ ਕੇ ਫੇਰ ਸਭ ਕੁਝ ਬੰਦ ਕਰ ਦਿੱਤਾ ਜਾਂਦਾ ਹੈ, ਪਰ ਜਦੋਂ ਇਹ ਸਾਰੇ ਵਰਗ ਸੜਕਾਂ ਤੇ ਆਉਂਦੇ ਨੇ, ਤਾਂ ਮੀਡੀਏ ਦੇ ਕੁਝ ਹਿੱਸੇ ਵੱਲੋਂ ਬਿਨਾਂ ਤੱਥ ਪੜਤਾਲ ਕੀਤੇ ਹੀ ਵਿਰੋਧ ਕਰਨ ਵਾਲਿਆਂ ਦੇ ਖ਼ਿਲਾਫ਼ ਗੁੰਮਰਾਹਕੁੰਨ ਖ਼ਬਰਾਂ ਲਗਾਉਣੀਆਂ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਨੇ, ਜਿਸ ਦੇ ਕਾਰਨ ਆਮ ਲੋਕਾਂ ਅਤੇ ਮੁਲਾਜ਼ਮਾਂ ਦੁਆਰਾ ਕੀਤਾ ਜਾ ਰਿਹਾ ਸੰਘਰਸ਼ ਅਜਾਈਂ ਚਲਾ ਜਾਂਦਾ ਹੈ।

ਪੰਜਾਬ ਸਮੇਤ ਦੇਸ਼ ਭਰ ਦਾ ਮੁਲਾਜ਼ਮ ਵਰਗ ਇਸ ਵੇਲੇ ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰਨ ਦੀ ਮੰਗ ਕੇਂਦਰ ਅਤੇ ਸੂਬਿਆਂ ਦੀਆਂ ਸਰਕਾਰਾਂ ਕੋਲੋਂ ਕਰ ਰਿਹਾ ਹੈ । ਕੁਝ ਸੂਬਿਆਂ ਵੱਲੋਂ ਆਪਣੇ ਪੱਧਰ 'ਤੇ ਜਿੱਥੇ ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰ ਦਿੱਤਾ ਗਿਆ ਹੈ, ਉੱਥੇ ਹੀ ਦੂਜੇ ਪਾਸੇ ਸਾਰੇ ਦੇਸ਼ ਦੇ ਅੰਦਰ ਇਹ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਗਈ, ਜਿਸ ਦੇ ਕਾਰਨ ਲੱਖਾਂ ਹੀ ਮੁਲਾਜ਼ਮਾਂ ਵਿੱਚ ਰੋਸ ਵੇਖਣ ਨੂੰ ਮਿਲ ਰਿਹਾ ਹੈ। ਸਰਕਾਰ ਦਾ ਕਹਿਣਾ ਹੈ ਕਿ ਜੇਕਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰ ਦਿੱਤੀ ਜਾਂਦੀ ਹੈ ਤਾਂ ਖ਼ਜ਼ਾਨੇ 'ਤੇ ਬੋਝ ਪਵੇਗਾ, ਪਰ ਸਵਾਲ ਇਹ ਹੈ ਕਿ ਜੇਕਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਨਾਲ ਖ਼ਜ਼ਾਨੇ 'ਤੇ ਬੋਝ ਪੈਂਦਾ ਹੈ ਤਾਂ ਫਿਰ ਸੰਸਦ ਮੈਂਬਰਾਂ ਜਾਂ ਫਿਰ ਸਾਬਕਾ ਸੰਸਦ ਮੈਂਬਰਾਂ ਦੀ ਤਨਖ਼ਾਹ ਅਤੇ ਪੈਨਸ਼ਨ ਵਿੱਚ ਏਨਾ ਜ਼ਿਆਦਾ ਵਾਧਾ ਕਿਉਂ ਕਰ ਦਿੱਤਾ ਗਿਆ?

ਇੱਥੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਨਾ ਬਣਦਾ ਹੈ ਕਿ ਸੰਸਦ ਮੈਂਬਰਾਂ ਅਤੇ ਸਾਬਕਾ ਸੰਸਦ ਮੈਂਬਰਾਂ ਦੀਆਂ ਤਨਖ਼ਾਹਾਂ ਅਤੇ ਭੱਤਿਆਂ ਨੂੰ ਆਖ਼ਰੀ ਵਾਰ 2018 ਵਿੱਚ ਸੋਧਿਆ ਗਿਆ ਸੀ। ਹਾਲਾਂਕਿ ਇਸ ਵਾਰ ਹਲਕੇ ਅਤੇ ਦਫ਼ਤਰ ਭੱਤਿਆਂ ਵਿੱਚ ਵਾਧੇ ਦਾ ਕੋਈ ਜ਼ਿਕਰ ਇਸ ਨੋਟੀਫ਼ਿਕੇਸ਼ਨ ਵਿੱਚ ਨਜ਼ਰੀ ਨਹੀਂ ਆਇਆ, ਪਰ ਜੇਕਰ ਸੰਸਦ ਮੈਂਬਰਾਂ ਅਤੇ ਸਾਬਕਾ ਸੰਸਦ ਮੈਂਬਰਾਂ ਦੇ ਭੱਤਿਆਂ ਵਿੱਚ 24 ਪ੍ਰਤੀਸ਼ਤ ਵਾਧਾ ਲਾਗੂ ਕੀਤਾ ਜਾਂਦਾ ਹੈ, ਤਾਂ ਇਹ 70,000 ਰੁਪਏ ਤੋਂ ਵਧ ਕੇ 86,800 ਰੁਪਏ (ਹਲਕਾ) ਅਤੇ 60,000 ਰੁਪਏ ਤੋਂ ਵਧ ਕੇ 74,400 ਰੁਪਏ (ਦਫ਼ਤਰ ਖ਼ਰਚ) ਹੋ ਜਾਣਗੇ।ਇੱਕ ਜਾਣਕਾਰੀ ਅਨੁਸਾਰ ਹੁਣ ਇੱਕ ਸੰਸਦ ਮੈਂਬਰ ਨੂੰ ਹਰ ਮਹੀਨੇ 2.54 ਲੱਖ ਰੁਪਏ ਮਿਲਣਗੇ, ਯਾਨੀ ਉਸ ਦੀ ਸਾਲਾਨਾ ਆਮਦਨ 30.48 ਲੱਖ ਰੁਪਏ ਹੋਵੇਗੀ । ਇਹ ਦੇਖਦੇ ਹੋਏ ਕਿ 2022-23 ਲਈ ਭਾਰਤ ਦੀ ਪ੍ਰਤੀ ਵਿਅਕਤੀ ਆਮਦਨ 1.72 ਲੱਖ ਰੁਪਏ ਸੀ (ਮੌਜੂਦਾ ਕੀਮਤਾਂ 'ਤੇ), ਇੱਕ ਔਸਤ ਸੰਸਦ ਮੈਂਬਰ, ਇੱਕ ਔਸਤ ਭਾਰਤੀ ਦੀ ਮਾਸਿਕ ਆਮਦਨ ਦਾ ਲਗਭਗ 17 ਗੁਣਾ ਵੱਧ ਕਮਾਉਂਦਾ ਹੈ । ਇਹ ਮੰਨ ਕੇ ਕਿ ਤਿੰਨੋਂ ਸੰਸਦੀ ਸੈਸ਼ਨ 30 ਦਿਨਾਂ ਲਈ ਚਲਦੇ ਹਨ, ਸੰਸਦ ਮੈਂਬਰਾਂ ਨੂੰ ਰੋਜ਼ਾਨਾ ਭੱਤੇ ਵਜੋਂ ਸਾਲਾਨਾ 2.25 ਲੱਖ ਰੁਪਏ ਹੋਰ ਮਿਲਣਗੇ। ਇਹ ਸੰਸਦ ਮੈਂਬਰਾਂ ਨੂੰ ਦਿੱਤੇ ਜਾਣ ਵਾਲੇ ਲਾਭਾਂ ਅਤੇ ਸਹੂਲਤਾਂ ਦਾ ਇੱਕ ਹਿੱਸਾ ਹੈ।

ਹਰੇਕ ਸੰਸਦ ਮੈਂਬਰ ਨੂੰ ਆਪਣੇ ਅਤੇ ਆਪਣੇ ਪਰਵਾਰ ਲਈ ਮੁਫ਼ਤ ਡਾਕਟਰੀ ਸੇਵਾ, ਦਿੱਲੀ ਵਿੱਚ ਕਿਰਾਏ-ਮੁਕਤ ਰਿਹਾਇਸ਼ ਜਾਂ ਪ੍ਰਤੀ ਮਹੀਨਾ 2 ਲੱਖ ਰੁਪਏ ਦਾ ਰਿਹਾਇਸ਼ੀ ਭੱਤਾ ਮਿਲਦਾ ਹੈ। ਇੱਕ ਰਿਪੋਰਟ ਦੇ ਅਨੁਸਾਰ ਸੰਸਦ ਮੈਂਬਰਾਂ ਨੂੰ 50,000 ਯੂਨਿਟ ਮੁਫ਼ਤ ਬਿਜਲੀ, 4,000 ਕਿੱਲੋ-ਲੀਟਰ ਮੁਫ਼ਤ ਪਾਣੀ ਅਤੇ ਫ਼ੋਨ ਅਤੇ ਇੰਟਰਨੈੱਟ ਦੀ ਵਰਤੋਂ ਲਈ ਅਦਾਇਗੀ ਵੀ ਮਿਲਦੀ ਹੈ। ਉਹ ਆਪਣੇ ਅਤੇ ਆਪਣੇ ਪਰਵਾਰ ਲਈ ਸਾਲਾਨਾ 34 ਘਰੇਲੂ ਹਵਾਈ ਯਾਤਰਾਵਾਂ, ਪਹਿਲੀ ਸ਼੍ਰੇਣੀ ਵਿੱਚ ਮੁਫ਼ਤ ਰੇਲ ਯਾਤਰਾ ਅਤੇ ਚੋਣ ਹਲਕਿਆਂ ਦੇ ਅੰਦਰ ਸੜਕ ਯਾਤਰਾ ਲਈ ਵੱਖਰੇ ਭੱਤੇ ਦਾ ਦਾਅਵਾ ਵੀ ਕਰ ਸਕਦੇ ਹਨ ।

ਰਿਪੋਰਟਾਂ ਕਹਿੰਦੀਆਂ ਨੇ ਕਿ ਭਾਰਤ ਵਿੱਚ ਨਿੱਜੀ ਅਤੇ ਜਨਤਕ ਦੋਵਾਂ ਖੇਤਰਾਂ ਵਿੱਚ ਤਨਖ਼ਾਹਾਂ ਵਿੱਚ ਵਾਧਾ ਅਕਸਰ ਮੁਦਰਾ ਸਫੀਤੀ (ਮਹਿੰਗਾਈ) ਤੋਂ ਪਿੱਛੇ ਰਹਿ ਜਾਂਦਾ ਹੈ, ਜਿਸ ਕਾਰਨ ਆਮਦਨ ਵਿੱਚ ਖੜੋਤ ਜਾਂ ਗਿਰਾਵਟ ਆਉਂਦੀ ਹੈ। 2000 ਦੇ ਦਹਾਕੇ ਦੇ ਸ਼ੁਰੂ ਵਿੱਚ ਭਾਰਤ ਵਿੱਚ ਮੁਦਰਾ ਸਫੀਤੀ ਔਸਤਨ 5-6 ਪ੍ਰਤੀਸ਼ਤ ਪ੍ਰਤੀ ਸਾਲ ਸੀ। ਹਾਲਾਂਕਿ, 2010 ਦੇ ਦਹਾਕੇ ਦੇ ਸ਼ੁਰੂ ਵਿੱਚ ਮੁਦਰਾ ਸਫੀਤੀ ਫਿਰ ਵਧੀ ਅਤੇ 2013 ਵਿੱਚ 10 ਪ੍ਰਤੀਸ਼ਤ ਤੋਂ ਵਧ ਗਈ, ਪਰ 2010 ਦੇ ਦਹਾਕੇ ਦੇ ਅਖੀਰ ਤੱਕ ਮੁਦਰਾ ਸਫੀਤੀ ਦਰਾਂ 3-5 ਪ੍ਰਤੀਸ਼ਤ ਦੀ ਸੀਮਾ ਦੇ ਅੰਦਰ ਸਥਿਰ ਹੋ ਗਈਆਂ ਸਨ । ਹਾਲ ਹੀ ਵਿੱਚ 2023 ਵਿੱਚ ਸਾਲਾਨਾ ਮਹਿੰਗਾਈ ਦਰ 5.65 ਪ੍ਰਤੀਸ਼ਤ ਦਰਜ ਕੀਤੀ ਗਈ ਸੀ, ਜਦੋਂ ਕਿ ਇਸ ਸਾਲ ਫਰਵਰੀ ਵਿੱਚ ਮਹਿੰਗਾਈ ਦਰ ਘਟ ਕੇ 3.61 ਪ੍ਰਤੀਸ਼ਤ ਹੋ ਗਈ।

2010 ਦਾ ਸੋਧ ਸਭ ਤੋਂ ਵੱਖਰਾ ਸੀ, ਜਿਸ ਵਿੱਚ ਸੰਸਦ ਮੈਂਬਰਾਂ ਦੀਆਂ ਤਨਖ਼ਾਹਾਂ ਵਿੱਚ 212.5 ਪ੍ਰਤੀਸ਼ਤ ਦਾ ਵਾਧਾ ਹੋਇਆ, ਭਾਵੇਂ ਕਿ ਉਸ ਸਾਲ ਤਨਖ਼ਾਹ ਕਮਿਸ਼ਨ ਦੀ ਕੋਈ ਸਿਫ਼ਾਰਸ਼ ਲਾਗੂ ਨਹੀਂ ਕੀਤੀ ਗਈ ਸੀ । 2018 ਵਿੱਚ ਸੰਸਦ ਮੈਂਬਰਾਂ ਦੀਆਂ ਤਨਖ਼ਾਹਾਂ ਦੁੱਗਣੀਆਂ ਹੋ ਗਈਆਂ, ਜੋ ਕਿ 7ਵੇਂ ਤਨਖ਼ਾਹ ਕਮਿਸ਼ਨ (2016) ਦੇ ਤਹਿਤ 14.3 ਪ੍ਰਤੀਸ਼ਤ ਵਾਧੇ ਦੇ ਅਨੁਸਾਰ ਸੀ। 2023 ਵਿੱਚ ਨਵੇਂ ਸੰਸਦ ਮੈਂਬਰਾਂ ਨੂੰ 24 ਪ੍ਰਤੀਸ਼ਤ ਤਨਖ਼ਾਹ ਵਾਧਾ ਮਿਲਿਆ, ਜੋ ਕਿ ਫਿਰ ਤੋਂ ਤਨਖ਼ਾਹ ਕਮਿਸ਼ਨ ਦੇ ਢਾਂਚੇ ਤੋਂ ਬਾਹਰ ਸੀ। ਹਾਲਾਂਕਿ ਸੰਸਦ ਮੈਂਬਰਾਂ ਦੇ ਵਧਾਏ ਗਏ ਇਹ ਸਾਰੇ ਭੱਤੇ ਅਤੇ ਸਹੂਲਤਾਂ ਮਿਲ ਕੇ ਸਰਕਾਰੀ ਖ਼ਜ਼ਾਨੇ 'ਤੇ ਭਾਰੀ ਦਬਾਅ ਪਾਉਂਦੀਆਂ ਹਨ, ਜਿਸ ਤਰ੍ਹਾਂ ਮਹਿੰਗਾਈ ਕਾਰਨ ਤੇਲ ਅਤੇ ਹਵਾਈ ਕਿਰਾਏ ਦੀਆਂ ਕੀਮਤਾਂ ਵਧੀਆਂ ਹਨ, ਉਸ ਨੂੰ ਦੇਖਦੇ ਹੋਏ ਸਰਕਾਰੀ ਖ਼ਜ਼ਾਨੇ 'ਤੇ ਹੁਣ ਹੋਰ ਵੀ ਬੋਝ ਪਵੇਗਾ। ਉਦਾਹਰਨ ਵਜੋਂ, 2018 ਵਿੱਚ ਦਿੱਲੀ ਵਿੱਚ ਪੈਟਰੋਲ ਦੀ ਕੀਮਤ ਲਗਭਗ 69.04 ਰੁਪਏ ਪ੍ਰਤੀ ਲੀਟਰ ਸੀ, ਜੋ ਹੁਣ 37 ਪ੍ਰਤੀਸ਼ਤ ਵਧ ਕੇ ਲਗਭਗ 95 ਰੁਪਏ ਪ੍ਰਤੀ ਲੀਟਰ ਹੋ ਗਈ ਹੈ।

ਐਸੋਸੀਏਸ਼ਨ ਆਫ਼ ਡੈਮੋਕ੍ਰੇਟਿਕ ਰਿਫਾਰਮਜ਼ ਦੀ ਰਿਪੋਰਟ ਦੇ ਅਨੁਸਾਰ, 18ਵੀਂ ਲੋਕ ਸਭਾ ਵਿੱਚ ਚੁਣੇ ਹੋਏ 543 ਪ੍ਰਤੀਨਿਧੀਆਂ ਵਿੱਚੋਂ 504 ਕਰੋੜਪਤੀ ਹਨ, ਜੋ ਕਿ ਸੰਸਦ ਮੈਂਬਰਾਂ ਦਾ 93 ਪ੍ਰਤੀਸ਼ਤ ਹੈ। ਇਹ ਅੰਕੜਾ ਇਸ ਨੂੰ ਹੁਣ ਤੱਕ ਦੀ ਸਭ ਤੋਂ ਅਮੀਰ ਲੋਕ ਸਭਾ ਬਣਾਉਂਦਾ ਹੈ । ਇਹਨਾਂ ਤਨਖ਼ਾਹਾਂ ਵਿੱਚ ਹੋਏ ਵਾਧੇ ਤੋਂ ਬਾਅਦ ਤਾਂ ਉਮੀਦ ਇਹੋ ਲਗਾਈ ਜਾ ਰਹੀ ਹੈ ਕਿ ਦੇਸ਼ ਵਿੱਚ ਹੁਣ ਕਰੋੜਪਤੀ ਸੰਸਦ ਮੈਂਬਰਾਂ ਦੀ ਗਿਣਤੀ ਹੋਰ ਵਧੇਗੀ।

ਖ਼ੈਰ, ਇਹ ਉਹ ਰਿਪੋਰਟ ਹੈ, ਜਿਹੜੀ ਮੈਨੂੰ ਲੱਗਦਾ ਹੈ ਕਿ ਪਾਠਕਾਂ ਨੂੰ ਕਿਤੇ ਹੋਰ ਵੀ ਪੜ੍ਹਨ ਨੂੰ ਨਹੀਂ ਮਿਲਣੀ, ਪਰ ਸਵਾਲ ਇੱਥੇ ਉਨ੍ਹਾਂ ਸਭਨਾਂ ਲਈ ਹੈ, ਜਿਹੜੇ ਵੋਟਾਂ ਪਾ ਕੇ ਇਹਨਾਂ ਨੇਤਾਵਾਂ ਨੂੰ ਸੰਸਦ ਅਤੇ ਵਿਧਾਨ ਸਭਾ ਦਾ ਮੂੰਹ ਵਿਖਾਉਂਦੇ ਨੇ ਕਿ ਉਹ ਆਪਣੇ ਹੱਕਾਂ ਦੀ ਗੱਲ ਇਹਨਾਂ ਨਾਲ ਕਦੋਂ ਕਰਨਗੇ, ਕਿਉਂਕਿ ਇੱਕ ਵਾਰ ਦਾ ਬਣਿਆ ਸੰਸਦ ਮੈਂਬਰ ਸਾਰੀ ਉਮਰ ਦੀ ਆਪਣੀ ਰੋਟੀ ਬਣਾ ਜਾਂਦਾ ਹੈ ਅਤੇ ਉਹਦੇ ਜਵਾਕ ਵੀ ਉਹ ਸੰਸਦ ਮੈਂਬਰ ਦੇ ਸਿਰੋਂ ਹੀ ਸਾਰੀ ਉਮਰ ਖਾਂਦੇ ਰਹਿੰਦੇ ਨੇ । ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸਾਡੇ ਲੋਕਾਂ ਨੂੰ ਸਮਝਾਉਣਾ ਔਖਾ ਹੈ, ਕਿਉਂਕਿ ਜਿਹੜੇ ਲੋਕ ਲੀਡਰਾਂ ਦੇ ਚੋਣ ਵਾਅਦੇ ਸੁਣ ਕੇ ਉਨ੍ਹਾਂ ਨੂੰ ਵੋਟਾਂ ਪਾ ਕੇ ਸੱਤਾ ਵਿੱਚ ਲਿਆ ਕੇ ਬਾਅਦ ਵਿੱਚ ਉਨ੍ਹਾਂ ਲੀਡਰਾਂ ਤੋਂ ਹੀ ਡਾਂਗਾਂ ਖਾਂਦੇ ਨੇ, ਉਨ੍ਹਾਂ ਲੋਕਾਂ ਦਾ ਜਾਂ ਫਿਰ ਕਹਿ ਲਓ ਕਿ ਉਨ੍ਹਾਂ ਵੋਟਰਾਂ ਦਾ ਕੁਝ ਨਹੀਂ ਬਣ ਸਕਦਾ। ਜਿਹੜੇ ਵੋਟ ਪਾਉਣ ਤੋਂ ਪਹਿਲਾਂ ਆਪਣੇ ਹਲਕੇ ਦੇ ਉਮੀਦਵਾਰਾਂ ਨੂੰ ਸਵਾਲ ਨਹੀਂ ਕਰਦੇ ਅਤੇ ਇਹ ਨਹੀਂ ਸੋਚਦੇ ਕਿ ਫਲਾਣਾ ਉਮੀਦਵਾਰ ਕਿੰਨਾ ਪੜ੍ਹਿਆ-ਲਿਖਿਆ ਹੈ ਅਤੇ ਕੀ ਉਹ ਉਨ੍ਹਾਂ ਦੇ ਹੱਕਾਂ ਦੀ ਗੱਲ ਕਰੇਗਾ?

ਇੱਥੇ ਸਮਝਣ ਸੋਚਣ ਅਤੇ ਵਿਚਾਰਨ ਵਾਲੀ ਗੱਲ ਉਹਨਾਂ ਸੰਸਦ ਮੈਂਬਰਾਂ ਲਈ ਵੀ ਹੈ, ਜਿਹੜੇ ਵੋਟਾਂ ਲੈ ਕੇ ਆਮ ਜਨਤਾ ਨੂੰ ਮੂੰਹ ਤੱਕ ਨਹੀਂ ਵਿਖਾਉਂਦੇ ਅਤੇ ਉਹਨਾਂ ਦੇ ਮੁੱਦੇ ਵੀ ਸੰਸਦ ਵਿੱਚ ਨਹੀਂ ਚੁੱਕਦੇ। ਵੈਸੇ ਤਾਂ ਇਸ ਮਹਿੰਗਾਈ ਦੇ ਦੌਰ ਵਿੱਚ ਮੁਫਤ ਇਲਾਜ ਅਤੇ ਮੁਫਤ ਸਿੱਖਿਆ ਦੀ ਬੇਹੱਦ ਜ਼ਰੂਰਤ ਹੈ, ਜਿਹੜੀ ਕਿ ਆਮ ਬੰਦੇ ਦੀ ਪਹੁੰਚ ਤੋਂ ਬਾਹਰ ਹੋਈ ਪਈ ਹੈ, ਇਸ ਵੱਲ ਕੋਈ ਵੀ ਸਰਕਾਰ ਧਿਆਨ ਨਹੀਂ ਦੇ ਰਹੀ। ਸਰਕਾਰਾਂ ਇਸ਼ਤਿਹਾਰਾਂ ਵਿੱਚ ਆਪਣੇ ਕਾਰਜ ਜ਼ਿਆਦਾ ਗਿਣਾ ਰਹੀਆਂ ਹਨ, ਜਦੋਂਕਿ ਜ਼ਮੀਨ 'ਤੇ ਅਜਿਹਾ ਕੁਝ ਵੀ ਨਹੀਂ ਹੋ ਰਿਹਾ।

**# ਸੰਪਰਕ : 95698-20314**

# ਸੋਸ਼ਲ ਮੀਡੀਆ 'ਤੇ ਗਿਬਲੀ ਤਸਵੀਰਾਂ ਦਾ ਵਧਦਾ ਰੁਝਾਨ

**ਪ੍ਰੋ. ਕੁਲਬੀਰ ਸਿੰਘ**

ਸੋਸ਼ਲ ਮੀਡੀਆ 'ਤੇ ਗਿਬਲੀ ਤਸਵੀਰਾਂ ਦਾ ਹੜ੍ਹ ਆਇਆ ਹੋਇਆ ਹੈ। ਅਸੀਂ ਭਾਰਤੀ ਭੇਡ-ਚਾਲ ਦੇ ਸ਼ੌਕੀਨ ਹਾਂ। ਏ ਆਈ ਦੀ ਵਰਤੋਂ ਨਾਲ ਆਪਣੀਆਂ ਤਸਵੀਰਾਂ ਜਪਾਨੀ ਕਲਾ ਦੀ ਸ਼ੈਲੀ ਵਿਚ ਢਾਲ ਕੇ ਲੋਕ ਸੋਸ਼ਲ ਮੀਡੀਆ 'ਤੇ ਸਾਂਝੀਆਂ ਕਰ ਰਹੇ ਹਨ । ਇਹ ਵੇਖਣ ਨੂੰ ਭਾਵੇਂ ਦਿਲਚਸਪ ਤੇ ਆਕਰਸ਼ਕ ਲੱਗਦੀਆਂ ਹਨ, ਲੋਕ ਇਨ੍ਹਾਂ ਤਸਵੀਰਾਂ ਬਾਰੇ ਇੱਕ-ਦੂਸਰੇ ਨੂੰ ਹਾਸਾ-ਠੱਠਾ ਵੀ ਕਰ ਰਹੇ ਹਨ, ਪਰ ਸੋਸ਼ਲ ਮੀਡੀਆ 'ਤੇ ਕਿਸੇ ਵੀ ਨਵੇਂ ਰੁਝਾਨ ਦੀ ਵਰਤੋਂ ਕਦੇ ਕਾਹਲ ਵਿਚ ਅਤੇ ਬਿਨਾਂ ਸੋਚੇ-ਸਮਝੇ ਨਹੀਂ ਕਰਨੀ ਚਾਹੀਦੀ। ਪਹਿਲਾਂ ਉਹਦੇ ਬਾਰੇ ਪੂਰੀ ਜਾਣਕਾਰੀ ਲੈ ਲੈਣੀ ਚਾਹੀਦੀ ਹੈ, ਕਿਉਂਕਿ ਅਜਿਹੇ ਰੁਝਾਨ ਦੀ ਅਪਰਾਧੀ ਬਿਰਤੀ ਵਾਲੇ ਸ਼ਾਤਰ ਦਿਮਾਗ ਲੋਕ ਬੜੀ ਅਸਾਨੀ ਨਾਲ ਦੁਰਵਰਤੋਂ ਕਰ ਸਕਦੇ ਹਨ ।

ਗਿਬਲੀ ਤਸਵੀਰਾਂ ਹਰੇਕ ਵਰਗ ਦੇ ਲੋਕ ਬੜੇ ਚਾਅ ਤੇ ਸ਼ੌਕ ਨਾਲ ਸੋਸ਼ਲ ਮੀਡੀਆ 'ਤੇ ਪਾ ਰਹੇ ਹਨ। ਇਹ ਨਰਮ ਰੰਗਾਂ ਵਾਲੀਆਂ ਜਾਦੂਮਈ ਤਸਵੀਰਾਂ ਸੁਪਨੇ ਵਰਗੀਆਂ ਲੱਗਦੀਆਂ ਹਨ । ਇਸ ਦੇ ਇਕਦਮ ਚਰਚਿਤ ਹੋਣ ਦਾ ਇੱਕ ਕਾਰਨ ਇਹ ਵੀ ਹੈ ਕਿ ਤੁਸੀਂ ਆਪਣੀ ਸੈਲਫ਼ੀ, ਪਰਿਵਾਰਕ ਤਸਵੀਰ ਜਾਂ ਕਿਸੇ ਵੀ ਫੋਟੋ ਨੂੰ ਇੱਕ ਬਟਨ ਦਬਾ ਕੇ ਗਿਬਲੀ ਪੋਰਟਰੇਟ ਵਿਚ ਤਬਦੀਲ ਕਰ ਸਕਦੇ ਹੋ। ਇਹ ਪੋਰਟਰੇਟ ਕਲਾਕ੍ਰਿਤ ਵੀ ਲੱਗਦੀ ਹੈ, ਕਾਰਟੂਨ ਵੀ ਅਤੇ ਤਸਵੀਰ ਵੀ। ਇਹੀ ਇਸ ਦੀ ਵੱਖਰਤਾ ਤੇ ਵਿਸ਼ੇਸ਼ਤਾ ਹੈ । ਵੇਖਣ ਨੂੰ ਕਲਾਸਿਕ ਨਜ਼ਰ ਆਉਂਦੀ ਹੈ, ਪਰੰਤੂ ਦੂਸਰੇ ਪਾਸੇ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਮਾਹਰ ਇਸ ਦੀ ਵਰਤੋਂ ਪ੍ਰਤੀ ਸੁਚੇਤ ਵੀ ਕਰ ਰਹੇ ਹਨ। ਜਦੋਂ ਤੁਸੀਂ ਇਸ ਤਕਨੀਕ ਦੀ ਵਰਤੋਂ ਕਰਦੇ ਹੋ ਤਾਂ ਤੁਹਾਡਾ ਨਿੱਜੀ ਡਾਟਾ ਚੋਰੀ ਹੋ ਸਕਦਾ ਹੈ। ਤੇਜ਼ੀ ਨਾਲ ਤਸਵੀਰ ਨੂੰ ਪੋਰਟਰੇਟ ਵਿਚ ਤਬਦੀਲ ਕਰਨ ਦੇ ਲਾਲਚ ਵਿਚ ਆਪਣੀ ਨਿੱਜਤਾ ਨੂੰ ਕਦੇ ਵੀ ਦਾਅ 'ਤੇ ਨਾ ਲਗਾਓ, ਕਿਉਂਕਿ ਤੁਹਾਡੀਆਂ ਇਨ੍ਹਾਂ ਤਸਵੀਰਾਂ ਅਤੇ ਡਾਟਾ ਨੂੰ ਤੁਹਾਨੂੰ ਬਦਨਾਮ ਕਰਨ, ਪ੍ਰੇਸ਼ਾਨ ਕਰਨ ਲਈ ਕਿਸੇ ਵੀ ਸਮੇਂ ਪ੍ਰਯੋਗ ਕੀਤਾ ਜਾ ਸਕਦਾ ਹੈ । ਤੁਹਾਡੀ ਸਹਿਮਤੀ ਤੋਂ ਬਿਨ੍ਹਾਂ ਇਨ੍ਹਾਂ ਨੂੰ ਕਿਤੇ ਵੀ ਵਰਤਿਆ ਜਾ ਸਕਦਾ ਹੈ । ਅਪਰਾਧੀ ਕਿਸਮ ਦੇ ਲੋਕਾਂ ਦੁਆਰਾ ਡਾਟਾ ਦੀ ਦੁਰਵਰਤੋਂ ਦੀਆਂ ਖ਼ਬਰਾਂ ਰੋਜ਼ਾਨਾ ਅਖ਼ਬਾਰਾਂ ਵਿਚ ਪ੍ਰਕਾਸ਼ਤ ਹੁੰਦੀਆਂ ਰਹਿੰਦੀਆਂ ਹਨ ।

ਗਿਬਲੀ ਤਸਵੀਰਾਂ ਪ੍ਰਤੀ ਯਕਦਮ ਲੋਕਾਂ ਦੇ ਆਕਰਸ਼ਨ ਤੇ ਦਿਲਚਸਪੀ ਤੋਂ ਪਤਾ ਚੱਲਦਾ ਹੈ ਕਿ ਵੱਖ-ਵੱਖ ਕਲਾਵਾਂ ਪ੍ਰਤੀ ਲੋਕਾਂ ਦਾ ਉਤਸ਼ਾਹ ਹਮੇਸ਼ਾ ਤੋਂ ਬਣਿਆ ਰਿਹਾ ਹੈ, ਜਿਹੜਾ ਅੱਜ ਵੀ ਬਰਕਰਾਰ ਹੈ । ਗਿਬਲੀ ਸ਼ੈਲੀ ਕਲਾ ਵਿਚ ਕਲਾਤਮਕਤਾ ਹੈ, ਕੋਮਲਤਾ ਹੈ, ਆਪਣਾਪਨ ਹੈ, ਸੁਹਜ ਹੈ, ਭਾਵਨਾਤਮਕਤਾ ਹੈ, ਇਸ ਲਈ ਇਹ ਸਭ ਨੂੰ ਭਾਉਂਦੀ ਹੈ, ਸਭ ਲਈ ਮਜ਼ੇਦਾਰ ਹੈ, ਸਭ ਦੇ ਸੁਹਜ-ਸੁਆਦ ਦੀ ਤ੍ਰਿਪਤੀ ਕਰਦੀ ਹੈ । ਇਹ ਵੀ ਯਕੀਨੀ ਹੈ ਕਿ ਗਿਬਲੀ ਤਸਵੀਰਾਂ ਖੁਸ਼ੀ ਫੈਲਾਉਂਦੀਆਂ ਹਨ, ਸਿਰਜਣਾਤਮਿਕਤਾ ਨੂੰ ਪ੍ਰੇਰਿਤ ਕਰਦੀਆਂ ਹਨ, ਮਨ ਨੂੰ ਆਨੰਦਿਤ ਕਰਦੀਆਂ ਹਨ। ਸਾਫ਼ਟਵੇਅਰ ਇੰਜੀਨੀਅਰ ਗ੍ਰਾਂਟ ਸਲੈਟਨ ਨੇ ਗਿਬਲੀ ਸ਼ੈਲੀ ਦੀ ਏ ਆਈ ਕਲਾ ਪ੍ਰਵਿਰਤੀ ਨੂੰ ਚਰਚਿਤ ਤੇ ਹਰਮਨਪਿਆਰੀ ਬਣਾਉਣ ਲਈ ਪਹਿਲ ਕੀਤੀ । ਉਸ ਨੇ ਪਹਿਲਾਂ ਓਪਨ ਏ ਆਈ ਦੁਆਰਾ ਆਪਣੇ ਅਤਿ-ਆਧੁਨਿਕ ਤਸਵੀਰ-ਨਿਰਮਾਣ ਉਪਕਰਨ ਪੇਸ਼ ਕੀਤੇ ਅਤੇ ਉਸ ਦੇ ਤੁਰੰਤ ਬਾਅਦ ਸਮੁੰਦਰ ਕਿਨਾਰੇ ਆਪਣੇ ਪਰਵਾਰ ਅਤੇ ਕੁੱਤੇ ਨਾਲ ਏ ਆਈ ਰੂਪਾਂਤਰਿਤ ਤਸਵੀਰ ਐਕਸ ਸੋਸ਼ਲ 'ਤੇ ਪੋਸਟ ਕੀਤੀ। ਵੇਖਦੇ ਹੀ ਵੇਖਦੇ ਗਿਬਲੀਫਾਈਡ ਤਸਵੀਰਾਂ ਸੋਸ਼ਲ ਮੀਡੀਆ ਦੀ ਨਵੀਨਤਮਕ ਸਨਸਨੀ ਵਿਚ ਬਦਲ ਗਈਆਂ ਅਤੇ ਇਕ ਗਰਮਾ-ਗਰਮ ਬਹਿਸ ਨੂੰ ਜਨਮ ਦੇ ਦਿੱਤਾ।

ਮੀਡੀਆ ਦੇ ਵੱਖ-ਵੱਖ ਮੰਚਾਂ 'ਤੇ ਇਹਦੇ ਬਾਰੇ ਲਗਾਤਾਰ ਚਰਚਾ ਹੋ ਰਹੀ ਹੈ । ਇਸੇ ਚਰਚਾ ਦਾ ਹਿੱਸਾ ਇੱਕ ਉਹ ਵੀਡੀਓ ਹੈ, ਜਿਹੜੀ ਇਕ ਟੈਲੀਵਿਜ਼ਨ ਚੈਨਲ ਵੱਲੋਂ ਸੋਸ਼ਲ ਮੀਡੀਆ 'ਤੇ ਪਾਈ ਹੋਈ ਹੈ। ਗਿਬਲੀ ਤਸਵੀਰਾਂ ਦੇ ਪ੍ਰਸੰਗ ਵਿਚ ਟੀ ਵੀ ਐਂਕਰ ਕਹਿ ਰਿਹਾ ਹੈ ਕਿ ਜਦੋਂ ਤੁਸੀਂ ਕੋਈ ਆਪਣੀ ਜਾਂ ਆਪਣੇ ਪਰਿਵਾਰ ਦੀ ਤਸਵੀਰ ਨੂੰ ਗਿਬਲੀ ਕਲਾ (ਕਾਰਟੂਨ) ਵਿਚ ਪਰਿਵਰਤਤ ਕਰਨ ਲਈ ਕਹਿੰਦੇ ਹੋ ਤਾਂ ਆਪਣੀ, ਆਪਣੇ ਪਰਵਾਰ ਦੀ ਨਿੱਜਤਾ ਤੇ ਸੁਰੱਖਿਆ ਨੂੰ ਦਾਅ 'ਤੇ ਲਾ ਦਿੰਦੇ ਹੋ । ਉਨ੍ਹਾਂ ਤਸਵੀਰਾਂ ਨੂੰ ਉਹ ਬਾਅਦ ਵਿਚ ਕਿਸੇ ਵੀ ਰੂਪ ਵਿਚ ਵਰਤ ਸਕਦੇ ਹਨ, ਉਨ੍ਹਾਂ ਨਾਲ ਛੇੜ-ਛਾੜ ਕਰ ਸਕਦੇ ਹਨ । ਗਿਬਲੀ ਸਟੂਡੀਓ ਆਪਣੀ ਫ਼ਿਲਮ ਨਿਰਮਾਣ ਦੀ ਉੱਚ ਗੁਣਵੱਤਾ ਅਤੇ ਕਲਾਤਮਿਕਤਾ ਲਈ ਜਾਣਿਆ ਜਾਂਦਾ ਹੈ । ਇਸ ਦੀ ਹਰੇਕ ਫੀਚਰ ਫ਼ਿਲਮ ਨੇ ਆਲੋਚਨਾ ਅਤੇ ਪ੍ਰਸੰਸਾ ਹਾਸਲ ਕੀਤੀ ਅਤੇ ਹੋਰਨਾਂ ਐਨੀਮੇਸ਼ਨ ਸਟੂਡੀਓ ਦਾ ਧਿਆਨ ਖਿੱਚਿਆ। ਇਸ ਸਟੂਡੀਓ ਦਾ ਨਾਂਅ ਰੱਖਣ ਵੇਲੇ ਲੀਬੀਆਈ-ਅਰਬੀ ਸ਼ਬਦ 'ਗਿਬਲੀ' ਤੋਂ ਪ੍ਰੇਰਨਾ ਲਈ ਗਈ, ਜਿਸ ਦਾ ਸ਼ਬਦੀ ਅਰਥ ਹੈ 'ਗਰਮ ਰੇਗਿਸਤਾਨੀ ਹਵਾ' । ਇਹ ਨਾਂਅ ਇਸ ਉਮੀਦ ਨਾਲ ਰੱਖਿਆ ਗਿਆ ਸੀ ਕਿ 'ਗਿਬਲੀ ਸਟੂਡੀਓ' ਨਾਲ ਐਨੀਮੇਸ਼ਨ ਉਦਯੋਗ ਵਿਚ ਇਕ ਨਵੀਂ ਹਵਾ ਵਗੇਗੀ। ਹੁਣ ਇੰਟਰਨੈੱਟ ਅਤੇ ਏ ਆਈ ਦੇ ਸੁਮੇਲ ਸਦਕਾ ਗਿਬਲੀ ਕਲਾ ਪੂਰੀ ਦੁਨੀਆ ਵਿਚ ਛਾ ਗਈ ਹੈ ।

# ਅਕਾਲੀ ਦਲ ਦੀ ਪ੍ਰਧਾਨਗੀ ਸੁਖਬੀਰ ਲਈ ਕੰਡਿਆਂ ਦਾ ਰਾਹ

**ਬਲਵਿੰਦਰ ਸਿੰਘ ਭੁੱਲਰ**

ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਡੈਲੀਗੇਟ ਅਜਲਾਸ ਰਾਹੀਂ ਸੁਖਬੀਰ ਸਿੰਘ ਬਾਦਲ ਨੂੰ ਮੁੜ ਦਲ ਦਾ ਪ੍ਰਧਾਨ ਚੁਣ ਲਿਆ ਗਿਆ। ਇਸ ਬਾਰੇ ਪਹਿਲਾਂ ਹੀ ਸਭ ਲੋਕ ਭਲੀਭਾਂਤ ਜਾਣਦੇ ਸਨ ਕਿ ਉਹਨਾ ਨੂੰ ਹੀ ਪ੍ਰਧਾਨ ਚੁਣਿਆ ਜਾਵੇਗਾ, ਉਹੀ ਹੋ ਗਿਆ। ਪਰ ਸੁਆਲ ਉੱਠਦਾ ਹੈ ਕਿ ਬਾਦਲ ਦੇ ਪ੍ਰਧਾਨ ਬਣਨ ਨਾਲ ਸ਼੍ਰੋਮਣੀ ਅਕਾਲੀ ਦਲ ਦਾ ਅੰਦਰਲਾ ਕਾਟੋ-ਕਲੇਸ਼ ਖਤਮ ਹੋ ਜਾਵੇਗਾ? ਕੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਹੋਵੇਗਾ? ਕੀ ਪੰਜਾਬ ਦੇ ਲੋਕ ਸੁਖਬੀਰ ਬਾਦਲ ਨੂੰ ਪ੍ਰਧਾਨ ਵਜੋਂ ਕਬੂਲ ਕਰ ਲੈਣਗੇ? ਕੀ ਸੁਖਬੀਰ ਬਾਦਲ ਲੋਕਾਂ ਦੀਆਂ ਆਸਾਂ, ਉਮੀਦਾਂ 'ਤੇ ਖ਼ਰਾ ਉੱਤਰ ਸਕੇਗਾ? ਅਜਿਹੇ ਅਨੇਕਾਂ ਸੁਆਲ ਹਨ, ਜੋ ਅੱਜ ਹਰ ਹੱਟੀ-ਭੱਠੀ, ਗਲੀਆਂ, ਬਜ਼ਾਰਾਂ ਵਿੱਚ ਚਰਚਾ ਦਾ ਵਿਸ਼ਾ ਬਣੇ ਹੋਏ ਹਨ।

ਮੁੜ ਪ੍ਰਧਾਨ ਬਣ ਜਾਣ 'ਤੇ ਸੁਖਬੀਰ ਸਿੰਘ ਬਾਦਲ ਬੜੇ ਹੌਂਸਲੇ ਵਿੱਚ ਵਿਖਾਈ ਦੇ ਰਹੇ ਹਨ ਅਤੇ ਉਹਨਾ ਦੇ ਚਹੇਤੇ ਤਾਂ ਅਗਲੀ ਸਰਕਾਰ ਵੀ ਅਕਾਲੀ ਦਲ ਦੀ ਵੇਖਣ ਲੱਗ ਪਏ ਹਨ, ਪਰ ਅਸਲ ਪੱਖੋਂ ਵੇਖਿਆ ਜਾਵੇ ਤਾਂ ਸੁਖਬੀਰ ਲਈ ਚੁਣੌਤੀਆਂ ਪਹਿਲਾਂ ਨਾਲੋਂ ਘਟੀਆਂ ਨਹੀਂ, ਸਗੋਂ ਵਧ ਗਈਆਂ ਹਨ। ਜਦੋਂ ਅਕਾਲੀ ਸਰਕਾਰ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਹੋਈਆਂ, ਉਸ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਗਿਰਾਵਟ ਸ਼ੁਰੂ ਹੋ ਗਈ ਸੀ ਅਤੇ ਪੰਜਾਬ ਵਿੱਚ ਉਸ ਸਮੇਂ ਤੋਂ ਬਾਅਦ ਹੋਈਆਂ ਸਾਰੀਆਂ ਚੋਣਾਂ ਵਿੱਚ ਅਕਾਲੀ ਦਲ ਨੂੰ ਬੁਰੀ ਹਾਰ ਦਾ ਮੂੰਹ ਵੇਖਣਾ ਪਿਆ। ਸੱਤਰ-ਸੱਤਰ, ਅੱਸੀ-ਅੱਸੀ ਸੀਟਾਂ ਜਿੱਤਣ ਵਾਲਾ ਅਕਾਲੀ ਦਲ ਦੋ-ਤਿੰਨ ਤੱਕ ਸਿਮਟ ਕੇ ਰਹਿ ਗਿਆ। ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਸਰਕਾਰ ਅਤੇ ਬਾਦਲ ਪਰਵਾਰ ਨੂੰ ਇਹਨਾਂ ਘਿਨਾਉਣੀਆਂ ਘਟਨਾਵਾਂ ਪ੍ਰਤੀ ਜ਼ਿੰਮੇਵਾਰ ਮੰਨਦੇ ਹਨ। ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਨੇ ਖ਼ੁਦ ਅਤੇ ਸੱਤਾ ਦਾ ਲਾਭ ਲੈਣ ਵਾਲੇ ਉਹਨਾਂ ਦੇ ਨਜ਼ਦੀਕੀਆਂ ਨੇ ਬਥੇਰੀਆਂ ਸਫ਼ਾਈਆਂ ਦਿੱਤੀਆਂ, ਪਰ ਲੋਕਾਂ ਨੇ ਉਹਨਾਂ 'ਤੇ ਵਿਸ਼ਵਾਸ ਨਾ ਕੀਤਾ। ਅੱਜ ਤੱਕ ਅਕਾਲੀ ਦਲ ਮੁੜ ਪੈਰਾਂ ਸਿਰ ਖੜਾ ਨਹੀਂ ਹੋ ਸਕਿਆ।

ਦਲ ਨੂੰ ਮਜ਼ਬੂਤ ਕਰਨ ਲਈ ਅਤੇ ਪਾਰਟੀ ਦੀ ਮੁੜ-ਸੁਰਜੀਤੀ ਲਈ ਕੁਝ ਅਕਾਲੀ ਆਗੂਆਂ ਨੇ ਬਾਗੀਪੁਣਾ ਵਿਖਾ ਕੇ ਬਾਦਲ ਪਰਵਾਰ ਨੂੰ ਪਾਰਟੀ ਦੇ ਅਹੁਦਿਆਂ ਤੋਂ ਲਾਂਭੇ ਹੋ ਜਾਣ ਲਈ ਅਪੀਲਾਂ ਕੀਤੀਆਂ, ਜਿਹਨਾਂ ਨੂੰ ਅਸਵੀਕਾਰ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਪ੍ਰਧਾਨਗੀ ਛੱਡਣ ਤੋਂ ਕੋਰਾ ਜਵਾਬ ਦੇ ਦਿੱਤਾ। ਪੰਜਾਬ ਦੇ ਲੋਕ ਇਸ ਖੇਤਰੀ ਪਾਰਟੀ ਦੀ ਮਜ਼ਬੂਤੀ ਦੇ ਹੱਕ ਵਿੱਚ ਸਨ, ਇਸ ਕਰਕੇ ਪਾਰਟੀ ਤੋਂ ਬਾਹਰਲੇ ਬੁੱਧੀਜੀਵੀ ਲੋਕਾਂ ਨੇ ਵੀ ਬਾਦਲ ਨੂੰ ਪਾਸੇ ਹੋ ਜਾਣ ਦੇ ਸੁਝਾਅ ਦਿੱਤੇ, ਪਰ ਸੁਖਬੀਰ ਸਿੰਘ ਬਾਦਲ ਇਸ ਕਦਰ ਡਰੇ ਹੋਏ ਸਨ ਕਿ ਜੇਕਰ ਇੱਕ ਵਾਰ ਹੱਥ ਪੋਲਾ ਕਰ ਦਿੱਤਾ ਤਾਂ ਮੁੜ ਕਿਸੇ ਨੇ ਪ੍ਰਧਾਨਗੀ ਦੇ ਨੇੜੇ ਫੜਕਣ ਵੀ ਨਹੀਂ ਦੇਣਾ। ਇਸ ਕਰਕੇ ਉਹਨਾ ਮਨ ਬਣਾ ਲਿਆ ਕਿ ਭਾਵੇਂ ਉਹ ਇਕੱਲੇ ਰਹਿ ਜਾਣ, ਪ੍ਰਧਾਨਗੀ ਨਹੀਂ ਛੱਡਣਗੇ।

ਬਾਦਲ ਪਰਵਾਰ ਦੇ ਵਿਰੋਧੀ ਧੜੇ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਪਹੁੰਚ ਕਰਨ 'ਤੇ ਸਥਿਤੀ ਕਾਫ਼ੀ ਨਾਜ਼ੁਕ ਬਣ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੱਦਣ 'ਤੇ ਸੁਖਬੀਰ ਸਿੰਘ ਬਾਦਲ ਕਸੂਤੀ ਸਥਿਤੀ ਵਿੱਚ ਫਸ ਗਏ, ਬੇਅਦਬੀਆਂ ਤੇ ਹੋਰ ਗੁਨਾਹਾਂ ਸੰਬੰਧੀ ਪੇਸ਼ ਹੋਣ ਲਈ ਪ੍ਰਧਾਨ ਦੀ ਹੈਸੀਅਤ ਵਿੱਚ ਜਾਇਆ ਨਹੀਂ ਜਾ ਸਕਦਾ ਸੀ। ਇਸ ਲਈ ਉਹਨਾ ਆਪਣੇ ਪਰਵਾਰ ਦੇ ਦਹਾਕਿਆਂ ਤੋਂ ਵਫ਼ਾਦਾਰ ਰਹੇ ਬਲਵਿੰਦਰ ਸਿੰਘ ਭੂੰਦੜ ਨੂੰ ਕਾਰਜਕਾਰੀ ਪ੍ਰਧਾਨ ਬਣਾ ਕੇ ਖ਼ੁਦ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋਏ ਅਤੇ ਸਾਰੇ ਗੁਨਾਹਾਂ ਨੂੰ ਕਬੂਲ ਵੀ ਕਰ ਲਿਆ। ਪੰਜ ਸਿੰਘ ਸਾਹਿਬਾਨਾਂ ਨੇ ਸੁਖਬੀਰ ਸਿੰਘ ਬਾਦਲ ਅਤੇ ਅਕਾਲੀ ਸਰਕਾਰ ਸਮੇਂ ਉਹਨਾਂ ਦਾ ਸਹਿਯੋਗ ਦੇਣ ਵਾਲੇ ਕਈ ਆਗੂਆਂ ਨੂੰ ਧਾਰਮਿਕ ਸਜ਼ਾਵਾਂ ਸੁਣਾਈਆਂ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੀ ਚਾਹੁੰਦੇ ਸਨ ਕਿ ਸ਼੍ਰੋਮਣੀ ਅਕਾਲੀ ਦਲ, ਜਿਸ ਨੂੰ ਪੰਥਕ ਪਾਰਟੀ ਕਿਹਾ ਜਾਂਦਾ ਹੈ, ਮਜ਼ਬੂਤ ਹੋਵੇ ਅਤੇ ਪੰਜਾਬ ਦੀ ਅਗਵਾਈ ਕਰੇ। ਪੰਜ ਸਿੰਘ ਸਾਹਿਬਾਨਾਂ ਨੇ ਇਸ ਸੰਬੰਧੀ ਸੱਤ ਮੈਂਬਰੀ ਕਮੇਟੀ ਕਾਇਮ ਕਰਦਿਆਂ ਸਹੀ ਤੇ ਸਪੱਸ਼ਟ ਢੰਗ ਨਾਲ ਸ਼੍ਰੋਮਣੀ ਅਕਾਲੀ ਦੀ ਨਵੀਂ ਭਰਤੀ ਕਰਨ ਦੇ ਆਦੇਸ਼ ਦਿੱਤੇ। ਸੁਖਬੀਰ ਸਮਝਦੇ ਸਨ ਕਿ ਜੇਕਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਭਰਤੀ ਕੀਤੀ ਗਈ ਤਾਂ ਉਹਨਾਂ ਦੇ ਹੱਥ ਪ੍ਰਧਾਨਗੀ ਨਹੀਂ ਆਵੇਗੀ। ਉਹਨਾ ਹੁਕਮਾਂ ਦੀ ਪਰਵਾਹ ਨਾ ਕਰਦਿਆਂ ਵੱਖਰੇ ਤੌਰ 'ਤੇ ਭਰਤੀ ਅਰੰਭ ਦਿੱਤੀ ਅਤੇ ਜਿਸ ਤਰ੍ਹਾਂ ਭਰਤੀ ਕੀਤੀ ਗਈ, ਉਹ ਸਭ ਲੋਕ ਭਲੀਭਾਂਤ ਜਾਣਦੇ ਹਨ। ਉਹਨਾਂ ਵਿੱਚੋਂ ਹੀ ਡੈਲੀਗੇਟ ਚੁਣ ਕੇ ਸਰਬਸੰਮਤੀ ਵਿਖਾਉਂਦਿਆਂ ਸੁਖਬੀਰ ਸਿੰਘ ਬਾਦਲ ਨੂੰ ਮੁੜ ਪ੍ਰਧਾਨ ਚੁਣੇ ਜਾਣ ਦਾ ਐਲਾਨ ਕਰ ਦਿੱਤਾ ਗਿਆ।

ਦੂਜੇ ਪਾਸੇ ਬਾਦਲ ਵਿਰੋਧੀ ਧੜੇ ਵੱਲੋਂ ਅਜੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਭਰਤੀ ਕੀਤੀ ਜਾ ਰਹੀ ਹੈ, ਜੋ ਲੋਕਾਂ ਦੇ ਸਾਹਮਣੇ, ਆਧਾਰ ਕਾਰਡ ਲੈ ਕੇ ਅਤੇ ਫਾਰਮਾਂ 'ਤੇ ਦਸਤਖ਼ਤ ਕਰਵਾ ਕੇ ਕੀਤੀ ਜਾ ਰਹੀ ਹੈ। ਇਸ ਧੜੇ ਨੂੰ ਚੰਗਾ ਭਰਵਾਂ ਹੁੰਗਾਰਾ ਵੀ ਮਿਲ ਰਿਹਾ ਹੈ, ਪਰ ਇਹ ਧੜਾ ਕੋਈ ਵੱਖਰੀ ਪਾਰਟੀ ਦੀ ਭਰਤੀ ਨਹੀਂ ਕਰ ਰਿਹਾ, ਬਲਕਿ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਹੀ ਕਰ ਰਿਹਾ ਹੈ। ਸੁਖਬੀਰ ਸਿੰਘ ਬਾਦਲ ਨੇ ਇਸ ਭਰਤੀ ਨੂੰ ਰੋਕਣ ਲਈ ਸੱਤ ਮੈਂਬਰੀ ਕਮੇਟੀ ਦੇ ਦੋ ਮੈਂਬਰਾਂ 'ਤੇ ਵੀ ਕਮੇਟੀ ਛੱਡ ਦੇਣ ਲਈ ਦਬਾਅ ਬਣਾਇਆ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਵੀ ਵਰਤਿਆ। ਤਿੰਨ ਸਿੰਘ ਸਾਹਿਬਾਨਾਂ ਦੀ ਛੁੱਟੀ ਵੀ ਕਰਵਾ ਦਿੱਤੀ, ਇੱਕ ਸਿੰਘ ਸਾਹਿਬਾਨ ਦੀ ਕਿਰਦਾਰਕੁਸ਼ੀ ਵੀ ਕੀਤੀ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਨੂੰ ਅੱਖੋਂ-ਪਰੋਖੇ ਕੀਤਾ, ਸਿਧਾਂਤਾਂ ਨੂੰ ਸੱਟ ਮਾਰੀ ਗਈ, ਪਰ ਫੇਰ ਵੀ ਵਿਰੋਧੀ ਧੜੇ ਵੱਲੋਂ ਕੀਤੀ ਜਾ ਰਹੀ ਭਰਤੀ ਨੂੰ ਰੋਕਿਆ ਨਹੀਂ ਜਾ ਸਕਿਆ। ਹਾਲਾਤ ਇੱਥੋਂ ਤੱਕ ਪਹੁੰਚ ਗਏ ਕਿ ਸਿੱਖ ਪੰਥ ਦੇ ਸਭ ਤੋਂ ਉੱਚੇ ਅਹੁਦੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਵ-ਨਿਯੁਕਤ ਸਿੰਘ ਸਾਹਿਬਾਨ ਨੂੰ ਇੱਕ ਸਮਾਗਮ ਵਿੱਚ ਪ੍ਰਬੰਧਕਾਂ ਨੇ ਜਥੇਦਾਰ ਮੰਨਣ ਤੋਂ ਇਨਕਾਰ ਕਰਦਿਆਂ ਸਿਰੋਪਾ ਲੈਣ ਤੋਂ ਹੀ ਇਨਕਾਰ ਕਰ ਦਿੱਤਾ। ਇੱਕ ਜਥੇਦਾਰ 'ਤੇ ਦਰਜ ਮੁਕੱਦਮਿਆਂ ਦਾ ਹਵਾਲਾ ਦੇ ਕੇ ਨਿਯੁਕਤੀ 'ਤੇ ਸੁਆਲ ਉਠਾਏ ਗਏ।

ਏਨੇ ਸਭ ਕੁਝ ਹੋਣ ਦੇ ਬਾਵਜੂਦ ਸੁਖਬੀਰ ਸਿੰਘ ਪ੍ਰਧਾਨ ਬਣ ਗਏ। ਪ੍ਰਧਾਨ ਬਣਨ ਉਪਰੰਤ ਉਹਨਾ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਆਪਣੀ ਪਹਿਲੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਸਰਕਾਰ ਬਣਨ ਤੇ ਸਹੂਲਤਾਂ ਦੇਣ ਦੇ ਲਾਲਚ ਦੇਣ ਦਾ ਵਿਖਾਵਾ ਕੀਤਾ। ਅਕਾਲੀ ਦਲ ਦੇ ਸਾਰੇ ਲੀਡਰਾਂ ਨੂੰ ਇੱਕਮੁੱਠ ਹੋਣ ਦੀ ਅਪੀਲ ਵੀ ਕੀਤੀ, ਪਰ ਇਹ ਕਾਨਫਰੰਸ ਉਮੀਦਾਂ ਅਨੁਸਾਰ ਭਰਵੀਂ ਨਹੀਂ ਸੀ ਅਤੇ ਨਾ ਹੀ ਲੋਕਾਂ ਵਿੱਚ ਉਤਸ਼ਾਹ ਸੀ।

ਪਹਿਲਾਂ ਕੇਵਲ ਬੇਅਦਬੀਆਂ ਦੇ ਦੋਸ਼ਾਂ ਸਦਕਾ ਹੀ ਅਕਾਲੀ ਦਲ ਬਹੁਤ ਹੇਠਾਂ ਚਲਿਆ ਗਿਆ ਸੀ ਅਤੇ ਬਾਦਲ ਪਰਵਾਰ ਦਾ ਡਟਵਾਂ ਵਿਰੋਧ ਹੁੰਦਾ ਰਿਹਾ ਸੀ, ਹੁਣ ਪ੍ਰਧਾਨਗੀ ਹਾਸਲ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਤੇ ਸਿਧਾਂਤਾਂ ਨੂੰ ਸੱਟ ਮਾਰਨ ਅਤੇ ਸਿੰਘ ਸਾਹਿਬਾਨਾਂ ਦੀ ਕੀਤੀ ਕਿਰਦਾਰਕੁਸ਼ੀ ਅਤੇ ਧੱਕੇ ਨਾਲ ਇਹਨਾਂ ਪਵਿੱਤਰ ਤੇ ਮਹਾਨ ਅਹੁਦਿਆਂ ਤੋਂ ਚੌਕੀਦਾਰਾਂ ਵਾਂਗ ਲਾਹ ਕੇ ਘਰ ਤੋਰ ਦੇਣ ਤੋਂ ਪੰਜਾਬ ਦੇ ਲੋਕ ਖਾਸ ਕਰਕੇ ਸਿੱਖ ਜ਼ਿਆਦਾ ਗੁੱਸੇ ਵਿੱਚ ਵਿਖਾਈ ਦੇ ਰਹੇ ਹਨ। ਨਾ ਅਜੇ ਬੇਅਦਬੀਆਂ ਦੇ ਦਾਗ ਧੋਤੇ ਜਾ ਚੁੱਕੇ ਹਨ ਅਤੇ ਨਾ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਆਕੀ ਹੋਣਾ ਚੰਗਾ ਸਮਝਿਆ ਜਾ ਰਿਹਾ ਹੈ।

ਸੁਖਬੀਰ ਸਿੰਘ ਬਾਦਲ ਇਹਨਾਂ ਹਾਲਾਤ ਨੂੰ ਕਾਬੂ ਕਿਵੇਂ ਕਰਨਗੇ? ਲੋਕਾਂ ਵਿੱਚ ਵਿਸ਼ਵਾਸ ਕਿਵੇਂ ਪੈਦਾ ਕਰਨਗੇ? ਇਹਨਾਂ ਸੁਆਲਾਂ ਦੇ ਜੁਆਬ ਤਾਂ ਭਵਿੱਖ ਦੇ ਗਰਭ ਵਿੱਚ ਹਨ, ਪਰ ਉਨ੍ਹਾ ਲਈ ਇਹ ਪ੍ਰਧਾਨਗੀ ਅਜੇ ਕੰਡਿਆਂ ਦਾ ਰਾਹ ਹੈ, ਐਨਾ ਸੌਖਾ ਕੰਮ ਨਹੀਂ, ਜਿੰਨਾ ਉਹ ਸਮਝ ਰਹੇ ਹਨ।

**# ਸੰਪਰਕ: 098882-75913**

# ਪੰਜਾਬ ਸਰਕਾਰ ਨੇ ਦਲਿਤਾਂ ਤੇ ਅਨੁਸੂਚਿਤ ਜਨਜਾਤੀਆਂ ਦੇ ਹੱਕ 'ਚ ਇਤਿਹਾਸਕ ਫੈਸਲਾ ਲਿਆ : ਜੌੜਾਮਾਜਰਾ ਤੇ ਬਾਜ਼ੀਗਰ

## ● ਏ ਜੀ ਦਫਤਰ ਵਿਖੇ ਬੈਕਲਾਗ ਦੀਆਂ ਖਾਲੀ 15 ਅਸਾਮੀਆਂ ਲਈ ਮਾਪਦੰਡ ਨਰਮ ਕੀਤੇ



ਸਮਾਣਾ (ਇਕਬਾਲ ਸਿੰਘ ਢੀਂਡਸਾ, ਗੁਰਪਿਆਰ ਸਿੰਘ ਬੱਲ)- ਸਮਾਣਾ ਦੇ ਵਿਧਾਇਕ ਤੇ ਸਾਬਕਾ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਤੇ ਸ਼ੁਤਰਾਣਾ ਦੇ ਵਿਧਾਇਕ ਸ. ਕੁਲਵੰਤ ਸਿੰਘ ਬਾਜ਼ੀਗਰ ਨੇ ਇੱਕ ਅਚਾਨਕ ਵਿੱਚ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਦੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੇ ਹਿੱਤਾਂ ਦੀ ਰੱਖਿਆ ਕਰਨ ਲਈ ਆਪਣੀ ਵਚਨਬੱਧਤਾ ਪੂਰੀ ਤਰ੍ਹਾਂ ਨਿਭਾਈ ਹੈ। ਸਮਾਣਾ ਵਿਖੇ ਪ੍ਰੈੱਸ ਕਾਨਫਰੰਸ ਕਰਦਿਆਂ ਦੋਵਾਂ ਵਿਧਾਇਕਾਂ ਜੌੜਾਮਾਜਰਾ ਤੇ ਬਾਜ਼ੀਗਰ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ ਭਗਤ ਸਿੰਘ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ ਪਹਿਰਾ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦੀ ਮਿਲੇ 75 ਸਾਲ ਹੋ ਗਏ ਹਨ, ਪਰ ਦੇਸ਼ ਭਰ ਦੀਆਂ ਸਾਰੀਆਂ ਹਾਈ ਕੋਰਟਾਂ ਵਿੱਚ, ਕਿਸੇ ਵੀ ਰਾਜ ਵਿੱਚ ਵਕੀਲਾਂ ਜਾਂ ਸਰਕਾਰੀ ਵਕੀਲਾਂ ਦੀ ਭਰਤੀ ਲਈ ਐਸਸੀ, ਐਸਟੀ ਲਈ ਕੋਈ ਰਾਖਵਾਂਕਰਨ ਨਹੀਂ ਸੀ, ਪਰ ਹੁਣ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰੀ ਵਕੀਲਾਂ ਦੀਆਂ ਅਸਾਮੀਆਂ ਹਨ, ਖਾਸ ਕਰਕੇ ਹਾਈ ਕੋਰਟ ਵਿੱਚ, ਅਨੁਸੂਚਿਤ ਜਾਤੀਆਂ ਤੇ ਜਨਜਾਤੀਆਂ ਦੇ ਵਕੀਲਾਂ ਨੂੰ ਰਾਖਵੇਂ ਕਰਨ ਦਾ ਲਾਭ ਦਿੱਤਾ ਹੈ। ਜੌੜਾਮਾਜਰਾ ਤੇ ਬਾਜ਼ੀਗਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ 2017 ਦੇ ਐਕਟ ਵਿੱਚ ਸੋਧ ਕਰਕੇ ਪਹਿਲੀ ਵਾਰ 58 ਅਸਾਮੀਆਂ ਵਿੱਚ ਰਾਖਵੇਂਕਰਨ ਦੀ ਵਿਵਸਥਾ ਲਿਆਂਦੀ ਹੈ, ਭਾਵੇਂ ਉਹ ਸੀਨੀਅਰ ਐਡਵੋਕੇਟ ਜਨਰਲ ਹੋਣ ਜਾਂ ਵਧੀਕ ਐਡਵੋਕੇਟ ਜਨਰਲ ਜਾਂ ਸੀਨੀਅਰ ਡਿਪਟੀ ਐਡਵੋਕੇਟ ਜਨਰਲ ਜਾਂ ਡਿਪਟੀ ਐਡਵੋਕੇਟ ਜਨਰਲ, ਸਹਾਇਕ ਐਡਵੋਕੇਟ ਜਨਰਲ ਜਾਂ ਐਡਵੋਕੇਟ ਆਨ ਰਿਕਾਰਡ ਹੋਣ। ਇਸ ਫੈਸਲੇ ਦਾ ਇਹ ਲਾਭ ਹੋਵੇਗਾ ਕਿ ਸਰਕਾਰੀ ਵਕੀਲਾਂ ਵਿੱਚ ਰਾਖਵਾਂਕਰਨ ਹੋਵੇ ਤਾਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਬੱਚੇ ਹਾਈ ਕੋਰਟ ਅਤੇ ਸੁਪਰੀਮ ਕੋਰਟ ਦਾ ਜੱਜ ਬਣ ਸਕਣਗੇ। ਦੋਵੇਂ ਵਿਧਾਇਕਾਂ ਨੇ ਕਿਹਾ ਕਿ 58 ਅਸਾਮੀਆਂ ਰਾਖਵੀਆਂ ਰੱਖੀਆਂ ਗਈਆਂ ਹਨ, ਇਸ ਵਿੱਚ ਮਾਪਦੰਡ ਇਹ ਰੱਖੇ ਗਏ ਹਨ ਕਿ ਸੀਨੀਅਰ ਐਡਵੋਕੇਟ ਜਨਰਲ ਦੇ ਅਹੁਦੇ ਲਈ ਆਮਦਨ 20 ਲੱਖ ਰੁਪਏ ਸਾਲਾਨਾ, ਐਡੀਸ਼ਨਲ ਐਡਵੋਕੇਟ ਜਨਰਲ ਲਈ 15 ਲੱਖ ਰੁਪਏ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਲਈ 10 ਲੱਖ ਰੁਪਏ, ਡਿਪਟੀ ਐਡਵੋਕੇਟ ਜਨਰਲ ਲਈ 7 ਲੱਖ ਰੁਪਏ, ਸਹਾਇਕ ਐਡਵੋਕੇਟ ਜਨਰਲ ਲਈ 3.5 ਲੱਖ ਰੁਪਏ ਤੇ ਐਡਵੋਕੇਟ ਆਨ ਰਿਕਾਰਡ ਲਈ ਕੁਝ ਵੀ ਨਹੀਂ ਹੋਣਾ ਚਾਹੀਦਾ, ਇਹ ਸ਼ਰਤ 2017 ਦੇ ਐਕਟ ਵਿੱਚ ਸੀ। ਇਨ੍ਹਾਂ ਸ਼ਰਤਾਂ ਕਰਕੇ 58 ਅਸਾਮੀਆਂ ਵਿੱਚੋਂ 15 ਅਸਾਮੀਆਂ ਖਾਲੀ ਸਨ ਤੇ 2017 ਦੇ ਐਕਟ ਵਿੱਚ ਬਣਾਏ ਗਏ ਆਮਦਨ ਕਰ ਦੇ ਮਾਪਦੰਡਾਂ ਅਨੁਸਾਰ ਯੋਗ ਉਮੀਦਵਾਰ ਨਹੀਂ ਮਿਲੇ, ਜਿਸ ਕਾਰਨ ਪੰਜਾਬ ਸਰਕਾਰ ਨੇ ਇਹ ਇੱਕ ਇਤਿਹਾਸਕ ਫੈਸਲਾ ਲਿਆ ਹੈ। ਇਸ ਫੈਸਲੇ ਕਾਰਨ ਅਨੁਸੂਚਿਤ ਜਾਤੀ ਤੇ ਅਨੁਸੂਚਿਤ ਜਨਜਾਤੀ ਦੇ ਸਾਰੇ ਉਮੀਦਵਾਰਾਂ ਦਾ ਆਮਦਨ ਕਰ ਘੱਟ ਹੋ ਜਾਵੇਗਾ, ਅੱਜ ਇਸ ਮਾਪਦੰਡ ਵਿੱਚ ਵੱਡੀ ਢਿੱਲ ਦਿੱਤੀ ਹੈ ਤਾਂ ਜੋ 15 ਖਾਲੀ ਅਸਾਮੀਆਂ ਨੂੰ ਭਰਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਇਮਾਨਦਾਰ ਸੋਚ ਹੈ, ਜਿਸ ਲਈ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਹੈ, ਜਿਨ੍ਹਾਂ ਨੇ ਇੱਕ ਵਾਰ ਫਿਰ ਪੰਜਾਬ ਦੇ ਦਲਿਤਾਂ ਤੇ ਉਨ੍ਹਾਂ ਦੇ ਬੱਚਿਆਂ ਪ੍ਰਤੀ ਆਪਣਾ ਦਰਦ ਦਰਸਾਇਆ ਹੈ। ਇਸ ਮੌਕੇ ਮਾਰਕੀਟ ਕਮੇਟੀ ਸਮਾਣਾ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਤੇ ਗੁਰਦੇਵ ਸਿੰਘ ਟਿਵਾਣਾ ਮੌਜੂਦ ਸਨ।

# ਫ਼ਰਦ ਕੇਂਦਰਾਂ 'ਤੇ ਕਿਸਾਨ ਖੱਜਲ-ਖੁਆਰ ਹੋਣ ਲਈ ਮਜਬੂਰ



ਜਗਰਾਉਂ (ਅਮਿਤ ਖੰਨਾ)- ਸਹਿਕਾਰੀ ਸਭਾਵਾਂ ਵਿਚ ਕਿਸਾਨਾਂ ਤੋਂ ਜ਼ਮੀਨ ਦੀਆਂ ਫ਼ਰਦਾਂ ਮੰਗਣ ਕਾਰਨ ਕਿਸਾਨਾਂ ਦੀ ਫ਼ਰਦ ਕੇਂਦਰਾਂ 'ਤੇ ਦੁਰਦਸ਼ਾ ਹੋ ਰਹੀ ਹੈ। ਕਿਸਾਨ ਤੜਕੇ ਤਿੰਨ ਵਜੇ ਹੀ ਫ਼ਰਦ ਕੇਂਦਰਾਂ ਵਿੱਚ ਪਹੁੰਚ ਜਾਂਦੇ ਹਨ ਤਾਂ ਕਿ ਉਨ੍ਹਾਂ ਦਾ ਕੰਮ ਵੇਲੇ ਸਿਰ ਹੋ ਸਕੇ ਪਰ ਇਸ ਦੇ ਬਾਵਜੂਦ ਕਈ ਵਾਰ ਉਹਨਾਂ ਨੂੰ ਸ਼ਾਮ ਤੱਕ ਉਡੀਕ ਕਰਨੀ ਪੈਂਦੀ ਹੈ। ਫ਼ਰਦ ਦੇਣ ਦਾ ਕੰਮ ਬਹੁਤ ਹੌਲੀ ਹੌਲੀ ਚੱਲਦਾ ਹੈ ਤੇ ਕਈ ਵਾਰੀ ਸਰਵਰ ਡਾਊਨ ਹੋਣ ਕਾਰਨ ਕੰਮ ਰੁਕ ਜਾਂਦਾ ਹੈ। ਜ਼ਮੀਨੀ ਰਿਕਾਰਡ ਆਨ ਲਾਈਨ ਹੋਣ ਦੇ ਬਾਵਜੂਦ ਫ਼ਰਦ ਕੇਂਦਰਾਂ ਵਾਲੀ ਹਾਰਡ ਕਾਪੀ ਮੰਗੀ ਜਾ ਰਹੀ ਹੈ। ਸੁਸਾਇਟੀ ਦੇ ਕਰਮਚਾਰੀ ਇਹ ਰਿਕਾਰਡ ਆਪਣੇ ਕੰਪਿਊਟਰ 'ਤੇ ਵੀ ਕੱਢ ਕੇ ਪ੍ਰਿੰਟ ਕਰ ਸਕਦੇ ਹਨ ਤੇ ਕਿਸਾਨ ਖੱਜਲ ਖੁਆਰੀ ਤੋਂ ਬਚ ਸਕਦੇ ਹਨ। ਅੱਜ ਬੀ ਕੇ ਯੂ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ, ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ, ਬਲਾਕ ਸਕੱਤਰ ਪਾਲ ਸਿੰਘ ਭੰਮੀਪੁਰਾ ਆਪਣੇ ਸਾਥੀਆਂ ਨਾਲ ਜਦੋਂ ਜਗਰਾਓਂ ਕਚਹਿਰੀ ਕਿਸੇ ਹੋਰ ਕੰਮ ਗਏ ਸਨ ਤਾਂ ਕਿਸਾਨਾਂ ਨੇ ਫ਼ਰਦ ਕੇਂਦਰਾਂ ਵਿੱਚ ਹੋ ਰਹੀ ਖੱਜਲ ਖੁਆਰੀ ਬਾਰੇ ਦੱਸਿਆ। ਐਸ ਡੀ ਐਮ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਵੀ ਬੇਵਸੀ ਜ਼ਾਹਰ ਕੀਤੀ ਕਿ ਇਹ ਸਾਰੇ ਪੰਜਾਬ ਦਾ ਹੀ ਮਾਮਲਾ ਹੈ। ਏ ਆਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਵੀ ਕਿਹਾ ਕਿ ਫ਼ਰਦ ਕੇਂਦਰ ਵਾਲੀ ਫ਼ਰਦ ਹੀ ਲੈਣੀ ਜ਼ਰੂਰੀ ਹੈ। ਜੇ ਫ਼ਰਦ ਨਾ ਦਿੱਤੀ ਗਈ ਤਾਂ ਬਿਜਾਈ ਵਾਸਤੇ ਖਾਦ ਅਤੇ ਨਕਦੀ ਨਹੀਂ ਮਿਲੇਗੀ। ਬੀ ਕੇ ਯੂ ਡਕੌਂਦਾ ਨੇ ਸੰਬੰਧਤ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਨੂੰ ਇਧਰ ਧਿਆਨ ਦੇਣ ਲਈ ਕਿਹਾ ਹੈ।

# ਡੀ ਟੀ ਐੱਫ ਨੇ ਅਖੌਤੀ ਸਿੱਖਿਆ ਕ੍ਰਾਂਤੀ ਦਾ ਫੂਕਿਆ ਪੁਤਲਾ

## ਸਿੱਖਿਆ ਕ੍ਰਾਂਤੀ ਦਾ ਹੋ-ਹੱਲਾ ਮਹਿਜ਼ ਡਰਾਮੇਬਾਜ਼ੀ : ਆਗੂ



ਮਾਨਸਾ (ਆਤਮਾ ਸਿੰਘ ਪਮਾਰ)- ਸੂਬੇ ਭਰ ਦੇ ਸਕੂਲਾਂ ਵਿੱਚ ਅਖੌਤੀ ਸਿੱਖਿਆ ਕ੍ਰਾਂਤੀ ਦੇ ਨਾਮ ਹੇਠ ਨੀਂਹ ਪੱਥਰਾਂ ਤੇ ਉਦਘਾਟਨੀ ਸਮਾਰੋਹਾਂ ਦੀ ਝੜੀਆਂ ਲਗਾਉਣ ਵਾਲੀ ਆਪ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਖ਼ਿਲਾਫ਼ ਅਧਿਆਪਕ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਡੈਮੋਕ੍ਰੇਟਿਕ ਟੀਚਰਜ਼ ਫਰੰਟ, ਕੰਪਿਊਟਰ ਅਧਿਆਪਕ ਯੂਨੀਅਨ ਦੇ ਆਗੂਆਂ ਨੇ ਪੰਜਾਬ ਸਰਕਾਰ 'ਤੇ ਵਾਅਦਾ ਖ਼ਿਲਾਫ਼ੀ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕ, ਵਲੰਟੀਅਰ ਕੈਟਾਗਰੀ ਦੇ ਅਧਿਆਪਕ ਤੇ ਐੱਨ ਐੱਸ ਕਿਊ ਐੱਫ ਅਧਿਆਪਕਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਤੋਂ ਲਗਾਤਾਰ ਆਨਾ-ਕਾਨੀ ਕੀਤੀ ਜਾ ਰਹੀ ਹੈ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਪੁਰਾਣੀ ਪੈਨਸ਼ਨ ਬਹਾਲੀ ਦਾ ਮੁੱਦਾ ਠੰਢੇ ਬਸਤੇ ਪਾਉਣ ਤੇ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਦੀ ਸਰਕਾਰ ਹਾਲੇ ਤੱਕ ਅਧਿਆਪਕਾਂ ਨੂੰ ਮਾਰਚ ਮਹੀਨੇ ਦੀ ਤਨਖਾਹ ਵੀ ਜਾਰੀ ਨਹੀਂ ਕਰ ਸਕੀ। ਉਨ੍ਹਾਂ ਆਦਰਸ਼ ਸਕੂਲ ਚਾਉਕੇ ਦੀ ਭ੍ਰਿਸ਼ਟ ਪ੍ਰਬੰਧਕੀ ਕਮੇਟੀ ਵੱਲੋਂ ਅਧਿਆਪਕਾਂ ਦੀਆਂ ਸੇਵਾਵਾਂ ਖ਼ਤਮ ਕਰਨ ਤੇ ਹੱਕ ਮੰਗਦੇ ਅਧਿਆਪਕਾਂ ਤੇ ਇਨਸਾਫ਼ ਪਸੰਦ ਲੋਕਾਂ ਨੂੰ ਜਬਰੀ ਜੇਲ੍ਹੀਂ ਡੱਕਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਲਿਫਾਫੇਬਾਜ਼ੀ ਲੋਕਾਂ ਸਾਹਮਣੇ ਆ ਚੁੱਕੀ ਹੈ, ਜੋ ਕਿ ਜ਼ਿਆਦਾ ਦੇਰ ਨਹੀਂ ਚੱਲੇਗੀ। ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਅਧਿਆਪਕਾਂ ਨਾਲ ਕੀਤੀ ਵਾਅਦਾ ਖ਼ਿਲਾਫ਼ੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਕੰਪਿਊਟਰ ਅਧਿਆਪਕ ਸਿੱਖਿਆ ਵਿਭਾਗ ਵਿੱਚ ਬਿਨਾਂ ਸੇਵਾ ਮੁਕਤ ਤੋਂ ਰਹੇ ਹਨ। ਅਧਿਆਪਕ ਆਗੂਆਂ ਨੇ ਈ.ਟੀ.ਟੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ ਤੇ ਮਾਸਟਰ ਤੋਂ ਲੈਕਚਰਾਰ ਕਾਡਰ ਦੀਆਂ ਤਰੱਕੀਆਂ ਸਮੇਂ ਸਟੇਸ਼ਨ ਚੋਣ ਦਾ ਹੱਕ ਖੋਹਣ ਨੂੰ ਜਮੂਹਰੀਅਤ ਦਾ ਘਾਣ ਦਸਦਿਆਂ ਇਸ ਹੱਕ ਤੁਰੰਤ ਬਹਾਲ ਕਰਨ ਦੀ ਮੰਗ ਵੀ ਕੀਤੀ। ਇਸ ਸਮੇਂ ਸਮੇਤ ਵੱਡੀ ਗਿਣਤੀ ਦੇ ਆਗੂਆਂ ਨਿਹਾਲ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਸਿੰਘ, ਹਰਕੂਲ ਸਿੰਘ, ਰਾਜਿੰਦਰ ਸਿੰਘ ਆਗੂਆਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਕਿਨ੍ਹਾਂ ਲੈਕਚਰਾਰਾਂ ਤੋਂ ਹੀ ਸਕੂਲ ਚੱਲ ਰਹੇ ਹਨ ਪਰ ਇਥੋਂ ਪ੍ਰੋਮੋਟ ਹੋਏ ਅਧਿਆਪਕਾਂ ਤੇ ਲੈਕਚਰਾਰਾ ਨੂੰ ਫਾਜ਼ਿਲਕਾ, ਤਰਨਤਾਰਨ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਵਿੱਚ ਭੇਜਿਆ ਜਾ ਰਿਹਾ ਹੈ।ਇਸ ਮੌਕੇ ਬਲਕਾਰ ਸਿੰਘ, ਤਰੁਣ ਦਲੇਲਵਾਲਾ,ਗੁਰਦੀਪ ਬਰਨਾਲਾ,ਲਖਵੀਰ ਰਾਠੀ, ਹਰਪ੍ਰੀਤ ਰੱਲਾ ਤੇ ਕਰਮਜੀਤ ਅੱਕਾਂਵਾਲੀ ਆਦਿ ਹਾਜ਼ਰ ਸਨ।

# ਮਰਦ ਪ੍ਰਧਾਨ ਸਮਾਜ ਦੀ ਮਾਨਸਿਕਤਾ ਅੱਜ ਵੀ ਝਲਕ ਰਹੀ : ਨੱਥੇਵਾਲਾ, ਸ਼ਸ਼ੀ ਸ਼ਰਮਾ



ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)- ਬੀਤੇ ਦਿਨੀਂ ਅਦਾਲਤਾਂ ਦੁਆਰਾ ਕੀਤੇ ਹੋਏ ਕੁਝ ਫੈਸਲਿਆਂ ਵਿੱਚ ਅੱਜ ਵੀ ਮਰਦ ਪ੍ਰਧਾਨ ਸਮਾਜ ਵਿੱਚ ਮਰਦ ਜੱਜਾਂ ਦੁਆਰਾ ਔਰਤਾਂ ਪ੍ਰਤੀ ਗਲਤ ਫੈਸਲੇ ਅਤੇ ਬਿਆਨਬਾਜ਼ੀ ਕੀਤੀ ਗਈ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਪੰਜਾਬ ਇਸਤਰੀ ਸਭਾ ਇਸ ਨੂੰ ਬਰਦਾਸ਼ਤ ਨਹੀਂ ਕਰੇਗੀ। ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਲਾਹਾਬਾਦ ਹਾਈ ਕੋਰਟ ਦੇ ਜੱਜ ਦੀਆਂ ਜੱਜਮੈਂਟ ਦੀਆਂ ਕਾਪੀਆਂ ਸਾੜੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਫਰੀਦਕੋਟ ਵਿਖੇ ਪੰਜਾਬ ਇਸਤਰੀ ਸਭਾ ਵੱਲੋਂ ਜ਼ਿਲ੍ਹਾ ਪ੍ਰਧਾਨ ਮਨਜੀਤ ਕੌਰ ਨੱਥੇਵਾਲਾ, ਜ਼ਿਲ੍ਹਾ ਸਕੱਤਰ ਸ਼ਸ਼ੀ ਸ਼ਰਮਾ, ਸ਼ੀਲਾ ਮਨਚੰਦਾ, ਆਸ਼ਾ ਚੌਧਰੀ ਆਦਿ ਇਸਤਰੀ ਆਗੂਆਂ ਦੀ ਅਗਵਾਈ ਵਿੱਚ ਫੈਸਲੇ ਦੀਆਂ ਕਾਪੀਆਂ ਸਾੜੀਆਂ ਗਈਆਂ। ਰੋਸ ਮੁਜ਼ਾਹਰਾ ਕਰਕੇ ਪ੍ਰਬੰਧ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਸਤਰੀਆਂ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਇਲਾਹਾਬਾਦ ਦੇ ਹਾਈਕੋਰਟ ਦੇ ਜੱਜ ਮਿਸ਼ਰਾ ਵੱਲੋਂ ਇੱਕ ਬਲਾਤਕਾਰ ਦੇ ਕੇਸ ਵਿੱਚ ਔਰਤਾਂ ਪ੍ਰਤੀ ਬਹੁਤ ਘਟੀਆ ਤੇ ਗਲਤ ਫੈਸਲਾ ਅਤੇ ਬਿਆਨਬਾਜ਼ੀ ਕੀਤੀ ਜੋ ਕਿ ਬੇਹੱਦ ਘਟੀਆ ਤੇ ਨਿੰਦਣਯੋਗ ਹੈ। ਜਿਨ੍ਹਾਂ ਅਦਾਲਤਾਂ ਤੋਂ ਔਰਤਾਂ ਨੂੰ ਇਨਸਾਫ ਦੀ ਉਮੀਦ ਹੈ ਜੇਕਰ ਉਹੀ ਅਦਾਲਤਾਂ ਇਸਤਰੀਆਂ ਦੇ ਮਾਣ ਸਨਮਾਨ ਨੂੰ ਠੇਸ ਪਹੁੰਚਾਉਣਗੀਆਂ ਤਾਂ ਇਨਸਾਫ ਦੀ ਉਮੀਦ ਕਿਥੋਂ ਰੱਖੀਏ ? ਇਸ ਲਈ ਪੰਜਾਬ ਇਸਤਰੀ ਸਭਾ ਪੰਜਾਬ ਭਰ ਵਿੱਚ ਇਸ ਦਾ ਵਿਰੋਧ ਕਰ ਰਹੀ ਹੈ। ਬੀਤੇ ਦਿਨਾਂ 'ਚ ਕਈ ਹੋਰ ਫੈਸਲੇ ਵੀ ਔਰਤਾਂ ਦੇ ਖਿਲਾਫ ਹੋਏ ਹਨ ਜਿਸ ਨਾਲ ਔਰਤਾਂ ਦੇ ਮਾਣ ਸਨਮਾਨ ਨੂੰ ਠੇਸ ਪਹੁੰਚੀ ਹੈ। ਮਰਦ ਜੱਜਾਂ ਨੂੰ ਚਾਹੀਦਾ ਹੈ ਆਪਣੀ ਮਰਦ ਪ੍ਰਧਾਨ ਮਾਨਸਿਕਤਾ ਨੂੰ ਤਿਆਗ ਕੇ ਔਰਤਾਂ ਦੇ ਮਾਣ ਸਨਮਾਨ ਨੂੰ ਬਹਾਲ ਕਰਨ ਵਾਲੇ ਫੈਸਲੇ ਕਰਨ। ਜੇਕਰ ਆਪਣੀ ਮਾਨਸਿਕਤਾ ਨੂੰ ਨਾ ਬਦਲਿਆ ਤਾਂ ਪੂਰੇ ਦੇਸ਼ ਵਿੱਚ ਔਰਤਾਂ ਸੰਘਰਸ਼ ਕਰਨ ਤੋਂ ਪਿੱਛੇ ਨਹੀਂ ਹਟਣਗੀਆਂ। ਇਸ ਸਮੇਂ ਅਮਰਜੀਤ ਕੌਰ ਨੱਥੇ ਵਾਲਾ, ਸੁਖਪ੍ਰੀਤ ਕੌਰ, ਰਾਜਵਿੰਦਰ ਕੌਰ ਆਦਿ ਆਗੂ ਵੀ ਹਾਜ਼ਰ ਸਨ।

# ਭਸੌੜ ਮੰਡੀ 'ਚ ਡਾ. ਅਨਵਰ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ



ਧੂਰੀ (ਮਹਿੰਦਰ ਗਰਗ, ਬਿੰਨੀ ਗਰਗ)- ਨੇੜਲੇ ਪਿੰਡ ਭਸੌੜ ਦੀ ਖਰੀਦ ਕੇਂਦਰ ਵਿੱਚ ਵਕਫ ਬੋਰਡ ਪੰਜਾਬ ਦੇ ਮੈਂਬਰ ਡਾ. ਅਨਵਰ ਭਸੌੜ ਨੇ ਟਰੱਕ ਯੂਨੀਅਨ ਧੂਰੀ ਦੇ ਪ੍ਰਧਾਨ ਗਗਨ ਜਵੰਧਾ ਨੇ ਸਾਂਝੇ ਤੌਰ 'ਤੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ, ਉੱਥੇ ਨਾਲ ਹੀ ਮੰਡੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਸਮੁੱਚੇ ਸੀਜ਼ਨ ਦੌਰਾਨ ਆਪਣੀ ਜਿਣਸ ਦੀ ਵਿਕਰੀ ਕਰਨ ਲਈ ਆਉਣ ਵਾਲੇ ਕਿਸਾਨਾਂ ਦੀ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਖੱਜਲ ਖੁਆਰੀ ਨਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਇਸ ਸਬੰਧੀ ਪਹਿਲਾਂ ਹੀ ਬਹੁਤ ਸਖਤ ਆਦੇਸ਼ ਦਿੱਤੇ ਗਏ ਹਨ ਤੇ ਇਹ ਮੰਡੀ ਵਿੱਚ ਤਾਇਨਾਤ ਹਰੇਕ ਅਧਿਕਾਰੀ ਦਾ ਫਰਜ਼ ਬਣਦਾ ਹੈ ਕਿ ਉਹ ਸਮੁੱਚੀ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਪਾਬੰਦ ਰਹੇ।ਉਨ੍ਹਾਂ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਵੱਲੋਂ ਪੁੱਤਾਂ ਵਾਂਗ ਪਾਲੀ ਗਈ ਫਸਲ ਨੂੰ ਖਰੀਦ ਕੇ ਉਨ੍ਹਾਂ ਦੀ ਮਿਹਨਤ ਦਾ ਮੁੱਲ ਸਿਰ ਮੁੱਲ ਦਿੱਤਾ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਅਨਾਜ ਮੰਡੀਆਂ ਵਿੱਚ ਕੇਵਲ ਸੁੱਕੀ ਫਸਲ ਹੀ ਲਿਆਉਣ ਤਾਂ ਜੋ ਉਨ੍ਹਾਂ ਦੀ ਜਿਣਸ ਦੀ ਨਾਲੋਂ ਨਾਲ ਖਰੀਦ ਹੋ ਸਕੇ।ਇਸ ਮੌਕੇ ਉਨ੍ਹਾਂ ਮੌਜੂਦ ਕਿਸਾਨਾਂ ਤੇ ਮਜ਼ਦੂਰਾਂ, ਟ੍ਰਾਂਸਪੋਰਟਾਂ ਨਾਲ ਗੱਲਬਾਤ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਮੁੱਚੇ ਸੀਜ਼ਨ ਦੌਰਾਨ ਕਿਸੇ ਵੀ ਵਰਗ ਨੂੰ ਅਨਾਜ ਮੰਡੀਆਂ ਵਿੱਚ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਵੱਖ ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਬਹਾਦਰ ਸਿੰਘ, ਬਲਜੀਤ ਸਿੰਘ ਨੰਬਰਦਾਰ, ਮੇਜਰ ਸਿੰਘ, ਮਲਕੀਤ ਸਿੰਘ ਤੇ ਬਹਾਦਰ ਸਿੰਘ ਆਦਿ ਹਾਜ਼ਰ ਸਨ।

# ਦਾਜ ਮੰਗਣ ਤੇ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ 'ਚ ਪਤੀ ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫਿਰੋਜ਼ਪੁਰ ਵਿਖੇ ਇਕ ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਤੰਗ ਪ੍ਰੇਸ਼ਾਨ ਕਰਕੇ ਉਸ ਦੀ ਕੁੱਟਮਾਰ ਕਰ ਘਰੋਂ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਪ੍ਰੇਮ ਕੁਮਾਰ ਨੇ ਦੱਸਿਆ ਕਿ ਇਕ ਦਰਖਾਸਤ ਯੂਆਈਡੀ ਨੰਬਰ 536396 ਮਿਤੀ 24 ਫਰਵਰੀ 2025 ਵੱਲੋਂ ਵਿਆਹੁਤਾ ਸ਼ਰਨਜੀਤ ਕੌਰ ਪਤਨੀ ਹੁਕਮ ਸਿੰਘ ਵਾਸੀ ਮਕਾਨ ਨੰਬਰ 1100/2, ਵਾਰਡ ਨੰਬਰ 2, ਨਿਊ ਗਾਰਡਨ ਕਲੋਨੀ, ਪੱਟੀ, ਜ਼ਿਲ੍ਹਾ ਤਰਨ ਤਾਰਨ ਹਾਲ ਵਾਸੀ ਗਲੀ ਨੰਬਰ 5, ਰਿਖੀ ਕਲੋਨੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ ਹੁਕਮ ਸਿੰਘ ਪੁੱਤਰ ਤਸਬੀਰ ਸਿੰਘ ਵਾਸੀ ਮਕਾਨ ਨੰਬਰ 1100/2, ਵਾਰਡ ਨੰਬਰ 2, ਨਿਊ ਗਾਰਡਨ ਕਲੋਨੀ, ਪੱਟੀ ਜ਼ਿਲ੍ਹਾ ਤਰਨਤਾਰਨ ਨਾਲ ਕਰੀਬ 2 ਸਾਲ ਪਹਿਲਾਂ ਹੋਇਆ ਸੀ। ਵਿਆਹੁਤਾ ਸ਼ਰਨਜੀਤ ਕੌਰ ਨੇ ਦੱਸਿਆ ਕਿ ਵਿਆਹ ਸਮੇਂ ਉਸ ਦੇ ਭਰਾਵਾਂ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਦਿੱਤਾ ਸੀ, ਪਰ ਉਸ ਦਾ ਪਤੀ ਹੁਕਮ ਸਿੰਘ ਤੇ ਇਸ ਦਾ ਪਰਵਾਰ ਇਸ ਤੋਂ ਖੁਸ਼ ਨਹੀਂ ਸੀ। ਸ਼ਰਨਜੀਤ ਕੌਰ ਨੇ ਦੱਸਿਆ ਕਿ ਉਸ ਕੋਲੋਂ ਸਹੁਰਾ ਪਰਵਾਰ ਹੋਰ ਦਾਜ ਦੀ ਮੰਗ ਕਰਨ ਲੱਗੇ, ਜਦ ਉਸ ਵੱਲੋਂ ਇਨਕਾਰ ਕੀਤਾ ਤਾਂ ਹੁਕਮ ਸਿੰਘ ਨੇ ਉਸ ਦੀ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ। ਜਾਂਚਕਰਤਾ ਪ੍ਰੇਮ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸ਼ਰਨਜੀਤ ਕੌਰ ਦੇ ਬਿਆਨਾਂ 'ਤੇ ਉਸ ਦੇ ਪਤੀ ਹੁਕਮ ਸਿੰਘ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਡਾ. ਧਰਮਿੰਦਰਜੀਤ ਸਿੰਘ ਨੇ ਸੰਭਾਲਿਆ ਮੁੱਖ ਖੇਤੀਬਾੜੀ ਅਫਸਰ ਦਾ ਅਹੁਦਾ

ਲੌਂਗੋਵਾਲ/ ਸੰਗਰੂਰ (ਪ੍ਰਦੀਪ ਸਿੰਘ ਸੱਪਲ)- ਮੰਤਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤੇ ਪਿਛਲੇ ਦਿਨੀਂ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਦੀ ਖਾਲੀ ਪਈ ਅਸਾਮੀ 'ਤੇ ਡਾ. ਧਰਮਿੰਦਰਜੀਤ



ਸਿੰਘ ਦੀ ਤੈਨਾਤੀ ਦੇ ਹੁਕਮ ਜਾਰੀ ਕੀਤੇ ਗਏ ਸਨ, ਜਿਸ ਤਹਿਤ ਉਨ੍ਹਾਂ ਵੱਲੋਂ ਅੱਜ ਬਤੌਰ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਆਪਣਾ ਅਹੁਦਾ ਸੰਭਾਲ ਲਿਆ। ਉਨ੍ਹਾਂ ਦੀ ਜੁਆਇਨਿੰਗ ਸਮੇਂ ਦਫਤਰ ਮੁੱਖ ਖੇਤੀਬਾੜੀ ਅਫਸਰ ਸੰਗਰੂਰ ਦੇ ਸਮੂਹ ਅਧਿਕਾਰੀਆਂ / ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਕਿਸਾਨਾਂ ਦੇ ਹਿੱਤਾਂ ਨੂੰ ਪਹਿਲ ਦਿੰਦੇ ਹੋਏ ਕਿਸਾਨੀ ਸਮੱਸਿਆਵਾਂ ਦਾ ਹੱਲ ਕਰਨ ਲਈ ਤੱਤਪਰ ਰਹਿਣਗੇ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਸੰਗਰੂਰ ਦੇ ਸਮੂਹ ਅਧਿਕਾਰੀ / ਕਰਮਚਾਰੀ ਮੌਜੂਦ ਸਨ।

# ਮਾਤਾ ਸੁੰਦਰੀ ਗਰੁੱਪ ਆਫ ਇੰਸਟੀਟਿਊਸ਼ਨ 'ਚ ਸਾਹਿਤਕਾਰ ਡਾ. ਬੂਟਾ ਸਿੰਘ ਚੌਹਾਨ ਨਾਲ ਰੂਬਰੂ

ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਇਲਾਕੇ ਦੀ ਨਾਮਵਰ ਧੀਆਂ ਦੀ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਟਿਊਸ਼ਨ ਢੱਡੇ ਵਿਖੇ ਮਾਣਯੋਗ ਮੈਨੇਜਮੈਂਟ ਕਮੇਟੀ ਦੀ ਅਗਵਾਈ ਵਿੱਚ ਪੰਜਾਬੀ ਵਿਭਾਗ ਵੱਲੋਂ ਪੰਜਾਬ ਦੇ ਨਾਮਵਰ ਸਾਹਿਤਕਾਰ ਡਾ. ਬੂਟਾ ਸਿੰਘ ਚੌਹਾਨ ਦਾ ਰੂਬਰੂ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਸਾਨੂੰ ਅਜੋਕੇ ਸਮੇਂ ਵਿੱਚ ਸਾਹਿਤ ਨਾਲ ਜੁੜਨ ਦੀ ਬਹੁਤ ਵੱਡੀ ਲੋੜ ਹੈ ਤਾਂ ਕਿ ਸਾਡਾ ਸਮਾਜ ਮਾੜੀਆਂ ਅਲਾਮਤਾ ਤੋਂ ਬਚ ਸਕੇ। ਸੰਸਥਾ ਦੇ ਐਮ ਡੀ ਗੁਰਵਿੰਦਰ ਸਿੰਘ ਬੱਲੀ ਨੇ ਕਿਹਾ ਕਿ ਸਾਨੂੰ ਸਲੇਬਸ ਦੀਆਂ ਕਿਤਾਬਾਂ ਦੇ ਨਾਲ-ਨਾਲ ਸਾਹਿਤ ਦੀਆਂ ਕਿਤਾਬਾਂ ਪੜ੍ਹਨ ਦੀ ਰੁਚੀ ਵੀ ਪਾਉਣੀ ਚਾਹੀਦੀ ਹੈ । ਕਾਲਜ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਸੰਸਥਾ ਵਿੱਚ ਇਸ ਤਰ੍ਹਾਂ ਦੇ ਸਹਿਤਕ ਪ੍ਰੋਗਰਾਮ ਵਿਦਿਆਰਥੀਆਂ ਲਈ ਮਾਰਗ ਦਰਸ਼ਕ ਹੁੰਦੇ ਹਨ ਅਤੇ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੁੜਨ ਲਈ ਪ੍ਰੇਰਤ ਕਰਦੇ ਹਨ । ਡਾ. ਬੂਟਾ ਸਿੰਘ ਚੌਹਾਨ ਨੇ ਆਪਣੇ ਜੀਵਨ ਬਾਰੇ ਦੱਸਿਆ ਕਿਹਾ ਕਿ ਕਿਸ ਤਰ੍ਹਾਂ ਆਪਣੇ ਆਪ ਨੂੰ ਸਾਹਿਤ ਖੇਤਰ ਵਿੱਚ ਲੈ ਕੇ ਆਏ। ਕਿੰਨਾ ਸਮਾਂ ਉਹ ਹੋਰ ਕਿੱਤਿਆਂ ਵਿੱਚ ਆਪਣਾ ਭਵਿੱਖ ਤਲਾਸ਼ਦੇ ਰਹੇ, ਫਿਰ ਉਨ੍ਹਾਂ ਪੱਤਰਕਾਰੀ ਦੇ ਖੇਤਰ ਵਿੱਚ ਆਪਣਾ ਸਥਾਨ ਬਣਾਇਆ। ਉਨ੍ਹਾਂ ਪੰਜਾਬੀ ਸਹਿਤ ਵਿੱਚ ਦਰਜਨਾਂ ਦੇ ਕਰੀਬ ਕਹਾਣੀ ਸੰਗ੍ਰਹਿ, ਗਜ਼ਲ ਸੰਗ੍ਰਹਿ ਅਤੇ ਨਾਵਲ ਸਾਹਿਤ ਦੀ ਝੋਲੀ ਵਿੱਚ ਪਾਏ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਜ਼ਿੰਦਗੀ ਵਿੱਚ ਜ਼ਿੰਦਾਦਿਲੀ ਨਾਲ ਅੱਗੇ ਵਧਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸੁਆਲਾਂ ਦੇ ਉਦਾਹਰਨਾਂ ਦੇ ਕੇ ਜਵਾਬ ਦਿੱਤੇ। ਸੰਸਥਾ ਦੇ ਡਾਇਰੈਕਟਰ ਪਰਮਿੰਦਰ ਸਿੰਘ ਸਿੱਧੂ ਨੇ ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਜੀਤ ਅਖਬਾਰ ਤੋਂ ਮਨਜੀਤ ਸਿੰਘ ਘੜੈਲੀ ਹਾਜ਼ਰ ਹੋਏ। ਇਸ ਮੌਕੇ ਪ੍ਰੋ. ਰਾਜਵਿੰਦਰ ਸਿੰਘ ਪੀਰਕੋਟ ਨੇ ਸਟੇਜ ਸੰਚਾਲਨ ਦੀ ਭੂਮਿਕਾ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾਂ ਪ੍ਰੋ. ਰਵਿੰਦਰ ਕੁਮਾਰ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਹਰਮਨਦੀਪ ਕੌਰ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਗੁਰਪ੍ਰੀਤ ਸਿੰਘ ਪ੍ਰੋ. ਕਰਨਵੀਰ ਸਿੰਘ, ਪ੍ਰੋ. ਰਾਜਵੀਰ ਕੌਰ, ਆਦਿ ਹਾਜ਼ਰ ਸਨ।



# ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ

## ● ਪੰਜ ਤੋਂ ਵੱਧ ਖੂਨਦਾਨੀਆਂ ਨੂੰ ਲੈ ਕੇ ਆਉਣ ਵਾਲੇ ਡਾਕਟਰਾਂ ਦਾ ਕੀਤਾ ਸਨਮਾਨ



ਮੋਗਾ (ਇਕਬਾਲ ਸਿੰਘ ਖਹਿਰਾ)- ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਵਿਸ਼ੇਸ਼ ਮੀਟਿੰਗ ਚੋਖਾ ਅੰਪਾਇਰ ਮੋਗਾ ਵਿਖੇ ਹੋਈ।ਮੀਟਿੰਗ ਵਿੱਚ ਪੰਜਾਬ ਹਰਿਆਣਾ ਤੋਂ ਲਗਭਗ 100 ਤੋਂ ਵੱਧ ਡਾਕਟਰਾਂ ਨੇ ਹਿੱਸਾ ਲਿਆ।ਇਸ ਮੀਟਿੰਗ ਦੀ ਸ਼ੁਰੂਆਤ ਡਾ. ਜਗਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ। ਉਨ੍ਹਾਂ ਇਸ ਮਹੀਨੇ ਕਾਉਂਟ ਸੀਜਰ ਮੈਟੀ ਜੀ ਦੀ 129ਵੀਂ ਬਰਸੀ ਨੂੰ ਸਮਰਪਤ ਖੂਨਦਾਨ ਕੈਂਪ ਵਿੱਚ ਸਾਰੇ ਡਾਕਟਰਾਂ ਵੱਲੋਂ ਸਹਿਯੋਗ ਕਰਨ 'ਤੇ ਧੰਨਵਾਦ ਕੀਤਾ ਗਿਆ ਤੇ ਦੱਸਿਆ ਕਿ ਇਸ ਕੈਂਪ ਵਿੱਚ 171 ਯੂਨਿਟਾਂ ਖੂਨ ਦਾਨ ਕੀਤਾ ਗਿਆ।ਇਸ ਸਮੇਂ ਐਸੋਸੀਏਸ਼ਨ ਵੱਲੋਂ ਪੰਜ ਜਾਂ ਉਸ ਤੋਂ ਵੱਧ ਖੂਨਦਾਨੀ ਲੈ ਕੇ ਆਉਣ ਵਾਲੇ ਡਾਕਟਰਾਂ ਦਾ ਸਨਮਾਨ ਕੀਤਾ ਗਿਆ, ਜਿਸ ਵਿੱਚ ਡਾ. ਸ਼ਮਸ਼ੇਰ ਸਿੰਘ, ਡਾ. ਵਰਿੰਦਰ ਸਿੰਘ ਤੂਰ, ਡਾ. ਜਗਜੀਤ ਸਿੰਘ ਗਿੱਲ, ਡਾ. ਰਾਜਵੀਰ ਸ਼ਰਮਾ, ਡਾ. ਸੁਰੇਸ਼ ਸ਼ਰਮਾ, ਡਾ. ਸੰਜੀਵ ਜਨੇਜਾ ਸ਼ਾਮਲ ਸਨ।ਉਪਰੰਤ ਮੀਟਿੰਗ ਵਿੱਚ ਡਾ. ਜਗਤਾਰ ਸਿੰਘ ਸੇਖੋਂ ਨੇ ਨਾੜੀ ਨੂੰ ਜਾਂਚ ਕਰਨ ਦੀ ਨਵੀਂ ਤਕਨੀਕ ਬਾਰੇ ਦੱਸਿਆ।ਡਾ. ਮਨਪ੍ਰੀਤ ਸਿੰਘ ਨੇ ਟੈਂਪਰਾਮੈਂਟ ਦੀ ਜਾਂਚ ਕਰਨ ਬਾਰੇ ਦੱਸਿਆ। ਇਸ ਸਮੇਂ ਡਾਕਟਰ ਸ਼ਿੰਦਰ ਸਿੰਘ ਨੇ ਜੈਲੋ ਇਲੈਕਟ੍ਰੀਸਿਟੀ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ।ਡਾ. ਕਮਲਜੀਤ ਕੌਰ ਸੇਖੋਂ ਨੇ ਇਲੈਕਟ੍ਰੋਹੋਮਿਓਪੈਥੀ ਵਿੱਚ ਵਰਤੇ ਜਾਣ ਵਾਲੇ ਦੋ ਪੌਦਿਆਂ ਦੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਸਮੇਂ ਡਾ. ਅਵਤਾਰ ਸਿੰਘ ਨੇ ਗਰਮੀ ਦੇ ਸੀਜ਼ਨ ਵਿੱਚ ਲੱਗਣ ਵਾਲੀਆਂ ਆਮ ਬਿਮਾਰੀਆਂ ਦੀ ਜਾਂਚ, ਕਾਰਨ, ਰੋਕਥਾਮ ਤੇ ਇਲਾਜ ਬਾਰੇ ਦੱਸਿਆ। ਇਸ ਮੀਟਿੰਗ ਵਿੱਚ ਡਾ. ਜਗਮੋਹਨ ਸਿੰਘ ਡਾਲਾ ਮਸਕੂਲਰ ਡਿਸਟ੍ਰੋਫੀ (ਮਾਸਪੇਸ਼ੀਆਂ ਦਾ ਸੁੰਗੜਨਾ) ਦੇ ਇਲਾਜ, ਡਾ. ਜਸਪਾਲ ਸਿੰਘ ਖੰਨਾ ਤੇ ਡਾ. ਜਸਵਿੰਦਰ ਸਿੰਘ ਗਿੱਲ ਗੈਂਗਰੀਨ ਦੇ ਇਲਾਜ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ।ਅੰਤ ਡਾ. ਜਗਜੀਤ ਸਿੰਘ ਗਿੱਲ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਵਿੱਚ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਡਾ. ਜਸਵਿੰਦਰ ਸਿੰਘ, ਡਾ. ਸਰਬਜੀਤ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਰੋਬਨ ਅਰੋੜਾ, ਡਾ. ਹਰਦੇਵ ਸਿੰਘ ਸੈਨੀ, ਡਾ. ਵਰਿੰਦਰ ਸਿੰਘ ਤੂਰ, ਡਾ. ਮੁਕੇਸ਼ ਠਾਕੁਰ, ਡਾ. ਪ੍ਰਦੀਪ ਸ਼ਰਮਾ, ਡਾ. ਸੁਖਮਨਦੀਪ ਸਿੰਘ, ਡਾ. ਜਸਪਾਲ ਸਿੰਘ ਵਿਰਕ, ਡਾ. ਜਗਜੀਤ ਸਿੰਘ, ਡਾ. ਜਗਮੋਹਨ ਸਿੰਘ, ਡਾ. ਸੁਰਜੀਤ ਸਿੰਘ, ਡਾ. ਕੁਲਦੀਪ ਸਿੰਘ, ਡਾ. ਅਸ਼ੋਕ ਸੈਣੀ, ਡਾ. ਦਵਿੰਦਰ ਸਿੰਘ, ਡਾ. ਅਜੇ ਰਾਣਾ, ਡਾ. ਸਰਬਜੀਤ ਸਿੰਘ, ਡਾ. ਮਨਦੀਪ ਸਿੰਘ, ਡਾ. ਕੁਲਦੀਪ ਸ਼ਰਮਾ, ਡਾ. ਧਰਮਪਾਲ ਸਿੰਘ, ਡਾ. ਰਜਿੰਦਰ ਅਰੋੜਾ, ਡਾ. ਗਗਨਪ੍ਰੀਤ ਕੌਰ, ਡਾ. ਵੀਰਪਾਲ ਕੌਰ, ਡਾ. ਕਿਰਨ ਖਾਨ, ਡਾ. ਵਿਜੇ ਕੁਮਾਰ, ਡਾ. ਸੁਖਮੰਦਰ ਸਿੰਘ, ਡਾ. ਤਜਿੰਦਰਪਾਲ ਸ਼ਰਮਾ, ਡਾ. ਨਰੇਸ਼ ਭੰਡਾਰੀ, ਡਾ. ਮੋਹਨ ਸਿੰਘ ਆਦਿ ਹਾਜ਼ਰ ਸਨ।

# ਮਿੱਲ ਹਾਦਸੇ 'ਚ ਗੰਭੀਰ ਜ਼ਖਮੀ ਹੋਈ ਮਹਿਲਾ ਮਜ਼ਦੂਰ ਦੀ ਇਲਾਜ ਦੌਰਾਨ ਮੌਤ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) : ਲੋਹਾ ਨਗਰੀ ਵਜੋਂ ਪ੍ਰਸਿੱਧ ਉਦਯੋਗਿਕ ਸ਼ਹਿਰ ਮੰਡੀ ਗੋਬਿੰਦਗੜ੍ਹ ਦੀ ਇੱਕ ਮਿੱਲ 'ਚ ਬੀਤੇ ਦਿਨੀਂ ਵਾਪਰੇ ਹਾਦਸੇ ਦੌਰਾਨ ਗੰਭੀਰ ਜ਼ਖਮੀ ਹੋਈ ਇੱਕ 33 ਸਾਲਾ ਮਹਿਲਾ ਮਜ਼ਦੂਰ ਦੀ ਇਲਾਜ ਦੌਰਾਨ ਮੌਤ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਰਣਜੀਤ ਸਿੰਘ ਵਾਸੀ ਮੰਡੀ ਗੋਬਿੰਦਗੜ੍ਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਸੀ ਕਿ ਉਸ ਦੀ ਪਤਨੀ ਹਰਵੀਰ ਕੌਰ ਮੰਡੀ ਗੋਬਿੰਦਗੜ੍ਹ ਦੀ ਕਲਕੱਤਾ ਮਿੱਲ 'ਚ ਕੰਮ ਕਰਦੀ ਸੀ, ਜੋ ਕਿ ਬੀਤੀ 9 ਅਪ੍ਰੈਲ ਨੂੰ ਜਦੋਂ ਮਿੱਲ 'ਚ ਕੰਮ ਕਰਦੇ ਸਮੇਂ ਆਇਰਨ ਪ੍ਰੈੱਸ ਦੀਆਂ ਗਰਾਰੀਆਂ ਨੂੰ ਤੇਲ ਲਗਾ ਰਹੀ ਸੀ ਤਾਂ ਸਿਰ 'ਤੇ ਹੈਲਮਟ ਜਾਂ ਕੋਈ ਹੋਰ ਸੁਰੱਖਿਆ ਉਪਰਕਨ ਨਾ ਪਹਿਨਿਆ ਹੋਣ ਕਾਰਨ ਉਸ ਦੇ ਸਿਰ ਦੇ ਵਾਲ ਪ੍ਰੈੱਸ 'ਚ ਫਸ ਗਏ, ਜਿਸ ਕਾਰਨ ਉਸ ਦੀ ਪਤਨੀ ਗੰਭੀਰ ਜ਼ਖਮੀ ਹੋ ਗਈ, ਜਿਸ ਨੂੰ ਇਲਾਜ ਲਈ ਪਹਿਲਾਂ ਸਥਾਨਕ ਸਿਵਲ ਹਸਪਤਾਲ ਤੇ ਫਿਰ ਪੀ.ਜੀ.ਆਈ. ਚੰਡੀਗੜ੍ਹ ਵਿਖੇ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਹਰਵੀਰ ਕੌਰ ਦੀ ਮੌਤ ਹੋ ਗਈ।ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਦੀ ਪਤਨੀ ਨੇ ਉਸ ਨੂੰ ਦੱਸਿਆ ਸੀ ਕਿ ਉਹ ਤੇ ਹੋਰ ਮਜ਼ਦੂਰ ਮਿੱਲ ਮਾਲਕ ਨੂੰ ਕਈ ਵਾਰ ਕਹਿ ਚੁੱਕੇ ਹਨ ਕਿ ਉਨ੍ਹਾਂ ਨੂੰ ਕੰਮ ਕਰਨ ਸਮੇਂ ਸੁਰੱਖਿਆ ਉਪਰਕਰਨ ਜਿਵੇਂ ਕਿ ਹੈਲਮਟ, ਸੇਫਟੀ ਜੈਕੇਟ ਹੰਟਰ ਸ਼ੂਜ਼ ਆਦਿ ਸਾਮਾਨ ਮੁਹੱਈਆ ਕਰਵਾਇਆ ਜਾਵੇ, ਪਰ ਮਿੱਲ ਮਾਲਕਾਂ ਵੱਲੋਂ ਉਨ੍ਹਾਂ ਦੀ ਸੁਰੱਖਿਆ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਮਿੱਲ ਮਾਲਕਾਂ ਵੱਲੋਂ ਸੁਰੱਖਿਆ ਉਪਰਕਨ ਮੁਹੱਈਆ ਨਾ ਕਰਵਾਉਣ ਕਾਰਨ ਉਸ ਦੀ ਪਤਨੀ ਦੀ ਜਾਨ ਗਈ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਮਿੱਲ ਦੇ ਕਥਿਤ ਮਾਲਕ ਜਗਮੇਲ ਸਿੰਘ ਵਿਰੁੱਧ ਅ/ਧ 289,106(1) ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸਰਾਂ ਇਮੀਗ੍ਰੇਸ਼ਨ ਨੇ ਸਿੰਘਾਪੁਰ ਦਾ ਟੂਰਿਸਟ ਵੀਜ਼ਾ ਲਵਾਇਆ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)- ਸਰਾਂ ਇਮੀਗ੍ਰੇਸ਼ਨ ਜੋ ਕਿ ਸਾਰੇ ਦੇਸ਼ਾਂ ਵਿਦੇਸ਼ਾਂ ਦੇ ਵੀਜ਼ੇ ਲਗਵਾਉਣ ਲਈ ਇੱਕ ਨਾਮਵਰ ਸੰਸਥਾ ਵਜੋਂ ਜਾਣੀ ਜਾਂਦੀ ਹੈ। ਇਸ ਦੇ ਚਲਦੇ ਸੰਸਥਾ ਨੇ ਲਵਲੀ ਕੁਮਾਰ ਪੁੱਤਰ ਤੀਰਥ ਰਾਮ ਪਿੰਡ ਮਾਛੀਕੇ ਦਾ ਸਿੰਘਾਪੁਰ ਦਾ ਟੂਰਿਸਟ ਵੀਜ਼ਾ ਲਗਵਾ ਕੇ ਉਨ੍ਹਾਂ ਦਾ ਸਿੰਘਾਪੁਰ ਜਾਣ ਦਾ ਸੁਪਨਾ ਸਾਕਾਰ ਕੀਤਾ। ਇਸ ਮੌਕੇ ਸੰਸਥਾ ਦੇ ਐੱਮ ਡੀ ਹਰਸਿਮਰਨਜੀਤ ਸਿੰਘ ਸਰਾਂ ਨੇ ਦੱਸਿਆ ਕਿ ਇਹ ਵੀਜ਼ਾ ਅਸੀਂ ਬਹੁਤ ਘੱਟ ਖਰਚੇ ਨਾਲ ਸਿਰਫ 48 ਘੰਟਿਆਂ ਵਿੱਚ ਪ੍ਰਾਪਤ ਕੀਤਾ। ਸਿਮਰਨ ਸਰਾਂ ਨੇ ਕੈਨੇਡਾ ਵਿਜ਼ਟਰ ਵੀਜ਼ਾ ਬਾਰੇ ਜਾਣਕਾਰੀ ਸਾਂਝੀ ਕਰਦੇ ਦੱਸਿਆ ਕਿ ਹੁਣ ਘਬਰਾਉਣ ਦੀ ਕੋਈ ਲੋੜ ਨਹੀਂ, ਕੈਨੇਡਾ ਦੇ ਵਿਜ਼ਟਰ ਵੀਜ਼ੇ ਪਾਸਪੋਰਟ ਦੀ ਮਿਆਦ ਤੱਕ ਹੀ ਲੱਗ ਕੇ ਆ ਰਹੇ ਹਨ ਤੇ ਸੁਪਰ ਵੀਜ਼ੇ ਦੇ ਰਿਜ਼ਲਟ ਵੀ 100% ਲੱਗ ਕੇ ਆ ਰਹੇ ਹਨ ਅਤੇ ਜੋ ਬੱਚੇ ਆਪਣੇ ਮਾਤਾ ਪਿਤਾ



ਜਾਂ ਕਿਸੇ ਰਿਸ਼ਤੇਦਾਰ ਦਾ ਵਿਜ਼ਟਰ ਵੀਜ਼ਾ ਜਾਂ ਸੁਪਰ ਵਜ਼ਜਾ ਲਗਵਾਉਣਾ ਚਾਹੁੰਦੇ ਹਨ ਤਾਂ ਅੱਜ ਹੀ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸੰਸਥਾ ਦੇ ਐੱਮ ਡੀ ਨੇ ਦੱਸਿਆ ਕਿ ਜ਼ਰੂਰਤਮੰਦ ਬੱਚਿਆਂ ਨੂੰ ਮੁਫਤ ਆਈਲਟਸ ਵੀ ਕਰਵਾਈ ਜਾਂਦੀ ਹੈ। ਇਸ ਮੌਕੇ ਲਵਲੀ ਕੁਮਾਰ ਨੇ ਸੰਸਥਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਸੁਭਾਸ਼ ਸ਼ਰਮਾ ਮੁੜ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਦੇ ਪ੍ਰਧਾਨ ਬਣੇ



ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ) ਨੌਜਵਾਨ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 20 ਲੱਖ ਠੱਗੇ, 2 ਨਾਮਜ਼ਦ) : ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੀ ਚੋਣ ਮੀਟਿੰਗ ਨੌਰਦਰਨ ਰੇਲਵੇ ਮੈਨਜ਼ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਸੁਭਾਸ਼ ਸ਼ਰਮਾ ਨੇ ਕੀਤੀ। ਮੀਟਿੰਗ ਵਿੱਚ ਕੇਂਦਰ ਤੇ ਰਾਜ ਸਰਕਾਰ ਦੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਲ ਹੋਏ। ਮੀਟਿੰਗ ਵਿੱਚ ਕਿਸ਼ਨ ਚੰਦ ਜਾਗੋਵਾਲੀਆ ਜਨਰਲ ਸਕੱਤਰ ਨੇ ਪਿਛਲੀ ਚੋਣ ਤੋਂ ਹੁਣ ਤੱਕ ਦੀ ਕਾਰਵਾਈ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਉਪਰੰਤ ਸਰਬਸੰਮਤੀ ਨਾਲ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੀ ਚੋਣ ਕੀਤੀ ਗਈ, ਜਿਸ ਵਿੱਚ ਕਾਮਰੇਡ ਸੁਭਾਸ਼ ਸ਼ਰਮਾ ਦੁਬਾਰਾ ਫਿਰ ਪ੍ਰਧਾਨ, ਸੁਰਿੰਦਰ ਸਿੰਘ, ਗੁਰਦੇਵ ਸਿੱਧੂ, ਰਮੇਸ਼ ਸ਼ਰਮਾ, ਨਰੇਸ਼ ਸੈਣੀ, ਨਿਸ਼ਾਨ ਸਿੰਘ ਮੀਤ ਪ੍ਰਧਾਨ, ਰਜੀਵ ਹਾਂਡਾ ਜਨਰਲ ਸਕੱਤਰ, ਪ੍ਰਦੀਪ ਧਵਨ ਵਿੱਤ ਸਕੱਤਰ, ਗੁਰਮੀਤ ਸਿੰਘ ਔਲਖ ਸਹਾਇਕ ਵਿੱਤ ਸਕੱਤਰ, ਜਗਜੀਤ ਸਿੰਘ, ਪੰਕਜ ਮਹਿਤਾ, ਨਰਿੰਦਰ ਸ਼ਰਮਾ, ਪ੍ਰੋਫੈਸਰ ਕੁਲਦੀਪ, ਬਲਵੀਰ ਸਿੰਘ ਗੋਖੀਵਾਲਾ ਸਹਾਇਕ ਸਕੱਤਰ, ਕਿਸ਼ਨ ਚੰਦ ਜਾਗੋਵਾਲੀਆ ਪ੍ਰੈੱਸ ਸਕੱਤਰ, ਜਗਦੀਪ ਮਾਂਗਟ ਸਹਾਇਕ ਪ੍ਰੈੱਸ ਸਕੱਤਰ, ਪ੍ਰਤਾਪ ਸਿੰਘ ਢਿੱਲੋਂ, ਬਲਬੀਰ ਸਿੰਘ ਕੰਬੋਜ, ਦਲਜੀਤ ਸਿੰਘ ਯਾਰੇਸ਼ਾਹ ਵਾਲਾ ਜਥੇਬੰਦਕ ਸਕੱਤਰ, ਮਹਿੰਦਰ ਸਿੰਘ ਧਾਲੀਵਾਲ ਤੇ ਡਾਕਟਰ ਪ੍ਰਦੀਪ ਰਾਣਾ ਸਲਾਹਕਾਰ, ਸੁਸ਼ੀਲ ਕੁਮਾਰ, ਜਸਵਿੰਦਰ ਕੰਡਾ, ਗਿਆਨ ਸਿੰਘ, ਅਨਿਲ ਸੇਠੀ, ਰਾਜਬੀਰ ਸਿੰਘ, ਮਹਿੰਦਰ ਸਿੰਘ ਤਰਲੋਕ ਸਿੰਘ, ਪੰਮਾ ਸਿੰਘ ਗੁਰਪ੍ਰੀਤ ਸਿੰਘ, ਸੰਦੀਪ ਸਿੰਘ ਕਾਰਜਕਾਰੀ ਮੈਂਬਰ ਚੁਣੇ ਗਏ। ਉਪਰੰਤ ਫੈਸਲਾ ਕੀਤਾ ਕਿ ਪਹਿਲੀ ਮਈ ਦਾ ਸਮਾਗਮ ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਵਿਖੇ ਕੀਤਾ ਜਾਵੇਗਾ। ਸ਼ਰਧਾਂਜਲੀ ਸਮਾਗਮ ਦੀ ਤਿਆਰੀ ਲਈ ਫੰਡ ਦੇ ਕੋਟੇ, ਵਰਕਰਾਂ ਦੀ ਸ਼ਮੂਲੀਅਤ ਦੇ ਕੋਟੇ ਤੇ ਲੰਗਰ ਕਮੇਟੀ ਦਾ ਗਠਨ ਕੀਤਾ ਗਿਆ। ਇਸ ਸਮੇਂ ਤਰਸੇਮ ਬੇਦੀ, ਮਿਹਰ ਸਿੰਘ, ਗੁਰਨਾਮ ਸਿੰਘ ਸੁਧਾਰਾ, ਚੰਦਰ ਮੋਹਨ, ਕਰਮ ਸਿੰਘ, ਬਿੱਕਰ ਸਿੰਘ ਹਾਂਡਾ, ਸੁਰਿੰਦਰ ਪਾਲ ਸਿੰਘ ਬਜੀਦਪੁਰ, ਭੁਪਿੰਦਰ ਸਿੰਘ, ਰਾਮ ਪ੍ਰਸਾਦ, ਜੋਗਿੰਦਰ ਸਿੰਘ, ਰਣਬੀਰ ਸਿੰਘ ਕੁੱਕੂ, ਅਰੁਣ ਕੁਮਾਰ ਅੰਕਿਤ ਕੁਮਾਰ, ਰਘਬੀਰ ਸਿੰਘ, ਵਿਨੋਦ ਕੁਮਾਰ, ਬਲਕਰਨ ਸਿੰਘ, ਰਮੇਸ਼ ਭੱਟੀ, ਰਮੇਸ਼ ਕੁਮਾਰ, ਕਰਨ ਕੁਮਾਰ, ਅਨਿਲ ਚੌਧਰੀ, ਅਰੁਜਨ ਰਾਮ, ਗੁਰਪ੍ਰੀਤ ਸਿੰਘ, ਕੁਲਵੰਤ ਸਿੰਘ, ਸੁਰਜੀਤ ਸਿੰਘ, ਖੇਮ ਲਾਲ ਆਦਿ ਹਾਜ਼ਰ ਸਨ।

# ਮਾਤਾ ਸੁੰਦਰੀ ਗਰੁੱਪ ਆਫ ਇੰਸਟੀਟਿਊਸ਼ਨ ਢੱਡੇ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਇਲਾਕੇ ਦੀ ਨਾਮਵਰ ਧੀਆਂ ਦੀ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਟਿਊਸ਼ਨ ਢੱਡੇ ਵਿਖੇ ਮਾਣਯੋਗ ਮੈਨੇਜਮੈਂਟ ਕਮੇਟੀ ਦੀ ਅਗਵਾਈ ਵਿੱਚ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਸਾਨੂੰ ਸਾਡੇ ਇਤਿਹਾਸ ਅਤੇ ਵਿਰਸੇ 'ਤੇ ਮਾਣ ਕਰਨਾ ਚਾਹੀਦਾ ਹੈ। ਸੰਸਥਾ ਦੇ ਐਮ.ਡੀ ਗੁਰਵਿੰਦਰ ਸਿੰਘ ਬੱਲੀ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਕੀਤੀ ਖਾਲਸੇ ਦੀ ਸਿਰਜਣਾ ਅਤੇ ਪੰਚ ਪ੍ਰਧਾਨੀ ਸਿਧਾਂਤ ਵਰਤਮਾਨ ਯੁੱਗ ਵਿੱਚ ਰਾਹ-ਦਸੇਰਾ ਦਾ ਕੰਮ ਕਰ ਰਿਹਾ ਹੈ । ਸੰਸਥਾ ਦੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਖਾਲਸੇ ਦੇ ਨਿਯਮਾਂ ਨੂੰ ਆਪਣੇ ਜੀਵਨ ਵਿੱਚ ਲਾਗੂ ਕਰਨਾ ਚਾਹੀਦਾ ਹੈ। ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਖਾਲਸੇ ਦੇ ਪੰਜ ਕਕਾਰਾਂ ਦੀ ਮਹੱਤਤਾ ਨੂੰ ਵਰਣਨ ਕੀਤਾ । ਸੰਸਥਾ ਦੇ ਸਹਾਇਕ ਪ੍ਰੋ. ਰਾਜਵਿੰਦਰ ਸਿੰਘ ਨੇ ਕਿਹਾ ਕਿ ਖਾਲਸੇ ਦੀ ਸਿਰਜਣਾ ਕਰਕੇ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖ ਕੌਮ ਨੂੰ ਅਜਿਹੇ ਸਿਧਾਂਤ ਦਿੱਤੇ ਜਿਸ ਵਿੱਚ ਕੁਰਬਾਨੀ, ਤਿਆਗ, ਨਿਮਰਤਾ, ਸਬਰ ਅਤੇ ਜ਼ੁਲਮ ਦੇ ਖਿਲਾਫ਼ ਲੜਨ ਦੀ ਪ੍ਰੇਰਨਾ ਜੁਗਾਂ-ਜੁਗਾਂਤਰਾਂ ਤੱਕ ਮਿਲਦੀ ਰਹੇਗੀ । ਸੰਸਥਾ ਦੇ ਸਹਾਇਕ ਪ੍ਰੋ. ਜਗਜੀਤ ਸਿੰਘ ਨੇ ਕਿਹਾ ਕਿ ਕਿਸ ਤਰ੍ਹਾਂ ਗੁਰੂ ਸਾਹਿਬ ਨੇ ਖੰਡੇ ਬਾਟੇ ਦੀ ਪੌਹੁਲ ਛਕਾ ਕੇ ਸਾਨੂੰ ਆਪਣੇ ਧੀਆਂ ਪੁੱਤਰ ਬਣਾਇਆ ਤੇ ਕਿਰਤੀਆਂ ਦੇ ਹੱਥ ਪ੍ਰਭੂਸੱਤਾ ਦਿੱਤੀ। ਇਸ ਮੌਕੇ ਬੀ.ਐਡ ਅਤੇ ਸਾਇੰਸ ਵਿਭਾਗ ਵੱਲੋਂ ਵਿਦਿਆਰਥੀਆਂ ਦੁਆਰਾ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾਂ ਪ੍ਰੋ. ਰਵਿੰਦਰ ਕੁਮਾਰ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਹਰਮਨਦੀਪ ਕੌਰ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਗੁਰਪ੍ਰੀਤ ਸਿੰਘ,ਪ੍ਰੋ. ਗਗਨਦੀਪ ਕੌਰ, ਪ੍ਰੋ. ਰੁਪਿੰਦਰ ਕੌਰ, ਪ੍ਰੋ. ਮਨਿੰਦਰਪ੍ਰੀਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਰਣਜੀਤ ਕੌਰ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਰਾਜਵੀਰ ਕੌਰ, ਐਡਮਿਨ ਬਲਾਕ ਦੇ ਹਰਦੀਪ ਸਿੰਘ, ਸਵਰਾਜਦੀਪ ਕੌਰ, ਕਿਰਨਜੋਤ, ਜਸਵੀਰ ਸਿੰਘ, ਹਰਵਿੰਦਰ ਸਿੰਘ ਸੂਚ ਆਦਿ ਹਾਜ਼ਰ ਸਨ।



# ਸੀਵਰੇਜ ਦਾ ਗੰਦਾ ਪਾਣੀ ਤਲਾਬ 'ਚ ਪਾਉਣ ਨਾਲ ਮੱਛੀਆਂ ਮਰੀਆਂ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ): ਪਿੰਡ ਵਾੜਾ ਭਾਈਕਾ ਵਿਖੇ ਸੀਵਰੇਜ ਦਾ ਗੰਦਾ ਪਾਣੀ ਤਲਾਬ ਵਿੱਚ ਪਾਉਣ ਨਾਲ ਮੱਛੀਆਂ ਮਰ ਗਈਆਂ ਤੇ ਕੁਝ ਮੱਛੀਆਂ ਚੋਰੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਘੱਲਖੁਰਦ ਪੁਲਸ ਨੇ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਅਰਵਿੰਦਰ ਸਿੰਘ ਪੁੱਤਰ ਮੂਲਾ ਸਿੰਘ ਵਾਸੀ ਪਿੰਡ ਵਾੜਾ ਭਾਈਕਾ ਨੇ ਦੱਸਿਆ ਕਿ ਉਸ ਦੀ ਮਾਲਕੀ ਜ਼ਮੀਨ ਪਿੰਡ ਵਾੜਾ ਭਾਈਕਾ ਵਿਖੇ ਮੱਛੀਆਂ ਦਾ ਤਲਾਬ ਹੈ, ਜਿਸ ਵਿੱਚ ਜਤਿੰਦਰ ਸਿੰਘ ਪੁੱਤਰ ਅਮ੍ਰਿਤਪਾਲ ਸਿੰਘ ਵਾਸੀ ਵਾੜਾ ਭਾਈਕਾ ਨੇ ਸੀਵਰੇਜ ਦੀ ਪਾਈਪ ਖੋਲ੍ਹ ਕੇ ਗੰਦਾ ਪਾਣੀ ਮੱਛੀਆਂ ਦੇ ਤਲਾਬ ਵਿੱਚ ਪਾ ਦਿੱਤਾ, ਜਿਸ ਨਾਲ ਕਾਫੀ ਮੱਛੀਆਂ ਮਰ ਗਈਆਂ ਤੇ ਕੁਝ ਮੱਛੀਆਂ ਚੋਰੀ ਕਰਕੇ ਲੈ ਗਿਆ। ਇਸ ਮਾਮਲੇ ਦੀ ਪੜਤਾਲ ਕਰ ਰਹੇ ਇੰਸਪੈਕਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਸਪਰਿੰਗ ਡਿਊ ਸਕੂਲ 'ਚ ਨਵੇਂ ਵਿਦਿਆਰਥੀਆਂ ਦਾ ਸਵਾਗਤ

ਜਗਰਾਉਂ (ਅਮਿਤ ਖੰਨਾ)- ਮਾਲਵੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸਪਰਿੰਗ ਡਿਊ ਸਕੂਲ ਨਾਨਕਸਰ ਵਿਖੇ ਵਿੱਦਿਅਕ ਸੈਸ਼ਨ 2025-26 ਦੌਰਾਨ ਦਾਖਲ ਹੋਏ ਨਵੇਂ ਸਾਰੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਮੈਡਮ ਗੀਨਾ ਜੈਦਕਾ ਦੀ ਰਹਿਨੁਮਾਈ ਹੇਠ ਸਵਾਗਤ ਕੀਤਾ ਗਿਆ।ਨਵੇ ਸੈਸ਼ਨ ਦੀ ਸ਼ੁਰੂਆਤ ਅਤੇ ਨਵੇਂ ਆਏ ਵਿਦਿਆਰਥੀਆਂ ਦੀ ਆਮਦ ਨੂੰ ਯਾਦਗਾਰੀ ਬਣਾਉਣ ਲਈ ਪ੍ਰਿੰਸੀਪਲ ਗੀਨਾ ਜੈਦਕਾ ਅਤੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤਿਆਰੀਆ ਕੀਤੀਆਂ ਗਈਆਂ।ਜਿਸ ਦੌਰਾਨ ਸਕੂਲ ਦੇ ਨਰਸਰੀ ਵਿੰਗ ਨੂੰ ਗੁਬਾਰਿਆਂ ਅਤੇ ਰੰਗੀਨ ਝੰਡੀਆਂ ਨਾਲ ਸਜਾਇਆ ਗਿਆ।ਸਰਸਵਤੀ ਵੰਦਨਾ ਤੋਂ ਬਾਅਦ ਬੱਚਿਆਂ ਨੂੰ ਪੇਸਟਰੀ, ਕੇਕ ਅਤੇ ਚਾਕਲੇਟ ਵੰਡੀਆਂ ਗਈਆਂ ਅਤੇ ਬੱਚਿਆਂ ਨੇ ਮਨਮੋਹਕ ਸੰਗੀਤ ਧੁਨਾਂ ਉੱਪਰ ਡਾਂਸ ਦਾ ਆਨੰਦ ਵੀ ਮਾਣਿਆ।ਇਸ ਦੌਰਾਨ ਪ੍ਰਿੰਸੀਪਲ ਗੀਨਾ ਜੈਦਕਾ ਅਤੇ ਵਾਇਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਬੱਚਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਸਕੂਲ ਸਿਰਫ ਪੜ੍ਹਨ ਦਾ ਸਥਾਨ ਨਹੀਂ ਇੱਥੇ ਵਿਦਿਆਰਥੀਆਂ ਦੀ ਸੋਚ, ਆਚਰਨ ਅਤੇ ਭਵਿੱਖ ਦੀ ਨੀਂਹ ਰੱਖੀ ਜਾਂਦੀ ਹੈ। ਸਕੂਲ ਪ੍ਰਬੰਧਕੀ ਕਮੇਟੀ ਵਲੋਂ ਚੇਅਰਮੈਨ ਬਲਦੇਵ ਬਾਵਾ, ਪ੍ਰਧਾਨ ਮਨਜੋਤ ਕੁਮਾਰ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ, ਮੈਨੇਜਰ ਮਨਦੀਪ ਚੌਹਾਨ, ਬਹਾਦਰ ਸਿੰਘ ਸਿੱਧੂ (ਯੂ-ਐਸ-ਏ), ਹਰਜੀਤ ਸਿੰਘ ਸਿੱਧੂ ਅਤੇ ਸਕੂਲ ਸਟਾਫ ਵੱਲੋਂ ਮੈਡਮ ਵੰਦਨਾ, ਪ੍ਰਭਦੀਪ ਕੌਰ, ਇੰਦਰਪਾਲ ਕੌਰ, ਹਰਪ੍ਰੀਤ ਕੌਰ ਗਿੱਲ, ਹਰਪ੍ਰੀਤ ਕੌਰ, ਅੰਜੂ ਬਾਲਾ, ਬਲਜੀਤ ਕੌਰ ਅਤੇ ਕੁਲਦੀਪ ਕੌਰ ਹਾਜ਼ਰ ਸਨ।



# ਸਮਾਜ ਸੇਵੀ ਸੰਸਥਾਵਾਂ ਵੱਲੋਂ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ : ਐੱਸ ਪੀ ਸਿਟੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ, ਜਨ ਹਿੱਤ ਸੰਮਤੀ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਡਾਇਰੈਕਟਰ ਜਨਰਲ ਆਫ਼ ਪੁਲਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਸ ਕਮਿਊਨਿਟੀ ਅਫੇਅਰ ਗੁਰਪ੍ਰੀਤ ਕੌਰ ਦਿਉਂ, ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਐਸ ਪੀ ਹੈਡਕੁਆਰਟਰ-ਕਮ-ਜ਼ਿਲ੍ਹਾ ਕਮਿਊਨਿਟੀ ਅਫੇਅਰ ਅਫ਼ਸਰ ਵੈਭਵ ਚੌਧਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਯੁੱਧ ਨਸ਼ਿਆਂ ਵਿਰੁੱਧ, ਨਸ਼ਾ ਮੁਕਤ ਭਾਰਤ ਅਭਿਆਨ, ਰੰਗਲਾ ਪੰਜਾਬ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਐਸ ਪੀ ਸਿਟੀ ਪਟਿਆਲਾ ਅਰਜਨਾ ਐਵਾਰਡੀ ਓਲੰਪੀਅਨ ਪਲਵਿੰਦਰ ਸਿੰਘ ਚੀਮਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ। ਪ੍ਰੋਗਰਾਮ ਦਾ ਉਦਘਾਟਨ ਐਸ ਕੇ ਗੌਤਮ ਪ੍ਰਧਾਨ ਜਨ ਹਿੱਤ ਸੰਮਤੀ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਨੇ ਕੀਤਾ। ਇਸ ਮੌਕੇ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਰਾਸ਼ਟਰਪਤੀ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1, ਐਸ ਆਈ ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਏ ਐਸ ਆਈ ਮਨਜੀਤ ਸਿੰਘ ਇੰਚਾਰਜ ਸਿਟੀ 1 ਟ੍ਰੈਫਿਕ, ਏ ਐਸ ਆਈ ਜਗਵਿੰਦਰ ਸਿੰਘ ਬੁੱਟਰ ਇੰਚਾਰਜ ਸਿਟੀ ਟ੍ਰੈਫਿਕ 2, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਵਰਿੰਦਰ ਸਿੰਘ ਖਰੌਡ, ਰਮਨਦੀਪ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਪਲਵਿੰਦਰ ਸਿੰਘ ਚੀਮਾ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਜਿਥੇ ਪਬਲਿਕ ਨੂੰ ਇੱਕ ਪਲੇਟਫਾਰਮ 'ਤੇ ਇੱਕਠੀਆਂ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ ਉਥੇ ਹੀ ਪਬਲਿਕ ਸਾਈਬਰ ਸੁਰੱਖਿਆ, ਔਰਤਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਜਾਗਰੂਕ ਕਰਨਾ 112,181 ਨੰਬਰਾਂ ਬਾਰੇ ਜਾਗਰੂਕ ਕਰਨਾ ਜੋ ਕਿ ਔਰਤਾਂ ਲਈ ਸ਼ੁਰੂ ਕੀਤੇ ਹੋਏ ਹਨ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਕਰਨਾ ਬਹੁਤ ਹੀ ਸ਼ਲਾਘਾਯੋਗ ਕੰਮ ਹਨ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਦੇ ਹਰ ਵਾਰਡ ਵਿਚ ਐਮ ਸੀ, ਵੈਲਫੇਅਰ ਐਸੋਸੀਏਸ਼ਨਾ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਵਲੋਂ ਜੋ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਉਹ ਇਸ ਵਿਚ ਹਰ ਸੰਭਵ ਸਹਿਯੋਗ ਕਰਨ ਲਈ ਤਿਆਰ ਹਨ। ਇਸ ਮੌਕੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਡਰੱਗ ਫਰੀ ਵਲੱਡ ਕੈਲੀਫੋਰਨੀਆ ਵਲੋਂ ਕਿਤਾਬਾਂ ਵੀ ਵੰਡੀਆਂ ਗਈਆਂ।




# ਕਿਸਾਨ-ਮਜ਼ਦੂਰ ਸੰਘਰਸ਼ ਜਥੇਬੰਦੀ ਵੱਲੋਂ ਦਾਣਾ ਮੰਡੀ 'ਚ ਬੀਬੀਆਂ ਦੀ ਵਿਸ਼ਾਲ ਰੈਲੀ

ਮੋਗਾ (ਇਕਬਾਲ ਸਿੰਘ ਖਹਿਰਾ)- ਕਿਸਾਨ ਮਜ਼ਦੂਰ ਸੰਘਰਸ਼ ਜਥੇਬੰਦੀ ਵੱਲੋਂ ਮੋਗਾ ਦਾਣਾ ਮੰਡੀ ਵਿੱਚ ਬੀਬੀਆਂ ਦੀ ਵਿਸ਼ਾਲ ਰੈਲੀ ਹੋਈ। ਉਪਰੰਤ ਜ਼ਿਲ੍ਹੇ ਦੀ ਚੋਣ ਕੀਤੀ ਤੇ ਪਿੰਡਾਂ ਵਿੱਚ ਆਪ ਤੇ ਭਾਜਪਾ ਦੇ ਆਗੂਆਂ ਤੋਂ ਸੁਆਲ ਪੁੱਛਣ ਤੇ ਕਾਲੀਆਂ ਝੰਡੀਆਂ ਨਾਲ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ।ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਅੱਜ ਮੋਗਾ ਦੀ ਦਾਣਾ ਮੰਡੀ ਵਿੱਚ ਬੀਬੀਆਂ ਦਾ ਵਿਸ਼ਾਲ ਇਕੱਠ ਕਰਕੇ ਬੀਬੀਆਂ ਦੀ ਜ਼ਿਲ੍ਹਾ ਪੱਧਰੀ ਚੋਣ ਕੀਤੀ ਗਈ, ਜਿਸ ਵਿੱਚ ਜ਼ਿਲ੍ਹੇ ਦੀ ਸੀਨੀਅਰ ਮੀਤ ਪ੍ਰਧਾਨ ਬੀਬੀ ਸੁਖਜੀਤ ਕੌਰ ਬੁੱਕਣ ਵਾਲਾ, ਜ਼ਿਲ੍ਹਾ ਮੀਤ ਸਕੱਤਰ ਬੀਬੀ ਸੁਖਵਿੰਦਰ ਕੌਰ ਸਾਹ ਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਬੀਬੀ ਮਨਜੀਤ ਕੌਰ ਖੋਸਾ, ਮੀਤ ਸਕੱਤਰ ਬੀਬੀ ਗੁਰਮੀਤ ਕੌਰ ਬੁੱਧ ਸਿੰਘ ਵਾਲਾ, ਜ਼ਿਲ੍ਹਾ ਸਲਾਹਕਾਰ ਬੀਬੀ ਦਰਸ਼ਨ ਕੌਰ ਸਾਹ ਵਾਲਾ, ਮੀਤ ਸਲਾਹਕਾਰ ਬੀਬੀ ਪ੍ਰਮਿੰਦਰ ਕੌਰ ਸਲਾਬਤਪੁਰਾ, ਮੀਤ ਸਲਾਹਕਾਰ ਬੀਬੀ ਅਮਨਦੀਪ ਕੌਰ ਸੈਦੇ ਸਾਹ ਵਾਲਾ, ਮੀਤ ਪ੍ਰਧਾਨ ਬੀਬੀ ਦਲਜੀਤ ਕੌਰ, ਮੀਤ ਸਲਾਹਕਾਰ ਬੀਬੀ ਭਗਵੰਤ ਕੌਰ ਕਿਸ਼ਨਪੁਰਾ, ਮੀਤ ਸਲਾਹਕਾਰ ਬੀਬੀ ਸਤਵੀਰ ਕੌਰ ਲੰਗੇਆਣਾ ਆਦਿ ਬੀਬੀਆਂ ਅਹੁਦੇਦਾਰ ਚੁਣੀਆਂ ਗਈਆਂ।ਇਸ ਮੌਕੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸੂਬਾ ਜਨਲ ਸਕੱਤਰ ਰਾਣਾ ਰਣਬੀਰ ਸਿੰਘ ਠੱਠਾ ਤੇ ਸੂਬਾ ਆਗੂ ਸਤਿਨਾਮ ਸਿੰਘ ਪੰਨੂੰ ਨੇ ਬੋਲਦਿਆਂ ਐਲਾਨ ਕੀਤਾ ਕਿ 19 ਮਾਰਚ ਨੂੰ ਚੰਡੀਗੜ੍ਹ ਵਿੱਚ ਕੇਂਦਰੀ ਮੰਤਰੀਆਂ ਨਾਲ ਮੀਟਿੰਗ ਤੋਂ ਬਾਅਦ ਧੋਖੇ ਨਾਲ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਕੇ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ 5 ਹਜ਼ਾਰ ਪੁਲਸ ਵੱਲੋਂ ਹਮਲਾ ਕਰਕੇ ਮੋਰਚੇ ਨੂੰ ਖਦੇੜਿਆ ਗਿਆ ਤੇ ਹਾਈਡਰੋ ਮਸ਼ੀਨਾਂ ਨਾਲ ਭੰਨ ਤੋੜ ਕੀਤੀ ਗਈ, ਸੈਂਕੜੇ ਕਿਸਾਨਾਂ, ਮਜ਼ਦੂਰਾਂ, ਬਜ਼ੁਰਗਾਂ ਤੇ ਔਰਤਾਂ ਨੂੰ ਗ੍ਰਿਫਤਾਰ ਕੀਤਾ ਗਿਆ।ਇਸ ਕੀਤੇ ਵਿਸ਼ਵਾਸਘਾਤ ਤੇ ਜਬਰ ਦੀ ਸਖ਼ਤ ਨਿਖੇਧੀ ਕੀਤੀ ਜਾਂਦੀ ਹੈ ਤੇ ਪਿੰਡਾਂ ਵਿੱਚ ਆਉਣ 'ਤੇ ਆਮ ਆਦਮੀ ਪਾਰਟੀ ਤੇ ਭਾਜਪਾ ਦੇ ਵਿਧਾਇਕਾਂ, ਮੰਤਰੀਆਂ ਤੇ ਲੀਡਰਾਂ ਤੋਂ ਸੁਆਲ ਪੁੱਛੇ ਜਾਣਗੇ ਅਤੇ ਕਾਲੀਆਂ ਝੰਡੀਆਂ ਨਾਲ ਵਿਰੋਧ ਕੀਤਾ ਜਾਵੇਗਾ। ਅੱਜ ਦੇ ਇਸ ਇਕੱਠ ਵਿੱਚ ਪਾਸ ਕੀਤੇ ਮਤਿਆਂ ਵਿੱਚ ਕਿਹਾ ਕਿ 23 ਫਸਲਾਂ 'ਤੇ ਐੱਮ ਐੱਸ ਪੀ ਤੇ ਖਰੀਦ ਦੀ ਗਰੰਟੀ ਦਾ ਕਨੂੰਨ ਡਾਕਟਰ ਸੁਆਮੀਨਾਥਨ ਦੀ ਰਿਪੋਰਟ ਸੀ ਟੂ ਪਲੱਸ ਫਾਰਮੂਲੇ ਮੁਤਾਬਿਕ ਲਾਗੂ ਕਰਕੇ ਫਸਲਾਂ ਦੇ ਰੇਟ, ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਖ਼ਤਮ ਕਰਨ ਸਮੇਤ ਬਾਰਾਂ ਮੰਗਾਂ ਮੰਨੀਆਂ ਜਾਣ, ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਸੈਂਕੜੇ ਕਰੋੜ ਦੀ ਪੁਲਸ ਅਧਿਕਾਰੀਆਂ ਦੀ ਨਿਗਰਾਨੀ ਹੇਠ ਕਰਵਾਈ ਲੁੱਟ ਦੀ ਅਧਿਕਾਰੀਆਂ 'ਤੇ ਕਾਰਵਾਈ ਕਰਕੇ ਪੂਰਤੀ ਕਰਵਾਈ ਜਾਵੇ, ਜਿਨ੍ਹਾਂ ਦੇ ਘਰੋਂ ਚੋਰੀ ਦਾ ਸਾਮਾਨ ਬਰਾਮਦ ਹੋਇਆ, ਉਨ੍ਹਾਂ 'ਤੇ ਕਾਰਵਾਈ ਤੇ ਹਲਕਾ ਵਿਧਾਇਕ ਗੁਰਲਾਲ ਘਨੌਰ ਦੀ ਮੈਂਬਰੀ ਰੱਦ ਕਰਕੇ ਉਸ 'ਤੇ ਕਾਰਵਾਈ ਕੀਤੀ ਜਾਵੇ, ਕਿਸਾਨ ਆਗੂ ਬਲਵੰਤ ਸਿੰਘ ਬ੍ਰਾਹਮਕੇ ਦੀ ਕੁੱਟਮਾਰ ਕਰਨ ਵਾਲੇ ਐੱਸ ਐੱਚ ਓ ਹਰਪ੍ਰੀਤ ਸਿੰਘ ਨੂੰ ਬਰਖ਼ਾਸਤ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ, ਜ਼ਿਲ੍ਹਾ ਸਕੱਤਰ ਹਰਮੰਦਰ ਸਿੰਘ ਡੇਮਰੂ, ਗੁਰਮੇਲ ਸਿੰਘ ਲੋਹਗੜ੍ਹ, ਰਣਜੀਤ ਸਿੰਘ ਬੁੱਟਰ, ਇੰਦਰਮੋਨ ਸਿੰਘ ਪੱਤੋ, ਸੁਖਦੇਵ ਸਿੰਘ ਤਲਵੰਡੀ ਭੰਗੇਰੀਆਂ, ਹਰਬੰਸ ਸਿੰਘ ਸ਼ਾਹਵਾਲਾ, ਗੁਰਮੇਲ ਸਿੰਘ ਤਲਵੰਡੀ ਮੱਲੀਆਂ, ਦਰਸ਼ਨ ਸਿੰਘ ਮੋਗਾ, ਕੁਲਵੰਤ ਸਿੰਘ ਫੌਜੀ, ਹਰਨੇਕ ਸਿੰਘ ਡੇਮਰੂ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਜੋਸ਼ਨ ਹਾਜ਼ਰ ਸਨ।



## COURT NOTICE

In the Court of
Sh. Akbar Khan
Judicial Magistrate-1st
Class-2, Patiala
CNR No. PBPT03-017496-2022
Next Date :- 08-05-2025
HDFC Bank Ltd.
Vs. Azad Inam
Detail of offence :- 138 NI ACT
Notice To :
Azad Inam S/o Inam R/o H. No. 4303, Sham Nagar Colony Rajpura, Distt. Patiala

In above titled case, the accused could not be served. It is ordered that accused should appear in person or through counsel on 08.05.2025 at 10:00 A.M.

For details logon to https://highcourtchd.gov.in/?mod=district_notice&district=Patiala

Judicial Magistrate-1st
Class-2, Patiala
Dated, this day of 15.04.2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਅਰਾਧਨਾਂ ਖੋਸਲਾ ਜਾਇੰਟ ਸਬ-ਰਜਿਸਟਰਾਰ ਜੋਗਾ

ਵਿਸ਼ਾ:- ਖਾਨਗੀ ਵਸੀਅਤ ਵੱਲੋਂ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਰਜਿਸਟਰਡ ਕਰਨ ਬਾਰੇ।

ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਜਰਨੈਲ ਕੌਰ ਪਤਨੀ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਨੇ ਇੱਕ ਦਰਖਾਸਤ ਮਿਤੀ 27.03.2025 ਨੂੰ ਪੇਸ਼ ਕੀਤੀ ਕਿ ਮੁਤਵਫੀ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਜੋ ਕਿ ਰਿਸ਼ਤੇ ਵਿੱਚ ਉਸ ਦੇ ਪਤੀ ਸਨ, ਵੱਲੋਂ ਇੱਕ ਖਾਨਗੀ ਵਸੀਅਤ ਮਿਤੀ 25.04.2021 ਉਸ ਦੇ ਹੱਕ ਵਿੱਚ ਤਹਿਰੀਰ ਵਾ ਤਕਮੀਲ ਕਰਵਾਈ ਸੀ ਅਤੇ ਵਸੀਅਤ ਕੁਨਿੰਦਾ ਸ੍ਰੀ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਦੀ ਮਿਤੀ 04.11.2021 ਨੂੰ ਮੌਤ ਹੋ ਚੁੱਕੀ ਹੈ ਅਤੇ ਇਸ ਖਾਨਗੀ ਵਸੀਅਤ ਨੂੰ ਰਜਿਸਟਰਡ ਕਰਨ ਲਈ ਬੇਨਤੀ ਕੀਤੀ ਹੈ।ਇਸ ਲਈ ਜੇਕਰ ਕਿਸੇ ਵੀ ਵਿਅਕਤੀ ਨੂੰ ਮੁਤਵਫੀ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਨਿੱਕਾ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਾਹੱਕ ਜਰਨੈਲ ਕੌਰ ਪਤਨੀ ਬੰਤ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਰੱਲਾ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਦੇ ਹੱਕ ਵਿੱਚ ਖਾਨਗੀ ਵਸੀਅਤ ਨੂੰ ਰਜਿਸਟਰਡ ਕਰਨ ਵਿੱਚ ਕੋਈ ਉਜ਼ਰ/ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਿਯਮਾਂ ਅਨੁਸਾਰ ਵਸੀਅਤ ਰਜਿਸਟਰਡ ਕਰ ਦਿੱਤੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 15.4.2025 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਕੀਤਾ ਗਿਆ ਹੈ।

ਸਹੀ/- ਜਾਇੰਟ ਸਬ-ਰਜਿਸਟਰਾਰ, ਜੋਗਾ

## COURT NOTICE

(U/o 5 Rule 20 CPC)
In The Court of Ms. Chahat
Civil Judge (Junior Division),
Amritsar
CS/2727/2023 RECOVERY
CNR No. PBAS02-004216-2023
Next Date:- 28-04-2025

1. M/S Radhika Pharma (Distributors) Through its Prop. Mr Sushil Kumar S/o Sh. Ram Lubhaiya
2. Mr. Sushil Kumar S/o Sh. Ram Lubhaiya Prop. M/S Radhika Pharma (Distributors), Both R/o 379, Street No. 2, Model Town, Amritsar

Vs.

1. M/S Anmol Pharma Through its Prop. Mr. Jaspreet Singh 2. Mr. Jaspreet Singh Prop. M/S Anmol Pharma Both R/o Ground Floor, Raja Market, Katra Sher Singh, Amritsar

Publication Issued To:
Def No. 1. M/S Anmol Pharma through its Prop. Mr. Jaspreet Singh
Def No. 2. Mr. Jaspreet Singh Prop. M/S Anmol Pharma Both R/o Ground Floor, Raja Market, Katra Sher Singh, Amritsar.

In above titled case, the defendant(s) could not be served. It is ordered that defendant(s) should appear in person or through counsel on 28-04-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 16-04-2025

## COURT NOTICE

(U/o 5 Rule 20 CPC)
In The Court of
Sh. Barinder Singh Ramana
Additional District and Sessions Judge, Ludhiana
CNR No. PBLD01-000320-2025
Next Date:- 28-05-2025
Manju Jain Vs. Neeraj Jain

Publication Issued To: 1. Neeraj Jain Father: Son of Sh. Siri Chand Jain S/o Sh. Muni Lal Jain R/o 191-H, Bhai Randhir Singh Nagar Ldh, 10. Amarjit Kaur W/o Bhupinder Singh S/o Kesar Singh 11. Bhupinder Singh S/o Kesar Singh S/o Hakam Singh Both Residents of Vill. Bhattian, Tehsil and District Ludhiana, 12. Vinay Kumar S/o Om Dutt Sharma R/o 630/3, Kundan Puri, Civil Lines, Ludhiana, 14. Susma Sharma W/o Om Dutt Sharma R/o 630/3, Kundan Puri, Civil Lines, Ludhiana, 15. Vivek Sharma S/o Vinay Kumar R/o 630/3, Kundan Puri, Civil Lines, Ludhiana, 16. Vineet Sharma S/o Vinay Kumar R/o 630/3, Kundan Puri, Civil Lines, Ludhiana, 19. Jiwan Lata Widow Rakesh Kumar S/o Om Dutt Sharma R/o 630/3, Kundan Puri, Civil Lines, Ludhiana, 20. Rahul Sharma S/o Rakesh Kumar R/o 630/3, Kundan Puri, Civil Lines, Ludhiana, 21. Preeti D/o Rakesh Kumar R/o 630/3, Kundan Puri, Civil Lines, Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-05-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge, Ludhiana
Dated, this day of 07-04-2025

## Lost and Found

ਮੈਂ, ਰਮਿੰਦਰ ਕੌਰ ਪਤਨੀ ਕਿਰਪਾਲ ਸਿੰਘ ਵਾਸੀ 726, ਕਾਹਨੂੰਵਾਨ ਰੋਡ, ਬਟਾਲਾ, ਬਿਆਨ ਕਰਦੀ ਹਾਂ ਕਿ ਮੇਰਾ ਕੁਝ ਦਸਤਾਵੇਜ਼ਾਂ ਵਾਲਾ ਬੈਗ ਕਿਤੇ ਗੁੰਮ ਹੋ ਗਿਆ ਹੈ। ਜਿਸ ਵਿੱਚ ਇੱਕ ਰਜਿਸਟਰੀ ਸੀ - ਜਿਸਦੀ ਸੇਲ ਡੀਡ ਮਿਤੀ 22.03.1999 ਸੀ, ਵਸੀਕਾ ਨੰਬਰ 4924, ਜਿਸ ਕਿਸੇ ਨੂੰ ਵੀ ਮਿਲੇ, ਸੰਪਰਕ ਕਰੋ- ਮੋ- 98150-74167

## ਨਿਲਾਮੀ ਸੂਚਨਾ

ਸਰਕਾਰੀ ਐਲੀਮੈਂਟਰੀ ਸਕੂਲ ਚੱਬਾ, ਬਲਾਕ ਅੰਮ੍ਰਿਤਸਰ-1, 19 ਅਪ੍ਰੈਲ 2025 ਸਵੇਰੇ 10.00 ਵਜੇ ਨਿਲਾਮੀ ਬੋਲੀ : ਇਕ ਸਫੈਦਾ, ਇੱਕ ਧਰੇਕ, 2 ਫੁੱਟਕਲ, ਇਕ ਤੂਤ। ਫੋਨ ਨੰ: 94173-73747.

ਮਲਕੀਅਤ ਸਿੰਘ, ਮੁੱਖ ਅਧਿਆਪਕ ਸਰਕਾਰੀ ਐਲੀਮੈਂਟਰੀ ਸਕੂਲ ਚੱਬਾ, ਅੰਮ੍ਰਿਤਸਰ-1.

## BABA MEHAR SINGH MEMORIAL COLLEGE OF EDUCATION, VPO KALANAUR TEHSIL AND DISTRICT GURDASPUR

invites online applications for the post of Assistant Professors in Education(09) (preferably in Pedagogy of English , Hindi,social Sciences,Punjabi, Mathematics, science, Health and Physical Education,Fine Arts, Music, Education ) on regular basis. Qualification and Grade as per UGC/NCTE/ Punjab Govt./GNDU norms. Reservation Policy will be as per Punjab Govt. rules. Candidates must submit online application within 15 days from the date of publication of advertisement. Candidates must fill up the Score Card Performa(as per Ann-IV) available in CDC Portal on University website(www.gndu.ac.in) and submit it along with the application. E-mail:bmsmkalanaur@rediffmail.com

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤੀ ਜਾਂਦਾ ਹੈ ਕਿ ਇਹ ਪ੍ਰੋਪਰਟੀ (ਰਿਹਾਇਸ਼ੀ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸਤਨਾਮ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਲੋਹੀਆਂ ਖਾਸ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ PT-1007- 873466 ਹੈ। ਜਿਸ ਦਾ ਰਕਬਾ ਕਰੀਬ 00 ਕੁ 11.5 ਮ 00 ਸ ਮਰਲੇ (ਕਵਰਡ ਏਰੀਆਂ 1889 ਫੁੱਟ ) ਹੈ।ਇਹ ਪ੍ਰੋਪਰਟੀ ਵਾਰਡ ਨੰ. 01 ਜਿਸ ਦੀਆਂ ਹੱਦਾਂ : ਚੜ੍ਹਦੇ ਦਲਬੀਰ ਕੌਰ, ਲਹਿੰਦੇ ਹਰੀਸ਼ ਸਿੰਘ, ਪਹਾੜ ਰਸਤਾ ਸੜਕ ਦੱਖਣ ਲਛਮਣ ਸਿੰਘ ਗੁਰੂ ਨਾਨਕ ਕਾਲੋਨੀ ਲੋਹੀਆਂ ਖਾਸ ਹੈ। ਸ੍ਰੀਮਤੀ ਰਾਜਵਿੰਦਰ ਕੌਰ ਪਤਨੀ ਸਤਨਾਮ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ੍ਰੀਮਤੀ ਗੁਰਮੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਜਕੋਪੁਰ ਕਲਾਂ, ਹਾਲ ਲੋਹੀਆਂ ਖਾਸ ਦਸਤਾਵੇਜ਼ ਨੰਬਰ 82 ਮਿਤੀ 03.05.2024 ਰਜਿਸਟਰੀ ਕਰਵਾਈ ਗਈ ਹੈ।ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਗੁਰਮੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਜਕੋਪੁਰ ਕਲਾਂ, ਹਾਲ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚੱਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਰਿਹਾਇਸ਼ੀ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਗੁਰਮੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਜਕੋਪੁਰ ਕਲਾਂ, ਹਾਲ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ, 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਗੁਰਮੀਤ ਕੌਰ ਪਤਨੀ ਸੰਤੋਖ ਸਿੰਘ ਪੁੱਤਰ ਮੋਹਣ ਸਿੰਘ ਵਾਸੀ ਜਕੋਪੁਰ ਕਲਾਂ, ਹਾਲ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

Ref No. 397 Dated : 16.4.2025 — ਸਹੀ/- ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।

## ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤੀ ਜਾਂਦਾ ਹੈ, ਕਿ ਇਹ ਪ੍ਰੋਪਰਟੀ (ਵਪਾਰਕ) ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਦੇ ਪ੍ਰੋਪਰਟੀ ਟੈਕਸ ਰਿਕਾਰਡ ਵਿੱਚ ਸ੍ਰੀਮਤੀ ਗੁਰਸ਼ਰਨਜੀਤ ਕੌਰ ਪਤਨੀ ਜਸਵਿੰਦਰ ਸਿੰਘ ਪੁੱਤਰ ਸੌਦਾਗਰ ਸਿੰਘ ਵਾਸੀ ਭੁਮਾਣਾ ਲੋਹੀਆਂ ਖਾਸ 'ਤੇ ਦਰਜ ਹੈ। ਜਿਸ ਦਾ ਪੀ.ਟੀ. ਨੰਬਰ PT-1007- 083668 ਹੈ। ਜਿਸ ਦਾ ਰਕਬਾ ਕਰੀਬ 00 ਕੁ 00 ਮ 06 ਸ ਮਰਲੇ (ਕਵਰਡ ਏਰੀਆ 170 ਫੁੱਟ ) ਹੈ। ਇਹ ਪ੍ਰੋਪਰਟੀ ਵਾਰਡ ਨੰ. 03 (Old 6) ਜਿਸ ਦੀਆਂ ਹੱਦਾਂ : ਚੜ੍ਹਦੇ ਭਜਨ ਕੁਮਾਰ, ਲਹਿੰਦੇ ਕਸ਼ਮੀਰੀ ਦੇਵੀ, ਪਹਾੜ ਭਜਨ ਕੁਮਾਰ, ਦੱਖਣ ਰਸਤਾ ਹਨ। ਸ੍ਰੀਮਤੀ ਗੁਰਸ਼ਰਨਜੀਤ ਕੌਰ ਪਤਨੀ ਜਸਵਿੰਦਰ ਸਿੰਘ ਪੁੱਤਰ ਸੌਦਾਗਰ ਸਿੰਘ ਵਾਸੀ ਭੁਮਾਣਾ ਲੋਹੀਆਂ ਖਾਸ ਵੱਲੋਂ ਇਹ ਪ੍ਰੋਪਰਟੀ ਸ੍ਰੀਮਤੀ ਕਸ਼ਮੀਰੀ ਦੇਵੀ ਵਿਧਵਾ ਜੋਗਿੰਦਰ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਲੋਹੀਆਂ ਖਾਸ ਵਸੀਕਾ ਨੰਬਰ 2024-25/178/1/756 ਮਿਤੀ 16.01.2025 ਰਜਿਸਟਰੀ ਕਰਵਾਈ ਗਈ ਹੈ।ਇਹ ਪ੍ਰੋਪਰਟੀ ਦਾ ਪ੍ਰੋਪਰਟੀ ਟੈਕਸ ਕਲੀਅਰ ਹੈ। ਸ੍ਰੀਮਤੀ ਕਸ਼ਮੀਰੀ ਦੇਵੀ ਵਿਧਵਾ ਜੋਗਿੰਦਰ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਲੋਹੀਆਂ ਖਾਸ ਵੱਲੋਂ ਇਹ ਸਵੈ-ਘੋਸ਼ਣਾ ਪੱਤਰ ਦਿੱਤਾ ਗਿਆ ਹੈ ਕਿ ਇਸ ਪ੍ਰੋਪਰਟੀ ਦਾ ਕੋਈ ਪਰਵਾਰਕ ਝਗੜਾ ਨਹੀਂ ਹੈ ਅਤੇ ਨਾ ਹੀ ਕੋਈ ਅਦਾਲਤੀ ਕੇਸ ਚੱਲਦਾ ਹੈ।ਇਸ ਲਈ ਇਹ ਪ੍ਰੋਪਰਟੀ (ਵਪਾਰਕ) ਸਿਰਫ ਪ੍ਰੋਪਰਟੀ ਟੈਕਸ ਭਰਨ ਦੇ ਮੰਤਵ ਲਈ ਪ੍ਰੋਪਰਟੀ ਸ੍ਰੀਮਤੀ ਕਸ਼ਮੀਰੀ ਦੇਵੀ ਵਿਧਵਾ ਜੋਗਿੰਦਰ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਲੋਹੀਆਂ ਖਾਸ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇ। ਇਸ ਇਸ਼ਤਿਹਾਰ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਦਫਤਰ ਨਗਰ ਪੰਚਾਇਤ ਲੋਹੀਆਂ ਖਾਸ ਵਿਖੇ ਦਰਜ ਕਰਵਾ ਸਕਦਾ ਹੈ। 30 ਦਿਨ ਦਾ ਸਮਾਂ ਖਤਮ ਹੋਣ ਤੋਂ ਬਾਅਦ ਇਹ ਪ੍ਰੋਪਰਟੀ ਸ੍ਰੀਮਤੀ ਕਸ਼ਮੀਰੀ ਦੇਵੀ ਵਿਧਵਾ ਜੋਗਿੰਦਰ ਸਿੰਘ ਪੁੱਤਰ ਤੋਤਾ ਸਿੰਘ ਵਾਸੀ ਲੋਹੀਆਂ ਖਾਸ, ਤਹਿਸੀਲ ਸ਼ਾਹਕੋਟ ਦੇ ਨਾਂਅ ਤਬਦੀਲ ਕਰ ਦਿੱਤੀ ਜਾਵੇਗੀ। ਸਮਾਂ ਖਤਮ ਹੋਣ ਤੋਂ ਬਾਅਦ ਵਿੱਚ ਕਿਸੇ ਦਾ ਕੋਈ ਉਜ਼ਰ ਜਾਂ ਸੁਝਾਅ ਨਹੀਂ ਸੁਣਿਆ ਜਾਵੇਗਾ।

Ref No. 398 Dated : 16.4.2025 — ਸਹੀ/- ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਲੋਹੀਆਂ ਖਾਸ।

## ਉੱਤਰ ਰੇਲਵੇ

**Expression of Interest**

No. NR-FZROCOML(NFR)/4/2024 — Date:15/04/2025

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ, ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਫ਼ਿਰੋਜ਼ਪੁਰ ਡਵੀਜਨ, ਉੱਤਰ ਰੇਲਵੇ, ਗੈਰ–ਮੇਲਾ ਦਿਨਾਂ ਵਿਚ ਰੇਲਵੇ ਸਟੇਸ਼ਨ ਸੁਲਤਾਨਪੁਰ ਲੋਧੀ ਵਿਚ ਮੇਲਾ ਵੇਟਿੰਗਹਾਲ ਦੇ ਸੰਚਾਲਨ, ਨਵੀਨੀਕਰਣ ਅਤੇ ਰੱਖ–ਰੱਖਾਵ ਦੇ ਲਈ Expression of Interest ਮੰਗ ਕਰਦਾ ਹੈ । ਇਛੁਕ ਪਾਰਟੀਆਂ ਤੋਂ ਅਨੁਰੋਧ ਹੈ ਕਿ ਰੇਲਵੇ ਸਟੇਸ਼ਨ/ਜਗ੍ਹਾਂ/ਖੇਤਰ ਦਾ ਦੋਰਾ ਕਰ ਕਮਾਈ ਸ਼ਮਤਾ ਤੋਂ ਪਰਿਚਿਤ ਹੋਵੇ ਅਤੇ ਅਪਨੇ ਵਿਚਾਰਾਂ ਨੂੰ ਪੂਰਾ ਪ੍ਰਸਤਾਵ ਦੇ ਨਾਲ 15/05/2025 ਤਕ ਇਸ ਦਫਤਰ ਵਿਚ ਪੇਸ਼ ਕਰੇ । ਪਾਰਟੀਆਂ ਦੁਵਾਰਾ ਪੇਸ਼ ਵਿਚਾਰਾਂ ਉਤੇ ਆਖਰੀ ਫੈਸਲਾ ਰੇਲਵੇ ਪ੍ਰਸਾਸ਼ਨ ਦੁਵਾਰਾ ਲਿਤਾ ਜਾਵੇਗਾ । ਜ਼ਿਆਦਾ ਜਾਣਕਾਰੀ ਦੇ ਲਈ ਕ੍ਰਿਪਾ ਉੱਤਰ ਰੇਲਵੇ ਦੀ ਵੇਬਸਾਈਟ https://nr-indianrailway-gov-in/ ਉਤੇ ਦੇਖੋ ਜਾਂ ਸੀਨੀਅਰ ਮੰਡਲ ਵਾਨਿਜਿਯਕ ਪ੍ਰਬੰਧਕ ਦਫਤਰ, ਉੱਤਰ ਰੇਲਵੇ, ਡੀਆਰਐਮ ਦਫਤਰ, ਫ਼ਿਰੋਜ਼ਪੁਰ ਕੈਂਟ ਦੇ ਦਫਤਰ ਵਿਚ ਦਫਤਰ ਸਮੇਂ ਦੇ ਦੋਰਾਨ ਕਿਸੀ ਵੀ ਕੰਮ ਵਾਲੇ ਦਿਨ ਵਿਚ ਸੰਪਰਕ

ਵਾਸਤੇ ਸੀਨੀਰ ਮੰਡਲ ਵਾਣਿਜਿਯਕ ਪ੍ਰਬੰਧਕ,
ਉੱਤਰ ਰੇਲਵੇ, ਫ਼ਿਰੋਜ਼ਪੁਰ ਮੰਡਲ,
ਡੀਆਰਐਮ ਦਫਤਰ, ਫ਼ਿਰੋਜ਼ਪੁਰ ਕੈਂਟ 152001

1118/25 — Email: pamcell.fzr@gmail.com

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## PCC TECHNOLOGY PRIVATE LIMITED

CIN: U72900PB2007PTC034043
Registered Office: Fourth Floor, K.K. Tower, Civil Lines, Opp. Circuit House, Jalandhar, Punjab, India,144001. Phone: 0181- 4610025
E-mail: chetankalra@gmail.com

ਫਾਰਮ ਨੰਬਰ ਆਈ ਐਨ ਸੀ-26
[ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼, 2014 ਦੇ ਨਿਯਮ 30 ਦੇ ਅਨੁਸਾਰ]

**ਕੇਂਦਰੀ ਸਰਕਾਰ, ਖੇਤਰੀ ਨਿਰਦੇਸ਼ਕ, ਉੱਤਰੀ ਖੇਤਰ, ਨਵੀਂ ਦਿੱਲੀ ਰਾਹੀਂ ਕੰਪਨੀ ਦਫਤਰ ਇੱਕ ਰਾਜ ਤੋਂ ਦੂਸਰੇ ਰਾਜ 'ਚ ਤਬਦੀਲ ਕਰਨ ਦੇ ਸੰਬੰਧ 'ਚ ਅਖਬਾਰ 'ਚ ਪ੍ਰਕਾਸ਼ਤ ਇਸ਼ਤਿਹਾਰ**

ਕੰਪਨੀਜ਼ ਐਕਟ, 2013 ਦੀ ਧਾਰਾ 13 ਦੀ ਉਪ ਧਾਰਾ (4) ਅਤੇ ਕੰਪਨੀਜ਼ (ਇਨਕਾਰਪੋਰੇਸ਼ਨ) ਨਿਯਮ, 2014 ਦੇ ਨਿਯਮ 30 ਦੇ ਉਪ ਨਿਯਮ (5) ਦੀ ਉਪ ਧਾਰਾ (ਏ) ਦੇ ਸੰਬੰਧ 'ਚ

ਅਤੇ

ਪੀ ਸੀ ਸੀ ਟੈਕਨਾਲੋਜੀ ਪ੍ਰਾਈਵੇਟ ਲਿਮਟਿਡ ਦੇ ਮਾਮਲੇ 'ਚ ਰਜਿਸਟਰਡ ਦਫਤਰ ਚੌਥੀ ਮੰਜ਼ਲ ਕੇ ਕੇ ਟਾਵਰ, ਸਿਵਲ ਲਾਈਨਜ਼ [illegible] ... ਬਿਨੈਕਾਰ

[illegible]

ਮਿਤੀ : 16.04.2025
ਸਥਾਨ : ਜਲੰਧਰ

ਵਾਸਤੇ ਅਤੇ ਤਰਫੋਂ ਬਿਨੈਕਾਰ
ਵਾਸਤੇ ਪੀ ਸੀ ਸੀ ਟੈਕਨਾਲੋਜੀ ਪ੍ਰਾਈਵੇਟ ਲਿਮਟਿਡ
ਸਹੀ/-
ਰੰਜਨਾ ਕਾਲੜਾ, ਆਲਟਰਨੇਟ ਡਾਇਰੈਕਟਰ, ਡੀ ਆਈ ਐਨ : 02066522

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

### ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

[illegible]

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ | ਗਿਰਵੀ ਰੱਖੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁਪਏ) |
|---|---|---|---|---|
| ਸ੍ਰੀ ਕੁਲਵਿੰਦਰ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਵਾਸੀ ਪਿੰਡ ਦੂਧਨ ਸਾਧਾਂ, ਤਹਿਸੀਲ ਸਾਧਾਂ, ਪਟਿਆਲਾ, ਪੰਜਾਬ-147111 | [illegible] | 27 ਜਨਵਰੀ 2025 | 15 ਅਪ੍ਰੈਲ 2025 | ਰੁਪਏ 4600493 |

ਮਿਤੀ : 17-04-2025
ਸਥਾਨ : ਪਟਿਆਲਾ

ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## YES BANK

Registered Office: Yes Bank House, Western Express Highway, Santacruz (E), Mumbai, 400 055
Also At :- SCO No. 129-130 2nd Floor Sector 9-C, Madhya Marg, Chandigarh -160009.
AlsoAt:- B-XX 2427-928, 1st Floor, Gobind Nagar, Ferozepur Road, Ludhiana-141001.

[(ਰੂਲ-8 (i)] ਕਬਜ਼ਾ ਨੋਟਿਸ

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿ[illegible] ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 (2[illegible] ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ [illegible] ਪਤਾ : ਮਕਾਨ ਨੰ. 391, ਨੇੜੇ ਈਲਾਈਟ ਟਾਵਰ, ਕਾਲੀਆ ਕਾਲੋਨੀ [illegible] ਟਾਵਰ, ਕਾਲੀਆ ਕਾਲੋਨੀ, ਫੇਸ-2, ਜਲੰਧਰ 144008 ਨੂੰ ਦਰਸ[illegible] ਸੋਲਾਂ ਲੱਖ ਪੰਦਰਾਂ ਹਜ਼ਾਰ ਇਕ ਸੌ ਬਹੱਤਰ ਰੁਪਏ ਅਤੇ ਬਵੰਜਾ ਪੈਸੇ [illegible] ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇ[illegible]

ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸ[illegible] ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਦਰਸਾਏ ਰੂਲਜ਼ ਦੇ ਰੂਲ 8 [illegible] 2025 ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤ[illegible] ਦੀ ਸੌਦੇਬਾਜ਼ੀ ਮਿਤੀ 17 ਜਨਵਰੀ 2025 ਨੂੰ ਬਕਾਇਆ ਨਿਕਲਦ[illegible] ਪੈਸੇ ਕੇਵਲ) ਅਤੇ ਇਸ ਉੱਪਰ ਵਿਆਜ ਅਤੇ ਲਾਗਤਾਂ ਯੈੱਸ ਬੈਂਕ [illegible]

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ [illegible] ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ :

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ | ਰਹਿਣਕਾਰ |
|---|---|---|
| ਗੈਰ ਖੇਤੀਬਾੜੀ ਵਾਲੀ ਜਾਇਦਾਦ ਜੋ ਕਿ ਦੁਕਾਨ ਰਕਬਾ 01 ਮਰਾਲ 28 ਵਰਗ [illegible] ਖਸਰਾ ਨੰ. 1//23, 24/1, 5//3/1, 4/1, 5//2/1, ਵਾਕਿਆ ਪਗ[illegible] ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ | [illegible] | [illegible] |

ਮਿਤੀ : 10-04-2025
ਸਥਾਨ : ਜਲੰਧਰ

ਵਾਸਤੇ ਯੈੱਸ ਬੈਂਕ ਲਿਮਿਟਿਡ
ਸ੍ਰੀ ਅਧਿਕਾਰਤ ਅਫ਼ਸਰ, ਅਧਿਕਾਰਤ ਅਫਸਰ

# ਕਲਾਸੀਫਾਈਡ ਇਸ਼ਤਿਹਾਰ

## Change of Name

I, Mandhir Singh Sachdev Son of Bhupinder Singh resident of 344-A, Shastri Nagar Lawrence Road, Amritsar, Amritsar-II, Amritsar-143001 Punjab India Have changed my name and shall hereafter be known as Mandhir Singh.

I, Reeta Sharma W/O Subash Chander Ranchan Alias Subhash Sharma R/o H.No E. K.-179 Phagwara Gate, Jalandhar -144001 (Punjab) now my husband known as Subhash Sharma. All concerned please note.

I, Naresh Kumar S/o Ved Parkash R/o H.No 263, Ward No. 11, Mohalla Basant Vihar Bhogpur, Distt. Jalandhar, (Pb) India have Changed my name Naresh Kumar to Naresh Bhandari. Naresh is my given name and Bhandari is my surname.

I,Gurtejbir Singh S/O Jasbir Singh Sandhu R/O H.No. 74, Dera Baba Darshan Singh Ji Avenue, Amritsar, Punjab have changed my name from Gurtejbir Singh to Gurtejbir Singh Sandhu.Concerned note.

I, Manjeet Kaur w/o Harjit Singh R/o House No. 857, Ward No. 34, Kot Khalsa, Amritsar have changed my name from Manjeet Kaur to Manjit Kaur.

I, Gurubax Kaur W/o. Bachan Singh, VPO. SATHIALA, Tehsil Baba Bakala Sahib (Amritsar) have changed my name from Gurubax Kaur to Gurbaksh Kaur. Concerned Note.

I, Paramdeep Singh S/o Satnam Singh R/o VPO Dhoot Kalan Tehsil & Distt. Hoshiarpur Punjab have changed my name from Paramdeep Singh to Parmdip Singh. Concerned note.

I, Daljeet Kaur W/o Parmdip Singh R/o VPO Dhoot Kalan Tehsil & Distt. Hoshiarpur Punjab have changed my name from Daljeet Kaur to Daljit Kaur. Concerned note.

I, Akhil Kumar Arora S/o Narinder Kumar Arora Resident of Rishabh Autos, Adarsh Soap Mills, Batala Road, Amritsar have changed my name from Akhil Arora to Akhil Kumar Arora.

I, Inderjeet Kaur W/O Tarlochan Singh R/O 420, Green Avenue, Near Sadana Dental Clinic, Amritsar, Punjab have changed my name from Inderjeet Kaur to Inderjit Kaur. Concerned note.

I Rishi Kumar Khanna S/o Raman Kumar Khanna R/o H.No.75, Avtar Avenue Majitha Road Amritsar have changed my name to Rishi Khanna.

I, Hardik Rai S/o Gulshan Rai R/o 1595, Chowk Farid, Upstair Rawalpindi Dry Clean, Katra Sher Singh Amritsar have changed my name from Hardik Rai to Hardhik Rai

I, Karandev Singh S/o Satnam Singh R/o 2526, Gali No.3, New Natha Wala Mandir, Amritsar have changed my name from Karandev Singh to Karandeep Singh.

I, Baldev Singh Nanrhe S/o Amrik Singh R/o VPO Kohali, Tehsil Ajnala District Amritsar have changed my name from Baldev Singh Nanrhe to Baldev Singh.

I, Gurwinder Singh S/o Hardev Singh VPO Bhojian Teh Chabhal Kalan Distt Tarn Taran 143401 Punjab India declare that Gurwinder is my Given name and Singh is my Surname.

I Ritu Kishore W/o Naval Kishore R/o H.No.428-429 Golden City Meerankot Chowk Airport Road Amritsar have changed my name to Diksha Singla.

I, Banta Singh S/o Labh Singh R/o VPO Hayat Nagar, Tehsil/District Gurdaspur, Punjab India. Have changed my name from Banta Singh to Harbans Singh.

I, Ashok Bansal S/o Late Sh. Tirath Ram R/o H. No. 20B, Brij Nagar, Jalandhar (PB), Solemnly declare that in some documents written my name is Ashok Bansal (in Passport) and my correct name is Ashok Kumar. Please consider my name Ashok Bansal to Ashok Kumar in all future purposes.

I Jaspal SINGH S/O MAHINGA SINGH R/o VILLage KHizarpur , P/o Seeprian Teh Mukerian Distt Hoshiarpur punjab Have Changed my name From Jaspal singh To HARJASS SINGH All Concemed Not

I, Ramta Rani w/o Nek Chand R/O Village jugial,PO Hajipur Teh Mukerian Distt Hoshiarpur punjab have Changed my son name From ESHAN KUMAR TO ESHANDEEP SINGH All concerned note .

I, Harminder Singh S/o Gurdev Singh R/o VPO Mohadipur Aryian, Jalandhar, Punjab, 144102 changed my name Harminder as Given name and Singh as Surname.

I, Gurpreet Ram S/O Lahori Ram R/O Vpo Kangrour, Distt. Sbs Nagar-144503, Punjab Have Changed My Name From Gurpreet Ram To Gurpreet Ram. (Ram As Surname). All Note.

I, Kaur Harleen D/o Kulvir Singh R/o V.Po.Sammipur, Distt.Jalandhar, Punjab have changed my name from Harleen Kaur to Kaur Harleen. (Kaur as Surname). All please note.

I, hitherto known as Rahul S/O Gagan Singh residing at Village Harse Mansar, Distt. Hoshiarpur – 144306, Punjab, India have changed my name and shall hereafter be known as Rahul Thakur.

I, hitherto known as Prabhjot D/O Chaman Lal residing at VPO Atti, Distt. Jalandhar – 144418, Punjab, India have changed my name and shall hereafter be known as Prabhjot Kaur.

I, Samuel s/o Fariad Masih r/o Vill. Salar Pur, Po.Raipur, Distt. Jalandhar, Punjab have changed my name from Samuel to Samual Masih. All please note.

I, Hardip Singh s/o Dyal Singh r/o Vill.Dala, Po. Raipur Pir Bux Wala, Distt. Kapurthala have changed my name to Hardeep Singh. All please note.

I, Vasleen Malhi d/o Paramjit Kumar r/o H.No.N.K-299, Jattpura, Jalandhar have changed my name to Malhi Vasleen (Surname as Malhi) All please note.

I, Sharanjit Singh s/o Jarnail Singh r/o Vill. Dhilwan, Po. Dakoha, Distt.Jalandhar have changed my name to Singh Sharanjit (Surname as Singh) All please note.

## Change of Name

I, Ravinder Singh s/o Gurmail Singh r/o Vill. Saggal, Po.Panwan, Tehsil Dasuya, Hoshiarpur have changed my name to Singh Ravinder (Surname as Singh) All please note.

I, Pardeep Singh s/o Baldev Singh r/o VPO.Dhanowali, Distt.Jalandhar have changed my minor daughter name from Prabhsimran Kaur to Kaur Prabhsimran (Surname as Kaur) All please note.

I, Ritika Madan w/o Aditya Maheshwari r/o H.No.151-152, GTB Avenue, Jalandhar Punjab have changed my name from Ritika Madan to Ritika Maheshwari. All please note.

I, Sunita Rani alias Parvinder Kaur w/o Sukhdev Kumar r/o H.No. 31, Gali No.1, New Lasuri Mohalla, Basti Danishmandan, Jalandhar, Punjab have changed my name to Parvinder Kaur. All please note.

I, Anmol Rattan Singh alias Anmol Singh s/o Rajeshwar Dayal Singh r/o 27, St No.3, National Avenue, Khambra Colony, Rama Manda, Jalandhar have changed my name to Anmol Rattan Singh. All please note.

I, Jaswinder Kaur w/o Sarbjit Sahota r/o Vill. Partapura, Po. Lohar Partapura, Distt. Jalandhar have changed my name to Kaur Jaswinder (Surname as Kaur) All please note.

I, Kanwardeep Singh S/o Pritpal Singh Arora R/o H.No.715 C, Urban Estate, Kapurthala, Punjab, 144601 have changed my name to Kanwardeep Singh Arora. All please note.

I, Amandeep W/o Deepak Kumar R/o H.No. B1-873, Ram Nagar, Jalandhar have changed my name from Amandeep to Amandeep Kaur. All please note.

I, Jaspreet Singh S/o Balbir Singh R/o VPO. Boparai, Tehsil Bholath, Distt. Kapurthala have changed my name from Jaspreet Singh to Singh Jaspreet. (Surname as Singh) All please note.

I, Paramjit Kaur W/o Malkit Singh R/o VPO. Mehtiana, Tehsil and District Hoshiarpur, Punjab-146001 have changed my name from Parmjit Kaur to Paramjit Kaur. Concerned Note.

I, Sapna Rani W/o Vikas Kumar Sharma R/o B9 667/13, Moh. Santokhpura, Jalandhar (PB) have changed my name to Sapna Sharma. All concerned please note.

I, Vikas Kumar S/o Vijay Kumar R/o B9 667/13, Moh. Santokhpura, Jalandhar (PB) have changed my name to Vikas Kumar Sharma. All concerned please note.

I, Ashwani Kumar S/o Hari Kishan R/o H.No.NC.137 Kot Kishan Chand Jalandhar, Punjab have changed my name from Ashwani Kumar to Ashwani Kumar Malhotra. All concerned please note.

I, Gurmit Singh S/o Jaswant Singh R/o 11, Bombay Nagar, Jalandhar, Punjab have changed my name from Gurmit Singh to Gurmeet Singh Dhaliwal. All concerned please note.

I, Neena Vasudeva W/o Chetan Vasudeva R/o H.No. 98, Ward No. 43, New Harbans Nagar, Jalandhar, Punjab-144002 have changed my name from Neena Vasudeva to Neena Kapoor. All concerned please note.

I, Kuldip Singh Gill S/o Sawaran Chand R/o Village Nauli, PO. Isharwal, Distt. Jalandhar, Punjab have changed my name from Kuldip Singh Gill to Kuldip Singh. All concerned please note.

I, Pinkey Wife of Kuldip Singh R/o Village Nauli, PO. Isharwal, Distt. Jalandhar, Punjab have changed my name from Pinkey to Pinky. All concerned please note.

I, Kuldip Kaur W/o Rawal Singh R/o VPO Talwandi Daddian, Teh. Tanda, Distt. Hoshiarpur, Punjab have changed my name to Kuldeep Kaur. All concened please note.

## ਆਮ ਸੂਚਨਾ

ਮੈਂ, ਚਰਨ ਕੌਰ ਪਤਨੀ ਆਸਾ ਸਿੰਘ ਵਾਸੀ ਔਂਜਲਾ ਜੋਗੀ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦੀ ਹਾਂ ਕਿ ਮੇਰੇ ਕਈ ਦਸਤਾਵੇਜ਼ਾਂ 'ਤੇ ਮੇਰਾ ਨਾਂਅ ਚਰਨਜੀਤ ਕੌਰ ਅਤੇ ਕਈ ਦਸਤਾਵੇਜ਼ਾਂ 'ਤੇ ਮੇਰਾ ਨਾਂਅ ਚਰਨ ਕੌਰ ਦਰਜ ਹੈ। ਚਰਨਜੀਤ ਕੌਰ ਅਤੇ ਚਰਨ ਕੌਰ ਦੋਨੇ ਨਾਂਅ ਇਕ ਹੀ ਔਰਤ ਯਾਨੀ ਕਿ ਮੇਰੇ ਹਨ। ਸੰਬੰਧਤ ਨੋਟ ਕਰਨ।

ਮੈਂ ਹਰਜਿੰਦਰ ਸਿੰਘ ਪੁੱਤਰ ਜੋਗਾ ਸਿੰਘ ਵਾਸੀ ਕੋਟਲੀ ਸੈਣੀਆਂ [illegible]

[illegible]

## ਆਮ ਸੂਚਨਾ

[illegible]

## ਨਾਂਅ ਦੀ ਬਦਲੀ

[illegible]

## ਬੇਦਖਲੀ ਨੋਟਿਸ

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ


'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਸਭਰਾਂ ਥਾਣੇ ਲੱਗਾ ਮੋਰਚਾ ਕਿਸਾਨਾਂ ਵੱਲੋਂ ਅਗਲਾ ਐਲਾਨ ਕਰਕੇ ਸਮਾਪਤ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਵਿਧਾਨ ਸਭਾ ਹਲਕਾ ਪੱਟੀ ਅਧੀਨ ਆਉਂਦੇ ਪਿੰਡ ਸਭਰਾ ਦੀ ਰੇਤ ਵਾਲੀ ਖੱਡ ਦਾ ਮਸਲਾ ਦਿਨੋਂ ਦਿਨ ਵੱਧਦਾ ਨਜ਼ਰ ਆ ਰਿਹਾ। ਪੰਜਾਬ ਸਰਕਾਰ ਦੇ ਖੱਡ ਚਲਾਉਣ ਦੇ ਅੜੀਅਲ ਰਵਈਏ ਵੇਖਦੇ ਹੋਏ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਭਾਰਤੀ ਕਿਸਾਨ ਯੂਨੀਅਨ ਮਝੈਲ, ਹੜ੍ਹ ਪੀੜਤ ਕਿਸਾਨ ਯੂਨੀਅਨ ਜਥੇਬੰਦੀ ਵੱਲੋਂ ਪਿੰਡ ਸਭਰਾਂ ਦੇ ਥਾਣੇ ਅੱਗੇ ਧਰਨਾ ਲਗਾਇਆ ਗਿਆ ਪਹਿਲੇ ਦਿਨ ਮਸਲੇ ਦਾ ਹੱਲ ਨਾ ਹੋਣ ਕਰਕੇ ਮੋਰਚਾ ਦੂਸਰੇ ਦਿਨ ਵਿਚ ਦਾਖਲ ਹੋ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਸੁਖਵਿੰਦਰ ਸਿੰਘ ਸਭਰਾ, ਸੋਹਣ ਸਿੰਘ ਸਭਰਾ, ਜਸਬੀਰ ਸਿੰਘ, ਗੁਰਵਿੰਦਰ ਸਿੰਘ ਸਭਰਾ ਨੇ ਕਿਹਾ ਕਿ ਇਲਾਕੇ ਦੇ ਸਹਿਯੋਗ ਸਦਕਾ ਰੇਤ ਦੀ ਖੱਡ ਬੰਦ ਕਰਵਾਈ ਗਈ ਸੀ ਪਰ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੇ ਇਸ਼ਾਰੇ 15 ਅਪ੍ਰੈਲ ਨੂੰ ਰੇਤ ਦੀ ਖੱਡ ਤੇ ਰੇਤ ਮਾਫੀਆ ਵੱਲੋਂ ਵੱਡੀ ਗਿਣਤੀ ਵਿੱਚ ਹਥਿਆਰ ਲੈ ਕੇ ਗੁੰਡਾਗਰਦੀ ਕਰਦੇ ਹੋਏ ਰੇਤ ਦੀ ਮਾਈਨਿੰਗ ਸ਼ੁਰੂ ਕਰਵਾਈ ਗਈ। ਇਸ ਬਾਰੇ ਕਿਸਾਨ ਆਗੂ ਅਤੇ ਇਲਾਕੇ ਦੇ ਲੋਕਾਂ ਵੱਲੋਂ ਥਾਣਾ ਸਭਰਾ ਦੇ ਪੁਲਿਸ ਪ੍ਰਸ਼ਾਸਨ ਨੂੰ ਇਤਲਾਹ ਦਿੱਤੀ ਗਈ ਪਰ ਪ੍ਰਸ਼ਾਸਨ ਵੱਲੋਂ ਖ਼ਾਨਾਪੂਰਤੀ ਕੀਤੀ ਗਈ ਜਿਸ ਦੇ ਰੋਸ ਵਿੱਚ ਇਲਾਕਾ ਵਾਸੀਆਂ ਨੇ ਜਥੇਬੰਦੀਆਂ ਦੇ ਸਹਿਯੋਗ ਨਾਲ ਥਾਣਾਂ ਸਭਰਾਂ ਅੱਗੇ ਧਰਨਾ ਲਗਾ ਦਿੱਤਾ। ਆਗੂਆਂ ਨੇ ਕਿਹਾ ਕਿ ਰੇਤ ਦੀ ਖੱਡ ਚੱਲਣ ਨਾਲ ਇਲਾਕੇ ਦੇ ਲਗਭਗ 15 ਤੋਂ 20 ਪਿੰਡ ਦਰਿਆਂ ਦੀ ਮਾਰ ਹੇਠ ਆਉਣਗੇ ਕਿਉਂਕਿ ਇਸੇ ਜਗ੍ਹਾ ਤੋਂ ਪਹਿਲਾਂ ਵੀ ਬੰਨ੍ਹ ਟੁੱਟ ਗਿਆ ਸੀ ਅਤੇ ਇਲਾਕੇ ਦਾ ਵੱਡੇ ਪੱਧਰ ਤੇ ਨੁਕਸਾਨ ਹੋਇਆ ਸੀ। ਮੀਟਿੰਗ ਦੌਰਾਨ 18 ਅਪ੍ਰੈਲ ਨੂੰ ਡੀ ਸੀ ਅਤੇ ਐੱਸਐੱਸਪੀ ਤਰਨਤਾਰਨ ਦੇ ਦਫ਼ਤਰ ਅੱਗੇ ਧਰਨੇ ਦਾ ਐਲਾਨ ਕਰਕੇ ਪਿਛਲੇ ਦੋ ਦਿਨ ਤੋਂ ਲੱਗੇ ਮੋਰਚੇ ਨੂੰ ਸਮਾਪਤ ਕਰ ਦਿੱਤਾ ਅਤੇ ਕਿਸਾਨ ਆਗੂਆਂ ਨੇ ਕਿਹਾ ਕਿ ਜੋ ਨਜਾਇਜ਼ ਤੌਰ ਤੇ ਮਾਈਨਿੰਗ ਚੱਲ ਰਹੀ ਹੈ ਅਤੇ ਹਥਿਆਰ ਲੈ ਕੇ ਗੁੰਡਾਗਰਦੀ ਕੀਤੀ ਜਾ ਰਹੀ ਹੈ ਜੇ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਨਾ ਕੀਤੀ ਗਈ ਤਾਂ 18 ਅਪ੍ਰੈਲ ਨੂੰ ਡੀ ਸੀ ਅਤੇ ਐੱਸ ਐੱਸ ਪੀ ਤਰਨਤਾਰਨ ਅੱਗੇ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਸ਼ਮੂਲੀਅਤ ਕਰਨਗੇ।

# 4 ਕਿਲੋਮੀਟਰ ਮੋਘੇ ਦੇ ਨਿਰਮਾਣ 'ਤੇ ਖਰਚ ਕੀਤੇ ਜਾਣਗੇ 1 ਕਰੋੜ 23 ਲੱਖ ਰੁਪਏ: ਕਟਾਰੂਚੱਕ



ਪਠਾਨਕੋਟ (ਦਵਿੰਦਰ ਸਿੰਘ)-ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਅੱਜ 1 ਕਰੋੜ 23 ਲੱਖ ਰੁਪਏ ਦੀ ਲਾਗਤ ਨਾਲ ਚਾਰ ਕਿਲੋਮੀਟਰ ਦਾ ਮੋਗਾ ਪੱਕਾ ਕਰਨ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਪਾਰਟੀ ਦੇ ਹੋਰ ਆਹੁਦੇਦਾਰ ਵੀ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਨੇ ਚਟਪਟ ਬਨੀ ਕਟਾਰੂਚੱਕ ਤੋਂ ਯੂਬੀਡੀਸੀ ਨਹਿਰ ਤੋਂ ਨਿਕਲਣ ਵਾਲੇ ਮੋਘੇ (ਰਜਬਾਹਾ) ਦੇ ਪੱਕਿਆਂ ਕਰਨ ਦਾ ਨਿਰਮਾਣ ਕਾਰਜ ਅਰੰਭ ਕੀਤਾ।ਉਨ੍ਹਾਂ ਕਿਹਾ ਕਿ ਇਸ ਰਜਬਾਹੇ ਦਾ ਲਾਭ ਕਰੀਬ 5-6 ਪਿੰਡਾਂ ਨੂੰ ਹੁੰਦਾ ਹੈ ਅਤੇ ਇਨ੍ਹਾਂ ਪਿੰਡਾਂ ਦੀ ਖੇਤੀ ਇਸ ਰਜਬਾਹੇ ਤੇ ਨਿਰਭਰ ਹੈ।ਲੰਮੇ ਸਮੇਂ ਤੋਂ ਇਹ 4 ਕਿਲੋਮੀਟਰ ਤੱਕ ਦਾ ਰਜਬਾਹਾ ਜੋ ਕਿ ਅਕਸਰ ਟੁੱਟ ਜਾਂਦਾ ਸੀ ਅਤੇ ਲੋਕਾਂ ਨੂੰ ਨਹਿਰ ਦਾ ਪਾਣੀ ਪੂਰਨ ਤੌਰ ਤੇ ਨਹੀਂ ਮਿਲ ਪਾਉਂਦਾ ਸੀ।ਉਨ੍ਹਾਂ ਦੱਸਿਆ ਕਿ ਇਸ 4 ਕਿਲੋਮੀਟਰ ਰਜਬਾਹੇ ਤੇ 1 ਕਰੋੜ 23 ਲੱਖ ਰੁਪਏ ਖਰਚ ਕੀਤੇ ਜਾਣੇ ਹਨ ਅਤੇ ਹੁਣ ਪਾਣੀ ਦੀ ਇੱਕ ਇੱਕ ਬੂੰਦ ਕਿਸਾਨਾਂ ਤੱਕ ਪਹੁੰਚਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਪਰਾਲਾ ਵੀ ਹੈ ਕਿ ਭੂ-ਜਲ ਨੂੰ ਸੁਰੱਖਿਅਤ ਕਰਦੇ ਹੋਏ ਕਿਸਾਨਾਂ ਨੂੰ ਨਹਿਰੀ ਪਾਣੀਆਂ ਨਾਲ ਖੇਤੀ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਨਹਿਰਾਂ ਦੇ ਪਾਣੀਆਂ ਨਾਲ ਅਸੀਂ ਖੇਤੀ ਕਰ ਸਕੀਏ ਅਤੇ ਭੂਮੀ ਹੇਠਲਾ ਪਾਣੀ ਸੁਰੱਖਿਅਤ ਰਹਿ ਸਕੇ।ਇਸ ਮੌਕੇ ਆਸ ਪਾਸ ਦੇ ਲੋਕਾਂ ਵੱਲੋਂ ਲਾਲ ਚੰਦ ਕਟਾਰੂਚੱਕ ਅਤੇ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ ਗਿਆ।

## ਬੇਦਖਲੀ ਨੋਟਿਸ

ਮੈਂ, ਸਤੀਸ਼ ਕੁਮਾਰ ਧਵਨ ਪੁੱਤਰ ਸ੍ਰੀ ਰਜਿੰਦਰ ਲਾਲ ਧਵਨ, ਵਾਸੀ 727/6, ਹਾਊਸਿੰਗ ਬੋਰਡ ਕਾਲੋਨੀ, ਮਾਡਲ ਟਾਊਨ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਜਨ ਧਵਨ ਅਤੇ ਨੂੰਹ ਸ਼ਿਵਾਨੀ ਧਵਨ ਅਤੇ ਉਨ੍ਹਾਂ ਦੇ ਬੱਚੇ ਭੱਵਯਾ (ਲੜਕੀ) ਅਤੇ ਕੁਸ਼ਾਗਰ (ਲੜਕਾ) ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਹੰਸ ਰਾਜ ਪੁੱਤਰ ਕਰਤਾਰ ਚੰਦ ਵਾ ਪੁਸ਼ਪਾ ਰਾਣੀ ਪਤਨੀ ਹੰਸ ਰਾਜ ਵਾਸੀਆਨ ਮਕਾਨ ਨੰ: 181, ਨਿਊ ਰਾਜ ਨਗਰ, ਬਸਤੀ ਬਾਵਾ ਖੇਲ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸ਼ਮੀ ਕੁਮਾਰ ਅਤੇ ਉਸ ਦੀ ਪਤਨੀ ਪੂਨਮ ਬਾਲਾ ਅਤੇ ਦੋਨੋਂ ਲੜਕੇ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਲਕੀਤ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਘੋਲੀਆ ਖੁਰਦ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਰਮ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਭਾਗੀਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੇਵਕ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮਹਿੰਦਰ ਕੌਰ ਵਿਧਵਾ ਬਲਵੀਰ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਚੁਹਾਨਕੇ ਖ਼ੁਰਦ (ਬਰਨਾਲਾ) ਆਪਣੇ ਲੜਕੇ ਜਸਕਰਨ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ [illegible]

[illegible]

# ਘਰਾਂ ਤੇ ਮੋਟਰਾਂ ਦੀ ਬਿਜਲੀ ਬੰਦ ਰਹੇਗੀ

ਅੱਡਾ ਸਰਾਂ (ਜਸਵੀਰ ਕਾਜਲ)-ਸਹਾਇਕ ਇੰਜੀਨੀਅਰ ਉਪ ਮੰਡਲ ਕੰਧਾਲਾ ਜੱਟਾਂ ਇੰਜ. ਜਸਵੰਤ ਸਿੰਘ ਨੇ ਜਾਣਕਾਰੀ ਦਿੱਤੀ ਕਿ 66 ਕੇਵੀ ਸ/ਸ ਕੰਧਾਲਾ ਜੱਟਾਂ ਤੋਂ ਚਲਦੇ ਸਾਰੇ ਮੋਟਰਾਂ ਤੇ ਘਰਾਂ ਦੇ ਫੀਡਰਾਂ ਦੀ ਸਪਲਾਈ ਮਿਤੀ 17/04/25 ਨੂੰ ਸਵੇਰੇ 10 ਵਜੇ ਤੋਂ ਸ਼ਾਮ 4.00 ਵਜੇ ਤੱਕ ਬੰਦ ਰਹੇਗੀ।

# ਅੱਜ ਬਿਜਲੀ ਦੀ ਸਪਲਾਈ ਰਹੇਗੀ ਬੰਦ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਪਾਵਰਕਾਮ ਦੇ ਐਸ ਡੀ ਓ ਬਲਵਿੰਦਰ ਸਿੰਘ ਤੇ ਜੇਈ ਗੁਰਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 17 ਅਪ੍ਰੈਲ ਵੀਰਵਾਰ ਨੂੰ ਜ਼ਰੂਰੀ ਮੁਰੰਮਤ ਕਾਰਨ 220 ਕੇ, ਵੀ ਸਬ ਸਟੇਸ਼ਨ ਨੂਰਮਹਿਲ ਤੋਂ ਚੱਲਦੇ 11 ਕੇ ਵੀ, ਮੰਡੀ ਰੋਡ ਨੂਰਮਹਿਲ, 11 ਕੇ, ਵੀ, ਯੂ ਪੀ ਐਸ ਸੁੰਨੜ ਕਲਾਂ ਅਤੇ ਯੂ ਪੀ, ਐਸ ਡੱਲਾ ਫੀਡਰਾ ਦੀ ਸਪਲਾਈ ਸਵੇਰੇ 9 ਵਜੇ ਤੋਂ ਲੇ ਕੇ ਸ਼ਾਮ 5 ਵਜ਼ੇ ਤੱਕ ਬੰਦ ਰਹਿਣਗੇ।

# ਭਲਕੇ ਮਨਾਇਆ ਜਾਵੇਗਾ ਡਾ. ਅੰਬੇਡਕਰ ਦਾ 134ਵਾਂ ਜਨਮ ਦਿਹਾੜਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)— ਸਥਾਨਕ ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 18 ਅਪ੍ਰੈਲ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਸੰਤ ਦਰਸ਼ਨ ਦਾਸ ਸਪੋਰਟਸ ਕਲੱਬ ਬੀਰਮਪੁਰ,ਨਗਰ ਨਿਵਾਸੀ ਅਤੇ ਐਨ ਆਰ ਆਈਜ ਨੌਜਵਾਨਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਸਮਾਗਮ ਮੌਕੇ ਬੱਚਿਆਂ ਵੱਲੋਂ ਬਾਬਾ ਸਾਹਿਬ ਦੇ ਜੀਵਨ ਸਬੰਧੀ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ ਅਤੇ ਪਹਿਲੇ,ਦੂਜੇ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇਸ ਸਮਾਗਮ ਦੌਰਾਨ ਮੱਖੂ ਮਹਿਮਾਨ ਵਜੋਂ ਹਲਕਾ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੋੜੀ (ਡਿਪਟੀ ਸਪੀਕਰ) ਵਿਸ਼ੇਸ਼ ਤੌਰ 'ਤੇ ਪਹੁੰਚਣਗੇ।

## Lost and Found

Original Sale deed no 1191 dated 24-08-2017 in favour of Rupinder Kaur W/o Palwinder Singh R/o Village Baba Sawan Singh Nagar, Po. Beas, Baba Bakala, Amritsar. Respect to property situated at Village Dolonangal, Tehsil Beas, Distt. Amritsar. Birring Area 5 marla has been lost against which I have lodged lost information report/ Affidavit on 04-04-2025. If anybody have objection kindly intimate in writing within 7 days from the date of publication otherwise no claim/ objection will be entertained.

## PUBLIC NOTICE

I, Manjit Singh S/o Gurmit Singh and Ravinder kaur w/o Manjit Singh R/o House no 234, Beant nagar jalandhar declare that our Son Tajinder Singh and his wife Ramandeep kaur are out of our control, so we disown them from all our moveable and immoveable property. anybody dealing with them at their own responsibility.

I, Navdeep Arora son of Raj Pal R/o 197, Jalandhar Vihar, Kapurthala Road, Jalandhar, Punjab declare that my Son Shivay Arora is out of my control having no relation with him. So I disown and disinherit him from all my moveable and Immoveable properties. The person transacting with him himself will be responsible. I and my family will not have any responsibility for kind of Act/deeds related to him. All concerned please note.

17 Apr Page-7.qxd 4/16/2025 9:04 PM Page 1



# ਚੀਮਾ ਪਰਵਾਰ ਦੀ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੀ ਦੇਣ : ਸੁਖਬੀਰ ਬਾਦਲ

**● ਜਥੇਦਾਰ ਰਣਧੀਰ ਸਿੰਘ ਚੀਮਾ ਦੇਹਾਂਤ 'ਤੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਅਕਾਲੀ ਦਲ ਦੇ ਸਾਬਕਾ ਮੰਤਰੀ ਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਰਣਧੀਰ ਸਿੰਘ ਚੀਮਾ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੇ ਗ੍ਰਹਿ ਪਿੰਡ ਕਰੀਮਪੁਰਾ ਵਿਖੇ ਪਹੁੰਚ ਕੇ ਉਨ੍ਹਾਂ ਦੇ ਸਪੁੱਤਰਾਂ ਸ਼੍ਰੋਮਣੀ ਅਕਾਲੀ ਦਲ ਹਲਕਾ ਫਤਿਹਗੜ੍ਹ ਸਾਹਿਬ ਦੇ ਇੰਚਾਰਜ ਜਗਦੀਪ ਸਿੰਘ ਚੀਮਾ ਤੇ ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਗੁਰਦੀਪ ਸਿੰਘ ਚੀਮਾ, ਮਾਰਕਫੈੱਡ ਪੰਜਾਬ ਦੇ ਸਾਬਕਾ ਡਾਇਰੈਕਟਰ ਗੁਰਮੀਤ ਸਿੰਘ ਸੋਨੂ ਚੀਮਾ ਨਾਲ ਦੁੱਖ ਸਾਂਝਾ ਕੀਤਾ ਤੇ ਪਰਵਾਰ ਨਾਲ ਪੁਰਾਣੀਆਂ ਯਾਦਾਂ ਤਾਜ਼ੀਆਂ ਕੀਤੀਆਂ।ਜਥੇਦਾਰ ਰਣਧੀਰ ਸਿੰਘ ਚੀਮਾ ਪਿਛਲੇ ਕਈ ਦਿਨਾਂ ਤੋਂ ਬਿਮਾਰ ਚਲੇ ਆ ਰਹੇ ਸਨ ਤੇ 9 ਅਪ੍ਰੈਲ ਨੂੰ ਉਨ੍ਹਾਂ ਦਾ ਦੇਹਾਂਤ ਹੋ ਗਿਆ ਸੀ। ਇਸ ਮੌਕੇ ਬੋਲਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਚੀਮਾ ਪਰਵਾਰ ਦੀ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੀ ਦੇਣ ਹੈ ਤੇ ਉਹ ਸਵਰਗੀ ਜਥੇਦਾਰ ਰਣਧੀਰ ਸਿੰਘ ਚੀਮਾ, ਮਰਹੂਮ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਅਤੀ ਨਜ਼ਦੀਕੀ ਸਾਥੀਆਂ ਵਿੱਚੋਂ ਸਨ ਤੇ ਅਕਾਲੀ ਸਰਕਾਰ ਸਮੇਂ ਤਿੰਨ ਵਾਰ ਕੈਬਨਿਟ ਮੰਤਰੀ ਵੀ ਰਹੇ ਤੇ ਲੰਮੇ ਸਮੇਂ ਤੋਂ ਹੁਣ ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵੀ ਚਲੇ ਆ ਰਹੇ ਸਨ। ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੇ ਕਿਹਾ ਕਿ ਜਥੇਦਾਰ ਰਣਧੀਰ ਸਿੰਘ ਚੀਮਾ ਵੱਲੋਂ ਬਤੌਰ ਕੈਬਨਟ ਮੰਤਰੀ ਪੂਰੇ ਪੰਜਾਬ ਭਰ ਵਿੱਚ ਵਿਛਾਏ ਸੜਕਾਂ ਦੇ ਜਾਲ ਕਾਰਨ ਅੱਜ ਵੀ ਲੋਕ ਸੜਕਾਂ ਦੇ ਮੰਤਰੀ ਨਾਲ ਜਥੇਦਾਰ ਚੀਮਾ ਨੂੰ ਯਾਦ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਤੋਂ ਇਲਾਵਾ ਸਰਬਜੀਤ ਸਿੰਘ ਝਿੰਜਰ ਪ੍ਰਧਾਨ ਯੂਥ ਅਕਾਲੀ ਦਲ, ਦਰਬਾਰਾ ਸਿੰਘ ਗੁਰੂ ਹਲਕਾ ਇੰਚਾਰਜ ਬੱਸੀ ਪਠਾਣਾ, ਗੁਰਪ੍ਰੀਤ ਸਿੰਘ ਰਾਜੂ ਖੰਨਾ ਹਲਕਾ ਇੰਚਾਰਜ ਅਮਲੋਹ, ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਮਨਮੋਹਨ ਸਿੰਘ ਮਕਾਰੋਂਪੁਰ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਸ਼ਰਨਜੀਤ ਸਿੰਘ ਚਨਾਰਥਲ ਜ਼ਿਲ੍ਹਾ ਪ੍ਰਧਾਨ ਦਿਹਾਤੀ, ਸੁਰਜੀਤ ਸਿੰਘ ਗੜ੍ਹੀ ਐਗਜ਼ੈਕਟਿਵ ਮੈਂਬਰ ਸ਼੍ਰੋਮਣੀ ਕਮੇਟੀ, ਇੰਦਰਜੀਤ ਸਿੰਘ ਸੰਧੂ ਸਾਬਕਾ ਚੇਅਰਮੈਨ, ਸਾਬਕਾ ਚੇਅਰਮੈਨ ਬਰਿੰਦਰ ਸਿੰਘ ਸੋਢੀ, ਬਲਜੀਤ ਸਿੰਘ ਭੁੱਟਾ ਸਾਬਕਾ ਚੇਅਰਮੈਨ ਆਦਿ ਹਾਜ਼ਰ ਸਨ।

# ਸਰਵਹਿੱਤਕਾਰੀ ਸੈਕੰਡਰੀ ਸਕੂਲ ਨੇ ਸਥਾਪਨਾ ਦਿਵਸ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ 29ਵੇਂ ਸਥਾਪਨਾ ਦਿਵਸ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਸਾਰੇ ਅਧਿਆਪਕ, ਵਿਦਿਆਰਥੀ ਅਤੇ ਪ੍ਰਬੰਧਕ ਸੰਮਤੀ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਪਰੰਤ ਸਮੂਹ ਸੰਗਤ ਵੱਲੋਂ ਗੁਰੂ ਦੇ ਚਰਨਾਂ 'ਚ ਸਿੱਖਿਆ ਸੰਸਥਾ ਦੀ ਤਰੱਕੀ, ਵਿਦਿਆਰਥੀਆਂ ਦੀ ਚੰਗੀ ਸਿਹਤ ਅਤੇ ਸਮਾਜ ਦੀ ਭਲਾਈ ਲਈ ਅਰਦਾਸ ਕੀਤੀ ਗਈ, ਅਤੇ ਪਾਠੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਸਥਾਪਨਾ ਦਿਵਸ ਸਾਡੀ ਸੰਸਥਾ ਦੀ ਯਾਦਗਾਰੀ ਯਾਤਰਾ ਨੂੰ ਯਾਦ ਕਰਨ ਅਤੇ ਭਵਿੱਖ ਲਈ ਨਵੇਂ ਲਕਸ਼ਾਂ ਨੂੰ ਨਿਰਧਾਰਤ ਕਰਨ ਦਾ ਮੌਕਾ ਹੈ। ਸਮਾਗਮ ਦੇ ਅੰਤ 'ਤੇ ਚਾਹ ਦਾ ਲੰਗਰ ਵਰਤਾਇਆ ਗਿਆ।

# ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਸਾਲਾਨਾ ਇਨਾਮ ਵੰਡ ਸਮਾਰੋਹ



**ਸ਼ੇਰਪੁਰ (ਰਵੀ ਟਿੱਬਾ)** - ਸ੍ਰੀ ਗੁਰੂ ਰਵਿਦਾਸ ਸਮਾਜ ਭਲਾਈ ਕਲੱਬ ਖੇੜੀ ਕਲਾਂ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਨ ਨੂੰ ਸਮਰਪਿਤ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਇਸ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਹਲਕਾ ਮਹਿਲ ਕਲਾਂ ਤੋਂ ਐਮ ਐੱਲ ਏ ਕੁਲਵੰਤ ਸਿੰਘ ਪੰਡੋਰੀ ਜੀ ਨੇ ਸ਼ਮਾ ਰੋਸ਼ਨ ਕਰਕੇ ਪਹਿਲੀ ਕਲਾਸ ਤੋਂ ਲੈ ਕੇ 12ਵੀਂ ਕਲਾਸ ਤੱਕ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ, ਜਿਨ੍ਹਾਂ ਨੇ ਸਾਲ 2024-25 'ਚ ਵਧੀਆ ਅੰਕ ਪ੍ਰਾਪਤ ਕਰਕੇ ਪਹਿਲੇ, ਦੂਜੇ ਤੇ ਤੀਜੇ ਸਥਾਨ ਪ੍ਰਾਪਤ ਕੀਤੇ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਨੌਕਰੀ ਪ੍ਰਾਪਤ ਕਰਨ ਵਾਲੇ ਤੇ ਪਦ-ਉੱਨਤ ਹੋਣ ਵਾਲੇ ਮੁਲਾਜ਼ਮਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਇਸ ਮੌਕੇ ਸ੍ਰ ਦਰਸ਼ਨ ਸਿੰਘ ਬਾਜਵਾ, ਬਾਬਾ ਰਾਜਵਰਿੰਦਰ ਸਿੰਘ ਟਿੱਬਾ ਮੁੱਖ ਬੁਲਾਰਿਆਂ ਦੇ ਤੌਰ 'ਤੇ ਪਹੁੰਚੇ।ਇਸ ਮੌਕੇ ਵਿਧਾਇਕ ਪੰਡੋਰੀ ਤੇ ਹੋਰਨਾਂ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਜੇਕਰ ਅੱਜ ਸਾਡੇ ਮਰਦ ਪ੍ਰਧਾਨ ਸਮਾਜ ਵਿੱਚ ਭਾਰਤੀ ਨਾਰੀ ਨੂੰ ਸਨਮਾਨਜਨਕ ਜ਼ਿੰਦਗੀ ਜਿਉਣ ਤੇ ਪੜ੍ਹਨ ਦਾ ਹੱਕ ਮਿਲਿਆ ਹੈ ਤਾਂ ਇਹ ਬਾਬਾ ਸਾਹਿਬ ਦੀ ਬਦੌਲਤ ਹੀ ਹੈ।ਬਾਬਾ ਸਾਹਿਬ ਸਮਾਜ ਵਿੱਚ ਸਦੀਆਂ ਤੋਂ ਚਲੇ ਆ ਰਹੇ ਗੈਰ-ਬਰਾਬਰਤਾ ਵਾਲੇ ਸਿਸਟਮ ਨੂੰ ਖ਼ਤਮ ਕਰਨਾ ਚਾਹੁੰਦੇ ਸੀ, ਇਸ ਲਈ ਉਨ੍ਹਾਂ ਨੇ ਆਪਣੇ ਜੀਵਨ 'ਚ ਬਹੁਤ ਵੱਡਾ ਸੰਘਰਸ਼ ਕਰਕੇ ਪੜ੍ਹਾਈ ਕੀਤੀ ਤੇ ਭਾਰਤੀ ਸੰਵਿਧਾਨ ਦੀ ਰਚਨਾ ਕੀਤੀ।ਇਸ ਵਿੱਚ ਉਨ੍ਹਾਂ ਨੇ ਸਾਰੇ ਭਾਰਤੀ ਨਾਗਰਿਕਾਂ ਨੂੰ ਬਰਾਬਰ ਦੇ ਹੱਕ ਦਿੱਤੇ ਤੇ ਉਨ੍ਹਾਂ ਨੇ ਸਿੱਖਿਆ ਨੂੰ ਪਹਿਲ ਦਿੱਤੀ, ਜਿਸ ਤਹਿਤ ਉਨ੍ਹਾਂ ਨੇ ਆਪਣਾ ਪੜ੍ਹੋ-ਜੁੜੋ ਤੇ ਸੰਘਰਸ਼ ਕਰੋ ਦਾ ਨਾਅਰਾ ਵੀ ਦਿੱਤਾ।ਅੱਜ ਸਾਨੂੰ ਲੋੜ ਹੈ, ਆਪਣੇ ਬੱਚਿਆਂ ਨੂੰ ਬਾਬਾ ਸਾਹਿਬ ਦੀ ਜੀਵਨੀ ਬਾਰੇ ਜਾਣੂ ਕਰਵਾਉਣਾ ਤੇ ਵੱਧ ਤੋਂ ਵੱਧ ਸਿੱਖਿਅਤ ਕਰਨਾ, ਕਿਉਂਕਿ ਪੜ੍ਹੇ ਲਿਖੇ ਇਨਸਾਨਾਂ ਨਾਲ ਹੀ ਇੱਕ ਵਧੀਆ ਸਮਾਜ ਤੇ ਦੇਸ਼ ਦੀ ਸਿਰਜਣਾ ਤੇ ਤਰੱਕੀ ਹੋ ਸਕਦੀ ਹੈ।ਵਿਧਾਇਕ ਪੰਡੋਰੀ ਨੇ ਖ਼ੁਸ਼ੀ ਨਾਲ ਦੱਸਦੇ ਹੋਏ ਕਿਹਾ ਕਿ ਖੇੜੀ ਕਲਾਂ ਮੇਰੇ ਹਲਕਾ ਮਹਿਲ ਕਲਾਂ ਦਾ ਇੱਕ-ਇੱਕ ਪਿੰਡ ਹੈ, ਜਿੱਥੇ ਹਰ ਸਾਲ ਵੱਡੀ ਗਿਣਤੀ ਵਿੱਚ ਬੱਚੇ ਮਿਹਨਤ ਕਰਕੇ ਚੰਗੀਆਂ-ਚੰਗੀਆਂ ਸਰਕਾਰੀ ਨੌਕਰੀਆਂ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਨਾਲ ਹੀ ਇਸ ਪਿੰਡ ਵਿੱਚ ਲਾਇਬ੍ਰੇਰੀ ਬਣਾਉਣ ਦੀ ਪਿਛਲੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਛੇਤੀ ਪੂਰਾ ਕਰਨ ਦਾ ਵਾਅਦਾ ਕੀਤਾ ਤੇ ਕਿਹਾ ਕਿ ਸਾਡੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਬੱਚਿਆਂ ਨੂੰ ਪੜ੍ਹਾਈ ਸਬੰਧੀ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਇਸ ਸਮੇਂ ਸਮੂਹ ਕਲੱਬ ਮੈਂਬਰ, ਨਗਰ ਨਿਵਾਸੀ ਤੇ ਸਮੁੱਚੀ ਪੰਚਾਇਤ ਮੌਜੂਦ ਸਨ।ਕਲੱਬ ਦੇ ਖਜ਼ਾਨਚੀ ਐਡਵੋਕੇਟ ਹਰਦੀਪ ਸਿੰਘ ਖੇੜੀ ਤੇ ਜਨਰਲ ਸਕੱਤਰ ਗੁਰਦੀਪ ਸਿੰਘ ਖੇੜੀ ਨੇ ਕਿਹਾ ਕਿ ਇਹ ਸਾਡੀ ਕਲੱਬ ਦੀ ਨਿੱਕੀ ਜਿਹੀ ਕੋਸ਼ਿਸ਼ ਹੁੰਦੀ ਹੈ ਕਿ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਕੇ ਅੱਗੇ ਵਧਣ ਲਈ ਪ੍ਰੇਰਿਆ ਜਾ ਸਕੇ।ਅਖੀਰ 'ਤੇ ਗੁਰਪ੍ਰੀਤ ਸਿੰਘ ਖੇੜੀ ਨੇ ਸਮੁੱਚੀ ਪੰਚਾਇਤ, ਸਮੂਹ ਨਗਰ ਨਿਵਾਸੀਆਂ ਤੇ ਵਿਸ਼ੇਸ਼ ਤੌਰ 'ਤੇ ਫੌਜੀ ਵੀਰਾਂ ਦਾ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ।

# ਪੰਡੋਰੀ ਨੇ ਸਰਕਾਰੀ ਸਕੂਲ ਪਿੰਡ ਕਲਾਲਾ ਤੇ ਛੀਨੀਵਾਲ ਕਲਾਂ ਵਿਖੇ ਕੀਤੇ ਉਦਘਾਟਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੂਬੇ ਭਰ ਵਿਚ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਕੀਤੇ ਜਾ ਰਹੇ ਕੰਮਾਂ ਨਾਲ ਵਿਦਿਆਰਥੀਆਂ ਨੂੰ ਨਵੀਂ ਸੇਧ ਅਤੇ ਦਿਸ਼ਾ ਮਿਲ ਰਹੀ ਹੈ। ਬੱਚਿਆਂ ਲਈ ਚੰਗੇ ਕਲਾਸ ਰੂਮ ਵਿਕਸਿਤ ਕੀਤੇ ਗਏ ਹਨ, ਤਾਂ ਜੋ ਉਨ੍ਹਾਂ ਦੀ ਪੜ੍ਹਾਈ ਵੱਲ ਰੁਚੀ ਵਧੇ।ਚੇਅਰਮੈਨ ਵਿਧਾਨ ਸਭਾ ਵਿਸ਼ੇਸ਼ ਅਧਿਕਾਰ ਕਮੇਟੀ ਅਤੇ ਵਿਧਾਇਕ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ ਨੇ ਇਸ ਗੱਲ ਦਾ ਪ੍ਰਗਟਾਵਾ ਪਿੰਡ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਕਲਾਲਾ ਵਿਖੇ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਕਰਵਾਏ ਜਾ ਰਹੇ ਕੰਮਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਕਲਾਲਾ ਵਿਖੇ 5.97 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਦਾ ਕੰਮ ਅਤੇ ਕਲਾਸ ਰੂਮ ਦੀ ਮੁਰੰਮਤ ਦਾ ਕੰਮ ਕਰਵਾਇਆ ਗਿਆ ਹੈ।ਇਸੇ ਤਰ੍ਹਾਂ ਸਰਕਾਰੀ ਮਿਡਲ ਸਕੂਲ ਕਲਾਲਾ ਵਿਖੇ ਉਨ੍ਹਾਂ ਨੇ. 1.35 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਕਮਰਿਆਂ ਦੀ ਮੁਰੰਮਤ ਦਾ ਮੁਕੰਮਲ ਹੋਣ 'ਤੇ ਉਸ ਦਾ ਉਦਘਾਟਨ ਕੀਤਾ। ਇਸ ਤਰਾਂ ਹੀ ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਛੀਨੀਵਾਲ ਕਲਾਂ ਵਿਖੇ 13.56 ਲੱਖ ਰੁਪਏ ਨਾਲ ਕਰਵਾਏ ਗਏ ਕੰਮਾਂ ਦਾ ਉਦਘਟਾਨ ਕੀਤਾ। ਉਨ੍ਹਾਂ ਕਿਹਾ ਕਿ ਸਕੂਲ 'ਚ ਮੌਜੂਦ 9 ਪ੍ਰਯੋਗਸ਼ਾਲਾਵਾਂ ਦੇ ਆਧੁਨੀਕਕਰਨ ਦੇ ਕੰਮ ਕਰਵਾਏ ਗਏ ਹਨ।ਇਸ ਮੌਕੇ ਸਬੰਧਤ ਸਕੂਲਾਂ ਦੇ ਸਟਾਫ ਮੈਂਬਰ, ਗ੍ਰਾਮ ਪੰਚਾਇਤਾਂ, ਮੁਹਤਬਰ, ਆਪ ਆਗੂ ਹਾਜ਼ਰ ਸਨ।

# ਹਰਦੀਪ ਡਿੰਪੀ ਢਿੱਲੋਂ ਨੇ ਸਕੂਲਾਂ ਦੇ ਕਮਰਿਆਂ ਦਾ ਕੀਤਾ ਉਦਘਾਟਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਦੇ ਸਹਿਯੋਗ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ 'ਚ ਸਿੱਖਿਆ ਕ੍ਰਾਂਤੀ ਲਿਆਉਣ ਲਈ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਹੁਸਨਰ ਸਕੂਲ ਦੀ ਚਾਰਦੀਵਾਰੀ ਤੇ ਕਲਾਸ ਰੂਮ ਲਈ 28 ਲੱਖ 53000, ਸਰਕਾਰੀ ਹਾਈ ਸਕੂਲ ਹੁਸਨਰ ਕੰਪਿਊਟਰ ਲੈਬ, ਸਾਇੰਸ ਲੈਬ ਤੇ ਚਾਰਦੀਵਾਰੀ ਲਈ 21 ਲੱਖ 71 ਹਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਗਿੱਦੜਬਾਹਾ ਨੰਬਰ-1 ਤਿੰਨ ਕਲਾਸ ਰੂਮ ਲਈ 24 ਲੱਖ 57 ਹਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਗਿੱਦੜਬਾਹਾ ਨੰਬਰ-2 ਕਲਾਸ ਰੂਮ ਲਈ 7 ਲੱਖ 51 ਹਜ਼ਾਰ, ਸਰਕਾਰੀ ਪ੍ਰਾਇਮਰੀ ਸਕੂਲ ਪਿਉਰੀ ਲਈ ਤਿੰਨ ਕਲਾਸ ਰੂਮ, ਤਿੰਨ ਸਮਾਰਟ ਕਲਾਸ ਰੂਮ ਲਈ 25 ਲੱਖ 53 ਹਜ਼ਾਰ, ਸਰਕਾਰੀ ਹਾਈ ਸਕੂਲ ਦੌਲਾ ਸਾਇੰਸ ਲੈਬ ਲਈ 11 ਲੱਖ, ਸਰਕਾਰੀ ਪ੍ਰਾਇਮਰੀ ਸਕੂਲ ਦੌਲਾ ਦੀ ਚਾਰਦੀਵਾਰੀ ਤੇ ਇੱਕ ਕਲਾਸ ਰੂਮ ਲਈ 9 ਲੱਖ 76 ਹਜ਼ਾਰ ਦੀ ਗ੍ਰਾਂਟ ਨਾਲ ਤਿਆਰ ਕੀਤੇ ਕਮਰਿਆਂ ਦਾ ਉਦਘਾਟਨ ਕੀਤਾ।ਇਸ ਮੌਕੇ ਡਿੰਪੀ ਢਿੱਲੋਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਨੇ ਬੀੜਾ ਚੁੱਕਿਆ ਹੈ ਕਿ ਪੰਜਾਬ ਦੇ ਸਕੂਲਾਂ ਦੀ ਨੁਹਾਰ ਬਦਲੀ ਜਾਵੇ। 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਲਗਾਤਾਰ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਤੇ ਇਨ੍ਹਾਂ ਫੰਡਾਂ ਦੀ ਸਹਾਇਤਾ ਨਾਲ ਆਧੁਨਿਕ ਸਹੂਲਤਾਂ ਵਿਦਿਆਰਥੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਮੌਕੇ ਉਨ੍ਹਾਂ ਅਧਿਆਪਕਾਂ ਨੂੰ ਕਿਹਾ ਕਿ ਬੱਚਿਆਂ ਦੇ ਆਤਮ ਵਿਸ਼ਵਾਸ ਵਿੱਚ ਵਾਧਾ ਕੀਤਾ ਜਾਵੇ, ਜਿਸ ਨਾਲ ਉਹ ਪੜ੍ਹਾਈ ਦੇ ਨਾਲ-ਨਾਲ ਹੋਰ ਹੁਨਰ ਗਿਆਨ ਨੂੰ ਸਿੱਖ ਲੈਣ ਤੇ ਅੱਗੇ ਨੌਕਰੀਆਂ ਪ੍ਰਾਪਤ ਕਰਨ ਸਮੇਂ ਉਨ੍ਹਾਂ 'ਚ ਆਤਮ ਵਿਸ਼ਵਾਸ ਦੀ ਕੋਈ ਕਮੀ ਨਾ ਰਹੇ ਅਤੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਉਹ ਆਪਣੇ ਮਾਪਿਆਂ ਦਾ ਤੇ ਆਪਣੇ ਸਕੂਲ ਦਾ ਨਾਂ ਰੌਸ਼ਨ ਕਰਨ।ਇਸ ਮੌਕੇ ਅਵਤਾਰ ਸਿੰਘ ਰਾਜਪਾਲ ਡੀ ਐੱਸ ਪੀ ਗਿੱਦੜਬਾਹਾ, ਦੀਪਕਾ ਰਾਣੀ ਐੱਸ ਐੱਚ ਓ ਗਿੱਦੜਬਾਹਾ, ਪੈਵੀ ਢਿੱਲੋਂ ਸ਼ਹਿਰੀ ਇੰਚਾਰਜ ਆਦਿ ਹਾਜ਼ਰ ਸਨ।

# ਚੋਰੀ ਦੇ ਮੋਟਰਸਾਈਕਲ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਇੱਕ ਮੋਟਰਸਾਈਕਲ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਸੋਨੂੰ ਉਰਫ ਗੋਰਾ, ਕਾਕਾ ਉਰਫ ਪ੍ਰਿੰਸ ਪੁੱਤਰਾਨ ਅਜੀਤ ਸਿੰਘ ਵਾਸੀਆਨ ਪਿੰਡ ਲੰਗੇਆਨਾ ਹਾਲ ਅਬਾਦ ਬਸਤੀ ਸ਼ੇਖਾਂ ਵਾਲੀ ਸਿਟੀ ਫਿਰੋਜ਼ਪੁਰ ਚੋਰੀ ਦਾ ਮੋਟਰਸਾਈਕਲ ਵੇਚਣ ਲਈ ਟੀ ਬੀ ਹਸਪਤਾਲ ਦੀ ਬੈਕਸਾਈਡ ਪਾਰਕ ਦੇ ਕੋਲ ਖੜੇ ਹਨ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀਆਨ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ ਚੋਰੀ ਦਾ ਇੱਕ ਮੋਟਰਸਾਈਕਲ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਕਿਸਾਨਾਂ ਨੂੰ ਮੰਡੀਆਂ 'ਚ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ : ਪੰਡੋਰੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਕਣਕ ਦੇ ਸੀਜ਼ਨ ਦੌਰਾਨ ਪੰਜਾਬ ਭਰ ਦੇ ਖਰੀਦ ਕੇਂਦਰਾਂ 'ਤੇ ਕਿਸਾਨਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਪ੍ਰਬੰਧ ਪੂਰੀ ਤਰ੍ਹਾਂ ਨਾਲ ਮੁਕੰਮਲ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਸੂਬਾ ਪ੍ਰਧਾਨ ਐੱਸ.ਸੀ.ਵਿੰਗ 'ਆਪ' ਨੇ ਇੱਥੇ ਅਨਾਜ ਮੰਡੀ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਉਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਬਗ਼ੈਰ ਕਿਸੇ ਦੇਰੀ ਤੋਂ ਖਰੀਦਿਆ ਜਾਵੇਗਾ। ਜੇਕਰ ਕਿਸੇ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਇਸ ਸਿੱਧਾ ਮਾਰਕੀਟ ਕਮੇਟੀ ਨਾਲ ਸੰਪਰਕ ਕਰ ਸਕਦੇ ਹਨ। ਚੇਅਰਮੈਨ ਸੁਖਵਿੰਦਰ ਦਾਸ ਕੁਰੜ ਨੇ ਕਿਹਾ ਕਿ ਪਾਰਟੀ ਵਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰਨ ਤਨਦੇਹੀ ਨਾਲ ਨਿਭਾਉਂਦੇ ਹੋਏ ਮਾਰਕੀਟ ਕਮੇਟੀ ਮਹਿਲ ਕਲਾਂ ਅਧੀਨ ਆਉਂਦੇ ਖਰੀਦ ਕੇਂਦਰ 'ਤੇ ਪ੍ਰਬੰਧਾਂ 'ਚ ਕੋਈ ਘਾਟ ਨਹੀਂ ਆਉਣ ਦੇਣਗੇ। ਇਸ ਸਮੇਂ ਉਨ੍ਹਾਂ ਮਾਰਕੀਟ ਕਮੇਟੀ ਮਹਿਲ ਕਲਾਂ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਖਰੀਦ ਸਚੱਜੇ ਢੰਗ ਨਾਲ ਕਰਵਾਉਣ ਸਬੰਧੀ ਹਦਾਇਤਾਂ ਵੀ ਜਾਰੀ ਕੀਤੀਆਂ। ਇਸ ਸਮੇਂ ਸਕੱਤਰ ਡੀਨਪਾਲ ਸਿੰਘ, ਵਪਾਰ ਵਿੰਗ ਦੇ ਜ਼ਿਲ੍ਹਾ ਸਕੱਤਰ ਗੁਰੀ ਔਲਖ, ਸੀਨੀ. ਆਗੂ ਗੁਰਦੀਪ ਸਿੰਘ ਸੋਢਾ, ਮਨਜੀਤ ਸਿੰਘ ਸਹਿਜੜਾ, ਗੁਰਜੀਤ ਸਿੰਘ ਧਾਲੀਵਾਲ, ਬਿੰਦਰ ਸਿੰਘ ਖ਼ਾਲਸਾ, ਰਿੰਕੂ ਬਾਂਸਲ, ਸੋਨੀ ਕੁਰੜ ਆਦਿ ਹਾਜ਼ਰ ਸਨ।



# ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਨੇ ਐੱਸ ਪੀ ਡੀ ਨਾਲ ਕੀਤੀ ਮੁਲਾਕਾਤ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਜ਼ਿਲ੍ਹਾ ਸੰਗਰੂਰ ਕੈਮਿਸਟ ਐਸੋਸੀਏਸ਼ਨ ਦੇ ਇੱਕ ਵਫ਼ਦ ਨੇ ਪ੍ਰਧਾਨ ਨਰੇਸ਼ ਜਿੰਦਲ, ਜਨਰਲ ਸਕੱਤਰ ਰਾਜੀਵ ਜੈਨ ਅਤੇ ਕੈਸ਼ੀਅਰ ਸਤੀਸ਼ ਸਿੰਗਲਾ ਦੀ ਅਗਵਾਈ ਵਿੱਚ ਐਸ ਪੀ (ਡੀ) ਦਵਿੰਦਰ ਅੱਤਰੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਅਧਿਕਾਰੀਆਂ ਨੇ ਐਸ ਪੀ ਅੱਤਰੀ ਨੂੰ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਐਸੋਸੀਏਸ਼ਨ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਰਕਾਰ ਦੀ ਜੰਗ ਨਾਲ ਚੱਟਾਨ ਵਾਂਗ ਖੜ੍ਹੀ ਹੈ। ਐਸੋਸੀਏਸ਼ਨ ਕਿਸੇ ਵੀ ਕੈਮਿਸਟ ਦਾ ਸਮਰਥਨ ਨਹੀਂ ਕਰਦੀ ਜੋ ਗਲਤ ਕੰਮ ਕਰਦਾ ਹੈ। ਸਮੇਂ-ਸਮੇਂ 'ਤੇ ਸਮਾਜ ਸੇਵਾ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ। ਐਸੋਸੀਏਸ਼ਨ ਨੇ ਅਪੀਲ ਕੀਤੀ ਕਿ ਪੁਲਸ ਜਾਂਚ ਦੌਰਾਨ ਕੈਮਿਸਟ ਆਪਣੇ ਆਪ ਨੂੰ ਦੋਸ਼ੀ ਮਹਿਸੂਸ ਕਰਦੇ ਹਨ ਅਤੇ ਮਾਨਸਿਕ ਤੌਰ 'ਤੇ ਪਰੇਸ਼ਾਨ ਹੋ ਜਾਂਦੇ ਹਨ, ਇਸ ਲਈ ਉਨ੍ਹਾਂ ਨੂੰ ਅਜਿਹੀ ਸਥਿਤੀ ਤੋਂ ਬਚਾਉਣ ਲਈ ਪੁਲਸ ਦੇ ਸਹਿਯੋਗ ਦੀ ਲੋੜ ਹੈ। ਐਸਪੀ ਡੀ ਦਵਿੰਦਰ ਅੱਤਰੀ ਨੇ ਕਿਹਾ ਕਿ ਸਹੀ ਕੰਮ ਕਰਨ ਵਾਲੇ ਕਿਸੇ ਵੀ ਕੈਮਿਸਟ ਨੂੰ ਕਿਸੇ ਵੀ ਮੁਸੀਬਤ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਵਜੋਂ ਵਰਤੇ ਜਾਣ ਵਾਲੇ ਨਸ਼ਿਆਂ ਦੀ ਵਿਕਰੀ ਨੂੰ ਰੋਕਣ ਲਈ ਸਾਰਿਆਂ ਦੇ ਸਹਿਯੋਗ ਦੀ ਲੋੜ ਹੈ। ਉਨ੍ਹਾਂ ਐਸੋਸੀਏਸ਼ਨ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਕੈਮਿਸਟ ਜਾਂ ਕੋਈ ਹੋਰ ਵਿਅਕਤੀ ਨਸ਼ੇ ਵਜੋਂ ਵਰਤੀਆਂ ਜਾਂਦੀਆਂ ਦਵਾਈਆਂ ਵੇਚਦਾ ਹੈ, ਤਾਂ ਉਸ ਬਾਰੇ ਜਾਣਕਾਰੀ ਪੁਲਸ ਨੂੰ ਦਿੱਤੀ ਜਾਵੇ। ਇਸ ਮੌਕੇ ਐਸੋਸੀਏਸ਼ਨ ਦੇ ਨੁਮਾਇੰਦੇ ਅਜਾਇਬ ਸੈਣੀ, ਤਰਲੋਕ ਗੋਇਲ, ਦੀਪਕ ਮਿੱਤਲ, ਬਲਵਿੰਦਰ ਸਿੰਘ, ਹਿਮਾਂਸ਼ੂ ਜਿੰਦਲ ਮੌਜੂਦ ਸਨ।



# ਐੱਸ ਸੀ ਭਾਈਚਾਰੇ ਨੂੰ ਰਾਖਵਾਂਕਰਨ ਦੇਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ : ਗੋਲਡੀ




**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**- ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਅੱਜ ਇੱਥੇ ਪ੍ਰੈਸ ਕਾਨਫਰੰਸ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭਾਰਤ ਰਤਨ, ਸੰਵਿਧਾਨ ਨਿਰਮਾਤਾ, ਯੁੱਗ ਪੁਰਸ਼ ਡਾ. ਭੀਮ ਰਾਓ ਅੰਬੇਡਕਰ ਦੀ ਸੋਚ ਅਤੇ ਸਿਧਾਂਤ ਅਨੁਸਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਐਸ ਸੀ ਭਾਈਚਾਰੇ ਲਈ ਰਾਖਵਾਂਕਰਨ ਦੇਣ ਦੀ ਪਹਿਲ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ। ਵਿਧਾਇਕ ਨੇ ਇਸ ਲਈ ਜਿੱਥੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਉੱਥੇ ਹੀ ਐਸ ਸੀ ਭਾਈਚਾਰੇ ਨੂੰ ਇਸ ਪ੍ਰਾਪਤੀ ਲਈ ਸ਼ੁੱਭਕਾਮਨਾਵਾਂ ਦਿੱਤੀਆਂ । ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਡਾ. ਭੀਮ ਰਾਓ ਅੰਬੇਡਕਰ ਦੇ ਨਾਂਅ 'ਤੇ ਵੋਟਾਂ ਤਾਂ ਲਈਆਂ ਪਰ ਸੱਤਾ ਵਿੱਚ ਆਉਣ ਤੋਂ ਬਾਅਦ ਉਨ੍ਹਾਂ ਨੇ ਸਮਾਜ ਦੇ ਪਛੜੇ ਵਰਗਾਂ ਨੂੰ ਪੂਰੀ ਤਰ੍ਹਾਂ ਵਿਸਾਰ ਦਿੱਤਾ, ਜਦਕਿ ਮੁੱਖ ਮੰਤਰੀ ਮਾਨ ਦੀ ਸਰਕਾਰ ਨੇ ਹਮੇਸ਼ਾ ਹੀ ਪਛੜੇ ਵਰਗਾਂ ਦੀ ਤਰੱਕੀ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਅਸੀਂ ਸ਼ਹੀਦ ਏ ਆਜ਼ਮ ਸ੍ਰ ਭਗਤ ਸਿੰਘ ਅਤੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ ਸੋਚ ਨਾਲ ਸਰਕਾਰ ਚਲਾ ਰਹੇ ਹਾਂ ਅਤੇ ਇਸੇ ਲਈ ਸਾਰੇ ਸਰਕਾਰੀ ਦਫਤਰਾਂ ਵਿੱਚ ਮੁੱਖ ਮੰਤਰੀ ਦੀ ਤਸਵੀਰ ਲਗਾਉਣ ਦੀ ਬਜਾਏ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਲਗਾਈ ਗਈ। ਉਨਾਂ ਆਖਿਆ ਕਿ ਏ ਜੀ ਦਫਤਰ ਵਿੱਚ ਰਾਖਵੇਂਕਰਨ ਦੀ ਮੰਗ 2017 ਤੋਂ ਉਠਾਈ ਜਾ ਰਹੀ ਸੀ ਪਰ ਪਿਛਲੀਆਂ ਸਰਕਾਰਾਂ ਨੇ ਇਸ 'ਤੇ ਕੋਈ ਧਿਆਨ ਨਹੀਂ ਦਿੱਤਾ ਜਦਕਿ ਹੁਣ ਪੰਜਾਬ ਸਰਕਾਰ ਨੇ ਐਸ ਸੀ ਭਾਈਚਾਰੇ ਲਈ 58 ਪੋਸਟਾਂ ਰਾਖਵੀਆਂ ਕਰ ਦਿੱਤੀਆਂ ਹਨ। ਪੰਜਾਬ ਸਰਕਾਰ ਵੱਲੋਂ ਆਮਦਨ ਦੀ ਸ਼ਰਤ ਵਿੱਚ ਵੀ ਐਸ ਸੀ ਭਾਈਚਾਰੇ ਦੇ ਲੋਕਾਂ ਨੂੰ ਛੋਟ ਦਿੱਤੀ ਗਈ ਤਾਂ ਜੋ ਉਹ ਏਜੀ ਪੰਜਾਬ ਦੇ ਦਫਤਰ ਵਿੱਚ ਸਰਕਾਰੀ ਵਕੀਲ ਵਜੋਂ ਨਾਮਜਦ ਹੋ ਕੇ ਸਰਕਾਰ ਦੇ ਨਾਲ ਨਾਲ ਸਮਾਜ ਦੇ ਪਛੜੇ ਵਰਗ ਦੇ ਲੋਕਾਂ ਦੀ ਆਵਾਜ਼ ਵੀ ਕੋਰਟ ਵਿੱਚ ਰੱਖ ਸਕਣ। ਵਿਧਾਇਕ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਪਛੜੇ ਵਰਗਾਂ ਦੀ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਲਈ ਭਵਿੱਖ ਵਿੱਚ ਵੀ ਹਰ ਉਪਰਾਲਾ ਕੀਤਾ ਜਾਵੇਗਾ। ਇਸ ਮੌਕੇ ਉਨਾਂ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਦੇਵਰਾਜ ਸ਼ਰਮਾ ਅਤੇ ਹਰੀਸ਼ ਸੇਤੀਆ ਵੀ ਹਾਜ਼ਰ ਸਨ।

# ਰੁੜਕਾ ਕਲਾਂ ਕਲੱਬ ਲਈ 5 ਖਿਡਾਰੀਆਂ ਦੀ ਹੋਈ ਚੋਣ

**● ਬੱਚਿਆਂ ਨੂੰ ਖੇਡਾਂ 'ਚ ਅੱਗੇ ਵਧਣ ਲਈ ਯੋਗ ਮੌਕੇ ਦਿੱਤੇ ਜਾ ਰਹੇ ਹਨ : ਬਰਾੜ**



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਨੈਸ਼ਨਲ ਸਪੋਰਟਸ ਕਲੱਬ ਦੇ ਯੋਗ ਪ੍ਰਬੰਧਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਛੱਤਿਆਣਾ ਦੇ ਖੇਡ ਗ੍ਰਾਉਂਡ ਵਿਖੇ ਯੂਥ ਫੁਟਬਾਲ ਕਲੱਬ ਰੁੜਕਾ ਕਲਾਂ ਵੱਲੋਂ ਉਮਰ ਵਰਗ 14 ਸਾਲ ਦੇ ਬੱਚਿਆਂ ਦੇ ਟ੍ਰਾਇਲ ਲਏ ਗਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਪ੍ਰਧਾਨ ਗੁਰ ਮੰਗਲ ਦਾਸ ਤੇ ਤਜਿੰਦਰ ਸਿੰਘ ਬਰਾੜ ਨੇ ਦੱਸਿਆ ਕਿ 14 ਸਾਲ ਵਰਗ ਦੇ ਬੱਚਿਆਂ ਦੇ ਟ੍ਰਾਇਲ ਸਮੇਂ ਫੁੱਟਬਾਲ ਕੋਚ ਅਨਵਰ ਅਲੀ ਤੇ ਫੁੱਟਬਾਲ ਕੋਚ ਸੋਨੀ ਵੱਲੋਂ ਯੋਗ ਬੱਚਿਆਂ ਦੀ ਚੋਣ ਕੀਤੀ ਗਈ।ਉਨ੍ਹਾਂ ਦੱਸਿਆ ਕਿ ਟ੍ਰਾਇਲ 'ਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਕਰੀਬ 60 ਬੱਚਿਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚੋਂ ਪੰਜ ਬੱਚਿਆਂ ਦੀ ਚੋਣ ਕੀਤੀ ਗਈ।। ਇਕ ਬੱਚਾ ਛੱਤੇਆਣਾ, ਇਕ ਬੱਚਾ ਉਦੈਕਰਨ ਤੇ ਤਿੰਨ ਬੱਚੇ ਗੁਰੂਸਰ ਦੇ ਚੁਣੇ ਗਏ।ਚੁਣੇ ਗਏ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਖਾਸ ਕਰਕੇ ਨੈਸ਼ਨਲ ਸਪੋਰਟਸ ਕਲੱਬ ਦੇ ਸਮੂਹ ਅਹੁਦੇਦਾਰਾਂ, ਮੈਂਬਰਾਂ ਤੇ ਪ੍ਰਬੰਧਕਾਂ ਨੇ ਖਿਡਾਰੀਆਂ ਨੂੰ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਚੁਣੇ ਹੋਏ ਖਿਡਾਰੀਆਂ ਨੂੰ ਮੁਫਤ ਰਿਹਾਇਸ਼, ਖਾਣ-ਪੀਣ ਦਾ ਪ੍ਰਬੰਧ ਤੇ ਟ੍ਰੇਨਿੰਗ ਬਿਲਕੁਲ ਮੁਫਤ ਦਿੱਤੀ ਜਾਵੇਗੀ ਅਤੇ ਬੱਚਿਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਯੋਗ ਮੌਕੇ ਦਿੱਤੇ ਜਾਣਗੇ।ਉਨ੍ਹਾਂ ਨਸ਼ੇ ਦੀ ਦਲਦਲ ਵਿੱਚ ਧਸ ਰਹੇ ਨੌਜਵਾਨਾਂ ਦੀ ਜ਼ਿੰਦਗੀ ਬਾਰੇ ਚਿੰਤਾ ਕਰਦਿਆਂ ਕਿਹਾ ਕਿ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣਾ ਹੈ, ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੈ ਤਾਂ ਬੱਚਿਆਂ ਤੇ ਆਪ ਨੂੰ ਖੇਡਾਂ ਨਾਲ ਜੋੜੋ ਤਾਂ ਜੋ ਚੰਗੀ ਸਿਹਤ ਮਿਲ ਸਕੇ। ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਬਰਾੜ, ਨਿੰਮਾ ਮਾਨ, ਬਬੀ ਕੋਚ, ਬਿੰਦਰ ਸਿੰਘ ਮਾਨ, ਵਿਪਨ ਬਰਾੜ, ਸ਼ੇਰ ਸਿੰਘ, ਸੁੱਖਾ ਸਿੰਘ, ਬਰੂਸਲੀ, ਭੋਲੀ ਸਿੰਘ ਤੋਂ ਇਲਾਵਾ ਸਮੂਹ ਖਿਡਾਰੀ ਤੇ ਪ੍ਰਬੰਧਕ ਹਾਜ਼ਰ ਸਨ।

# ਚੁਸਪਿੰਦਰਬੀਰ ਚਾਹਿਲ ਮਾਲਵਾ ਵੈੱਸਟ ਦਾ ਕੋਆਰਡੀਨੇਟਰ ਨਿਯੁਕਤ

**ਭੀਖੀ (ਗੁਰਿੰਦਰ ਸਿੰਘ ਔਲਖ/ਧਰਮਵੀਰ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੀ ਬਣਾਈ ਮਾਲਵਾ ਵੈਸਟ ਜ਼ੋਨ ਕਮੇਟੀ ਦਾ ਚੁਸਪਿੰਦਰਬੀਰ ਸਿੰਘ ਚਾਹਿਲ ਭੁਪਾਲ ਨੂੰ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਆਪ ਵਰਕਰਾਂ ਨੇ ਕਸਬਾ ਭੀਖੀ 'ਚ ਲੱਡੂ ਵੰਡ ਕੇ ਖੁਸ਼ੀ ਮਨਾਈ।ਇਸ ਮੌਕੇ ਆਪ ਆਗੂ ਗੁਰਤੇਜ ਸਿੰਘ ਤੇ ਬਲਰਾਜ ਬਿਸਕੀ ਨੇ ਕਿਹਾ ਕਿ ਸਰਕਾਰ ਵੱਲੋਂ ਚਹਿਲ ਨੂੰ ਕਮੇਟੀ ਦਾ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਨਸ਼ਿਆਂ ਨੂੰ ਠੱਲ੍ਹ ਪਵੇਗੀ, ਕਿਉਕਿ ਚੁਸਪਿੰਦਰਬੀਰ ਸਿੰਘ ਚਾਹਿਲ ਤਜਰਬੇਕਾਰ ਰਾਜਨੀਤਿਕ ਤੇ ਅੰਤਰਰਾਸ਼ਟਰੀ ਖਿਡਾਰੀ ਦੇ ਤੌਰ 'ਤੇ ਜਾਣੇ ਜਾਂਦੇ ਹਨ। ਜੋ ਸ਼ੁਰੂ ਤੋ ਹੀ ਨਸ਼ਿਆਂ ਦੇ ਖਿਲਾਫ ਹਨ। ਚਾਹਿਲ ਦੀ ਇਸ ਨਿਯੁਕਤੀ ਨਾਲ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਬਲ ਮਿਲੇਗਾ।ਇਸ ਮੌਕੇ ਵਰਕਰਾਂ ਨੇ ਕਸਬੇ 'ਚ ਲੱਡੂ ਵੰਡ ਕੇ ਖੁਸ਼ੀ ਮਨਾਈ। ਇਸ ਸਮੇਂ ਅਰੁਣ ਕੁਮਾਰ, ਗੁਰਪ੍ਰੀਤ ਸਿੰਘ ਹੀਰੋਂ ਕਲਾਂ, ਸ਼ੈਂਟੂ ਮੈਂਬਰ, ਡਾ. ਸੁਰਿੰਦਰ ਸਿੰਘ ਹੀਰੋਂ ਖੁਰਦ, ਗੁਰਮੇਜ ਸਿੰਘ ਸਮਾਓਂ, ਕੌਂਸਲਰ ਪ੍ਰੇਮ ਕੁਮਾਰ, ਕੌਂਸਲਰ ਕੁਲਵੰਤ ਸਿੰਘ, ਸੁਰੇਸ਼ ਕੁਮਾਰ ਸ਼ਸ਼ੀ ਆਦਿ ਹਾਜ਼ਰ ਸਨ।



# ਹਰ ਇੱਕ ਲਈ ਰੁਜ਼ਗਾਰ ਗਰੰਟੀ ਐਕਟ ਬਣਾਇਆ ਜਾਵੇ-ਰੁਜ਼ਗਾਰ ਅਧਿਕਾਰ ਅੰਦੋਲਨ ਪੰਜਾਬ

**ਮਾਨਸਾ (ਆਤਮਾ ਸਿੰਘ ਪਮਾਰ)**- ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਮੌਕੇ ਸ਼ਹੀਦ ਬਾਬਾ ਬੂਝਾ ਸਿੰਘ ਯਾਦਗਾਰੀ ਭਵਨ ਮਾਨਸਾ ਦੇ ਵਿੱਚ ਹਰ ਇੱਕ ਦੇ ਲਈ ਯੋਗਤਾ ਮੁਤਾਬਿਕ ਰੁਜ਼ਗਾਰ ਦੀ ਗਰੰਟੀ ਲਈ ਰੁਜ਼ਗਾਰ ਗਰੰਟੀ ਐਕਟ ਬਣਾਏ ਜਾਣ ਲਈ ਬਾਬਾ ਬੂਝਾ ਸਿੰਘ ਯਾਦਗਾਰੀ ਭਵਨ ਟਰੱਸਟ ਦੇ ਚੇਅਰਮੈਨ ਕਾਮਰੇਡ ਨਛੱਤਰ ਸਿੰਘ ਖੀਵਾ, ਸਾਬਕਾ ਵਿਦਿਆਰਥੀ ਆਗੂ ਨਿੱਕਾ ਸਿੰਘ ਸਮਾਉਂ, ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ ਕਾਲਜ ਮਾਨਸਾ ਦੇ ਅਸਿਸਟੈਂਟ ਪ੍ਰੋਫੈਸਰ ਮੈਡਮ ਸੋਨੀਆ, ਬੇਰੁਜ਼ਗਾਰ ਬੀ ਐੱਡ ਟੈੱਟ ਪਾਸ ਤੇ ਸਾਂਝੇ ਬੇਰੁਜ਼ਗਾਰ ਮੋਰਚੇ ਦੇ ਆਗੂ ਅਮਨਦੀਪ ਸਿੰਘ ਸੇਖਾ, ਆਇਸਾ ਦੇ ਜ਼ਿਲ੍ਹਾ ਕਮੇਟੀ ਮੈਂਬਰ ਗਗਨਦੀਪ ਕੌਰ ਮੌਜੋ ਦੀ ਪ੍ਰਧਾਨਗੀ ਹੇਠ ਵਿਦਿਆਰਥੀ ਨੌਜਵਾਨਾਂ ਦੀ ਕਨਵੈਂਸ਼ਨ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਰੁਜ਼ਗਾਰ ਅਧਿਕਾਰ ਅੰਦੋਲਨ ਪੰਜਾਬ ਦੀ 21 ਮੈਂਬਰੀ ਕਮੇਟੀ ਗਠਿਤ ਕੀਤੀ ਗਈ।ਇਸ ਮੌਕੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸਾਂਝੇ ਬੇਰੁਜ਼ਗਾਰ ਮੋਰਚੇ ਵੱਲੋਂ ਹਰਜਿੰਦਰ ਸਿੰਘ ਝੁਨੀਰ, ਪੀ ਐੱਸ ਯੂ ਵੱਲੋਂ ਅਰਵਿੰਦਰ ਆਜ਼ਾਦ, ਰੈਡੀਕਲ ਪੀਪਲਜ਼ ਫੋਰਮ ਵੱਲੋਂ ਕਾਮਰੇਡ ਸੁਖਦਰਸ਼ਨ ਨੱਤ, ਏ ਆਈ ਵਾਈ ਐੱਫ ਵੱਲੋਂ ਹਰਮੇਲ ਸਿੰਘ ਉੱਭਾ, ਸਿੱਖਿਆ ਪ੍ਰੋਵਾਇਡਰ ਅਧਿਆਪਕਾਂ ਵੱਲੋਂ ਇੰਦਰਜੀਤ ਡੇਲੂਆਣਾ, ਪ੍ਰਗਤੀਸ਼ੀਲ ਇਸਤਰੀ ਸਭਾ ਵੱਲੋਂ ਜਸਵੀਰ ਕੌਰ ਨੱਤ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਬਿੱਟੂ ਸਿੰਘ ਖੋਖਰ, ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਘਰਾਂਗਣਾ, ਆਇਸਾ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਖੋਖਰ ਕਲਾਂ, ਗੁਰੂ ਨਾਨਕ ਕਾਲਜ ਬੁਢਲਾਡਾ ਦੀ ਇਕਾਈ ਦੇ ਆਗੂ ਪ੍ਰਿਤਪਾਲ ਕੌਰ ਸ਼ੇਰਖਾਂਵਾਲਾ, ਅਮਨਦੀਪ ਸਿੰਘ ਰਾਮਪੁਰ ਮੰਡੇਰ, ਇਨਕਲਾਬੀ ਨੌਜਵਾਨ ਸਭਾ ਵੱਲੋਂ ਗਗਨਦੀਪ ਸਿੰਘ ਸਿਰਸੀਵਾਲਾ, ਮਾਸਟਰ ਗੁਰਸੇਵਕ ਸਿੰਘ ਪੇਰੋਂ, ਅਸਿਸਟੈਂਟ ਪ੍ਰੋਫੈਸਰ ਸੁਰਿੰਦਰ ਸਿੰਘ, ਪ੍ਰੋਫੈਸਰ ਸੰਤੋਸ਼ ਰਾਣੀ, ਪ੍ਰੋਫੈਸਰ ਦੀਦਾਰ ਸਿੰਘ ਮਾਨਸਾ, ਨਿਰਮਲ ਸਿੰਘ ਰਣਸੀਂਹ ਕਲਾਂ ਤੇ ਜਗਸੀਰ ਸਿੰਘ ਲੈਕਚਰਾਰ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੁਆਰਾ ਬਣਾਏ ਗਏ ਸੰਵਿਧਾਨ ਨੂੰ ਅੱਜ ਸਮੇਂ ਦੀ ਸਰਕਾਰ ਵੱਲੋਂ ਲੋਕ ਵਿਰੋਧੀ ਸੋਧਾਂ ਕਰਕੇ ਖਤਮ ਕਰਨ ਲਈ ਦੇਸ਼ ਦੇ ਜਨਤਕ ਅਦਾਰਿਆਂ ਵਿੱਚੋਂ ਰੁਜ਼ਗਾਰ ਦੇ ਮੌਕੇ ਖਤਮ ਕੀਤੇ ਜਾ ਰਹੇ ਹਨ ਅਤੇ ਬੇਰੁਜ਼ਗਾਰੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਇਸ ਮੌਕੇ ਸਟੇਜ ਦੀ ਸਕੱਤਰ ਦੀ ਭੂਮਿਕਾ ਆਇਸਾ ਦੇ ਸੂਬਾ ਆਗੂ ਸੁਖਜੀਤ ਰਾਮਾਨੰਦੀ ਨੇ ਬਾਖੂਬੀ ਨਿਭਾਈ ਤੇ ਸਾਬਕਾ ਵਿਦਿਆਰਥੀ ਆਗੂ ਹਰਮਨਦੀਪ ਹਿੰਮਤਪੁਰਾ ਵੱਲੋਂ ਰੁਜ਼ਗਾਰ ਅਧਿਕਾਰ ਅੰਦੋਲਨ ਪੰਜਾਬ ਦਾ ਖਰੜਾ ਪੇਸ਼ ਕੀਤਾ ਗਿਆ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਫਤਿਹਗੜ੍ਹ ਸਾਹਿਬ 'ਚ ਰੋਜ਼ਗਾਰ ਮੇਲਾ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਰੋਜ਼ਗਾਰ ਮੇਲਾ 2025 ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਭਰਤੀਕਾਰੀਆਂ ਵਜੋਂ ਐਕਸਿਸ ਬੈਂਕ, ਫਿਟੇਲੋ, ਸਕਿਲਕਾਰਟ, ਪ੍ਰੋਡੈਸਕ, ਅਕਾਲ ਅਕੈਡਮੀ, ਅਰੇਨੈੱਸ ਲਾਅ, ਕੋਡਰੋਇਡਹੱਬ ਅਤੇ ਹੋਰ ਕਈ ਪ੍ਰਮੁੱਖ ਕੰਪਨੀਆਂ ਨੇ ਭਾਗ ਲਿਆ। ਇਹ ਮੌਕਾ ਬੀ.ਟੈਕ., ਬੀ.ਐੱਸ.ਸੀ., ਐੱਮ.ਐੱਸ.ਸੀ., ਐੱਮ.ਸੀ.ਏ, ਬੀ.ਬੀ.ਏ, ਬੀ.ਸੀ.ਏ, ਐੱਮ ਕੌਮ, ਬੀ ਏ, ਐੱਮ ਏ ਅਤੇ ਡਿਪਲੋਮਾ ਕੋਰਸਜ਼ ਦੇ 2024 ਅਤੇ 2025 ਬੈਚਾਂ ਦੇ ਵਿਦਿਆਰਥੀਆਂ ਲਈ ਰੋਜ਼ਗਾਰ ਦੇ ਨਵੇਂ ਦਰਵਾਜ਼ੇ ਖੋਲ੍ਹਣ ਵਾਲਾ ਸਾਬਤ ਹੋਇਆ। ਕੰਪਨੀਆਂ ਵੱਲੋਂ ?11 ਲੱਖ ਪ੍ਰਤੀ ਸਾਲ ਤੱਕ ਦੇ ਆਕਰਸ਼ਕ ਪੈਕੇਜ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਵੱਖ-ਵੱਖ ਖੇਤਰਾਂ ਜਿਵੇਂ ਕਿ ਫਾਇਨੈਂਸ, ਆਈ.ਟੀ., ਹੈਲਥਕੇਅਰ, ਐਜੂਕੇਸ਼ਨ ਅਤੇ ਡਿਜੀਟਲ ਮਾਰਕੀਟਿੰਗ ਵਿੱਚ ਨੌਕਰੀਆਂ ਲਈ ਇੰਟਰਵਿਊਜ਼ ਦਿੱਤੇ। ਰੋਜ਼ਗਾਰ ਮੇਲੇ ਨੇ ਤਕਰੀਬਨ 350 ਵਿਦਿਆਰਥੀਆਂ ਨੂੰ ਉਚੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ। ਕਈ ਕੰਪਨੀਆਂ ਵੱਲੋਂ ਵਿਦਿਆਰਥੀਆਂ ਨੂੰ 11 ਲੱਖ ਪ੍ਰਤੀ ਸਾਲ ਤੱਕ ਦੇ ਆਕਰਸ਼ਕ ਪੈਕੇਜ ਪੇਸ਼ ਕੀਤੇ ਗਏ, ਜੋ ਕਿ ਆਈ.ਟੀ., ਫਾਇਨੈਂਸ, ਹੈਲਥਕੇਅਰ, ਐਜੂਕੇਸ਼ਨ ਅਤੇ ਡਿਜੀਟਲ ਮਾਰਕੀਟਿੰਗ ਵਰਗੇ ਖੇਤਰਾਂ ਵਿੱਚ ਸਨ।ਉਦਘਾਟਨ ਸਮਾਗਮ ਵਿੱਚ ਯੂਨੀਵਰਸਿਟੀ ਦੇ ਡਾ. ਸੁਖਵਿੰਦਰ ਸਿੰਘ ਬਿਲਿੰਗ (ਡੀਨ ਅਕਾਦਮਿਕ ਮਾਮਲੇ), ਡਾ. ਤੇਜਬੀਰ ਸਿੰਘ (ਰਜਿਸਟਰਾਰ), ਡਾ. ਨਵਦੀਪ ਕੌਰ (ਡੀਨ ਰਿਸਰਚ), ਅਤੇ ਡਾ. ਸਰਪਰੀਤ ਸਿੰਘ (ਡੀਨ ਐਲਮੁਨਾਈ) ਹਾਜ਼ਰ ਸਨ।ਡਾ. ਕਮਲਜੀਤ ਕੌਰ, ਇੰਚਾਰਜ, ਟਰੇਨਿੰਗ ਐਂਡ ਪਲੇਸਮੈਂਟ ਸੈਲ ਨੇ ਕਿਹਾ ਕਿ ਇਸ ਮੇਲੇ ਨੇ ਵਿਦਿਆਰਥੀਆਂ ਨੂੰ ਨਾ ਸਿਰਫ ਉਦਯੋਗਿਕ ਸੰਪਰਕ ਬਣਾਉਣ ਦਾ ਮੌਕਾ ਦਿੱਤਾ, ਬਲਕਿ ਉਨ੍ਹਾਂ ਦੇ ਕਰੀਅਰ ਦੀ ਪੱਕੀ ਸ਼ੁਰੂਆਤ ਵੀ ਕੀਤੀ ਹੈ। ਯੂਨੀਵਰਸਿਟੀ ਦੇ ਉਪਕੁਲਪਤੀ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਦੇ ਸਰਗਰਮ ਭਾਗੀਦਾਰੀ ਲਈ ਉਨ੍ਹਾਂ ਨੂੰ ਵਧਾਈ ਦਿੱਤੀ।

# ਘਰ 'ਚੋਂ ਗਹਿਣੇ ਤੇ ਨਕਦੀ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਫਿਰੋਜ਼ਪੁਰ ਵਿਖੇ ਇੱਕ ਵਿਅਕਤੀ ਦੇ ਘਰ 'ਚੋਂ ਅਣਪਛਾਤੇ ਵਿਅਕਤੀਆਂ ਵੱਲੋਂ ਸੋਨੇ ਦੇ ਗਹਿਣੇ ਤੇ 5 ਹਜ਼ਾਰ ਰੁਪਏ ਨਗਦੀ ਚੋਰੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਕੁੱਲਗੜ੍ਹੀ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਅਮਿਤ ਕੁਮਾਰ ਪੁੱਤਰ ਸੁੰਦਰ ਸਿੰਘ ਵਾਸੀ ਤਰਹੇਟੀ ਤਹਿ. ਧਾਰ ਕਲਾਂ ਜ਼ਿਲ੍ਹਾ ਪਠਾਨਕੋਟ ਹਾਲ ਫੇਸ-1 ਜ਼ੀਰਾ ਰੋਡ ਨੇ ਦੱਸਿਆ ਕਿ ਉਸ ਦੇ ਘਰ 'ਚ ਅਣਪਛਾਤੇ ਵਿਅਕਤੀਆਂ ਨੇ ਦਾਖਲ ਹੋ ਕੇ ਘਰ ਵਿੱਚੋਂ ਸੋਨੇ ਦੇ ਗਹਿਣੇ ਤੇ 5 ਹਜ਼ਾਰ ਰੁਪਏ ਨਗਦ ਤੇ ਹੋਰ ਜ਼ਰੂਰੀ ਕਾਗਜ਼ਾਤ ਚੋਰੀ ਕਰਕੇ ਲੈ ਗਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਨਿਰਮਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਵਿਸਾਖੀ ਸਮਾਗਮਾਂ ਦੀ ਸਫਲਤਾ 'ਤੇ ਕੀਤਾ ਸ਼ੁਕਰਾਨਾ

**ਮਲੋਟ (ਗੁਰਮੀਤ ਸਿੰਘ ਮੱਕੜ)**- ਗੁਰਦੁਆਰਾ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ ਮਲੋਟ ਵਿਖੇ ਵਿਸਾਖੀ ਨੂੰ ਸਮਰਪਤ ਮਾਘੀ ਦੇ ਪਵਿੱਤਰ ਦਿਹਾੜੇ ਤੋਂ ਚੱਲ ਰਹੀ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਸੰਪੂਰਨਤਾ ਅਤੇ ਖ਼ਾਲਸਾ ਸਾਜਣਾ ਦਿਵਸ 'ਤੇ ਮਹਾਨ ਗੁਰਮਤਿ ਸਮਾਗਮਾਂ ਦੇ ਸਫਲਤਾ ਪੂਰਵਕ ਸੰਪੂਰਨਤਾ ਹੋਣ 'ਤੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਧੰਨਵਾਦ ਕਰਨ ਲਈ ਗੁਰੂਘਰ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਜੀਤ ਸਿੰਘ ਦੇ ਪੂਰੇ ਪਰਵਾਰ ਵੱਲੋਂ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਵਿਸਾਖੀ ਵਾਲੇ ਦਿਨ 13 ਅਪ੍ਰੈਲ ਨੂੰ ਮਹਾਨ ਗੁਰਮਤਿ ਸਮਾਗਮ ਦੀ ਸਮਾਪਤੀ ਉਪਰੰਤ ਇਸ ਸਬੰਧੀ ਗੁਰੂਘਰ ਵਿਖੇ ਸ਼ਾਮ ਦੇ ਸਮੇਂ ਸ੍ਰੀ ਅਖੰਡ ਪਾਠ ਪ੍ਰਾਰੰਭ ਕਰਵਾਏ ਗਏ ਅਤੇ ਬੀਤੀ ਸ਼ਾਮ 15 ਅਪ੍ਰੈਲ ਨੂੰ ਸ਼ਾਮ ਦੇ ਸਮੇਂ ਹੀ ਭੋਗ ਪਾਏ ਗਏ। ਸ਼ੁਕਰਾਨੇ ਦੀ ਅਰਦਾਸ ਕਰਨ ਉਪਰੰਤ ਬਾਬਾ ਸਾਹਿਬ ਸਿੰਘ 40 ਔਂਫ਼ ਰਾਜਸਥਾਨ ਦੇ ਜਥੇ ਵੱਲੋਂ ਦੀਵਾਨ ਸਜਾਏ ਗਏ। ਗੁਰੂਘਰ ਦੇ ਮੁੱਖ ਸੇਵਾਦਾਰ ਬਾਬਾ ਬਲਜੀਤ ਸਿੰਘ ਨੇ ਦੱਸਿਆ ਕਿ ਅਕਾਲ ਪੁਰਖ ਦੀ ਬਖ਼ਸ਼ਿਸ਼ ਸਦਕਾ ਹਰ ਸਾਲ ਇਹ ਉਪਰਾਲੇ ਕੀਤੇ ਜਾਂਦੇ ਹਨ। ਗੁਰਦੁਆਰਾ ਕਮੇਟੀ ਦੇ ਪ੍ਰਧਾਨ ਵਰੰਟ ਅਫ਼ਸਰ ਹਰਪ੍ਰੀਤ ਸਿੰਘ ਹੈਪੀ, ਮੀਤ ਪ੍ਰਧਾਨ ਜੱਜ ਪਾਲ ਸ਼ਰਮਾ, ਖ਼ਜ਼ਾਨਚੀ ਸੁਰਿੰਦਰ ਸਿੰਘ ਬੱਗਾ ਅਤੇ ਸਕੱਤਰ ਭਾਈ ਜਗਮੀਤ ਸਿੰਘ ਖ਼ਾਲਸਾ ਵੱਲੋਂ ਵੀ ਸਮੂਹ ਸੰਗਤ ਦਾ ਵਿਸ਼ੇਸ਼ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



# ਕੈਬਨਿਟ ਮੰਤਰੀ ਵੱਲੋਂ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ

**● ਸਿੱਖਿਆ ਕ੍ਰਾਂਤੀ ਮੁਹਿੰਮ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ : ਬਰਿੰਦਰ ਗੋਇਲ**



**ਮੂਨਕ (ਰਾਜਪਾਲ ਸਿੰਗਲਾ)**- ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਧਾਨ ਸਭਾ ਹਲਕਾ ਲਹਿਰਾ ਅਧੀਨ ਆਉਂਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਕਰੋੜ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ।ਕੈਬਨਿਟ ਮੰਤਰੀ ਗੋਇਲ ਨੇ ਸ਼ਹਿਰ ਦੇ ਸ੍ਰੀ ਗੁਰੂ ਰਵਿਦਾਸ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਪਹੁੰਚੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਸਰਵੋਤਮ ਸੁਵਿਧਾਵਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਪੱਧਰੀ ਤੇ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਉਣਾ ਹੈ ਤਾਂ ਜੋ ਉਹ ਆਉਣ ਵਾਲੇ ਸਮੇਂ ਵਿੱਚ ਮੁਕਾਬਲੇ ਦੀਆਂ ਔਖੀਆਂ ਪ੍ਰੀਖਿਆਵਾਂ ਨੂੰ ਸੁਖਾਲੇ ਢੰਗ ਨਾਲ ਪਾਸ ਕਰਨ ਦੇ ਸਮਰੱਥ ਬਣ ਸਕਣ ਤੇ ਆਪਣੀ ਮਿਹਨਤ ਅਤੇ ਲਗਨ ਨਾਲ ਅਜਿਹੀਆਂ ਬੁਲੰਦੀਆਂ ਨੂੰ ਹਾਸਲ ਕਰਕੇ ਨਾਮਣਾ ਖੱਟ ਸਕਣ, ਜਿਹੜੀਆਂ ਬੁਲੰਦੀਆਂ ਦਾ ਉਹ ਸੁਪਨਾ ਵੇਖਦੇ ਹਨ।ਉਨ੍ਹਾਂ ਪਹੁੰਚੇ ਲੋਕਾਂ ਨੂੰ ਕਿਹਾ ਕਿ ਵੱਧ ਤੋਂ ਵੱਧ ਆਪਣੇ ਬੱਚਿਆਂ ਦਾ ਦਾਖਲਾ ਸਰਕਾਰੀ ਸਕੂਲਾਂ ਵਿੱਚ ਹੀ ਕਰਾਉਣ, ਹੁਣ ਸਰਕਾਰੀ ਸਕੂਲਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਹੈ।ਪੰਜਾਬ ਸਰਕਾਰ ਵੱਲੋਂ ਹੁਣ ਤੱਕ 30 ਹਜ਼ਾਰ ਦੇ ਕਰੀਬ ਅਧਿਆਪਕਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਕੀਰਤੀਮਾਨ ਸਥਾਪਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਤੇ ਮਨ ਪਸੰਦ ਦੇ ਅਹੁਦਿਆਂ 'ਤੇ ਸੇਵਾਵਾਂ ਨਿਭਾਉਣ।ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਤੇ ਪੜ੍ਹਾਉਂਦੇ ਅਧਿਆਪਕਾਂ ਦੀਆਂ ਜ਼ਰੂਰਤਾਂ ਨੂੰ ਯੋਜਨਾਬੱਧ ਤਰੀਕੇ ਨਾਲ ਪੂਰਾ ਕਰਨ ਲਈ ਸਰਗਰਮ ਰਹਿਣ।ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਸਰਕਾਰ ਨੇ ਸੂਬੇ ਦੀ ਵਿਕਾਸ ਪੱਖੋਂ ਨੁਹਾਰ ਪੂਰੀ ਤਰ੍ਹਾਂ ਬਦਲ ਦਿੱਤੀ ਹੈ ਤੇ ਲੋਕ ਸੰਤੁਸ਼ਟੀ ਜ਼ਾਹਰ ਕਰ ਰਹੇ ਹਨ।ਇਸ ਮੌਕੇ ਕੈਬਨਿਟ ਮੰਤਰੀ ਗੋਇਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮੂਨਕ, ਸਰਕਾਰੀ ਪ੍ਰਾਇਮਰੀ ਸਕੂਲ ਮੂਨਕ, ਸਰਕਾਰੀ ਪ੍ਰਾਇਮਰੀ ਸਕੂਲ (ਲੜਕੀਆਂ) ਮੂਨਕ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਗਨੋਟਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਮਨਿਆਣਾ, ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਮਨਿਆਣਾ, ਸਰਕਾਰੀ ਮਿਡਲ ਸਕੂਲ, ਪਿੰਡ ਫੂਲਦ, ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਫੂਲਦ ਤੇ ਸਰਕਾਰੀ ਹਾਈ ਸਕੂਲ ਪਿੰਡ ਮਕਰੋੜ ਸਾਹਿਬ ਦਾ ਦੌਰਾ ਕੀਤਾ।

# ਨੌਜਵਾਨ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 20 ਲੱਖ ਠੱਗੇ, 2 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਫਿਰੋਜ਼ਪੁਰ ਵਿਖੇ ਨੌਜਵਾਨ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 2 ਲੱਖ 20 ਹਜ਼ਾਰ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 2 ਵਿਅਕਤੀਆਂ ਖਿਲਾਫ 420, 120-ਬੀ ਆਈਪੀਸੀ 24 ਇਮੀਗਰੇਸ਼ਨ ਐਕਟ 1983 ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਦੇਵ ਰਾਜ ਨੇ ਦੱਸਿਆ ਕਿ ਦਰਖਾਸਤ ਨੰਬਰ 503550/ਯੂਆਈਡੀ ਰਾਹੀਂ ਤਰਸੇਮ ਸਿੰਘ ਪੁੱਤਰ ਜਗਤ ਸਿੰਘ ਵਾਸੀ ਪਿੰਡ ਹਬੀਬ ਕੇ ਰੋਡ ਕੰਬੋਜ ਨਗਰ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਦੋਸ਼ੀਆਨ ਹਰਜਿੰਦਰ ਸਿੰਘ ਉਰਫ ਸੋਨੂੰ ਤੇ ਸੁਖਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਵਾਸੀਅਨ ਪਿੰਡ ਟਿੱਬੀ ਖੁਰਦ ਨੇ ਹਮਮਸ਼ਵਰਾ ਹੋ ਕੇ ਉਸ ਦੇ ਭਰਾ ਮੇਹਰ ਸਿੰਘ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 2 ਲੱਖ 20 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਜਾਂਚਕਰਤਾ ਸੁਖਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।


## ਉਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-CTG25-11 | 24.04.2025 ਨੂੰ 11:00 ਵਜੇ | ਖੇਮਕਰਨ, ਮੁਕਤਸਰ, ਤਰਨਤਾਰਨ, ਸਾਹਨੇਵਾਲ, ਕਰਤਾਰਪੁਰ, ਆਰਸੀਐਫ- ਕਪੂਰਥਲਾ ਹਾਲਟ, ਕੋਟਕਪੂਰਾ, ਨਵਾਂ ਸ਼ਹਿਰ ਦੋਆਬਾ, ਨਕੋਦਰ, ਵੇਰਕਾ, ਜਗਰਾਓਂ, ਫਿਰੋਜਪੁਰ ਸਿਟੀ ਫਾਜਿਲਕਾ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ। |
| EAFZR-CTG25-12 | 25.04.2025 ਨੂੰ 12:30 ਵਜੇ | ਜਲੰਧਰ ਕੈਂਟ ਰੇਲਵੇ ਸਐਸ਼ਨ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ। |
| EAFZR-LEDVB25-1 | 28.04.2025 ਨੂੰ 12:30 ਵਜੇ | ਵੰਦੇ ਭਾਰਤ ਟ੍ਰੇਨ ਨੰਬਰ 22488/22487 ਦੇ ਸਾਰੇ ਕੋਚਾਂ ਵਿਚ ਫੈਕਟ੍ਰੀ ਫਿਟੇਡ 18.5 "ਐਲਈਡੀ ਸਕ੍ਰੀਨ ਦੇ ਮਾਧਿਅਮ ਨਾਲ ਵਿਗਿਆਪਨ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-MPS25-7 | 30.04.2025 ਨੂੰ 11:00 ਵਜੇ | ਫਰੀਦਕੋਟ ਰੇਲਵੇ ਸਟੇਸ਼ਨ ਤੇ ਬਹੁਉਦੇਸ਼ੀ ਸਟਾਲ (ਐਮਪੀਐਸ) ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |
| EAFZR-OH25-10 | 30.04.2025 ਨੂੰ 11:00 ਵਜੇ | ਵਾਣਿਜ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ: 1) ਸਾਹਨੇਵਾਲ, ਅੰਮ੍ਰਿਤਸਰ ਅਤੇ ਜਲੰਧਰ ਸਿਟੀ ਰੇਲਵੇ ਸਟੇਸ਼ਨ ਤੇ ਪਾਣੀ ਦੀਆਂ ਟੰਕੀਆਂ ਓਵਰਹੇਡ ਦੇ ਉਪਰ। 2) ਵੇਰਕਾ, ਜੈਂਤੀਪੁਰਾ, ਬਟਾਲਾ, ਭਗਤਾਂਵਾਲਾ, ਅਤੇ ਪੱਟੀ ਰੇਲਵੇ ਸਟੇਸ਼ਨ ਨਾਲ ਲਗੇ ਲੇਵਲ ਕ੍ਰਾਸਿੰਗ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 3) ਗੋਰਾਯਾ ਅਤੇ ਲੋਹਿਯਾ ਖਾਸ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ ਦੇ ਮਾਧਿਅਮ ਨਾਲ। 4) ਮਖ਼ੂ ਅਤੇ ਨਕੋਦਰ ਰੇਲਵੇ ਸਟੇਸ਼ਨ ਤੇ ਸਟੇਟਿਕ ਮੀਡੀਆ / ਪਾਣੀ ਦੀਆਂ ਟੰਕੀਆਂ ਦੇ ਓਵਰਹੇਡ ਦੇ ਉਪਰ। |
| EAFZR-MIS25-7 | 30.04.2025 ਨੂੰ 11:30 ਵਜੇ | 1) ਰੇਲਵੇ ਸਟੇਸ਼ਨ ਫਿਰੋਜਪੁਰ ਕੈਂਟ ਤੇ ਪਲਾਸਟਿਕ ਬੋਤਲ ਕ੍ਰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰਖਰਖਾਅ ਅਤੇ ਉਸ ਤੇ ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। 2) ਫਰੀਦਕੋਟ, ਫਿਲੌਰ, ਫਿਰੋਜਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੈਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-PnU25-7 | 30.04.2025 ਨੂੰ 12:30 ਵਜੇ | ਬਟਾਲਾ ਅਤੇ ਮੁਕਤਸਰ ਰੇਲਵੇ ਸਟੇਸ਼ਨਾਂ ਤੇ ਪੇ ਐਂਡ ਯੂਜ ਸ਼ੌਚਾਲਯਾਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

ਨੰਬਰ: MC/38015/Pub/E-Auction/FZR/22 ਮਿਤੀ : 16.04.2025 1119/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

17-April-PAGE--8.qxd 4/16/2025 10:47 PM Page 1



# ਪੇਂਡੂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀਕਰਨ ਦੇ ਖ਼ਿਲਾਫ਼ ਮੁਲਾਜ਼ਮਾਂ 'ਚ ਰੋਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੇਂਡੂ ਜਲ ਸਪਲਾਈ ਸਕੀਮਾਂ ਦੇ ਪੰਚਾਇਤੀ ਕਰਨ ਦੇ ਵਿਰੋਧ 'ਚ ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦਿਹਾਤੀ ਤਲਵਾੜਾ ਮੁਕੇਰੀਆਂ ਵੱਲੋਂ ਵੀਰਵਾਰ ਨੂੰ ਸਥਾਨਕ ਸਬਤ ਕਾਰਜਕਾਰੀ ਇੰਜਨੀਅਰ ਦਫ਼ਤਰ ਮੂਹਰੇ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਯੂਨੀਅਨ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਨੇ ਜਾਣਕਾਰੀ ਦਿੰਦੇ ਹੋਇਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਪੱਤਰ ਜਾਰੀ ਕਰਕੇ ਮੰਡਲ ਪੱਧਰ 'ਤੇ ਬਲਾਕ ਵਿਸ਼ੇਸ਼ ਕੋਆਰਡੀਨੇਟਰ ਬੀਆਰਸੀ ਨੂੰ ਮਹੀਨੇ 'ਚ ਇੱਕ ਪਿੰਡ ਜਲ ਸਪਲਾਈ ਸਕੀਮ ਪੰਚਾਇਤਾਂ ਦੇ ਹਵਾਲੇ ਕਰਨ ਦੇ ਹੁਕਮ ਜਾਰੀ ਕੀਤੇ ਹਨ। ਜਦ ਕਿ ਪਿੰਡਾਂ ਦੀ ਪੰਚਾਇਤਾਂ ਪਹਿਲਾਂ ਹੀ ਇਹ ਯੋਜਨਾਵਾਂ ਚਲਾਉਣ 'ਚ ਅਸਮਰੱਥ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਬਲਿਕ ਹੈਲਥ ਵਿਭਾਗ ਦੇ ਨਿੱਜੀਕਰਨ ਵਾਲੇ ਪਾਸੇ ਤੁਰੀ ਹੋਈ ਹੈ। ਸਰਕਾਰ ਆਪਣੀ ਜਿੰਮੇਵਾਰੀ ਲਾਹ ਕੇ ਪੰਚਾਇਤਾਂ ਦੇ ਗਲ਼ ਪਾਉਣਾ ਚਾਹੁੰਦੀ ਹੈ। ਜਦ ਕਿ ਪਹਿਲਾਂ ਪੰਚਾਇਤਾਂ ਹਵਾਲੇ ਕੀਤੀਆਂ ਪੇਂਡੂ ਜਲ ਸਪਲਾਈ ਸਕੀਮਾਂ ਤਰਸਯੋਗ ਹਾਲਤ ਵਿਚ ਹਨ। ਉੱਥੇ ਹੀ ਸਰਕਾਰ ਸੂਬੇ 'ਚ ਲੋਕਾਂ ਦੇ ਰੁਜ਼ਗਾਰ ਦੇ ਮੌਕੇ ਵੀ ਖਤਮ ਕਰਨ ਦੇ ਰਾਹ ਪਈ ਹੋਈ ਹੈ। ਸਰਕਾਰ ਹੋਰ ਵਿਭਾਗਾਂ 'ਚ ਅਸਾਮੀਆਂ ਭਰਨ ਦਾ ਖੂਬ ਪ੍ਰਚਾਰ ਕਰ ਰਹੀ ਹੈ। ਪਰ ਪਬਲਿਕ ਹੈਲਥ ਅਜਿਹਾ ਵਿਭਾਗ ਹੈ, ਜਿਸ ਵਿੱਚ ਪਿਛਲੇ ਤਿੰਨ ਸਾਲ ਤੋਂ ਸਰਕਾਰ ਨੇ ਇੱਕ ਵੀ ਨਵੀਂ ਅਸਾਮੀ ਨਹੀਂ ਭਰੀ। 'ਆਪ' ਸਰਕਾਰ ਨੇ ਪਿਛਲੇ ਤਿੰਨ ਸਾਲ ਤੋਂ ਸਰਵਿਸ ਦੌਰਾਨ ਮੌਤ ਹੋਏ ਕਰਮਚਾਰੀਆਂ ਦੇ ਵਾਰਿਸਾਂ ਨੂੰ ਨੌਕਰੀ ਦੇਣ ਦੇ ਕੇਸ ਰੋਕੇ ਹੋਏ ਹਨ। ਵਿਭਾਗ ਦੇ ਠੇਕਾ ਅਤੇ ਦਫ਼ਤਰਾਂ 'ਚ ਕੰਮ ਕਰਦੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਤਨਖਾਹਾਂ 'ਚ ਵਾਧਾ ਨਹੀਂ ਕੀਤਾ ਜਾ ਰਿਹਾ ਹੈ। ਸਰਕਾਰ ਦੇ ਇਸ ਫੈਸਲੇ ਨਾਲ ਵਿਭਾਗ 'ਚ ਕੰਮ ਕਰਦੇ 35 ਸੌ ਦੇ ਕਰੀਬ ਠੇਕਾ ਮੁਲਾਜ਼ਮਾਂ ਦੇ ਰੈਗੂਲਰ ਹੋਣ 'ਤੇ ਤਲਵਾਰ ਲਟਕ ਗਈ ਹੈ। ਉੱਥੇ ਹੀ 15-20 ਸਾਲ ਤੋਂ ਕੰਮ ਕਰ ਰਹੇ ਠੇਕਾ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ ਹੈ। ਇਨ੍ਹਾਂ ਮੰਗਾਂ ਨੂੰ ਲੈ ਕੇ ਜਥੇਬੰਦੀ ਨੇ 15 ਤੋਂ 30 ਤਾਰੀਕ ਤੱਕ ਉਪ ਮੰਡਲ ਡਵੀਜ਼ਨ ਪੱਧਰ 'ਤੇ ਰੋਸ ਧਰਨੇ ਦੇ ਕੇ ਸਰਕਾਰ ਨੂੰ ਮੰਗ ਪੱਤਰ ਭੇਜਣ ਦਾ ਫੈਸਲਾ ਕੀਤਾ ਹੈ। ਇਸ ਉਪਰੰਤ ਸਬੰਧਤ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਹਲਕੇ 'ਚ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾਵੇਗੀ। ਵਾਹਿਦਪੁਰੀ ਨੇ ਦਸਿਆ ਕਿ 17 ਤਾਰੀਕ ਨੂੰ ਤਲਵਾੜਾ ਵਿਖੇ ਵਿਭਾਗ ਦੇ ਸਥਾਨਕ ਸਬਤ ਦਫ਼ਤਰ ਮੂਹਰੇ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਜਿਸ ਵਿਚ ਇਲਾਕੇ ਦੀਆਂ ਪੰਚਾਇਤਾਂ ਨਾਲ ਵੀ ਸੰਪਰਕ ਕੀਤਾ ਜਾ ਰਿਹਾ ਹੈ।



# ਵਕੀਲਾਂ ਦੇ ਰਾਖਵਾਂਕਰਨ ਵਾਲਾ ਪੰਜਾਬ ਪਹਿਲਾ ਸੂਬਾ ਬਣਿਆ : ਰਾਜਾ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਦੇਸ਼ ਦੀ ਆਜ਼ਾਦੀ ਦੇ 75 ਸਾਲ ਵਿੱਚ ਸੂਬਾ ਪੰਜਾਬ ਵਕੀਲਾਂ ਦੇ ਰਾਖਵਾਂਕਰਨ ਵਾਲਾ ਪਹਿਲਾ ਸੂਬਾ ਬਣਿਆ ਹੈ।ਸਰਕਾਰ ਦੇ ਇਸ ਇਤਿਹਾਸਿਕ ਫੈਸਲੇ ਸਬੰਧੀ ਜਾਣਕਾਰੀ ਆਮ ਆਦਮੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਾਰਟੀ ਦਫ਼ਤਰ ਵਿਖੇ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ।ਇਸ ਮੌਕੇ ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਨਗਰ ਸੁਧਾਰ ਸਭਾ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੌਂਸਲ ਹਰੀ ਕ੍ਰਿਸ਼ਨ ਸੈਣੀ, ਰਾਜਨ ਸੇਠੀ, ਜਰਨੈਲ ਸਿੰਘ ਕੁਰਾਲਾ, ਸਰਪੰਚ ਪਰਮਜੀਤ ਬਿੱਟੂ ਜੱਫਲ, ਪ੍ਰੋ. ਪਰਵਾਨਾ ਹਾਜ਼ਰ ਸਨ।ਰਾਜਾ ਨੇ ਦੱਸਿਆ ਕਿ ਇਹ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ ਇਸ ਇਤਿਹਾਸਿਕ ਫੈਸਲੇ ਨਾਲ ਹੁਣ ਦਲਿਤ ਵਰਗ ਤੇ ਪਛੜੀਆਂ ਸ਼੍ਰੇਣੀਆਂ ਦੇ ਵਰਗਾਂ 'ਚੋਂ ਪੜ੍ਹੇ ਲਿਖੇ ਨੌਜਵਾਨ ਲੜਕੇ ਤੇ ਲੜਕੀਆਂ ਹਾਈਕੋਰਟ ਦੇ ਵਕੀਲ ਬਣ ਸਕਦੇ ਹਨ।ਉਨ੍ਹਾਂ ਹੋਰ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਦਲਿਤਾਂ ਅਤੇ ਪੰਜਾਬ ਦੇ ਅਨੁਸੂਚਿਤ ਜਨਜਾਤੀਆਂ ਦੇ ਹੱਕਾਂ ਵਿੱਚ ਲਿਆ ਗਿਆ ਇਹ ਇੱਥੇ ਇਹ ਵੱਡਾ ਇਤਿਹਾਸਿਕ ਫੈਸਲਾ ਹੈ ਜਿਸ ਦੇ ਤਹਿਤ 58 ਸਰਕਾਰੀ ਵਕੀਲਾਂ ਦੀਆਂ ਅਸਾਮੀਆਂ ਰਾਖਵੀਆਂ ਰੱਖੀਆਂ ਗਈਆਂ ਸਨ ਤੇ ਉਸ ਸਮੇਂ ਐਡੀਸ਼ਨਲ ਐਡਵੋਕੇਟ ਜਨਰਲ ਲਈ 15 ਲੱਖ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਲਈ 10 ਲੱਖ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਲਈ 7 ਲੱਖ ਰੁਪਏ, ਸਹਾਇਕ ਐਡਵੋਕੇਟ ਜਨਰਲ ਲਈ 3.50 ਲੱਖ ਅਤੇ ਐਡਵੋਕੇਟ ਆਨ ਰਿਕਾਰਡ ਲਈ ਕੁਝ ਵੀ ਨਹੀਂ ਹੋਣਾ ਚਾਹੀਦਾ ਸੀ ਇਹ ਸ਼ਰਤ 2017 ਦੇ ਐਕਟ ਵਿੱਚ ਸੀ ਤੇ ਜਦੋਂ ਅਸੀਂ ਭਰਤੀ ਪ੍ਰਕਿਰਿਆ ਦੇਖੀ ਤਾਂ ਇਹਨਾਂ ਆਮਦਨ ਕਰਕੇ ਮਾਪਦੰਡਾਂ ਦੇ ਅਨੁਸਾਰ ਯੋਗ ਦਾ ਉਮੀਦਵਾਰ ਨਹੀਂ ਮਿਲੇ ਅਤੇ ਸਰਕਾਰ ਦੇ ਰਾਖਵਾਂਕਰਨ ਦੇ ਫੈਸਲੇ ਕਾਰਨ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨ ਜਾਤੀ ਦੇ ਸਾਰੇ ਉਮੀਦਵਾਰਾਂ ਦਾ ਆਮਦਨ ਕਰ ਔਖਾ ਹੋ ਜਾਵੇਗਾ ਜਿਸ ਨਾਲ ਆਮ ਘਰਾਂ ਦੇ ਪੜ੍ਹੇ ਲਿਖੇ ਨੌਜਵਾਨ ਵੀ ਹੁਣ ਇਸ ਪ੍ਰਕਿਰਿਆ ਵਿੱਚ ਆਮਦਨ ਕਰ ਦੇ ਹਿਸਾਬ ਨਾਲ ਹਿੱਸਾ ਲੈਣ ਲਈ ਯੋਗ ਬਣ ਗਏ ਹਨ।

# ਜਿੰਪਾ ਨੇ ਸ਼ਮਸ਼ਾਨਘਾਟ ਤੇ ਡੰਪਿੰਗ ਗਰਾਊਂਡ ਦੇ ਵਿਕਾਸ ਕਾਰਜ ਦੀ ਕਰਵਾਈ ਸ਼ੁਰੂਆਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਪ੍ਰਿਮ ਪ੍ਰਕਾਸ਼ ਰਾਣਾ)**-ਸ਼ਹਿਰ ਦੇ ਵਾਰਡ ਨੰਬਰ 20 ਵਿੱਚ ਸਥਿਤ ਪਿੱਪਲਾਂਵਾਲਾ, ਸ਼ਮਸ਼ਾਨਘਾਟ ਦੇ ਨੇੜੇ ਡੰਪਿੰਗ ਗਰਾਊਂਡ ਨੂੰ ਸੁਰੱਖਿਅਤ ਅਤੇ ਸੁਚੱਜਾ ਬਣਾਉਣ ਲਈ ਇੱਕ ਮਹੱਤਵਪੂਰਨ ਪਹਿਲ ਕੀਤੀ ਗਈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ 23.50 ਲੱਖ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਦੀਵਾਰ ਅਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਨਿਰਮਾਣ ਕਾਰਜ ਸਥਾਨਕ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜੋ ਹੁਣ ਪੂਰੀ ਹੋ ਰਹੀ ਹੈ। ਦੀਵਾਰ ਬਣਾਉਣ ਨਾਲ ਨਾ ਸਿਰਫ਼ ਡੰਪਿੰਗ ਗਰਾਊਂਡ ਸੁਰੱਖਿਅਤ ਰਹੇਗਾ ਸਗੋਂ ਆਲੇ-ਦੁਆਲੇ ਦੇ ਖੇਤਰ ਵੀ ਗੰਦਗੀ ਅਤੇ ਬਦਬੂ ਤੋਂ ਮੁਕਤ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧ ਵਿੱਚ, ਪਿੱਪਲਾਂਵਾਲਾ ਸ਼ਮਸ਼ਾਨਘਾਟ ਵਿੱਚ ਸਹੂਲਤਾਂ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ। ਵਿਧਾਇਕ ਨੇ ਕਿਹਾ ਕਿ ਨਗਰ ਨਿਗਮ ਹੁਸ਼ਿਆਰਪੁਰ ਨੂੰ ਸਾਫ਼-ਸੁਥਰਾ ਅਤੇ ਵਿਕਸਤ ਸ਼ਹਿਰ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰ ਰਿਹਾ ਹੈ। ਕੌਂਸਲਰ ਜਸਵੰਤ ਰਾਏ ਨੇ ਸਥਾਨਕ ਨਿਵਾਸੀਆਂ ਵੱਲੋਂ ਸਰਕਾਰ ਅਤੇ ਨਿਗਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਦੀਵਾਰ ਸੁਰੱਖਿਆ ਦੇ ਨਾਲ-ਨਾਲ ਸਫ਼ਾਈ ਲਈ ਵੀ ਮਹੱਤਵਪੂਰਨ ਹੋਵੇਗੀ। ਇਸ ਮੌਕੇ ਹੁਸ਼ਿਆਰਪੁਰ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਕੌਂਸਲਰ ਜਸਵੰਤ ਰਾਏ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।



# ਪ੍ਰਭ ਆਸਰਾ ਦੇ ਅਲੱਗ ਤੋਂ ਖ਼ਾਸ ਖਿਡਾਰੀਆਂ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ



**ਕੁਰਾਲੀ, (ਮੋਹਨ ਅੰਗਰਾਵਾਲ)** ਬੇਸਹਾਰਾ, ਲਾਚਾਰ ਤੇ ਲਾਵਾਰਸ ਨਾਗਰਿਕਾਂ ਨੂੰ ਮੁਫ਼ਤ ਮੁੱਖ-ਧਾਰਾ ਵਿੱਚ ਸ਼ਾਮਲ ਕਰਨ ਲਈ ਪ੍ਰਸਿੱਧ ਸੰਸਥਾ ਪ੍ਰਭ ਆਸਰਾ (ਕੁਰਾਲੀ) ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਲਗਾਤਾਰ ਜਾਰੀ। ਹਾਲ ਹੀ ਵਿੱਚ 11 ਤੋਂ 14 ਅਪ੍ਰੈਲ ਤੱਕ ਦਿੱਲੀ ਦੇ ਕਾਮਨਵੈਲਥ ਸਟੇਡੀਅਮ ਵਿਖੇ ਹੋਈਆਂ 'ਨੈਸ਼ਨਲ ਖੇਲੋ ਮਾਸਟਰ ਗੇਮਜ਼ 2025' ਵਿੱਚ ਇਥੋਂ ਦੇ ਅਲੱਗ ਤੋਂ ਖ਼ਾਸ ਖਿਡਾਰੀਆਂ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਜਿਸ ਬਾਰੇ ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਜਿੰਦਰ ਕੌਰ ਨੇ ਦੱਸਿਆ ਕਿ ਪ੍ਰਭ ਆਸਰਾ ਵੱਲੋਂ ਸਮਾਗਮ ਵਿੱਚ ਸੰਸਥਾ ਦੇ 07 ਖਿਡਾਰੀਆਂ ਦੀ 'ਅਥਲੈਟਿਕਸ ਟੀਮ' ਨੇ ਆਪਣੇ ਕੋਚ ਰੇਖੀ ਖਲਾਮਾਂ ਦੀ ਅਗਵਾਈ ਵਿੱਚ ਹਿੱਸਾ ਲਿਆ। ਇਹਨਾਂ ਵਿੱਚੋਂ ਰਾਮੇ ਦੇਵੀ ਨੇ 1500 ਮੀਟਰ ਦੌੜ ਵਿੱਚ ਸੋਨੇ ਦਾ ਤਮਗਾ, 800 ਮੀਟਰ 'ਚ ਚਾਂਦੀ ਅਤੇ ਲੰਮੀ-ਛਾਲ ਵਿੱਚ ਕਾਂਸੇ ਦਾ ਤਮਗਾ ਜਿੱਤਿਆ। ਪ੍ਰਕਾਸ਼ ਨੇ ਗੋਲਾ-ਸੁੱਟਣ, ਨੇਜ਼ਾ-ਸੁੱਟਣ ਅਤੇ ਪਾਥੀ-ਸੁੱਟਣ ਵਿੱਚ ਕਾਂਸੇ ਦੇ ਤਮਗੇ ਹਾਸਲ ਕੀਤੇ। ਨਰਵੰਤ ਕੌਰ ਨੇ 200 ਮੀਟਰ ਦੌੜ ਅਤੇ ਕਮਲ ਨੇ ਨੇਜ਼ਾ-ਸੁੱਟਣ ਵਿੱਚ ਕਾਂਸੇ ਦੇ ਤਮਗੇ ਆਪੋ-ਆਪਣੇ ਨਾਂਅ ਕੀਤੇ। ਜ਼ਿਕਰਯੋਗ ਹੈ ਪ੍ਰਭ ਆਸਰਾ ਵੱਲੋਂ ਆਪਣੇ ਨਾਗਰਿਕਾਂ ਦੇ ਇਲਾਜ ਅਤੇ ਸਾਂਭ-ਸੰਭਾਲ ਦੇ ਨਾਲ-ਨਾਲ ਇਹਨਾਂ ਦੇ ਮੁੜ-ਵਸੇਬੇ ਲਈ ਵੀ ਖੇਡਾਂ, ਚਿੱਤਰਕਲਾ, ਗਾਇਨ, ਭੰਗੜਾ, ਗਿੱਧਾ, ਕਿੱਤਾ-ਮੁਖੀ ਸਿਖਲਾਈਆਂ ਆਦਿ ਜਿਹੇ ਅਹਿਮ ਉਪਰਾਲੇ ਕੀਤੇ ਜਾਂਦੇ ਹਨ।

# ਗਤਕੇ ਤੇ ਦਸਤਾਰ ਮੁਕਾਬਲੇ 'ਚ ਜੇਤੂ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਰਿਟੀ)**

ਖ਼ਾਲਸਾ ਸਾਜਨਾ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਸਕੂਲਾਂ ਦੇ ਬੱਚਿਆਂ ਦੇ ਗੱਤਕਾ ਅਤੇ ਦਸਤਾਰ ਮੁਕਾਬਲੇ ਕਰਵਾਏ ਗਏ।ਜਿਸ ਵਿੱਚ 20 ਦੇ ਕਰੀਬ ਟੀਮਾਂ ਨੇ ਹਿੱਸਾ ਲਿਆ।ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਬੱਚਿਆਂ ਨੂੰ ਅਸ਼ੀਰਵਾਦ ਦਿੰਦਿਆਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੱਤਕਾ ਸਿੱਖ ਪੰਥ ਦਾ ਰਵਾਇਤੀ ਖੇਡ ਹੈ ਅਤੇ ਹਰ ਸਿੱਖ ਪਰਵਾਰ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਇਸ ਖੇਡ ਦੇ ਨਾਲ ਜੋੜੇ। ਭਾਈ ਚਾਵਲਾ ਨੇ ਦੱਸਿਆ ਕਿ ਗੱਤਕਾ ਦੇ ਮੁਕਾਬਲੇ ਵਿੱਚ ਸੀਨੀਅਰ ਟੀਮਾਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਗੱਤਕਾ ਅਕੈਡਮੀ ਪਟਿਆਲਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦ ਕਿ ਜਾਗਰਣ ਸੀਨੀਅਰ ਸੈਕੰਡਰੀ ਸਕੂਲ ਰੋਪੜ ਅਤੇ ਸ੍ਰੀ ਗੁਰੂ ਰਾਮ ਦਾਸ ਪਬਲਿਕ ਹਾਈ ਸਕੂਲ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਜੂਨੀਅਰ ਟੀਮਾਂ ਵਿੱਚ ਬਾਬਾ ਬੁੱਢਾ ਜੀ ਪਬਲਿਕ ਸਕੂਲ ਬਿਰ ਸਾਹਿਬ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸਹਿਬਜ਼ਾਦਾ ਬਾਬਾ ਅਜੀਤ ਸਿੰਘ ਪਬਲਿਕ ਸਕੂਲ ਲੱਧੇਵਾਲ ਅਤੇ ਪਰਵਾਰ ਵਿਛੋੜਾ ਪਬਲਿਕ ਹਾਈ ਸਕੂਲ ਸਰਸਾ ਨੰਗਲ ਜਿਲ੍ਹਾ ਰੋਪੜ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸੋਹਣੀ ਦਸਤਾਰ ਸਜਾਉਣ ਦੇ ਕਰਵਾਏ ਗਏ ਮੁਕਾਬਲਿਆਂ ਵਿੱਚ ਸੁੱਖਸ਼ਨ ਸਿੰਘ ਸੰਤ ਬਾਬਾ ਸੇਵਾ ਸਿੰਘ ਸਕੂਲ ਭੱਲੜੀ ਦਾ ਵਿਦਿਆਰਥੀ ਜੂਨੀਅਰ ਟੀਮ ਵਿੱਚ ਪਹਿਲੇ ਨੰਬਰ 'ਤੇ ਰਿਹਾ ਅਤੇ ਅਨਮਜੋਤ ਸਿੰਘ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਅਤੇ ਸੁਖਦੀਪ ਸਿੰਘ ਬਾਬਾ ਗੁਰਦਿੱਤਾ ਪਬਲਿਕ ਸੀ ਸਕੂਲ ਜਿਦਵੜੀ ਕ੍ਰਮਵਾਰ ਦੂਜੇ ਅਤੇ ਤੀਜੇ ਨੰਬਰ 'ਤੇ ਆਏ। ਸੀਨੀਅਰ ਗਰੁੱਪ ਵਿਚੋਂ ਜਸ਼ਨਜੋਤ ਸਿੰਘ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਵਿਦਿਆਰਥੀ ਪਹਿਲੇ ਨੰਬਰ 'ਤੇ ਅਤੇ ਦਿਲਪ੍ਰੀਤ ਸਿੰਘ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਅਤੇ ਜਸ਼ਨਪ੍ਰੀਤ ਸਿੰਘ ਜਿਦਵੜੀ ਪਬਲਿਕ ਸਕੂਲ ਦਾ ਵਿਦਿਆਰਥੀ ਕ੍ਰਮਵਾਰ ਦੂਜੇ ਅਤੇ ਤੀਜੇ ਨੰਬਰ 'ਤੇ ਰਹੇ । ਇਸ ਤੋਂ ਇਲਾਵਾ ਸੁੰਦਰ ਦੁਮਾਲਾ ਸਜਾਉਣ ਦੇ ਮੁਕਾਬਲੇ ਵਿਚ ਭਾਈ ਨੰਦ ਲਾਲ ਸਕੂਲ ਦੇ ਵਿਦਿਆਰਥੀ ਜਸਨੂਰ ਸਿੰਘ ਪਹਿਲੇ ਨੰਬਰ 'ਤੇ ਆਏ ਅਤੇ ਦਸ਼ਮੇਸ ਅਕੈਡਮੀ ਦੇ ਵਿਦਿਆਰਥੀ ਤੇਜ਼ਵੀਰ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ ਜਦ ਕੇ ਹਰਮ ਪ੍ਰੀਤ ਸਿੰਘ ਭਾਈ ਨੰਦ ਲਾਲ ਪਬਲਿਕ ਸਕੂਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ ।ਜੇਤੂ ਟੀਮਾਂ ਨੂੰ ਮੋਮੈਂਟੋ ਅਤੇ ਨਗਦ ਇਨਾਮ ਦੇ ਨਾਲ ਸਨਮਾਨਿਤ ਕੀਤਾ ।



# ਡੈਮੋਕ੍ਰੇਟਿਕ ਪਾਰਟੀ ਆਫ਼ ਇੰਡੀਆ ਨੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** – ਡੈਮੋਕ੍ਰੇਟਿਕ ਪਾਰਟੀ ਆਫ਼ ਇੰਡੀਆ ਅੰਬੇਡਕਰ ਵਲੋਂ ਨਵਾਂਸ਼ਹਿਰ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਨ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਪਾਰਟੀ ਦੇ ਪ੍ਰਧਾਨ ਰੋਹਨ ਚੰਡਾ ਨੇ ਕਿਹਾ ਕਿ ਅੱਜ ਜੋ ਵੀ ਦਲਿਤ ਸਮਾਜ ਮੇਜ਼ਾਂ ਮਾਨ ਰਿਹਾ ਹੈ ਇਹ ਸਾਰੀ ਦੇਣ ਬਾਬਾ ਸਾਹਿਬ ਅੰਬੇਡਕਰ ਜੀ ਦੀ ਹੈ। ਉਨ੍ਹਾਂ ਨੇ ਦੇਸ਼ ਦਾ ਸੰਵਿਧਾਨ ਲਿਖ ਕੇ ਸਾਰਿਆਂ ਨੂੰ ਬਰਾਬਰਤਾ ਦਾ ਸਨਮਾਨ ਲੈ ਕੇ ਦਿੱਤਾ। ਅੱਜ ਦੇਸ਼ ਦੀ ਕੇਂਦਰ ਸਰਕਾਰ ਸੰਵਿਧਾਨ ਨੂੰ ਖਤਮ ਕਰਨਾ ਚਾਹੁੰਦੀ ਹੈ, ਅੱਜ ਓਹਨਾਂ ਦੇ ਸੰਵਿਧਾਨ ਨੂੰ ਬਚਾਉਣ ਦੀ ਲੋੜ ਹੈ। ਇਸ ਮੌਕੇ ਨਵਾਂ ਸ਼ਹਿਰ ਵਿਧਾਨ ਸਭਾ ਤੋਂ ਬਿੱਟਾ ਸੱਭਰਵਾਲ, ਸਨੀ ਸਨਾਵਾਂ,ਰਿੰਕੂ ਥਾਪਰ , ਜਸ਼ਪਾਲ ਦ੍ਰਵਿੜ, ਮਾਨਵ ਚੌਟਾਲਾ ਅਤੇ ਹੋਰ ਪਤਵੰਤੇ ਹਾਜਰ ਸਨ।

# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੀ ਧੂਮ-ਧਾਮ ਨਾਲ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਏਕਤਾ ਮੰਚ ਵੈਲਫੇਅਰ ਸੋਸਾਇਟੀ (ਰਜਿ.) ਨੂਰਮਹਿਲ ਵੱਲੋਂ ਸੰਵਿਧਾਨ ਦੇ ਰਚੇਤਾ,ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਵਸ ਸ੍ਰੀ ਗੁਰੂ ਰਵਿਦਾਸ ਚੌਕ ਵਿਚ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਬ੍ਰਿਗੇਡੀਅਰ ਹਰਿੰਦਰ ਸਿੰਘ ਭੰਡਾਲ ਨੇ ਰਿਬਨ ਕੱਟਕੇ ਬਾਬਾ ਸਾਹਿਬ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਬਾਬਾ ਜੀ ਦੇ ਜੀਵਨ 'ਤੇ ਝਾਤ ਪਾਈ। ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਜੀ ਦੇ ਦਸੇ 'ਤੇ ਚੱਲਣਾ ਚਾਹੀਦਾ ਹੈ , ਪੜ੍ਹ ਲਿਖ ਕੇ ਅੱਗੇ ਵੱਧਣਾ ਚਾਹੀਦਾ ਹੈ। ਜਰਨਲ ਸਕੱਤਰ ਜਸਵੀਰ ਸਹਿਜਲ, ਖਜ਼ਾਨਚੀ ਮਾਸਟਰ ਰਵਿੰਦਰ ਸਿੰਘ , ਵਾਇਸ ਪ੍ਰਧਾਨ ਵਿਜੇ ਨਿਗਾਹ , ਸਹਿ ਖਜ਼ਾਨਚੀ ਹਨੀ ਵਿਰਦੀ , ਜੱਸੀ ਨੂਰਮਹਿਲੀਆਂ ਉਪ ਚੇਅਰਮੈਨ, ਵਿਜੇ ਗੁਰੂ, ਸਟੇਜ ਸੈਕਟਰੀ ਵਲੋਂ ਸਕਿੱਟ ਅਤੇ ਭਾਸ਼ਣ ਦਿੱਤੇ ਗਏ। ਬੱਚਿਆਂ ਨੂੰ ਕਾਪੀਆਂ,ਪੈੱਨ , ਪਿੰਨਸਲਾਂ ਵੰਡੀਆਂ ਗਈਆਂ। ਸੰਸਥਾ ਵੱਲੋਂ ਮੁੱਖ ਮਹਿਮਾਨ ਹਰਿੰਦਰ ਸਿੰਘ ਭੰਡਾਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਥਾਣਾ ਮੁਖੀ ਕ੍ਰਿਸ਼ਨ ਗੋਪਾਲ , ਚੇਅਰਮੈਨ ਨਰਿੰਦਰ ਭੰਡਾਲ ,ਪੀ.ਆਰ.ਓ ਬਲਵਿੰਦਰ ਸਿੰਘ, ਪ੍ਰਧਾਨ ਗਗਨਦੀਪ ਨਈਅਰ , ਮਾਸਟਰ ਅਜੈ ਜੱਸਲ , [illegible] ਸ਼ਹਿਰੀ ਕਾਂਗਰਸ ਨੂਰਮਹਿਲ, ਵਲੈਤੀ ਰਾਮ ਕੌਂਸਲਰ, ਦੇਵ ਰਾਜ ਸੁੰਮਨ ਬਸਪਾ ਆਗੂ, ਜਗਦੀਸ਼ ਸ਼ੇਰਪੁਰੀ , ਕੁਲਦੀਪ ਦੀਪਾ, ਹੈਲੀ, ਦਵਿੰਦਰ ਸੰਧੂ, ਹੁਸਨ ਲਾਲ ਲੱਲੀ, ਸੀਤਲ ਦਾਸ ਹਾਜ਼ਰ ਸਨ। ਆਖਿਰ ਵਿਚ ਬੱਚਿਆਂ ਨੂੰ ਲੱਡੂ ਵੀ ਵੰਡੇ ਗਏ।



# ਖ਼ਾਲਸਾ ਕਾਲਜ ਵਿਖੇ ਖਾਲਸਾ ਸਾਜਨਾ ਦਿਵਸ ਸੰਬੰਧੀ ਸਮਾਗਮ ਕਰਵਾਇਆ

**ਗੜ੍ਹਸ਼ੰਕਰ-(ਫੂਲਾ ਸਿੰਘ ਬੀਰਮਪੁਰ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਵਲੋਂ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਵਿਦਿਆਰਥਣਾਂ ਸਿਮਰਨ ਅਤੇ ਜਸਵਿੰਦਰ ਕੌਰ ਨੇ ਖ਼ਾਲਸਾ ਸਾਜਨਾ ਦਿਵਸ ਦੇ ਸਬੰਧ ਵਿਚ ਕਵਿਤਾਵਾਂ ਪੇਸ਼ ਕੀਤੀਆਂ। ਵਿਦਿਆਰਥੀ ਪ੍ਰਿੰਸ ਸਿੰਘ ਨੇ ਖ਼ਾਲਸੇ ਦੇ ਜਨਮ ਅਤੇ ਸਿਧਾਂਤ ਉੱਤੇ ਆਪਣੇ ਵਿਚਾਰ ਰੱਖੇ। ਵਿਦਿਆਰਥੀ ਮਨਪ੍ਰੀਤ ਸਿੰਘ, ਮਨਜੋਤ ਸਿੰਘ ਅਤੇ ਅਜੀਤ ਸਿੰਘ ਦੇ ਢਾਡੀ ਜਥੇ ਨੇ ਖ਼ਾਲਸੇ ਦੀਆਂ ਬੀਰਤਾ ਭਰਪੂਰ ਵਾਰਾਂ ਗਾਇਨ ਕੀਤੀਆਂ। ਪ੍ਰੋ. ਰਾਏਦੀਪ ਸਿੰਘ ਨੇ ਖ਼ਾਲਸਾ ਸਾਜਨਾ ਦਿਵਸ ਦੇ ਇਤਿਹਾਸ ਸਬੰਧੀ ਵਿਦਿਆਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਈ। ਡਾ. ਹਰਵਿੰਦਰ ਕੌਰ ਨੇ ਵਿਸਾਖੀ ਦੇ ਇਤਿਹਾਸ ਅਤੇ ਵਿਰਸੇ ਦੀ ਮਹੱਤਤਾ 'ਤੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸੰਬੋਧਨ ਕਰਦਿਆਂ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਵਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਮਾਗਮ ਦਾ ਸਟੇਜ ਸੰਚਾਲਨ ਧਾਰਮਿਕ ਅਧਿਆਪਕ ਅੰਮ੍ਰਿਤਪਾਲ ਸਿੰਘ ਵਲੋਂ ਕੀਤਾ ਗਿਆ।



# ਕਲਾ ਦੇ ਬਾਗ 'ਚ ਹਰ ਮਨੁੱਖ ਹੋਵੇ ਫੁੱਲਾਂ ਵਾਂਗ ਖੁਸ਼ਬੂਦਾਰ : ਸੰਗੀਤਾ ਚੋਪੜਾ



**ਜਲੰਧਰ (ਇਕਬਾਲ ਸਿੰਘ ਉਭੀ)**—ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨ ਦੀਆਂ ਸਾਰੀਆਂ ਸ਼ਾਖਾਵਾਂ ਵਲੋਂ ਵਿਸ਼ਵ ਕਲਾ ਦਿਵਸ ਮਨਾਇਆ ਗਿਆ। ਜਿਸ ਦੀ ਅਗਵਾਈ ਸਮੂਹ ਸਕੂਲ ਸ਼ਾਖਾਵਾਂ ਦੇ ਡਾਇਰੈਕਟਰਾਂ, ਪ੍ਰਿੰਸੀਪਲਾਂ ਅਤੇ ਹੋਰ ਸਟਾਫ਼ ਦੀ ਦੇਖ-ਰੇਖ ਹੇਠ ਕੀਤੀ ਗਈ। ਵਿਦਿਆਰਥੀਆਂ ਨੇ ਆਪਣੇ ਚਿਹਰਿਆਂ 'ਤੇ ਵੱਖ-ਵੱਖ ਰੰਗ ਲਗਾ ਕੇ ਅਤੇ ਵੱਡੇ ਆਕਾਰ ਦੀ 'ਕਲਾ' ਲਿਖ ਕੇ ਆਪਣੀ ਛੁਪੀ ਹੋਈ ਕਲਾ ਨੂੰ ਪੇਸ਼ ਕੀਤਾ। ਵਿਦਿਆਰਥੀ ਵੱਖ-ਵੱਖ ਤਰ੍ਹਾਂ ਦੇ ਕੱਪੜੇ ਪਾ ਕੇ ਬਹੁਤ ਹੀ ਪਿਆਰੇ ਲੱਗ ਰਹੇ ਸਨ। ਇਸ ਮੌਕੇ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਗਰੁੱਪ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਕਲਾ ਨਾਲ ਜੋੜਨਾ ਦੱਸਦਿਆਂ 'ਤੇ ਕਿਹਾ ਕਿ ਮਨੁੱਖ ਨੂੰ ਆਪਣੀ ਕਲਾ ਨੂੰ ਦਬਾਉਣਾ ਨਹੀਂ ਚਾਹੀਦਾ। ਉਨ੍ਹਾਂ ਕਿਹਾ ਕਿ ਕਲਾ ਦਾ ਹੋਵੇ ਸਤਿਕਾਰ ਕਲਾ ਦੇ ਖੇਤਰ ਵਿੱਚ ਹਰ ਇਕ ਮਨੁੱਖ ਹੋਵੇ ਫੁੱਲਾਂ ਵਾਂਗ ਖ਼ੁਸ਼ਬੂਦਾਰ।

# ਗੁਰੂਘਰ ਦੇ ਗ੍ਰੰਥੀ ਤੇ ਉਸ ਦੀ ਮਾਂ ਦੀ ਕੁੱਟਮਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਨਜ਼ਦੀਕੀ ਪਿੰਡ ਸੇਚਾਂ ਵਿਖੇ ਗੁਰੂ ਘਰ ਦੇ ਗ੍ਰੰਥੀ ਸਿੰਘ ਉੱਤੇ ਹਮਲਾ ਕਰ ਉਸ ਨਾਲ ਕੁੱਟਮਾਰ ਦੀ ਖਬਰ ਸਾਹਮਣੇ ਆਈ ਹੈ। ਗ੍ਰੰਥੀ ਸਿੰਘ ਦਾ ਆਰੋਪ ਹੈ ਕਿ ਹਮਲਾਵਰ ਨਸ਼ਾ ਤਸਕਰੀ ਦਾ ਧੰਦਾ ਕਰਦੇ ਹਨ ਅਤੇ ਗੱਡੀ ਨੂੰ ਗੁਰੂ ਘਰ ਵਿੱਚ ਖੜੀ ਕਰਨ ਤੋਂ ਮਨ੍ਹਾ ਕਰਨ 'ਤੇ ਉਸ ਉੱਤੇ ਹਮਲਾ ਕੀਤਾ ਗਿਆ ਹੈ। ਲਿਹਾਜ਼ਾ ਮਾਮਲੇ ਨੂੰ ਲੈ ਕੇ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਨੇ ਇੱਕ ਮਹਿਲਾ ਸਣੇ ਚਾਰ ਵਿਅਕਤੀਆਂ ਦੇ ਖਿਲਾਫ ਵੱਖ-ਵੱਖ ਧਰਾਵਾਂ ਦੇ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਸਿਵਲ ਹਸਪਤਾਲ 'ਚ ਜੇਰੇ ਇਲਾਜ ਗ੍ਰੰਥੀ ਸਿੰਘ ਜੀਤ ਸਿੰਘ ਪੁੱਤਰ ਹਰਨੇਕ ਸਿੰਘ ਨਿਵਾਸੀ ਸੇਚਾਂ ਨੇ ਦੱਸਿਆ ਕਿ ਉਹ ਪਿਛਲੇ 13 ਸਾਲਾਂ ਤੋਂ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਪਿੰਡ ਸੇਚਾਂ ਵਿਖੇ ਗ੍ਰੰਥੀ ਦੇ ਤੌਰ 'ਤੇ ਸੇਵਾ ਨਿਭਾਅ ਰਿਹਾ ਹੈ। ਬੀਤੇ ਦਿਨੀ ਦੁਪਹਿਰ 12 ਵਜੇ ਦੇ ਕਰੀਬ ਪਿੰਡ ਦੇ ਹੀ ਚਾਰ ਤੋਂ ਪੰਜ ਵਿਅਕਤੀ ਜੋ ਕਿ ਨਸ਼ੇ ਦਾ ਧੰਦਾ ਕਰਦੇ ਹਨ, ਹਰ ਰੋਜ਼ ਗੁਰਦੁਆਰਾ ਸਾਹਿਬ ਦੇ ਅੰਦਰ ਗੱਡੀ ਖੜੀ ਕਰਕੇ ਚਲੇ ਜਾਂਦੇ ਸਨ। ਜਿਨਾਂ ਨੂੰ ਮੈਂ ਕਿਹਾ ਕਿ ਉਹ ਗੱਡੀ ਇਥੇ ਨਾ ਖੜੀ ਕਰਿਆ ਕਰਨ ਤਾਂ ਉਹਨਾਂ ਨੇ ਮੇਰੇ ਨਾਲ ਕੁੱਟਮਾਰ ਕੀਤੀ ਅਤੇ ਮੈਨੂੰ ਜਖਮੀ ਵੀ ਕੀਤਾ। ਉਨਾਂ ਨੇ ਕਿਹਾ ਕਿ ਇਸ ਤੋਂ ਬਾਅਦ ਜਦੋਂ ਮੇਰੀ ਮਾਤਾ ਪ੍ਰੀਤਮ ਕੌਰ ਮੈਨੂੰ ਛੁਡਾਉਣ ਲਈ ਵਿੱਚ ਆਈ ਤਾਂ ਉਹਨਾਂ ਨੇ ਮੇਰੀ ਮਾਂ ਦੇ ਨਾਲ ਕੁੱਟਮਾਰ ਕੀਤੀ ਜਿਸ ਦੌਰਾਨ ਉਸ ਦੀ ਬਾਂਹ ਟੁੱਟ ਗਈ। ਉਹਨਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਕਤ ਵਿਅਕਤੀਆਂ ਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਸਾਨੂੰ ਇਨਸਾਫ ਦਵਾਇਆ ਜਾਵੇ।ਸੁਲਤਾਨਪੁਰ ਲੋਧੀ ਪੁਲਸ ਵੱਲੋਂ ਇੱਕ ਮਹਿਲਾ ਸਮੇਤ ਕੁੱਲ ਚਾਰ ਆਰੋਪੀਆਂ ਦੇ ਖਿਲਾਫ ਵੱਖੋ ਵੱਖ ਧਰਾਵਾਂ ਦੇ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਗਈ ਹੈ।

# ਲੋਕ ਹਿਤੈਸ਼ੀ ਕਾਫ਼ਲਾ ਵੱਲੋਂ ਡਾ. ਅੰਬੇਡਕਰ ਨੂੰ ਸ਼ਰਧਾ ਸੁਮਨ ਭੇਟ




**ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ )**

ਲੋਕ ਹਿਤੈਸ਼ੀ ਕਾਫ਼ਲਾ ਫ਼ਗਵਾੜਾ ਵਲੋਂ ਮਾਸਟਰ ਸੁਖਦੇਵ ਸਿੰਘ, ਕੁਲਦੀਪ ਸਿੰਘ ਕੌੜਾ,ਜਸਵਿੰਦਰ ਸਿੰਘ, ਹੰਸ ਰਾਜ ਬੰਗੜ,ਹਰਚਰਨ ਭਾਰਤੀ, ਗੁਰਮੁੱਖ ਸਿੰਘ ਲੋਕ ਪ੍ਰੇਮੀ ਆਦਿ ਆਗੂਆਂ ਦੀ ਅਗਵਾਈ ਵਿੱਚ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ.ਬੀ.ਆਰ.ਅੰਬੇਦਕਰ ਜੀ ਦੇ 135 ਵੇਂ ਜਨਮ ਦਿਹਾੜੇ 'ਤੇ ਉਹਨਾਂ ਸ਼ਰਧਾ ਸੁਮਨ ਭੇਟ ਕਰਨ ਲਈ ਡਾ.ਬੀ ਆਰ.ਅੰਬੇਦਕਰ ਪਾਰਕ ਹਰਗੋਬਿੰਦ ਨਗਰ ਫਗਵਾੜਾ ਵਿਖੇ ਪੁੱਜਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕਰਦਾ ਹੋਏ ਡਾ.ਬੀ.ਆਰ.ਅੰਬੇਦਕਰ ਜੀ ਦੇ ਬੁੱਤ ਤੇ ਫੁੱਲ ਮਾਲਾਵਾਂ ਪਾ ਕੇ ਸਤਿਕਾਰ ਸਹਿਤ ਸ਼ਰਧਾ ਸੁਮਨ ਭੇਟ ਕੀਤੀ। ਸਾਥੀਆਂ ਨੇ ਕਿਹਾ ਕਿ ਪੜ੍ਹੋ,ਜੁੜੋ ਅਤੇ ਸੰਗਠਿਤ ਹੋਵੋ 'ਤੇ ਪਹਿਰਾ ਦਿੰਦੇ ਹੋਏ ਸਮਾਜ ਦੇ ਸਮੂਹ ਵਰਗਾਂ ਦੇ ਦੱਬੇ ਕੁੱਚਲੇ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਯਤਨ ਜਾਰੀ ਰੱਖੇ ਜਾਣਗੇ।ਆਗੂਆਂ ਨੇ ਕਿਹਾ ਕਿ ਕੇਂਦਰ ਵਿੱਚ ਰਾਜ ਕਰਦੀ ਪਾਰਟੀ ਵਲੋਂ ਫਿਰਕੂ ਅਤੇ ਫਾਸ਼ੀਵਾਦੀ ਨੀਤੀਆਂ ਤੇ ਚੱਲਦੇ ਹੋਏ ਡਾ.ਅੰਬੇਦਕਰ ਜੀ ਦੁਆਰਾ ਲਿਖੇ ਗਏ ਸੰਵਿਧਾਨ ਨੂੰ ਤਹਿਸ ਨਹਿਸ ਕਰਨ ਦੀਆਂ ਕੋਝੀਆਂ ਚਾਲਾਂ ਚੱਲਦੇ ਹੋਏ ਫਿਰ ਮਨੂ ਸਿਮਰਤੀ ਲਾਗੂ ਕਰਨ ਵੱਲ ਨੂੰ ਵਧਿਆ ਜਾ ਰਿਹਾ।ਸੋ ਡਾ.ਅੰਬੇਦਕਰ ਜੀ ਦੁਆਰਾ ਲਿਖੇ ਗਏ ਸੰਵਿਧਾਨ ਨੂੰ ਬਚਾਉਣ ਲਈ ਅਤੇ ਉਸ ਅਨੁਸਾਰ ਦੇਸ਼ ਨੂੰ ਚੱਲਦਾ ਰੱਖਣ ਲਈ ਉਹਨਾਂ ਦੇ ਪੈਰੋਕਾਰਾਂ,ਸਮੂਹ ਇਨਸਾਫ਼ ਪਸੰਦ ਲੋਕਾਂ,ਧਰਮ ਨਿਰਪੱਖ ਪਾਰਟੀਆਂ ਨੂੰ ਗੰਭੀਰਤਾ ਨਾਲ ਇੱਕ ਜੁੱਟ ਹੋ ਕੇ ਸੰਵਿਧਾਨ ਦੀ ਰਾਖੀ ਲਈ ਤੁਰਨਾ ਮੌਜੂਦਾ ਸਮੇਂ ਦੀ ਅਹਿਮ ਲੋੜ ਬਣ ਗਈ ਹੈ।ਇਸ ਸਮੇਂ ਹੋਰਨਾਂ ਤੋਂ ਇਲਾਵਾ ਗਿਆਨ ਚੰਦ ਨਈਅਰ, ਮੋਹਣ ਸਿੰਘ ਭੱਟੀ,ਸਾਧੂ ਰਾਮ ਜੱਖੂ, ਹਰਭਜਨ ਲਾਲ, ਸੀਤਲ ਰਾਮ ਬੰਗਾ,ਕੁਲਵੰਤ ਸਿੰਘ ਬਾਸੀ, ਹਰਭਜਨ ਲਾਲ ਕੌਲ, ਭੁਪਿੰਦਰ ਸਿੰਘ ਮਾਹੀ, ਹਰਦੇਵ ਸਿੰਘ,ਕੇ ਕੇ ਪਾਂਡੇ, ਸੁਰਿੰਦਰ ਪਾਲ ਪੱਦੀ ਜਗੀਰ, ਹਰਦੇਵ ਸਿੰਘ,ਰਾਮ ਲੁਭਾਇਆ ਰਿਹਾਣਾ ਜੱਟਾਂ, ਗਿਆਨ ਚੰਦ ਦਾਦਰਾ, ਬਲਵੀਰ ਸਿੰਘ, ਗਿਆਨ ਚੰਦ ਪ੍ਰੀਤ ਨਗਰ, ਸੁਰਿੰਦਰ ਪਾਲ ਦੋਸਾਂਝ,ਹਰਮੇਸ਼ ਪਾਠਕ , ਪ੍ਰਿੰਸੀਪਲ ਕੇਵਲ ਸਿੰਘ,ਡਾ.ਰਸਪਾਲ ਮੌਰੀਆ, ਰੁਪਿੰਦਰ ਸਿੰਘ,ਆਦਿ ਸਾਥੀ ਹਾਜ਼ਰ ਸਨ।


# ਪ੍ਰਿੰ. ਪ੍ਰੇਮ ਕੁਮਾਰ ਨੇ ਚਾਰ ਸਕੂਲਾਂ 'ਚ 20 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

**ਫਿਲੌਰ (ਨਿਰਮਲ)**- ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਾਈਸ ਚੇਅਰਮੈਨ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਨੇ ਹਲਕੇ ਦੇ ਵੱਖ- ਵੱਖ ਸਰਕਾਰੀ ਸਕੂਲਾਂ 'ਚ 20 ਲੱਖ ਰੁਪਏ ਦੇ ਕਰੀਬ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ । ਇਸ ਮੌਕੇ ਉਨ੍ਹਾਂ ਕਿਹਾ ਕਿ ਇਨ੍ਹਾਂ ਸਰਕਾਰੀ ਸਕੂਲਾਂ 'ਚ ਲੋੜੀਂਦੀਆਂ ਸਹੂਲਤਾਂ ਅਤੇ ਸੁਵਿਧਾਵਾਂ 'ਚ ਵਾਧਾ ਹੋ ਜਾਵੇਗਾ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਪਿਛਲੇ ਤਿੰਨ ਸਾਲਾਂ 'ਚ ਸਕੂਲ ਅਪਗ੍ਰੇਡ ਕੀਤੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੇਲੇ ਸਰਕਾਰੀ ਸਕੂਲਾਂ ਨੂੰ ਸਹੂਲਤਾਂ ਨਾ ਹੋਣ ਕਾਰਨ ਅਲੋਚਨਾ ਦਾ ਸ਼ਿਕਾਰ ਹੋਣਾ ਪੈਂਦਾ ਸੀ ਪਰ ਅੱਜ ਸਥਿਤੀ ਬਦਲ ਗਈ ਹੈ। ਚਮ-ਚਮਾਉਂਦੀਆਂ ਇਮਾਰਤਾਂ ਆਪਣੇ ਇਸ ਸਫ਼ਰ ਦੀ ਦਾਸਤਾਨ ਖੁਦ ਮੂੰਹੋਂ ਬੋਲਦੀਆਂ ਹਨ ਅਤੇ ਇਨ੍ਹਾਂ 'ਚ ਪੜ੍ਹਨ ਆਏ ਵਿੱਦਿਆਰਥੀਆਂ ਨੂੰ ਆਪਣੇ ਵੱਲ ਖਿੱਚਦੀਆਂ ਹਨ। ਇਨ੍ਹਾਂ ਸਕੂਲਾਂ ਦੇ ਅਧਿਆਪਕਾਂ, ਸਕੂਲ ਪ੍ਰਬੰਧਕ ਕਮੇਟੀਆਂ ਨੂੰ ਇਸ ਗੱਲ ਦੀ ਵਧਾਈ ਦਿੱਤੀ ਕਿ ਸਰਕਾਰ ਵੱਲੋਂ ਭੇਜੇ ਫੰਡਾਂ ਦੀ ਪੂਰੀ ਦਿਆਨਤਦਾਰੀ ਨਾਲ ਵਰਤੋਂ ਕਰਕੇ, ਸਕੂਲੀ ਵਿੱਦਿਆਰਥੀਆਂ ਲਈ ਬੇਹਤਰ ਸਹੂਲਤਾਂ ਦਿੱਤੀਆਂ ਹਨ। ਇਸ ਮੌਕੇ ਇਨ੍ਹਾਂ ਸਕੂਲਾਂ ਦੇ ਮੁਖੀ, ਇਲਾਕੇ ਦੇ ਪਤਵੰਤੇ ਵਿਅਕਤੀ ਅਤੇ ਵਿੱਦਿਆਰਥੀਆਂ ਦੇ ਮਾਪੇ ਵੀ ਇਨ੍ਹਾਂ ਉਦਘਾਟਨੀ ਜਸ਼ਨਾਂ ਦਾ ਹਿੱਸਾ ਬਣੇ।



# ਡਾ. ਸੰਜੀਵ ਸੂਦ ਨੇ ਗੁਰੂ ਰਵਿਦਾਸ ਆਯੁਰਵੈਦ 'ਵਰਸਿਟੀ ਦਾ ਵਾਈਸ ਚਾਂਸਲਰ ਵਜੋਂ ਅਹੁਦਾ ਸੰਭਾਲਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ ਵਿਖੇ ਡਾ. ਸੰਜੀਵ ਸੂਦ ਨੇ ਬਤੌਰ ਵਾਈਸ ਚਾਂਸਲਰ ਅਹੁਦਾ ਸੰਭਾਲਿਆ, ਜਿਥੇ ਯੂਨੀਵਰਸਿਟੀ ਦੇ ਅਧਿਕਾਰੀਆਂ ਅਤੇ ਸਮੂਹ ਸਟਾਫ ਵਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਯੂਨੀਵਰਸਿਟੀ ਵਿਖੇ ਪਹੁੰਚਣ 'ਤੇ ਸਭ ਤੋਂ ਪਹਿਲਾਂ ਵਾਈਸ ਚਾਂਸਲਰ ਡਾ. ਸੰਜੀਵ ਸੂਦ ਨੇ ਗੁਰੂ ਰਵਿਦਾਸ ਜੀ ਮਹਾਰਾਜ ਦੀ ਮੂਰਤੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਉਪਰੰਤ ਸ਼੍ਰੀਮਤੀ ਉਰਮਿਲਾ ਦੇਵੀ ਆਯੁਰਵੇਦਿਕ ਕਾਲਜ ਹੁਸ਼ਿਆਰਪੁਰ ਦੇ ਵਿਦਿਆਰਥੀਆਂ ਵਲੋਂ ਧਨਵੰਤਰੀ ਵੰਦਨਾ ਗਾਇਨ ਕੀਤੀ ਗਈ। ਇਸ ਮੌਕੇ ਡੀ.ਏ.ਵੀ. ਯੂਨੀਵਰਸਿਟੀ ਜਲੰਧਰ ਦੇ ਵਾਈਸ ਚਾਂਸਲਰ ਡਾ. ਮਨੋਜ ਕੁਮਾਰ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਦੇ ਵਾਈਸ ਚਾਂਸਲਰ ਡਾ. ਧਰਮਜੀਤ ਸਿੰਘ ਪਰਮਾਰ, ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ, ਚੇਅਰਮੈਨ ਬੋਰਡ ਆਫ਼ ਮੈਨੇਜਮੈਂਟ ਡਾ. ਸੰਜੀਵ ਗੌਤਮ, ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਸੰਜੀਵ ਗੋਇਲ, ਲੇਖਾ ਅਧਿਕਾਰੀ ਰਵਿੰਦਰ ਕੁਮਾਰ ਅਰੋੜਾ, ਕੰਟਰੋਲਰ ਪ੍ਰੀਖਿਆਵਾਂ ਡਾ. ਅੰਜੂ ਬਾਲਾ, ਅਮਰੇਸ਼ ਕੁਮਾਰ ਝਾ, ਕਮਲੇਸ਼ ਕੁਮਾਰ ਮਿਸ਼ਰਾ, ਸੰਜੀਵ ਵਾਸਲ, ਸਾਬਕਾ ਆਈ.ਪੀ.ਐਸ. ਅਧਿਕਾਰੀ ਲੋਕ ਨਾਥ ਆਂਗਰਾ, ਅਮਰਜੀਤ ਸਿੰਘ ਵਾਲੀਆ, ਡਾ. ਚੰਦਰ ਸ਼ੇਖਰ ਅਤੇ ਦਯਾਨੰਦ ਆਯੁਰਵੇਦਿਕ ਕਾਲਜ ਜਲੰਧਰ ਦਾ ਸਟਾਫ ਵੀ ਮੌਜੂਦ ਸੀ।



# ਸੰਤੋਸ਼ ਕਟਾਰੀਆ ਵੱਲੋਂ 5 ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ




**ਬਲਾਚੌਰ (ਜਸਵਿੰਦਰ ਬੈਂਸ)**

ਵਿਧਾਇਕ ਸੰਤੋਸ਼ ਕਟਾਰੀਆ ਵਲੋਂ ਪ੍ਰਾਇਮਰੀ ਸਕੂਲ ਸਾਹਦੜਾ, ਪ੍ਰਾਇਮਰੀ ਸਕੂਲ ਭਾਰਾਪੁਰ, ਪ੍ਰਾਇਮਰੀ ਸਕੂਲ ਛਦੋੜੀ ਪ੍ਰਾਇਮਰੀ ਸਕੂਲ ਹਿਆਤਪੁਰ ਸਿੰਘਾਂ , ਪ੍ਰਾਇਮਰੀ ਸਕੂਲ ਹਿਆਤਪੁਰ ਜੱਟਾਂ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ।ਇਨ੍ਹਾਂ ਪ੍ਰੋਜੈਕਟਾਂ ਵਿੱਚ ਕਲਾਸ ਰੂਮ ਸਮੇਤ ਕਈ ਤਰ੍ਹਾਂ ਦੇ ਕੰਮ ਸ਼ਾਮਲ ਹਨ। ਉਦਘਾਟਨ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਨਵੇਂ ਰਿਕਾਰਡ ਸਥਾਪਿਤ ਕਰ ਰਹੀ ਹੈ ਤੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਆਉਣ ਵਾਲੇ ਦਿਨਾਂ ਵਿੱਚ ਸਰਕਾਰੀ ਸਕੂਲਾਂ ਵਿੱਚ ਲਗਾਤਾਰ ਵੱਖ-ਵੱਖ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਜਾਣਗੇ।ਵਿਧਾਇਕਾ ਨੇ ਕਿਹਾ ਕਿ ਆਧੁਨਿਕੀਕਰਨ ਸਬੰਧੀ ਇਹ ਪ੍ਰੋਜੈਕਟ ਸਰਕਾਰੀ ਸਕੂਲਾਂ ਨੂੰ ਬੁਨਿਆਦੀ ਢਾਂਚੇ ਤੇ ਸਿੱਖਿਆ ਮਾਮਲੇ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਬਿਹਤਰ ਬਣਾਉਣਗੇ। ਇਸ ਦੌਰਾਨ ਬੱਚਿਆਂ ਦੇ ਮਾਪਿਆਂ ਨੇ ਵੀ ਪੰਜਾਬ ਸਰਕਾਰ ਦੇ ਇਸ ਮਿਸ਼ਨ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਜਿਸ ਤਰ੍ਹਾਂ ਦੀਆਂ ਸਹੂਲਤਾਂ ਹੁਣ ਸਰਕਾਰੀ ਸਕੂਲਾਂ ਵਿੱਚ ਦਿੱਤੀਆਂ ਜਾਣ ਲੱਗੀਆਂ ਹਨ ਅਜਿਹੀਆਂ ਸਹੂਲਤਾਂ ਇਸ ਤੋਂ ਪਹਿਲਾਂ ਕਦੇ ਵੀ ਨਹੀਂ ਮਿਲੀਆਂ। ਇਸ ਮੌਕੇ ਅਸ਼ੋਕ ਕਟਾਰੀਆ ਆਪ ਆਗੂ,ਬਲਜੀਤ ਸਿੰਘ ਭਾਰਾਪੁਰ,ਰਸ਼ਪਾਲ ਸਿੰਘ ਮੰਡੇਰ,ਸੁਰਿੰਦਰ ਪਾਲ ਸਰਪੰਚ ਸਾਹਦੜਾ,ਅਮਰੀਕ ਸਿੰਘ ਸਾਹਦੜਾ ,ਜਰਨੈਲ ਸਿੰਘ ਸਾਹਦੜਾ,ਬਲਾਕ ਪ੍ਰਧਾਨ ਗੁਰਚੈਨ ਸਿੰਘ,ਬਲਾਕ ਪ੍ਰਧਾਨ ਰਣਬੀਰ ਸਿੰਘ ਧਾਲੀਵਾਲ,ਪਵਨ ਕੁਮਾਰ ਰੀਠੂ, ਸਤਨਾਮ ਸਰਪੰਚ ਕਟਵਾਰਾ ਖੁਰਦ,ਬਹਾਦੁਰ ਸਿੰਘ ਭਾਰਾਪੁਰ,ਬੱਚਿਤਰ ਸਿੰਘ ਭਾਰਾਪੁਰ,ਲਖਵੀਰ ਸਿੰਘ ਹਿਆਤਪੁਰ ਸਿੰਘਾਂ,ਗੁਰਦੇਵ ਸਿੰਘ ਲੰਬੜਦਾਰ ਹਿਆਤਪੁਰ ਸਿੰਘਾਂ,ਜਸਪਾਲ ਸਿੰਘ ਹਿਆਤਪੁਰ ਜੱਟਾਂ ,ਹਰਦੀਪ ਸਿੰਘ ਸਰਪੰਚ ਛਦੋੜੀ,ਸੁਖਵਿੰਦਰ ਸਿੰਘ ਸਾਬਕਾ ਸਰਪੰਚ ਛਦੋੜੀ ਆਦਿ ਹਾਜਰ ਸਨ।

# ਧਾਲੀਵਾਲ ਵੱਲੋਂ ਬਾਜਵਾ ਵਿਰੁੱਧ ਐੱਫ ਆਰ ਆਈ ਦੀ ਸਖ਼ਤ ਨਿਖੇਧੀ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)**- ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਲੀਡਰ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਦੇ ਖਿਲਾਫ਼ ਪੰਜਾਬ ਪੁਲਸ ਵਲੋਂ ਦਰਜ ਕੀਤੀ ਗਈ ਐਫ.ਆਈ.ਆਰ. ਦੀ ਸਖ਼ਤ ਨਿਖੇਧੀ ਕਰਦਿਆਂ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸੱਤਾ ਦੇ ਨਸ਼ੇ 'ਚ ਚੂਰ ਹੋ ਕੇ ਆਪਣੇ ਸਿਆਸੀ ਹਿਤਾਂ ਲਈ ਸਰਕਾਰੀ ਮਸ਼ੀਨਰੀ ਦੀ ਸ਼ਰੇਆਮ ਦੁਰਵਰਤੋਂ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ 'ਚ ਵਿਗੜਦੀ ਕਾਨੂੰਨ ਵਿਵਸਥਾ ਤੇ ਪੁਲਸ ਥਾਣਿਆਂ 'ਤੇ ਸਿਆਸੀ ਆਗੂਆਂ ਦੇ ਘਰਾਂ ਉੱਤੇ ਹੋ ਰਹੇ ਗ੍ਰਨੇਡ ਹਮਲਿਆਂ ਬਾਰੇ ਕਾਂਗਰਸ ਪਾਰਟੀ ਦੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਮਾਨ ਬਾਜਵਾ ਖਿਲਾਫ਼ ਐਫ.ਆਈ.ਆਰ. ਦਰਜ ਕਰਕੇ ਕਾਂਗਰਸ ਪਾਰਟੀ ਨੂੰ ਡਰਾਉਣ ਦਾ ਯਤਨ ਕਰ ਰਹੇ ਹਨ। ਮੁੱਖ ਮੰਤਰੀ ਪੰਜਾਬ ਵਲੋਂ ਇਸ ਮੁੱਦੇ ਨੂੰ ਲੈ ਕੇ ਕੀਤੀ ਜਾ ਰਹੀ ਬਿਆਨਬਾਜ਼ੀ ਨੂੰ ਸਖ਼ਤ ਇਤਰਾਜ਼ਯੋਗ ਅਤੇ ਹੇਠਲੇ ਦਰਜੇ ਦੀ ਕਰਾਰ ਦਿੰਦਿਆਂ ਧਾਲੀਵਾਲ ਨੇ ਕਿਹਾ ਕਿ ਭਗਵੰਤ ਮਾਨ ਨਤੀਜੇ ਭੁਗਤਣ ਦੀਆਂ ਜੋ ਧਮਕੀ ਦੇ ਰਹੇ ਹਨ, ਉਸਦਾ ਠੋਕਵਾਂ ਜਵਾਬ ਪੰਜਾਬ ਦੀ ਜਨਤਾ ਆਪ ਪਾਰਟੀ ਨੂੰ ਦੇਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਅਜਿਹੇ ਦਬਾਅ ਦੇ ਤਰੀਕਿਆਂ ਨਾਲ ਆਪਣੇ ਵਿਰੋਧੀਆਂ ਨੂੰ ਚੁੱਪ ਨਹੀਂ ਕਰਵਾ ਸਕਦੀ। ਮੁੱਖ ਮੰਤਰੀ ਭਗਵੰਤ ਮਾਨ ਨੂੰ ਸੁਰੱਖਿਆ ਖਤਰਿਆਂ ਬਾਰੇ ਬਾਜਵਾ ਦੁਆਰਾ ਸਾਂਝੀ ਕੀਤੀ ਗਈ ਜਾਣਕਾਰੀ ਬਾਰੇ ਜਾਣੂ ਹੋਣਾ ਚਾਹੀਦਾ ਸੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਮ ਨਾਗਰਿਕਾਂ ਦੀ ਸੁਰੱਖਿਆ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ, ਮਾਨ ਸਰਕਾਰ ਵਿਰੋਧੀ ਧਿਰ ਦੀ ਆਵਾਜ਼ ਨੂੰ ਦਬਾਉਣ ਲਈ ਪੁਲਸ ਫੋਰਸ ਦੀ ਵਰਤੋਂ ਕਰ ਰਹੀ ਹੈ।

# ਦੰਦਾਂ ਤੇ ਜਬਾੜ੍ਹਿਆਂ ਦਾ 451ਵਾਂ ਫ੍ਰੀ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਢੱਡਾ)**

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ ਦੰਦਾਂ ਅਤੇ ਜਬਾੜਿਆਂ ਦਾ 451ਵਾਂ ਫਰੀ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਲਗਾਇਆ ਗਿਆ। ਸਮਾਗਮ ਦੌਰਾਨ ਡਾ. ਮਨਪ੍ਰੀਤ ਕੌਰ ਮੈਡੀਕਲ ਅਫਸਰ ਸਿਵਲ ਹਸਪਤਾਲ ਫਗਵਾੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਰੋਟਰੀ ਕਲੱਬ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਸਤਪਾਲ ਸੇਠੀ ਅਤੇ ਕਮਲਜੀਤ ਸਿੰਘ ਹੈਲਥ ਅਫਸਰ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨ ਡਾ. ਮਨਪ੍ਰੀਤ ਕੌਰ ਨੇ ਦੀਪ ਪ੍ਰਜਵੱਲਿਤ ਕਰਕੇ ਕੈਂਪ ਦਾ ਸ਼ੁੱਭ ਆਰੰਭ ਕਰਵਾਇਆ। ਇਸ ਮੌਕੇ 8 ਲੋੜਵੰਦ ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡਦਿਆਂ ਉਹਨਾਂ ਨੇ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਕੈਂਪ ਦੌਰਾਨ ਸੀ.ਐਮ.ਸੀ. ਲੁਧਿਆਣਾ ਤੋਂ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ ਡਾ. ਗੌਰੀ ਦੀ ਅਗਵਾਈ ਹੇਠ ਲਗਭਗ 125 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ, ਮਰੀਜ਼ਾਂ ਦੇ ਟੁੱਟੇ ਦੰਦਾਂ ਦੀ ਫਿਲਿੰਗ ਵੀ ਕੀਤੀ ਗਈ। ਡਾ. ਗੌਰੀ ਨੇ ਹਾਜਰੀਨ ਨੂੰ ਦੰਦਾਂ ਦੀ ਸੰਭਾਲ ਬਾਰੇ ਜਾਗਰੂਕ ਵੀ ਕੀਤਾ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 1 ਮਈ ਦਿਨ ਵੀਰਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਗੁਲਸ਼ਨ ਕਪੂਰ, ਕੁਲਦੀਪ ਦੁੱਗਲ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਐਨ.ਐਸ. ਸੈਣੀ, ਰੂਪ ਲਾਲ, ਰਵੀ ਕੁਮਾਰ, ਤਾਰਾ ਚੰਦ ਚੁੰਬਰ ਆਦਿ ਹਾਜਰ ਸਨ।ਤਸਵੀਰ ਸਮੇਤ।



# ਰੰਧਾਵਾ ਵੱਲੋਂ ਪੰਜ ਸਰਕਾਰੀ ਸਕੂਲਾਂ 'ਚ 34.67 ਲੱਖ ਰੁਪਏ ਦੇ ਵਿਕਾਸ ਕਾਰਜ ਸਮਰਪਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**—ਵਿਧਾਇਕ ਡੇਰਾਬੱਸੀ, ਕੁਲਜੀਤ ਸਿੰਘ ਰੰਧਾਵਾ ਨੇ ਸਰਕਾਰੀ ਸਕੂਲਾਂ ਨੂੰ ਅਤਿ-ਆਧੁਨਿਕ ਵਿਦਿਅਕ ਸੰਸਥਾਵਾਂ ਵਿੱਚ ਬਦਲਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਵਿੱਚ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੀ ਗੁਣਵੱਤਾ ਦੋਵਾਂ ਨੂੰ ਵਧਾਉਣ 'ਤੇ ਕੇਂਦ੍ਰਿਤ ਹੈ।ਮੰਗਲਵਾਰ ਨੂੰ ਲਾਲੜੂ ਖੇਤਰ ਦੇ ਪੰਜ ਸਰਕਾਰੀ ਸਕੂਲਾਂ ਵਿੱਚ ਨਵੇਂ ਮੁਕੰਮਲ ਹੋਏ ਵਿਕਾਸ ਕਾਰਜਾਂ ਨੂੰ ਵਿਦਿਆਰਥੀਆਂ ਨੂੰ ਸਮਰਪਿਤ ਕਰਦੇ ਹੋਏ, ਵਿਧਾਇਕ ਰੰਧਾਵਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਿਛਲੇ ਤਿੰਨ ਸਾਲਾਂ ਵਿੱਚ, ਪੰਜਾਬ ਸਰਕਾਰ ਨੇ ਵਿਦਿਆਰਥੀ-ਅਨੁਕੂਲ ਸਿੱਖਣ ਦੇ ਮਾਹੌਲ ਨੂੰ ਉਤਸ਼ਾਹਿਤ ਕਰਨ ਲਈ 12,000 ਸਰਕਾਰੀ ਸਕੂਲਾਂ ਵਿੱਚ ਨਵੀਨੀਕਰਨ ਅਤੇ ਉਸਾਰੀ 'ਤੇ 2000 ਕਰੋੜ ਰੁਪਏ ਦਾ ਖਰਚ ਕੀਤਾ ਹੈ।ਲਾਲੜੂ ਖੇਤਰ ਵਿੱਚ ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਦੀ ਕੁੱਲ ਲਾਗਤ 34,67,100 ਰੁਪਏ ਹੈ ਅਤੇ ਇਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ, ਬਟੌਲੀ ਵਿਖੇ ਚਾਰਦੀਵਾਰੀ ਦੀ ਉਸਾਰੀ ਅਤੇ ਕਲਾਸਰੂਮਜ਼ ਦੀ ਮੁਰੰਮਤ ਲਈ 4.46 ਲੱਖ ਰੁਪਏ, ਸਰਕਾਰੀ ਮਿਡਲ ਸਕੂਲ, ਬਟੌਲੀ ਵਿਖੇ ਚਾਰਦੀਵਾਰੀ ਦੀ ਉਸਾਰੀ ਲਈ 1 ਲੱਖ ਰੁਪਏ ਤੇ ਕਲਾਸਰੂਮਜ਼ ਦੀ ਮੁਰੰਮਤ ਤੇ 8,39,100 ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ, ਜੜੌਤ , ਵਿਖ ਨਵੇਂ ਕਲਾਸਰੂਮਾਂ ਲਈ 15.02 ਲੱਖ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ, ਕੁਰਲੀ ਵਿਖੇ ਚਾਰਦੀਵਾਰੀ ਦੀ ਉਸਾਰੀ ਲਈ 2 ਲੱਖ ਰੁਪਏ ਤੇ ਸਰਕਾਰੀ ਮਿਡਲ ਸਕੂਲ, ਕੁਰਲੀ ਵਿਖੇ ਚਾਰਦੀਵਾਰੀ ਲਈ 3.80 ਲੱਖ ਰੁਪਏ ਦੇ ਕਾਰਜ ਸ਼ਾਮਲ ਹਨ।ਇਸ ਮੌਕੇ ਇਨ੍ਹਾਂ ਸਕੂਲਾਂ ਦੇ ਮੁਖੀਆਂ ਤੋਂ ਇਲਾਵਾ ਇਲਾਕੇ ਦੇ ਪੰਚ-ਸਰਪੰਚ ਅਤੇ ਮੋਹਤਬਰ ਲੋਕ, ਸਿੱਖਿਆ ਇੰਚਾਰਜ ਗੁਰਪ੍ਰੀਤ ਵਿਰਕ ਮੌਜੂਦ ਸਨ।



# ਸਕੇਪ ਸਾਹਿਤਕ ਸੰਸਥਾ ਵੱਲੋਂ ਕਰਵਾਇਆ ਵਿਸਾਖੀ ਕਵੀ ਦਰਬਾਰ

**ਫਗਵਾੜਾ, (ਡਾ. ਰਮਨ, ਢੱਡਾ)**

ਸਕੇਪ ਸਾਹਿਤਕ ਸੰਸਥਾ (ਰਜਿ.) ਫਗਵਾੜਾ ਵੱਲੋਂ ਵਿਸਾਖੀ ਮੌਕੇ ਹਰਗੋਬਿੰਦ ਨਗਰ ਫਗਵਾੜਾ ਵਿਖੇ ਵਿਓਂਤਿਆ ਗਿਆ ਕਵੀ ਦਰਬਾਰ ਬਹੁਤ ਖ਼ੂਬਸੂਰਤੀ ਨਾਲ ਨੇਪਰੇ ਚੜ੍ਹਿਆ। ਉੱਘੇ ਕਾਲਮਨਵੀਸ ਅਤੇ ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ, ਸੰਸਥਾ ਦੇ ਸਰਪ੍ਰਸਤ ਪ੍ਰਿੰ. ਗੁਰਮੀਤ ਸਿੰਘ ਪਲਾਹੀ, ਸੰਸਥਾ ਪ੍ਰਧਾਨ ਰਵਿੰਦਰ ਚੋਟ, ਸਾਬਕਾ ਪ੍ਰਧਾਨ ਬਲਦੇਵ ਰਾਜ ਕੋਮਲ, ਪਰਵਿੰਦਰਜੀਤ ਸਿੰਘ ਅਤੇ ਕਰਮਜੀਤ ਸਿੰਘ ਸੰਧੂ ਨੇ ਪ੍ਰਧਾਨਗੀ ਮੰਡਲ ਵਿੱਚ ਸ਼ਿਰਕਤ ਕੀਤੀ। ਕਵੀ ਦਰਬਾਰ ਦੇ ਆਗਾਜ਼ ਤੋਂ ਪਹਿਲਾਂ ਪਿਛਲੇ ਦਿਨੀਂ ਸਦੀਵੀਂ ਵਿਛੋੜਾ ਦੇ ਗਏ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋ. ਹਰਜਿੰਦਰ ਸਿੰਘ ਅਟਵਾਲ ਅਤੇ ਉੱਘੇ ਕਹਾਣੀਕਾਰ ਪ੍ਰੇਮ ਪ੍ਰਕਾਸ਼ ਜੀ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।ਇਸ ਉਪਰੰਤ ਵੀਹ ਦੇ ਕਰੀਬ ਸ਼ਾਇਰਾਂ ਨੇ ਆਪਣੀਆਂ ਰਚਨਾਵਾਂ ਰਾਹੀਂ ਸਾਂਝ ਪਾਈ। ਓਮ ਪ੍ਰਕਾਸ਼ ਸੰਦਲ ਨੇ ਬਲਦੇਵ ਰਾਜ ਕੋਮਲ ਦੀ ਲਿਖੀ ਗ਼ਜ਼ਲ ਤਰੰਨੁਮ ਵਿੱਚ ਪੇਸ਼ ਕਰਕੇ ਖ਼ੂਬ ਸਮਾਂ ਬੰਨ੍ਹਿਆ। ਮੋਹਨ ਆਰਟਿਸਟ ਵੱਲੋਂ ਤਰੱਨੁਮ ਵਿੱਚ ਪੇਸ਼ ਕੀਤੀ ਗ਼ਜ਼ਲ, ਸੋਹਣ ਸਹਿਜਲ, ਲਾਲੀ ਕਰਤਾਰਪੁਰੀ,ਦਲਜੀਤ ਮਹਿਮੀ ਵੱਲੋਂ ਪੇਸ਼ ਕੀਤੇ ਗੀਤ ਅਤੇ ਗ਼ਜ਼ਲਾਂ ਨੂੰ ਸਰੋਤਿਆਂ ਵੱਲੋਂ ਖ਼ੂਬ ਪਸੰਦ ਕੀਤਾ ਗਿਆ। ਸੁਖਦੇਵ ਸਿੰਘ ਗੰਢਵਾਂ,ਹਰਜਿੰਦਰ ਸਿੰਘ ,ਸੀਤਲ ਰਾਮ ਬੰਗਾ, ਡਾ.ਇੰਦਰਜੀਤ ਸਿੰਘ ਵਾਸੂ,ਸੁਬੇਗ ਸਿੰਘ ਹੰਜਰਾਅ,ਅਸ਼ੋਕ ਟਾਂਡੀ,ਕਰਮਜੀਤ ਸਿੰਘ ਸੰਧੂ,ਮਾਸਟਰ ਸੁਖਦੇਵ ਸਿੰਘ,ਸ਼ਾਮ ਸਰਗੂੰਦੀ,ਬਲਦੇਵ ਰਾਜ ਕੋਮਲ,ਸੋਢੀ ਸੱਤੋਵਾਲੀ ਵੱਲੋਂ ਵੀ ਖ਼ੂਬਸੂਰਤ ਰਚਨਾਵਾਂ ਨਾਲ਼ ਹਾਜ਼ਰੀ ਲਗਵਾਈ ਗਈ। ਸਾਹਿਬਾ ਜੀਟਨ ਕੌਰ ਨੇ ਹਰਜਿੰਦਰ ਸਿੰਘ ਜਿੰਦੀ ਦੀ ਲਿਖੀ ਕਵਿਤਾ 'ਵਿਸਾਖੀ' ਸੁਣਾ ਕੇ ਆਪਣੀ ਹਾਜ਼ਰੀ ਲਗਵਾਈ। ਨਗੀਨਾ ਸਿੰਘ ਬਲੱਗਣ ਅਤੇ ਸ਼ਾਮ ਸਰਗੂੰਦੀ ਵੱਲੋਂ ਹਾਲ ਵਿੱਚ ਹੀ ਵਿੱਛੜੇ ਉੱਘੇ ਅਦਾਕਾਰ ਮਨੋਜ ਕੁਮਾਰ ਨੂੰ 'ਜ਼ਿੰਦਗੀ ਔਰ ਕੁਛ ਭੀ ਨਹੀਂ' ਗੀਤ ਰਾਹੀਂ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਨਰਪਾਲ ਸਿੰਘ ਸ਼ੇਰਗਿੱਲ ਵੱਲੋਂ ਚਰਨਜੀਤ ਸਿੰਘ ਪੰਨੂ ਦਾ ਕਹਾਣੀ ਸੰਗ੍ਰਹਿ 'ਸਤਨਾਜਾ' ਅਤੇ ਸੁਖਦੇਵ ਸਿੰਘ ਗੰਢਵਾਂ ਦਾ ਕਾਵਿ ਸੰਗ੍ਰਹਿ 'ਧਰਤੀ ਪੰਜਾਬ ਦੀਏ' ਅਤੇ ਪ੍ਰਸਿੱਧ ਲੇਖਕ ਐਡਵੋਕੇਟ ਐੱਸ. ਐੱਲ.ਵਿਰਦੀ ਜੀ ਦੀਆਂ ਤਿੰਨ ਪੁਸਤਕਾਂ 'ਸੰਘਰਸ਼ੀ ਯੋਧੇ – ਜਿਨ੍ਹਾਂ ਯੁੱਗ ਪਲਟ ਦਿੱਤੇ', 'ਐਸੀ ਦਸ਼ਾ ਹਮਾਰੀ' ਅਤੇ 'ਲੋਕਾਂ ਦੀ ਅਜ਼ਾਦੀ ਦੀ ਜੰਗ' ਲੋਕ ਅਰਪਣ ਕੀਤੀਆਂ ਗਈਆਂ।ਸੰਸਥਾ ਸਰਪ੍ਰਸਤ ਪ੍ਰਿੰ. ਗੁਰਮੀਤ ਸਿੰਘ ਪਲਾਹੀ ਵੱਲੋਂ ਮੁੱਖ ਮਹਿਮਾਨ ਨਰਪਾਲ ਸਿੰਘ ਸ਼ੇਰਗਿੱਲ,ਸਾਬਕਾ ਪ੍ਰਧਾਨ ਕਮਲੇਸ਼ ਸੰਧੂ ਅਤੇ ਨਵੇਂ ਚੁਣੇ ਗਏ ਸੰਸਥਾ ਪ੍ਰਧਾਨ ਰਵਿੰਦਰ ਚੋਟ ਨੂੰ ਯਾਦਗਾਰੀ ਚਿੰਨ੍ਹ ਅਤੇ ਪੁਸਤਕਾਂ ਭੇਂਟ ਕਰ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਮੁੱਖ ਲੁਹਾਰ,ਮਨਜੀਤ ਸਿੰਘ ,ਰਵਿੰਦਰ ਸਿੰਘ ਰਾਏ, ਐਡਵੋਕੇਟ ਐੱਸ. ਐੱਲ. ਵਿਰਦੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਪਰਵਿੰਦਰ ਜੀਤ ਸਿੰਘ ਅਤੇ ਕਮਲੇਸ਼ ਸੰਧੂ ਨੇ ਨਿਭਾਈ। ਅੰਤ ਵਿੱਚ ਰਵਿੰਦਰ ਚੋਟ ਨੇ ਆਏ ਹੋਏ ਸਰੋਤਿਆਂ ਦਾ ਧੰਨਵਾਦ ਕੀਤਾ।



# ਠੰਡਲ ਵਿਖੇ ਭਾਜਪਾ ਵਰਕਰਾਂ ਵੱਲੋਂ ਡਾਕਟਰ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਮਨਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਠੰਡਲ ਵਿਖੇ ਸੋਹਣ ਸਿੰਘ ਠੰਡਲ ਹਲਕਾ ਇੰਚਾਰਜ ਭਾਰਤੀ ਜਨਤਾ ਪਾਰਟੀ ਚੱਬੇਵਾਲ, ਸਾਬਕਾ ਕੈਬਨਿਟ ਮੰਤਰੀ ਪੰਜਾਬ ਗ੍ਰਹਿ ਵਿਖੇ ਸਮੂਹ ਭਾਜਪਾ ਵਰਕਰਾਂ ਵੱਲੋਂ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਜੀ ਦਾ 134ਵਾਂ ਜਨਮ ਦਿਹਾੜਾ ਬੁਹਤ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸੋਹਣ ਸਿੰਘ ਠੰਡਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਰਤ ਦੇਸ਼ ਤੋਂ ਪਹਿਲੇ ਭਾਰਤ ਰਤਨ ਪ੍ਰਪਾਤ ਕਰਨ ਵਾਲੇ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਜੀ ਨੇ ਆਪਣੇ ਜੀਵਨ ਬਹੁਤ ਹੀ ਕਠਿਨਾਈਆਂ ਦਾ ਸਾਹਮਣਾ ਕੀਤਾ। ਉਨ੍ਹਾਂ ਕਿਹਾ ਹੈ ਕਿ ਡਾਕਟਰ ਬੀ ਆਰ ਅੰਬੇਦਕਰ ਸਾਹਿਬ ਜੀ ਨੇ ਭਾਰਤ ਦਾ ਸੰਵਿਧਾਨ ਲਿਖਿਆ ਹੈ । ਉਨ੍ਹਾਂ ਕਿਹਾ ਕਿ ਸਾਨੂੰ ਡਾਕਟਰ ਭੀਮ ਰਾਓ ਅੰਬੇਦਕਰ ਸਾਹਿਬ ਜੀ ਦੀਆਂ ਸੰਖਿਆਵਾਂ 'ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਸੋਹਣ ਸਿੰਘ ਠੰਡਲ ਤੋਂ ਇਲਾਵਾ ਵੱਖ ਵੱਖ ਬੁਲਾਰਿਆਂ ਨੇ ਡਾਕਟਰ ਬੀ ਆਰ ਅੰਬੇਦਕਰ ਸਾਹਿਬ ਜੀ ਦੀ ਜੀਵਨੀ 'ਤੇ ਚਾਨਣਾ ਪਾਇਆ। ਇਸ ਮੌਕੇ ਰਵਿੰਦਰ ਸਿੰਘ ਠੰਡਲ, ਜਸਵਿੰਦਰ ਸਿੰਘ ਰਾਜਾ ਨੰਗਲ ਠੰਡਲ, ਸੰਜੀਵ ਕੁਮਾਰ ਪੰਚਨੰਗਲਾ ਸੀਨੀਅਰ ਭਾਜਪਾ ਆਗੂ, ਅਸ਼ੋਕ ਕੌਸ਼ਲ ਮੰਡਲ ਪ੍ਰਧਾਨ ਕੋਟ ਫਤੂਹੀ, ਅਵਤਾਰ ਸਿੰਘ ਡਾਂਡੀਆਂ ਜ਼ਿਲ੍ਹਾ ਪ੍ਰਧਾਨ ਕਿਸਾਨ ਮੋਰਚਾ, ਜਥੇਦਾਰ ਜਰਨੈਲ ਸਿੰਘ ਖਾਲਸਾ ਬੱਡੋ, ਲੰਬੜਦਾਰ ਗੁਰਨਾਮ ਸਿੰਘ ਟੋਡਰਪੁਰ, ਕਿਰਪਾਲ ਸਿੰਘ ਸੱਤੀ ਬਲਾਕ ਪ੍ਰਧਾਨ ਭਾਮ, ਮਾਸਟਰ ਹਰਭਜਨ ਸਿੰਘ ਅਜਨੋਹਾ, ਗੁਰਪ੍ਰੀਤ ਸਿੰਘ, ਰਜਿੰਦਰ ਸਿੰਘ, ਸਤਪਾਲ ਸਿੰਘ, ਡਾਕਟਰ ਗਗਨਦੀਪ ਸਿੰਘ ਗੋਪਾਲੀਆਂ, ਸੁਖਵਿੰਦਰ ਸਿੰਘ ਸਰਹਾਲਾ ਕਲਾਂ, ਸਤਪਾਲ ਸਿੰਘ ਬੱਡੋ, ਜਸਵਿੰਦਰ ਸਿੰਘ ਅਜਨੋਹਾ, ਚਰਨਜੀਤ ਸਿੰਘ ਜਾਂਗਣੀਵਾਲ, ਗਣੇਸ਼ ਕੁਮਾਰ ਰਾਜਾ ਕੋਟ ਫਤੂਹੀ, ਸਰਿੰਦਰ ਪਾਲ ਸਿੰਘ, ਦਲਜੀਤ ਸਿੰਘ ਬੱਡੋ ,ਬਲਜੀਤ ਸਿੰਘ ਜਾਗਣੀਵਾਲ, ਤਰਸੇਮ ਸਿੰਘ, ਦਵਿੰਦਰ ਸਿੰਘ ਠੰਡਲ ਆਦਿ ਹਾਜ਼ਰ ਸਨ। ਇਸ ਮੌਕੇ ਸਮਾਗਮ ਦੇ ਅੰਤ ਵਿੱਚ ਡਾਕਟਰ ਬੀ ਆਰ ਅੰਬੇਡਕਰ ਜੀ ਦੇ ਜਨਮ ਦਿਹਾੜੇ ਮੌਕੇ ਵਰਕਰਾਂ ਵੱਲੋਂ ਲੱਡੂ ਵੰਡੇ ਗਏ।

# ਦਾਣਾ ਮੰਡੀ 'ਚ ਕਣਕ ਦੀ ਖਰੀਦ ਦਾ ਕੰਮ ਸ਼ੁਰੂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਹੁਸ਼ਿਆਰਪੁਰ ਰੋਡ 'ਤੇ ਮੁੱਖ ਦਾਣਾ ਮੰਡੀ 'ਚ ਕਣਕ ਦੀ ਖਰੀਦ ਦਾ ਕੰਮ ਸ਼ੁਰੂ ਹੋ ਗਿਆ ਹੈ। ਖ਼ਰੀਦ ਦੇ ਕੰਮ ਦੀ ਸ਼ੁਰੂਆਤ ਐਸ.ਡੀ.ਐਮ. ਜਸ਼ਨਜੀਤ ਸਿੰਘ ਤੇ ਆਪ ਆਗੂ ਜੋਗਿੰਦਰ ਮਾਨ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਤੇ ਮੰਡੀ ਬੋਰਡ ਦੇ ਕਰਮਚਾਰੀ ਵੀ ਮੌਜੂਦ ਸਨ। ਆੜ੍ਹਤੀਆਂ ਤੇ ਕਿਸਾਨਾਂ ਨਾਲ ਗੱਲਬਾਤ ਕਰਕੇ ਮੰਡੀ 'ਚ ਸਰਕਾਰੀ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੱਸਿਆ ਕਿ ਖਰੀਦ ਦੇ ਕੰਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਰਕਾਰ ਨੇ ਹਰ ਸਾਲ ਦੀ ਤਰ੍ਹਾਂ ਵਧੀਆ ਪ੍ਰਬੰਧ ਕੀਤੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਫ਼ਸਲ ਨੂੰ ਪੂਰੀ ਤਰ੍ਹਾਂ ਪੱਕਣ ਤੋਂ ਬਾਅਦ ਮੰਡੀ 'ਚ ਲਿਆਉਣ ਤਾਂ ਜੋ ਕਣਕ ਦੀ ਪੂਰੀ ਕੀਮਤ ਮਿਲ ਸਕੇ ਤੇ ਕਿਸੇ ਤਰ੍ਹਾਂ ਦੀ ਖੱਜਲ ਖੁਆਰੀ ਨਾ ਹੋਵੇ। ਉਨ੍ਹਾਂ ਭਰੋਸਾ ਦਿੱਤਾ ਕਿ ਆਪ ਵਲੋਂ ਮੰਡੀਆਂ ਵਿਚ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੌਰਾਨ ਐਸ.ਡੀ.ਐਮ. ਜਸ਼ਨਜੀਤ ਸਿੰਘ ਨੇ ਦੱਸਿਆ ਕਿ ਕਣਕ ਦੀ ਖਰੀਦ ਦਾ ਕੰਮ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਨੋਡਲ ਅਫਸਰਾਂ ਦੀ ਡਿਊਟੀ ਲਗਾਈ ਗਈ ਹੈ। ਕਿਸਾਨਾਂ ਨੂੰ ਕਣਕ ਢੇਰੀ ਕਰਨ, ਮੰਡੀ 'ਚ ਠਹਿਰਾਓ ਤੇ ਪਾਣੀ ਦਾ ਉਚਿਤ ਪ੍ਰਬੰਧ ਯਕੀਨੀ ਬਣਾਇਆ ਗਿਆ ਹੈ।ਇਸ ਮੌਕੇ ਮੇਅਰ ਰਾਮਪਾਲ ਉੱਪਲ, ਡਿਪਟੀ ਮੇਅਰ ਵਿੱਕੀ ਸੂਦ, ਬਲਜਿੰਦਰ ਸਿੰਘ ਸਕੱਤਰ ਮਾਰਕੀਟ ਕਮੇਟੀ, ਗੁਰਦੀਪ ਸਿੰਘ ਦੀਪਾ, ਅੰਕੁਸ਼ ਓਹਰੀ, ਕੌਂਸਲਰ ਰਵੀ ਸਿੱਧੂ, ਹਰਪ੍ਰੀਤ ਸਿੰਘ ਭੋਗਲ, ਜਸਦੇਵ ਪ੍ਰਿੰਸ, ਵਿਜੇ ਬਸੰਤ ਨਗਰ, ਹਰਮੇਸ਼ ਪਾਠਕ, ਆੜ੍ਹਤੀ ਕੁਲਵੰਤ ਪੱਬੀ, ਹਰਦਿਆਲ ਸਿੰਘ, ਸੁਭਾਸ਼ ਕੁਮਾਰ, ਅੰਕਿਤ ਗੁਪਤਾ, ਗਜਾਨੰਦ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦੇ ਹਾਜਰ ਸਨ।

17-April-PAGE-9.qxd 4/16/2025 10:45 PM Page 1



# 'ਅਖ਼ਬਾਰ ਪੜ੍ਹਨ ਦੀ ਕਲਾ : ਸਮਾਚਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਮਝਣ ਦੀ ਯੋਗਤਾ' ਵਿਸ਼ੇ 'ਤੇ ਲੈਕਚਰ ਕਰਵਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ 'ਤੇ 'ਅਖ਼ਬਾਰ ਪੜ੍ਹਨ ਦੀ ਕਲਾ : ਸਮਾਚਾਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਮਝਣ ਦੀ ਯੋਗਤਾ' ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਕਾਲਜ ਦੇ ਅੰਗਰੇਜ਼ੀ ਵਿਭਾਗ ਵਲੋਂ ਕਰਵਾਏ ਗਏ ਲੈਕਚਰ ਦੌਰਾਨ ਰਿਸੋਰਸ ਪਰਸਨ ਪ੍ਰੋ. ਨਵਦੀਪ ਸਿੰਘ ਅੰਗਰੇਜ਼ੀ ਵਿਭਾਗ ਨੇ ਪਾਵਰ ਪੁਆਇੰਟ ਪੇਸ਼ਕਾਰੀ ਰਾਹੀਂ ਜਾਣਕਾਰੀ ਭਰਪੂਰ ਲੈਕਚਰ ਦਿੱਤਾ। ਉਨ੍ਹਾਂ ਅਖ਼ਬਾਰਾਂ ਦੇ ਵੱਖ-ਵੱਖ ਭਾਗਾਂ, ਸਿਰਲੇਖ, ਲੇਖ, ਸੰਪਾਦਕੀ ਤੇ ਰਾਏ ਲੇਖ ਬਾਰੇ ਵਿਸਥਾਰ ਨਾਲ ਸਮਝਾਇਆ। ਉਨ੍ਹਾਂ ਅਖ਼ਬਾਰ ਪੜ੍ਹਨ ਨੂੰ ਸ਼ਬਦਾਵਲੀ, ਭਾਸ਼ਾਈ ਕੌਸ਼ਲ ਅਤੇ ਆਮ ਜਾਣਕਾਰੀ ਵਿਚ ਨਿਖ਼ਾਰ ਲਿਆਉਣ ਲਈ ਉਨ੍ਹਾਂ ਵਿਦਿਆਰਥੀਆਂ ਲਈ ਲਾਭਦਾਇਕ ਦੱਸਿਆ ਜੋ ਸਰਕਾਰੀ ਨੌਕਰੀਆਂ ਦੀ ਤਿਆਰੀ ਕਰ ਰਹੇ ਹਨ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਆਪਣੇ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਦੀ ਵਰਤੋਂ ਕਰਨ, ਅਖ਼ਬਾਰ ਪੜ੍ਹਨ ਦੀ ਆਦਤ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਆਧੁਨਿਕ ਡਿਜੀਟਲ ਯੁੱਗ ਵਿਚ ਵੀ ਪ੍ਰਿੰਟ ਮੀਡੀਆ ਦੀ ਪ੍ਰਸੰਗਿਕਤਾ ਅਤੇ ਭਰੋਸੇਯੋਗਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਕੱਤਰ ਸਿੱਖਿਆ ਇੰਜ. ਸੁਖਮਿੰਦਰ ਸਿੰਘ ਵਲੋਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਪ੍ਰੇਰਨਾ ਅਤੇ ਦੂਰਅੰਦੇਸ਼ੀ ਵਿਦਿਆਰਥੀਆਂ ਨੂੰ ਜੀਵਨ-ਉਪਯੋਗ ਸੰਚਾਰ ਕੁਸ਼ਲਤਾਵਾਂ ਲਈ ਰਬਰੇਜ਼ ਕਰਨ ਲਈ ਉਤਸ਼ਾਹਿਤ ਕਰਦੀ ਹੈ। ਪ੍ਰੋ. ਗੀਤੂ ਸਿੰਘ ਮੁਖੀ ਅੰਗਰੇਜ਼ੀ ਵਿਭਾਗ ਦੀ ਅਗਵਾਈ ਹੇਠ ਪ੍ਰੋ. ਪੂਨਮ ਦੇ ਸਹਿਯੋਗ ਨਾਲ ਕਰਵਾਏ ਲੈਕਚਰ 'ਚ ਪ੍ਰੋ. ਲਖਵਿੰਦਰਜੀਤ ਕੌਰ, ਪ੍ਰੋ. ਜਤਿੰਦਰ ਕੌਰ, ਪ੍ਰੋ. ਕੰਵਲਜੀਤ ਕੌਰ ਹਾਜ਼ਰ ਹੋਏ।

# ਇਸ਼ਾਂਕ ਕੁਮਾਰ ਨੇ ਸਕੂਲਾਂ 'ਚ 34 ਲੱਖ ਰੁਪਏ ਦੀ ਲਾਗਤ ਵਾਲੇ ਕੰਮਾਂ ਦਾ ਕੀਤਾ ਉਦਘਾਟਨ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਸਿੱਖਿਆ ਕ੍ਰਾਂਤੀ ਤਹਿਤ ਵਿਧਾਇਕ ਇਸ਼ਾਂਕ ਕੁਮਾਰ ਨੇ ਅੱਜ ਸਕੂਲਾਂ ਵਿਚ ਕਰੀਬ 34 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਕੰਮਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਕਾਇਆਕਲਪ ਕੀਤੀ ਹੈ ਜਿਸ ਨਾਲ ਸਕੂਲਾਂ ਦਾ ਹਰ ਪੱਖੋਂ ਪੱਧਰ ਬਹੁਤ ਬਿਹਤਰ ਹੋਇਆ ਹੈ। ਪਿੰਡ ਮਰਨਾਈਆਂ ਕਲਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 2.44 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦਿਵਾਰੀ, ਪਿੰਡ ਪੰਡੋਰੀ ਬੀਬੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ 6 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਲਾਸ ਰੂਮ ਅਤੇ ਚਾਰਦਿਵਾਰੀ ਦੇ ਉਦਘਾਟਨ ਮੌਕੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਹਲਕਾ ਚੱਬੇਵਾਲ ਦੇ ਕਿਸੇ ਵੀ ਸਕੂਲ ਵਿਚ ਅਧਿਆਪਕਾਂ ਦੀ ਘਾਟ ਨਹੀਂ ਰਹੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿਛਲੇ ਤਿੰਨ ਸਾਲਾਂ ਦੌਰਾਨ ਕੀਤੀਆਂ ਲਗਾਤਾਰ ਭਰਤੀਆਂ ਸਦਕਾ ਸਕੂਲਾਂ ਵਿਚ ਲੋੜੀਂਦੇ ਅਧਿਆਪਕ ਤਾਇਨਾਤ ਹਨ। ਉਨ੍ਹਾਂ ਕਿਹਾ ਕਿ ਹਲਕਾ ਚੱਬੇਵਾਲ ਵਿਚ ਅਧਿਆਪਕਾਂ ਦੀ ਘਾਟ ਦਾ ਮਸਲਾ ਉਨ੍ਹਾਂ ਨੇ ਵਿਧਾਨ ਸਭਾ ਵਿਚ ਉਠਾਇਆ ਸੀ ਅਤੇ ਜ਼ਿਲ੍ਹੇ ਵਿਚ 700 ਦੇ ਕਰੀਬ ਅਧਿਆਪਕ ਭੇਜੇ ਗਏ ਹਨ। ਸਰਕਾਰੀ ਹਾਈ ਸਕੂਲ ਪਿੰਡ ਪੰਡੋਰੀ ਬੀਬੀ ਵਿਖੇ 13.50 ਲੱਖ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਸਾਇੰਸ ਲੈਬ ਅਤੇ ਕਮਰਿਆਂ ਦੇ ਉਦਘਾਟਨ ਉਪਰੰਤ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਿੱਖਿਆ ਦੇ ਖੇਤਰ ਵਿਚ ਨਵੇਂ ਮੀਲ ਪੱਥਰ ਸਥਾਪਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੋਂ ਇਲਾਵਾ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਹਰ ਸਹੂਲਤ ਮੁਫ਼ਤ ਪ੍ਰਦਾਨ ਕੀਤੀ ਜਾ ਰਹੀ ਹੈ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਦੇ ਪ੍ਰਾਇਮਰੀ ਸਕੂਲ ਵਿਖੇ 2 ਲੱਖ ਰੁਪਏ ਦੀ ਲਾਗਤ ਨਾਲ ਹੋਏ ਕੰਮ ਲੋਕ ਅਰਪਣ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਪਿਛਲੇ ਸਾਲ ਨਾਲੋਂ ਸਿੱਖਿਆ ਦੇ ਬਜਟ ਵਿਚ 12 ਫੀਸਦੀ ਦਾ ਵਾਧਾ ਕੀਤਾ ਹੈ ਜੋ ਕਿ ਸਿੱਖਿਆ ਦੇ ਖੇਤਰ ਨੂੰ ਹੋਰ ਮਜ਼ਬੂਤ ਕਰਨ ਵਿਚ ਸਹਾਈ ਹੋਵੇਗਾ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ, ਪਿੰਡਾਂ ਦੇ ਮੋਹਤਬਰ, ਸਕੂਲਾਂ ਦਾ ਸਟਾਫ ਅਤੇ ਵਿਦਿਆਰਥੀ ਵੀ ਮੌਜੂਦ ਸਨ।

# ਕਰਨ ਕੌਸ਼ਲ ਨੇ ਗਲੋਬਲ ਯੂਥ ਕਾਂਕਲੇਵ 'ਚ ਜਿੱਤਿਆ ਸਰਵੋਤਮ ਪ੍ਰਤੀਨਿਧੀ ਖ਼ਿਤਾਬ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਕਾਲਜ ਆਫ ਲਾਅ ਦੇ ਛੇਵੇਂ ਸਮੈਸਟਰ ਦੇ ਵਿਦਿਆਰਥੀ ਕਰਨ ਕੌਸ਼ਲ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਆਯੋਜਿਤ ਗਲੋਬਲ ਯੂਥ ਕਾਂਕਲੇਵ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਲੋਕ ਸਭਾ ਕਮੇਟੀ ਵਿੱਚ 'ਬੈਸਟ ਡੈਲੀਗੇਟ ਆਫ ਲੋਕ ਸਭਾ' ਦਾ ਖ਼ਿਤਾਬ ਆਪਣੇ ਨਾਂਅ ਕੀਤਾ। ਇਸ ਪ੍ਰਸਿੱਧ ਕਾਂਕਲੇਵ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੀਆਂ 8 ਕਮੇਟੀਆਂ ਸ਼ਾਮਲ ਸਨ, ਜਿੱਥੇ ਯੁਵਾ ਨੇਤਾਵਾਂ ਨੂੰ ਕੂਟਨੀਤੀ, ਨੀਤੀ-ਨਿਰਧਾਰਨ ਅਤੇ ਨੇਤ੍ਰਤਵ ਦੀਆਂ ਯੋਗਤਾਵਾਂ ਵਿਖਾਉਣ ਦਾ ਮੌਕਾ ਮਿਲਿਆ। ਕਰਨ ਕੌਸ਼ਲ ਨੇ ਲੋਕ ਸਭਾ ਕਮੇਟੀ ਵਿੱਚ ਹਮੀਰਪੁਰ (ਹਿਮਾਚਲ ਪ੍ਰਦੇਸ਼) ਤੋਂ ਸੰਸਦ ਮੈਂਬਰ ਠਾਕੁਰ ਦੀ ਭੂਮਿਕਾ ਨਿਭਾਈ। ਉਨ੍ਹਾਂ ਨੇ ਪ੍ਰਭਾਵਸ਼ਾਲੀ ਭਾਸ਼ਣ, ਨੀਤੀ ਵਿਸ਼ਲੇਸ਼ਣ ਅਤੇ ਵਿਧਾਨਿਕ ਚਰਚਾਵਾਂ ਵਿੱਚ ਆਪਣੀ ਮਹਾਰਤ ਦਰਸਾਈ। ਉਨ੍ਹਾਂ ਦੀ ਤਰਕਸ਼ਕਤੀ ਅਤੇ ਸ਼ਾਨਦਾਰ ਵਿਚਾਰਧਾਰਾ ਨੇ ਜਜ ਪੈਨਲ ਨੂੰ ਪ੍ਰਭਾਵਿਤ ਕੀਤਾ, ਜਿਸ ਕਾਰਨ ਉਨ੍ਹਾਂ ਨੂੰ ਇਹ ਮਾਣਯੋਗ ਸਨਮਾਨ ਮਿਲਿਆ। ਕਰਨ ਦੀ ਇਹ ਉਪਲਬਧੀ ਨਾ ਸਿਰਫ਼ ਉਨ੍ਹਾਂ ਦੀ ਮਹਾਨ ਯੋਗਤਾ ਨੂੰ ਦਰਸਾਉਂਦੀ ਹੈ, ਸਗੋਂ ਰਿਆਤ ਬਾਹਰਾ ਕਾਲਜ ਆਫ ਲਾਅ ਦੀ ਗੁਣਵੱਤਾ ਭਰੀ ਸ਼ਿੱਖਿਆ ਅਤੇ ਪ੍ਰਸ਼ਿਕਸ਼ਣ ਦਾ ਵੀ ਸਬੂਤ ਹੈ। ਉਨ੍ਹਾਂ ਦੀ ਇਸ ਕਾਮਯਾਬੀ ਨਾਲ ਪੂਰੇ ਸੰਸਥਾਨ ਵਿੱਚ ਖ਼ੁਸ਼ੀ ਦਾ ਮਾਹੌਲ ਹੈ।

# ਵਿਸਾਖੀ ਮੌਕੇ ਧਾਰਮਿਕ ਸਮਾਗਮ ਕਰਵਾਇਆ



**ਅੱਡਾ ਸਰਾਂ (ਜਸਵੀਰ ਕਾਜਲ)**-ਬਾਬਾ ਬਿਸ਼ਨ ਸਿੰਘ ਹੋਲਾ-ਮੁਹੱਲਾ ਲੰਗਰ ਕਮੇਟੀ ਕੰਧਾਲਾ ਜੱਟਾਂ (ਅੱਡਾ ਸਰਾਂ) , ਐਨ ਆਰ ਆਈ ਸੰਗਤ ਅਤੇ ਨਗਰ ਦੇ ਸਹਿਯੋਗ ਨਾਲ ਵਿਸਾਖੀ ਦੇ ਮੌਕੇ 'ਤੇ 4 ਸ਼੍ਰੀ ਅਖੰਡ ਪਾਠ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਪੰਥ ਦੇ ਪ੍ਰਸਿੱਧ ਕਵੀਸ਼ਰੀ ਜਥਾ ਭਾਈ ਪ੍ਰਤਾਪ ਸਿੰਘ ਹੜ ਤੋਂ ਹੋਰ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਕਥਾ ਵਿਚਾਰਾਂ ਨਾਲ ਆਈਆਂ ਹੋਈਆਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ।ਇਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਜਾਂਦੀਆਂ ਸੰਗਤਾਂ ਅਤੇ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਲਈ ਚਾਹ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ! ਇਸ ਮੌਕੇ ਬਾਬਾ ਅਵਤਾਰ ਸਿੰਘ ਮੁੱਖ ਗ੍ਰੰਥੀ, ਬਾਬਾ ਰਣਜੀਤ ਸਿੰਘ ਮੁੱਖ ਗ੍ਰੰਥੀ, ਪ੍ਰਧਾਨ ਮਹਿੰਦਰ ਸਿੰਘ, ਕੁਲਵੰਤ ਸਿੰਘ, ਗੁਰਵਿੰਦਰ ਸਿੰਘ ਗਿੱਤਾ ,ਅੰਮ੍ਰਿਤਪਾਲ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਧਾਲੀਵਾਲ, ਮਨਜੀਤ ਸਿੰਘ ਸੈਕਟਰੀ, ਸੁਰਜੀਤ ਸਿੰਘ ਇਟਲੀ, ਮਨਜੀਤ ਸਿੰਘ ਧਾਲੀਵਾਲ, ਬਲਜੀਤ ਸਿੰਘ, ਰੇਸ਼ਮ ਸਿੰਘ, ਜਸਬੀਰ ਸਿੰਘ ਧਾਲੀਵਾਲ ,ਸੁੱਚਾ ਸਿੰਘ ਲੰਬੜਦਾਰ ,ਹਰਵਿੰਦਰ ਪਾਲ ਸਿੰਘ, ਸਰਵਣ ਸਿੰਘ ਕਨੇਡਾ ਕੁਲਵਿੰਦਰ ਸਿੰਘ ਸੋਨੀ ਪੰਚ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਡਾ. ਅੰਬੇਡਕਰ ਦਾ ਜਨਮ ਦਿਹਾੜਾ ਸੱਭਿਆਚਾਰਕ ਪ੍ਰੋਗਰਾਮ ਕਰਕੇ ਮਨਾਇਆ

**ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ)**

ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਪਿੰਡ ਰਾਮਗੜ੍ਹ ਝੁੰਗੀਆਂ ਨਿਵਾਸੀਆਂ ਵਲੋਂ ਬਹੁਤ ਹੀ ਉਤਸ਼ਾਹ ਨਾਲ ਸੱਭਿਆਚਾਰਕ ਪ੍ਰੋਗਰਾਮ ਕਰਕੇ ਮਨਾਇਆ ਗਿਆ। ਜਿਸ ਵਿੱਚ ਮੁਕੇਸ਼ ਕੁਮਾਰ, ਪ੍ਰਿੰਸੀਪਲ ਬਿੱਕਰ ਸਿੰਘ,ਜਗਦੀਸ਼ ਰਾਏ,ਸੁਖਦੇਵ ਡਾਨਸੀਵਾਲ, ਸਰਪੰਚ ਅਜਮੇਰ ਸਿੰਘ,ਕਿਸਾਨ ਆਗੂ ਕੁਲਵਿੰਦਰ ਚਾਹਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ! ਬਾਬਾ ਸਾਹਿਬ ਡਾ ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ 'ਤੇ ਬੋਲਦਿਆਂ ਕਿਹਾ ਕਿ ਬਾਬਾ ਸਾਹਿਬ ਦਾ ਸਿਖਿਅਤ ਬਣੋ ਅਤੇ ਸੰਘਰਸ਼ ਕਰੋ ਦਾ ਨਾਅਰਾ ਮੌਜੂਦਾ ਸਮੇ 'ਚ ਲਾਗੂ ਕਰਨਾ ਹੀ ਮੁੱਖ ਲੋੜ ਹੈ ਕਿਉਂਕਿ ਮੌਜੂਦਾ ਪ੍ਰਬੰਧ ਅੰਦਰ ਉਹੀ ਤਾਕਤਾਂ ਸੱਤਾ 'ਤੇ



ਬੈਠੀਆਂ ਹਨ ਜਿਸ ਦੇ ਖਿਲਾਫ ਲੜਦਿਆਂ ਹੋਇਆਂ ਸਾਰੀ ਜਿੰਦਗੀ ਦਾਅ 'ਤੇ ਲਾ ਦਿੱਤੀ। ਇਸ ਮੌਕੇ ਉਹਨਾਂ ਦੀ ਵਿਚਾਰਧਾਰਾ ਦੇ ਸੇਧ ਦੀ ਮੌਜੂਦਾ ਸਾਰਥਿਕਤਾ ਹੋਰ ਵੀ ਵੱਧ ਜਾਂਦੀ ਹੈ ਇਥੇ ਪੈਦਾਵਾਰੀ ਸਾਧਨਾਂ ਦੀ ਕਾਣੀ ਵੰਡ ਦੇ ਖਿਲਾਫ਼ ਤੇ ਜਾਤ-ਪਾਤ ਵਾਲੇ ਪ੍ਰਬੰਧ ਨੂੰ ਬਦਲਣ ਲਈ ਵੱਡੀ ਗਿਣਤੀ 'ਚ ਜੁੜ ਕੇ ਵਿਸ਼ਾਲ ਸ਼ੰਘਰਸ਼ ਕਰਨ ਦੀ ਲੋੜ ਹੈ।ਇਸ ਸਮੇਂ ਪਿੰਡ ਦੀਆਂ ਲੜਕੀਆਂ ਗੁਰਪ੍ਰੀਤ ਕੌਰ ਅਤੇ ਸੁਖਮਨੀ ਦੀ ਅਗਵਾਈ ਹੇਠ ਛੋਟੇ ਛੋਟੇ ਬੱਚਿਆਂ ਵੱਲੋਂ ਪੰਜਾਬ ਦੇ ਸੱਭਿਆਚਾਰਕ ਵਿਰਸੇ ਨੂੰ ਦਰਸਾਉਦੀਆਂ ਹੋਈਆਂ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ।ਇਸ ਮੌਕੇ ਉਪਰੋਕਤ ਆਗੂਆਂ ਤੋ ਇਲਾਵਾ ਪਿੰਡ ਦੇ ਪ੍ਰੋ ਚਰਨ ਸਿੰਘ,ਜਸਪਾਲ ਰਾਏ,ਜਸਵਿੰਦਰ ਸਿੰਘ ਗੋਰਾ,ਪ੍ਰੇਮ ਸਿੰਘ,ਬਖਸ਼ੀ ਰਾਮ,ਡਾ. ਸੁਰਜੀਤ ਸਿੰਘ,ਡਾ. ਮਨਜੀਤ ਸਿੰਘ, ਅਮਰੀਕ ਸਿੰਘ,ਇੰਸਪੈਕਟਰ ਅਵਤਾਰ ਸਿੰਘ ਭੋਲਾ ਤੇ ਪੈਨਸ਼ਨਰ ਆਗੂ ਹੰਸਰਾਜ ਗੜ੍ਹਸ਼ੰਕਰ ਆਦਿ ਨੇ ਸਾਲਾਨਾ ਪ੍ਰੀਖਿਆਵਾਂ ਦੌਰਾਨ ਵੱਖ-ਵੱਖ ਕਲਾਸਾਂ ਵਿੱਚੋਂ ਵਧੀਆ ਪੁਜੀਸ਼ਨ ਹਾਸਲ ਕਰਨ ਵਾਲੇ ਪਿੰਡ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਪਿੰਡ ਦੀ ਨੌਜਵਾਨ ਸਭਾ ਦੇ ਆਗੂ ਬਲਦੇਵ ਸਿੰਘ ਬਿੱਟੂ ਓਂਕਾਰ ਸਿੰਘ ਕਾਰੀ,ਨਿਰਮਲ ਸਿੰਘ ਨਿੰਮਾ,ਹਰਜਿੰਦਰ ਸਿੰਘ ਰਿੰਕੂ, ਬਲਰਾਜ ਰਿੰਪੀ,ਮੁਕੇਸ਼ ਕੁਮਾਰ,ਸੋਢੀ ਰਾਮ,ਨਰਿੰਦਰ ਕੁਮਾਰ, ਵਿਜੇ ਕੁਮਾਰ,ਨਰਿੰਦਰ ਸਿੰਘ, ਲਖਬੀਰ ਸਿੰਘ ਲੱਖੀ ਸੁਨੀਲ ਕੁਮਾਰ,ਪ੍ਰੀਤੀ ਆਦਿ ਹਾਜ਼ਰ ਸਨ।

# ਸਮਾਰਟ ਰਾਸ਼ਨ ਕਾਰਡ ਧਾਰਕ ਲਾਭਪਾਤਰੀਆਂ ਲਈ ਈ ਕੇ ਵਾਈ ਸੀ 30 ਤੱਕ ਲਾਜ਼ਮੀ

**ਮੋਹਾਲੀ, (ਗੁਰਜੀਤ ਬਿੱਲਾ)**- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਸਮਾਰਟ ਰਾਸ਼ਨ ਕਾਰਡ ਸਕੀਮ ਤਹਿਤ ਕਣਕ ਦਾ ਲਾਭ ਲੈ ਰਹੇ ਲਾਭਪਾਤਰੀਆਂ ਲਈ ਆਪਣੇ ਕਾਰਡ ਵਿੱਚ ਦਰਜ ਸਮੂਹ ਪਰਵਾਰਕ ਮੈਂਬਰਾਂ ਦੀ ਈ. ਕੇ. ਵਾਈ. ਸੀ. ਕਰਵਾਉਣਾ 30 ਅਪ੍ਰੈਲ ਤੱਕ ਲਾਜ਼ਮੀ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਡਾ. ਨਵਰੀਤ ਨੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਆਪਣੇ ਨੇੜਲੇ ਰਾਸ਼ਨ ਡਿਪੂ ਹੋਲਡਰ ਨਾਲ ਤਾਲਮੇਲ ਕਰਦੇ ਹੋਏ 30 ਅਪ੍ਰੈਲ ਤੱਕ ਈ ਕੇ ਵਾਈ ਸੀ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਈ. ਕੇ. ਵਾਈ. ਸੀ. ਨਾ ਹੋਣ ਦੀ ਸੂਰਤ ਵਿੱਚ, ਅਗਲੇ ਕਣਕ ਦੇ ਵੰਡ ਚੱਕਰ ਦੌਰਾਨ, ਸਮਾਰਟ ਰਾਸ਼ਨ ਕਾਰਡ ਧਾਰਕ ਕਣਕ ਦਾ ਲਾਭ ਲੈਣ ਤੋਂ ਵਾਂਝੇ ਰਹਿ ਸਕਦੇ ਹਨ। ਇਸ ਲਈ ਤੁਰੰਤ ਈ. ਕੇ. ਵਾਈ. ਸੀ. ਕਰਵਾ ਕੇ ਆਪਣਾ ਲਾਭ ਯਕੀਨੀ ਬਣਾਇਆ ਜਾਵੇ।

# ਐੱਲ ਪੀ ਯੂ ਨੇ ਏ ਆਈ ਯੂ ਇੰਟਰ-'ਵਰਸਿਟੀ ਰੋਇੰਗ ਚੈਂਪੀਅਨਸ਼ਿਪ 'ਚ ਓਵਰਆਲ ਚੈਂਪੀਅਨ ਟਰਾਫੀ ਜਿੱਤੀ

**ਜਲੰਧਰ(ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਚੰਡੀਗੜ੍ਹ ਦੇ ਸੁਖਨਾ ਝੀਲ ਵਿਖੇ ਆਯੋਜਿਤ ਆਲ ਇੰਡੀਆ ਇੰਟਰ-ਯੂਨੀਵਰਸਿਟੀ (ਏਆਈਯੂ) ਰੋਇੰਗ ਚੈਂਪੀਅਨਸ਼ਿਪ ਵਿੱਚ ਓਵਰਆਲ ਚੈਂਪੀਅਨ ਬਣ ਕੇ ਉਭਰੀ । ਸੱਤ ਦਿਨਾਂ ਦੇ ਇਸ ਪ੍ਰੋਗਰਾਮ ਵਿੱਚ ਦੇਸ਼ ਭਰ ਦੀਆਂ ਯੂਨੀਵਰਸਿਟੀਆਂ ਤੋਂ 400 ਤੋਂ ਵੱਧ ਮਹਿਲਾ ਅਤੇ 700 ਤੋਂ ਵੱਧ ਪੁਰਸ਼ ਰੋਅਰਾਂ ਨੇ ਮੁਕਾਬਲਾ ਕੀਤਾ। ਮੁਕਾਬਲੇ ਦੀਆਂ ਚਾਰ ਸ਼੍ਰੇਣੀਆਂ, ਸਿੰਗਲ ਸਕਲ, ਡਬਲ ਅਤੇ ਕਵਾਡ, ਦੇ ਨਾਲ ਵੱਖ-ਵੱਖ ਟੀਮਾਂ ਦੇ ਐਥਲੀਟਾਂ ਨੇ ਪਾਣੀ 'ਤੇ ਆਪਣੀਆਂ ਸੀਮਾਵਾਂ ਨੂੰ ਅੱਗੇ ਵਧਾਉਂਦੇ ਹੋਏ, 2 ਕਿਲੋਮੀਟਰ ਅਤੇ 500 ਮੀਟਰ ਦੌੜਾਂ ਵਿੱਚ ਜ਼ੋਰਦਾਰ ਮੁਕਾਬਲਾ ਕੀਤਾ। ਸਖ਼ਤ ਮੁਕਾਬਲੇ ਦੇ ਵਿਚਕਾਰ, ਐਲਪੀਯੂ ਰੋਵਰਸ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ 11 ਸੋਨੇ, 3 ਚਾਂਦੀ ਅਤੇ 2 ਕਾਂਸੀ ਦੇ ਤਗਮੇ ਜਿੱਤੇ। ਪੁਰਸ਼ਾਂ ਦੀ ਟੀਮ ਨੇ 2 ਸੋਨ, 1 ਚਾਂਦੀ ਅਤੇ 1 ਕਾਂਸੀ ਦਾ ਤਗਮਾ ਜਿੱਤਿਆ, ਜਦੋਂ ਕਿ ਮਹਿਲਾ ਟੀਮ ਨੇ 9 ਸੋਨੇ ਅਤੇ 2 ਚਾਂਦੀ ਦੇ ਤਗਮੇ ਜਿੱਤੇ, ਜਿਸ ਨਾਲ ਐਲਪੀਯੂ ਦੀ ਖੇਡ ਵਿੱਚ ਉੱਤਮਤਾ ਹੋਰ ਮਜ਼ਬੂਤ ਹੋਈ । ਐਥਲੀਟਾਂ



ਅਤੇ ਕੋਚਿੰਗ ਸਟਾਫ ਦੇ ਸਮਰਪਣ ਦੀ ਸ਼ਲਾਘਾ ਕਰਦੇ ਹੋਏ, ਐਲ ਪੀ ਯੂ ਦੇ ਪ੍ਰੋ-ਚਾਂਸਲਰ, ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ, 'ਇਹ ਜਿੱਤ ਸਾਡੇ ਰੋਅਰਾਂ ਦੀ ਸਖ਼ਤ ਮਿਹਨਤ, ਸਖ਼ਤ ਸਿਖਲਾਈ ਅਤੇ ਪ੍ਰਤੀਯੋਗੀ ਭਾਵਨਾ ਨੂੰ ਦਰਸਾਉਂਦੀ ਹੈ'। ਰੋਇੰਗ, ਇੱਕ ਅਜਿਹੀ ਖੇਡ ਜਿਸ ਲਈ ਬੇਮਿਸਾਲ ਸਹਿਣਸ਼ੀਲਤਾ, ਤਾਕਤ ਅਤੇ ਤਾਲਮੇਲ ਦੀ ਲੋੜ ਹੁੰਦੀ ਹੈ।

# ਡਾ. ਅੰਬੇਡਕਰ ਦੇ ਜਨਮ ਦਿਵਸ ਮੌਕੇ ਸ਼ਰਧਾਂਜਲੀਆਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਾਕਟਰ ਅਵਤਾਰ ਬਾਲੀ ਸੂਬਾ ਜਨਰਲ ਸਕੱਤਰ ਪੰਜਾਬ ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ 100 ਵੱਲੋਂ ਕੁਲਵਿੰਦਰ ਕੌਰ ਪੰਚ, ਕਸ਼ਮੀਰ ਕੌਰ, ਕਸ਼ਮੀਰ ਸਿੰਘ ਐਨ ਆਰ ਆਈ, ਅਮਰਜੀਤ ਬਾਲੀ ਸਾਬਕਾ ਪੰਚ, ਸਰਬਜੀਤ ਬਾਲੀ, ਸੋਹਣ ਲਾਲ ਬਾਲੀ, ਮੱਖਣ ਬਾਲੀ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਪਿੰਡ ਲੰਗੜੋਆ ਵਿਖੇ ਡਾਕਟਰ ਬੀ.ਆਰ.ਅੰਬੇਡਕਰ ਦੇ ਬੁੱਤ ਤੇ ਫੁੱਲ ਮਾਲਾਵਾਂ ਪਹਿਨਾਉਣ ਤੋਂ ਬਾਅਦ ਡਾਕਟਰ ਅਵਤਾਰ ਬਾਲੀ ਸੂਬਾ ਜਨਰਲ ਸਕੱਤਰ ਪੰਜਾਬ ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ 100 ਨੇ ਕਿਹਾ ਕਿ ਡਾ. ਅੰਬੇਡਕਰ ਦਾ ਜਨਮ ਹੋਇਆ ਉਸ ਸਮੇਂ ਭਾਰਤ ਜਗੀਰੂ ਵਿਚਾਰਧਾਰਾ ਵਿੱਚ ਜਕੜਿਆ ਛੂਤ ਛਾਤ ਜਾਤੀਵਾਦ ਪ੍ਰਥਾ ਅਧਾਰਤ ਜਮਾਤੀ ਸਮਾਜ ਵਿੱਚ ਵੰਡਿਆ ਹੋਇਆ ਸੀ। ਬਾਬਾ ਸਾਹਿਬ ਨੇ ਆਪਣਾ ਪੂਰਾ ਜੀਵਨ ਲੋੜਵੰਦ ਲੋਕਾਂ ਦੇ ਅਧਿਕਾਰਾਂ ਨੂੰ ਸੁਰੱਖਿਅਤ ਅਤੇ ਯਕੀਨੀ ਕਰਨ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਜੀ ਦਾ ਜੀਵਨ ਖਾਸ ਤੌਰ ਉੱਤੇ ਸਾਡੇ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ ਉਸ ਤੋਂ ਬਾਅਦ ਠੰਡੇ ਲੰਗਰ ਵੀ ਲਗਾਇਆ ਗਿਆ।



# ਐੱਸ ਸੀ ਹੁਸ਼ਿਆਰਪੁਰ ਨੂੰ ਮੰਗ ਪੱਤਰ ਦੇਣ 'ਤੇ ਵੀ ਬਿਜਲੀ ਸਪਲਾਈ 'ਚ ਵਿਘਨ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**

ਹਲਕਾ ਚੱਬੇਵਾਲ ਦੇ ਪਿੰਡ ਫੁਗਲਾਣਾ ਹੁਸ਼ਿਆਰਪੁਰ - ਫਗਵਾੜਾ ਰੋਡ 'ਤੇ ਦੋਆਬਾ ਜਨਰਲ ਕੈਟਾਗਰੀ ਫਰੰਟ ਅਤੇ ਕਿਸਾਨ ਜਥੇਬੰਦੀਆਂ ਵਲੋਂ ਇਸ ਸਬਜ਼ੀਆਂ ਵਾਲੇ ਇਲਾਕੇ ਨੂੰ ਅੱਗੇ ਤਰ੍ਹਾਂ ਬਿਜਲੀ ਸਪਲਾਈ ਨਾ ਦੇਣ ਅਤੇ ਵੱਡੇ-ਵੱਡੇ ਕੱਟ ਲਗਾ ਕੇ ਟਿਊਬਵੈਲਾਂ ਨੂੰ ਬਿਜਲੀ ਸਪਲਾਈ ਨਹੀਂ ਦਿੱਤੀ ਜਾ ਰਹੀ ਜਿਸਦੇ ਕਾਰਨ ਸਬਜ਼ੀਆਂ ਸੁੱਕ ਰਹੀਆਂ ਹਨ। ਕਿਸਾਨ ਤਾਂ ਪਹਿਲਾਂ ਹੀ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਕਰਜੇ ਦੀ ਮਾਰ ਹੇਠ ਆਇਆ ਹੋਇਆ ਹੈ। ਬਿਜਲੀ ਬੋਰਡ ਵਲੋਂ ਕਿਸਾਨਾਂ ਨੂੰ ਸੰਦੇਸ਼ ਦੇਣ ਦੀ ਜੋ ਵੱਟਸਪ ਐੱਪ ਲਾਂਚ ਕੀਤੀ ਹੋਈ ਹੈ ਉਸਨੂੰ ਵੀ ਵਰਤੋਂ ਵਿਚ ਨਹੀਂ ਲਿਆਂਦਾ ਜਾ ਰਿਹਾ। ਬਿਜਲੀ ਸਪਲਾਈ ਦਾ ਸੰਦੇਸ਼ ਕੋਈ ਦਿੱਤਾ ਜਾਂਦਾ ਅਤੇ ਸਪਲਾਈ ਹੋਰ ਟਾਈਮ ਤੇ ਦਿੱਤੀ ਜਾਂਦੀ ਹੈ । ਜਿਸ ਕਾਰਨ ਕਿਸਾਨ ਪ੍ਰਸ਼ਾਨੀ ਬਹੁਤ ਚ,ਹਨ ।ਜਿਸਦੇ ਬਾਰੇ ਕਿਸਾਨ ਜਥੇਬੰਦੀਆਂ ਵੱਲੋਂ ਹੁਸ਼ਿਆਪੁਰ ਮੁੱਖ ਦਦਤਰ ਐਸ ਸੀ. ਨੂੰ ਮੰਗ ਪੱਤਰ ਵੀ ਦਿੱਤਾ ਗਿਆ ਜਿਸਦੇ ਬਾਵਜੂਦ ਕਿਸਾਨਾਂ ਨੂੰ ਕੋਈ ਵੀ ਭਰੋਸਾ ਨਹੀਂ ਦਿੱਤਾ ਗਿਆ ਅਤੇ ਨਾ ਹੀ ਸਪਲਾਈ ਵਿੱਚ ਕੋਈ ਸੁਧਾਰ ਕੀਤਾ ਗਿਆ । ਜਿਸ ਤੋਂ ਅੱਕ ਕੇ ਕਿਸਾਨਾਂ ਨੇ ਰੋਸ ਵਜੋਂ ਫੁਗਲਾਣਾ ਅੱਡੇ ਤੇ ਫਗਵਾੜਾ - ਹੁਸ਼ਿਆਰ ਪਾਰ ਰੋਡ 'ਤੇ ਰੋਸ ਵਜੋਂ ਧਰਨਾ ਮਾਰਿਆ ਗਿਆ। ਕਿਸਾਨਾਂ ਵੱਲੋਂ ਮੰਗ ਕੀਤੀ ਗਈ ਕਿ ਬੱਡਲਾ ਫੀਡਰ-ਪਾਂਸ਼ਟਾ -ਰਿਹਾਣਾ ਜੱਟਾਂ ਅਤੇ ਮਰਨਾਈਆਂ ਫੀਡਰ ਤੋਂ ਅੱਗੇ ਦੀ ਤਰਾਂ 8 ਘੰਟੇ ਸਪਲਾਈ ਦਿੱਤੀ ਜਾਵੇ ਤਾਂ ਕਿ ਕਿਸਾਨ ਇਸ ਅੱਤ ਦੀ ਗਰਮੀ ਵਿਚ ਆਪਣੀਆਂ ਸਬਜ਼ੀਆਂ ਪਾਲ ਸਕਣ। ਇਸ ਮੌਕੇ ਪਹੁੰਚੇ ਐਸ ਡੀ ਓ ਰਿਹਾਣਾ ਅਤੇ ਐਸ ਐਚ ਓ ਮੇਹਟੀਆਣਾ ਬਲਜੀਤ ਸਿੰਘ ਹੁੰਦਲ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਐਸ ਡੀ ਓ ਵਲੋਂ ਸਪਲਾਈ ਨੂੰ ਠੀਕ ਢੰਗ ਦੇਣ ਦਾ ਵਿਸ਼ਵਾਸ ਦਿਵਾਇਆ ਅਤੇ ਉਂਨਾਂ ਕਿਹਾ ਕਿ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਮੌਕੇ ਪ੍ਰਧਾਨ ਬਲਬੀਰ ਸਿੰਘ ਫੁਗਲਾਣਾ, ਜਗਤਾਰ ਸਿੰਘ ਭੂੰਗਰਨੀ ਜਸਵਿੰਦਰ ਸਿੰਘ ਸੰਘਾ ,ਗੁਰਦਿਆਲ ਸਿੰਘ ਜਲਵੇਹੜਾ, ਰਵੀ ਕੁਮਾਰ ਮੇਹਟਿਆਣਾ , ਕਰਮਜੀਤ ਸਿੰਘ ਦਵਿੰਦਰ ਲਿਆਮੇਹਟਿਆਣਾ , ਮਾਸਟਰ ਮਲਕੀਤ ਸਿੰਘ ਪੰਡੋਰੀ ਕੱਦ, ਸੱਤਪਾਲ ਸਿੰਘ ਸੱਤਪਾਲ ਸਿੰਘ ਸੈਣੀ,ਨੰਬਰਦਾਰ ਅਵਤਾਰ ਸਿੰਘ ,ਅਜੀਤ ਸਿੰਘ ਖਨੌੜਾ ਨੰਬਰਦਾਰ ,ਵਿਪਨ ਠਾਕੁਰ ਫੁਗਲਾਣਾ,ਨੰਬਰਦਾਰ ਸੁਖਵਿੰਦਰ ਸਿੰਘ, ਜਸ ਥਿਆੜਾ ,ਕਰਨਜੀਤ ਸਿੰਘ ਰਿੱਕੀ ਸਿੰਬਲੀ ਕਮਲਜੀਤ ਕੌਰ ਜੋਨ ਪ੍ਰਧਾਨ, ਪਰਮਜੀਤ ਕੌਰ, ਭੁਪਿੰਦਰ ਕੌਰ, ਅਸ਼ਵਨੀ ਕੁਮਾਰ, ਗੁਰਨਾਮ ਸਿੰਘ, ਤਰਸੇਮ ਲਾਲ ਕਿਸਾਨ ਮਜਦੂਰ ਸੰਘਰਸ਼ ਕਮੇਟੀ, ਕਾਮਰੇਡ ਅਵਤਾਰ ਕੁਮਾਰ, ਸਰਬਜੀਤ ਸਿੰਘ ਸਾਬਾ, ਦਵਿੰਦਰ ਸਿੰਘ ਖਾਲਸਾ ਭੂੰਗਰਨੀ, ਗੁਰਵਿੰਦਰ ਸਿੰਘ ਲਾਲੀ, ਸਤਨਾਮ ਸਿੰਘ ਸ਼ਿੰਦੂ ਭੂੰਗਰਨੀ, ਮਹਿੰਦਰ ਰਾਮ ਖਨੌੜਾ ਸਾਬਕਾ ਸਰਪੰਚ, ਬਾਵਾ ਰਿਹਾਣਾ ਜੱਟਾਂ, ਕੁਲਵੰਤ ਸਿੰਘ ਕਾਂਤੀ ਫੁਗਲਾਣਾ ਸਿੰਘ ਹਾਜ਼ਰ ਸਨ।

# ਡਾ. ਅੰਬੇਡਕਰ ਦਾ ਜਨਮ ਦਿਵਸ 'ਸੰਵਿਧਾਨ ਬਚਾਓ, ਦੇਸ਼ ਬਚਾਓ' ਦੇ ਤੌਰ 'ਤੇ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**

ਸੀ ਪੀ ਆਈ ਐਮ ਦੀ ਤਹਿਸੀਲ ਕਮੇਟੀ ਬਲਾਚੌਰ ਵਲੋਂ ਡਾ ਅੰਬੇਡਕਰ ਜੀ ਦੇ 134 ਵੇਂ ਜਨਮ ਦਿਵਸ ਮੌਕੇ ਪਿੰਡ ਰੱਕੜ ਢਾਹਾਂ ਵਿਖੇ ਸੰਵਿਧਾਨ ਬਚਾਓ ਦੇਸ਼ ਬਚਾਓ ਦੇ ਤਹਿਤ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਮੁੱਖ ਬੁਲਾਰੇ ਵਜੋਂ ਬੋਲਦਿਆਂ ਬੁੱਧੀਜੀਵੀ ਡਾਕਟਰ ਪਿਆਰੇ ਲਾਲ ਗਰਗ ਨੇ ਕਿਹਾ ਕਿ ਅੱਜ ਜਦੋਂ ਅਸੀਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ ਅੰਬੇਡਕਰ ਜੀ ਦਾ 134 ਵਾ ਜਨਮ ਦਿਵਸ ਮਨਾ ਰਹੇ ਤਦ ਦੇਸ਼ ਅੰਦਰ ਰਾਜ ਕਰਦੀ ਧਿਰ ਵਲੋਂ ਦੇਸ਼ ਦੇ ਹਰ ਨਾਗਰਿਕ ਨੂੰ ਬਰਾਬਤਾ, ਧਾਰਮਿਕ ਅਜਾਦੀ, ਸੱਭਿਆਚਾਰਕ ਅਜਾਦੀ, ਆਪਣੀ ਗੱਲ ਕਹਿਣ ਅਤੇ ਗ਼ਲਤ ਵਿਚਾਰਾਂ ਅਤੇ ਨੀਤੀਆਂ ਦਾ ਵਿਰੋਧ ਕਰਨ ਦੀ ਅਜਾਦੀ, ਅਨੇਕਤਾ ਵਿਚ ਏਕਤਾ ਦਾ ਪ੍ਰਗਟਾਵਾ ਕਰਨ ਵਾਲੇ ਭਾਰਤੀ ਸੰਵਿਧਾਨ ਵਿਚ ਵੱਖ ਵੱਖ ਸੋਧਾਂ ਕਰਕੇ ਆਪਣੇ ਇਕ ਖਾਸ ਏਜੰਡੇ ਨੂੰ ਲਾਗੂ ਕਰਨ ਦੇ ਰਾਹ ਤੁਰੀ ਹੋਈ ਹੈ। .ਡਾ ਪਿਆਰੇ ਲਾਲ ਗਰਗ ਨੇ ਸੀ ਪੀ ਆਈ ਐਮ ਵਲੋਂ ਕੀਤੇ ਇਸ ਸਮਾਗਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਕੇ ਅੰਬੇਡਕਰ ਜੀ ਵਲੋਂ ਬਣਾਏ ਸੰਵਿਧਾਨ ਅਤੇ ਦੇਸ਼ ਨੂੰ ਬਚਾਉਣ ਦੇ ਲਈ ਸੰਵੇਦਨਸ਼ੀਲ ਹੋਣ ਦੇ ਨਾਲ ਹਕੀਕੀ ਅਮਲ ਕਰਦਿਆਂ ਆਮ ਲੋਕਾਂ ਨੂੰ ਅਜਿਹੇ ਸਮਾਗਮਾਂ ਦੇ ਰਾਹੀਂ ਵੱਡੇ ਪੱਧਰ ਉੱਤੇ ਜਾਗਰੂਕ ਕਰਕੇ ਜੱਥੇਬੰਦ ਕਰਨਾ ਸਮੇਂ ਦੀ ਮੁਖ ਲੋੜ ਹੈ। ਇਸ ਸਮਾਗਮ ਦੌਰਾਨ ਸੀ. ਪੀ ਆਈ ਐਮ ਦੇ ਸੂਬਾਈ ਆਗੂ ਕਾਮਰੇਡ ਰਾਮ ਸਿੰਘ ਨੂਰਪੁਰੀ ,ਸੀਟੂ ਦੇ ਸੂਬਾਈ ਪ੍ਰਧਾਨ ਮਹਾਂ ਸਿੰਘ ਰੌੜੀ,ਤਹਿਸੀਲ ਸਕੱਤਰ ਪ੍ਰੇਮ ਰੱਕੜ , ਕਾਮਰੇਡ ਅੱਛਰ ਸਿੰਘ ਟੋਰੋਵਾਲ ਨੇ ਡਾ ਅੰਬੇਡਕਰ ਜੀ ਦੇ ਜੀਵਨ ਵਾਰੇ ਦੱਸਦੇ ਕਿਹਾ ਕਿ ਮੋਦੀ ਸਰਕਾਰ ਵਲੋਂ ਕਾਰਪੋਰੇਟ ਘਰਾਣਿਆਂ ਨੂੰ ਲਾਹਾ ਦੇਣ ਦੇ ਮਕਸਦ ਨਾਲ ਘੱਟ ਗਿਣਤੀਆਂ,ਕਿਸਾਨਾਂ, ਮਜਦੂਰਾਂ ਅਤੇ ਆਮ ਲੋਕਾਂ ਦੇ ਹੱਕਾਂ ਅਤੇ ਅਧਿਕਾਰਾਂ ਉੱਤੇ ਡਾਕਾ ਮਾਰਨ ਲਈ ਸੰਵਿਧਾਨ ਵਿਚ ਸੋਧਾਂ ਕੀਤੀਆਂ ਜਾ ਰਹੀਆਂ ਹਨ, ਜਿਹਨਾਂ ਨੂੰ ਦੇਸ਼ ਦੀ ਮਜਦੂਰ ਜਮਾਤ ਸਹਿਣ ਨਹੀਂ ਕਰੇਗੀ। ਉਹਨਾਂ ਕਿਹਾ ਕਿ ਸੀ ਪੀ ਆਈ ਐਮ ਸੰਵਿਧਾਨ ਅਤੇ ਦੇਸ਼ ਨੂੰ ਬਚਾਉਣ ਦੇ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਕਸਬੇ, ਮੁਹੱਲੇ ਅਤੇ ਪਿੰਡਾਂ ਵਿਚ ਅਜਿਹੇ ਸਮਾਗਮ ਕਰਵਾਉਂਦੀ ਰਹੇਗੀ .ਇਸ ਸਮਾਗਮ ਦੀ ਪ੍ਰਧਾਨਗੀ ਬਲਜੀਤ ਕੌਰ ਮੱਲਪੁਰੀ, ਹਰਬੰਸ ਸਿੰਘ ਕੰਗਣਾ, ਬਲਦੇਵ ਰਾਜ ਸ਼ਾਸ਼ਤਰੀ, ਭਾਗ ਸਿੰਘ ਰੱਕੜ, ਕੈਪਟਨ ਰਘੂਵੀਰ ਸਿੰਘ ਵਲੋਂ ਸਾਂਝੇ ਤੌਰ 'ਤੇ ਕੀਤੀ ਗਈ। ਇਸ ਮੌਕੇ ਧਰਵੀਰ ਭੂਬਲਾ, ਬੀਰੂ ਰਾਮ,ਰਾਮ ਕੁਮਾਰ ਜਗਦੀਸ਼ ਚੰਦ,ਹਰਭਜਨ ਅੱਟਵਾਲ, ਹਰਵਿੰਦਰ ਕੁਮਾਰ, ਭੁਪਿੰਦਰ ਸਿੰਘ ਕੋਲਗੜ੍ਹ, ਭਗਤ ਸਿੰਘ, ਸੁਖਦੇਵ ਸਿੰਘ ਹਰੇ ਰਾਮ, ਸੁਰਜੀਤ ਸਿੰਘ, ਸੋਹਣ ਸਿੰਘ, ਜੋਗਾ ਸਿੰਘ,ਗੁਰਦੇਵ ਚੰਦ,ਅਵਤਾਰ ਫਿਰਨੀ ਮਜਾਰਾ, ਆਰ ਐਲ ਮੱਲ, ਹੁਸਨ ਸਿੰਘ, ਸਮੇਤ ਵਧੇਰੇ ਗਿਣਤੀ 'ਚ ਕਿਸਾਨ,ਮਜਦੂਰ,ਨੌਜਵਾਨ, ਆਗੂ ਮੌਜੂਦ ਸਨ। ਮੰਚ ਸੰਚਾਲਣ ਦੀ ਭੂਮਿਕਾ ਪਰਮਜੀਤ ਸਿੰਘ ਰੌੜੀ ਨੇ ਨਿਭਾਈ।



# ਆਹਲੂਵਾਲੀਆ ਜਠੇਰਿਆਂ ਦਾ ਸਾਲਾਨਾ ਵਿਸਾਖੀ ਜੋੜ ਮੇਲਾ



**ਫਗਵਾੜਾ (ਡਾ. ਰਮਨ)**- ਜਠੇਰੇ ਆਹਲੂਵਾਲੀਆ ਮੁਹੱਲਾ ਪ੍ਰੇਮਪੁਰਾ ਵਿਖੇ ਸਾਲਾਨਾ ਵਿਸਾਖੀ ਜੋੜ ਮੇਲਾ ਸਮੂਹ ਵਾਲੀਆ ਪਰਵਾਰਾਂ ਵਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਵੇਰੇ ਝੰਡੇ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਅਤੇ ਆਹਲੂਵਾਲੀਆ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਉਪਰੰਤ ਰੀਤੀ-ਰਿਵਾਜ ਅਨੁਸਾਰ ਵੱਡੇ ਵਢੇਰਿਆਂ ਦੀ ਪੂਜਾ ਕਰਕੇ ਅਸ਼ੀਰਵਾਦ ਲਿਆ ਗਿਆ।ਵਿਸਾਖੀ ਜੋੜ ਮੇਲੇ ਦੌਰਾਨ ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਹਲਕੇ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਹਨਾਂ ਸਮੂਹ ਵਾਲੀਆ ਪਰਵਾਰਾਂ ਨੂੰ ਵਿਸਾਖੀ ਜੋੜ ਮੇਲੇ ਦੀ ਵਧਾਈ ਦਿੱਤੀ। ਇਸ ਮੌਕੇ ਮਹਿੰਦਰ ਪਾਲ ਵਾਲੀਆ, ਸੁਰਿੰਦਰ ਪਾਲ ਵਾਲੀਆ, ਕਾਂਗਰਸ ਪਾਰਟੀ ਦੇ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ, ਕੌਂਸਲਰ ਪਰਮਜੀਤ ਕੌਰ ਵਾਲੀਆ, ਡਾ. ਦਰਸ਼ਨ ਕਟਾਰੀਆ ਕੌਂਸਲਰ, ਟੋਨੀ ਵਾਲੀਆ, ਨਰੇਸ਼ ਗੰਗੜ, ਕੌਂਸਲਰ ਅਨੀਤਾ ਰਾਣੀ ਗੰਗੜ ਅਤੇ ਵੱਡੀ ਗਿਣਤੀ ਵਿੱਚ ਵਾਲੀਆ ਪਰਵਾਰ ਹਾਜ਼ਰ ਸਨ।

# ਅਮਿਟ ਯਾਦਾਂ ਛੱਡਦਾ ਸਫਲ ਹੋਇਆ ਜੰਡੀ ਟੰਡੋਹ ਦਾ ਕ੍ਰਿਕਟ ਟੂਰਨਾਮੈਂਟ



**ਬਲਾਚੌਰ (ਜਸਵਿੰਦਰ ਬੈਂਸ)**

ਬਾਬਾ ਵੀਰ ਨਾਥ ਸਪੋਰਟਸ ਐਂਡ ਵੈਲਫੇਅਰ ਕਲੱਬ ਜੰਡੀ ਟੰਡੋਹ ਦੇ ਕਲੱਬ ਮੈਂਬਰਾਂ ਦੁਆਰਾ ਪਿੰਡ ਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਿੰਡ ਪੱਧਰੀ ਗਿਆਰਵਾਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਜਾਣਕਾਰੀ ਦਿੰਦੇ ਹੋਏ ਕਲੱਬ ਮੈਂਬਰਾਂ ਨੇ ਦੱਸਿਆ ਕਿ ਟੂਰਨਾਮੈਂਟ ਵਿੱਚ ਕੁੱਲ 32 ਟੀਮਾਂ ਨੇ ਭਾਗ ਲਿਆ। ਅਖੀਰਲੇ ਦਿਨ ਇਨਾਮਾਂ ਦੀ ਵੰਡ ਕਰਨ ਲਈ ਅਸ਼ੋਕ ਕੁਮਾਰ ਸੀਨੀਅਰ ਆਗੂ ਆਮ ਆਦਮੀ ਪਾਰਟੀ ਅਤੇ ਉਨਾਂ ਦੇ ਨਾਲ ਸਤਨਾਮ ਜਲਾਲਪੁਰ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਟੂਰਨਾਮੈਂਟ ਵਿੱਚ ਪਹਿਲੇ ਨੰਬਰ ਤੇ ਰਹੀ ਟੀਮ ਮਹਿੰਦੀਪੁਰ ਦਾ 11000 ਰੁ. ਤੇ ਕੱਪ ਨਾਲ ਸਨਮਾਨਿਤ ਕੀਤਾ ਗਿਆ,ਦੂਜੇ ਨੰਬਰ 'ਤੇ ਪਿੰਡ ਨੰਨੂਵਾਲ ਦੀ ਟੀਮ ਰਹੀ ਜਿਸ ਦਾ 7100 ਰੁ. ਤੇ ਕੱਪ ਨਾਲ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਤੀਜੇ ਨੰਬਰ 'ਤੇ ਰਹੀ ਟੀਮ ਪਿੰਡ ਚਨਿਆਣੀ ਅਤੇ ਚੌਥੇ ਨੰਬਰ 'ਤੇ ਰਹੀ ਟੀਮ ਪਿੰਡ ਜੀਤਪੁਰ,ਦੋਨੋਂ ਟੀਮਾਂ 2100 ਰੁ। ਤੇ ਕੱਪ ਨਾਲ ਸਨਮਾਨਿਤ ਕੀਤੀਆਂ ਗਈਆਂ। ਇਸ ਟੂਰਨਾਮੈਂਟ ਦੌਰਾਨ ਬੈਸਟ ਬਾਲਰ ਤਨਵੀਰ ਮਹਿੰਦੀਪੁਰ, ਬੈਸਟ ਬੈਟਸਮੈਨ ਰਵੀ ਨੰਨੂਵਾਲ, ਮੈਨ ਆਫ ਦੀ ਸੀਰੀਜ ਬਿੱਟੂ ਮਹਿੰਦੀਪੁਰ ਰਹੇ। ਇਹਨਾਂ ਤਿੰਨਾਂ ਨੂੰ ਇਨਾਮੀ ਰਾਸ਼ੀ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।

# ਕਾਲਜ ਕੈਂਪਸ 'ਚ ਔਸ਼ਧੀ ਪੌਦੇ ਲਗਾਏ

**ਸੁਲਤਾਨਪੁਰ ਲੋਧੀ, (ਹਨੀ)**- ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਕਾਲਜ ਦੇ ਈਕੋ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਅਤੇ ਕਲੱਬ ਦੇ ਇੰਚਾਰਜ ਮੈਡਮ ਰਾਜਿੰਦਰ ਕੌਰ ਦੀ ਦੇਖ ਰੇਖ ਵਿੱਚ ਐਨਵਾਰਮੈਂਟ ਐਜੂਕੇਸ਼ਨ ਪ੍ਰੋਗਰਾਮ ਦੇ ਹੇਠ ਡਾ. ਅੰਬੇਦਕਰ ਜੰਯਤੀ ਨੂੰ ਮੁੱਖ ਰੱਖਦੇ ਹੋਏ ਕਾਲਜ ਕੈਂਪਸ ਵਿੱਚ ਔਸ਼ਧੀ ਪੌਦੇ ਲਗਾਏ ਗਏ। ਜਿਸ ਵਿੱਚ ਨਿੰਮ, ਐਲੋਵੇਰਾ, ਤੁਲਸੀ ਆਦਿ ਪੌਦੇ ਸਨ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਐਨ ਐੱਸ ਐੱਸ ਵਿਭਾਗ ਵੱਲੋਂ ਕਰਵਾਏ ਗਏ ਵਿਸ਼ੇਸ਼ ਲੈਕਚਰ ਵਿੱਚ ਵੀ ਭਾਗ ਲਿਆ ਅਤੇ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਅਤੇ ਵਿਚਾਰਧਾਰਾ ਬਾਰੇ ਜਾਣਕਾਰੀ ਹਾਸਲ ਕੀਤੀ ।ਇਸ ਮੌਕੇ ਈਕੋ ਕਲੱਬ ਦੇ ਸਹਿਯੋਗੀ ਮੈਡਮ ਹਰਲੀਨ ਕੌਰ ਅਤੇ ਸਟਾਫ ਮੈਂਬਰ ਹਾਜ਼ਰ ਸਨ।



# ਇਫਟੂ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਸ਼ਰਧਾਂਜਲੀਆਂ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਨਿਊ ਆਟੋ ਵਰਕਰ ਯੂਨੀਅਨ ਅਤੇ ਰੇਹੜੀ ਵਰਕਰ ਯੂਨੀਅਨ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਵਸ ਮੌਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਅੰਬੇਡਕਰ ਚੌਂਕ ਵਿਚ ਡਾਕਟਰ ਬੀ.ਆਰ.ਅੰਬੇਡਕਰ ਦੇ ਬੁੱਤ ਤੇ ਫੁੱਲ ਮਾਲਾਵਾਂ ਪਹਿਨਾਉਣ ਉਪਰੰਤ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ ,ਸੂਬਾ ਆਗੂ ਅਵਤਾਰ ਸਿੰਘ ਤਾਰੀ,ਜਸਬੀਰ ਦੀਪ,ਜਿਲਾ ਪ੍ਰਧਾਨ ਗੁਰਦਿਆਲ ਰੱਕੜ,ਜਿਲਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਆਟੋ ਵਰਕਰ ਯੂਨੀਅਨ ਦੇ ਜਿਲਾ ਪ੍ਰਧਾਨ ਪੁਨੀਤ ਕੁਮਾਰ ਬਛੌੜੀ, ਤਰਨਜੀਤ ਅਤੇ ਗੁਰਪ੍ਰੀਤ ਨੇ ਕਿਹਾ ਕਿ ਜਦੋਂ ਡਾ. ਅੰਬੇਡਕਰ ਦਾ ਜਨਮ ਹੋਇਆ ਉਸ ਸਮੇਂ ਭਾਰਤ ਜਗੀਰੂ ਵਿਚਾਰਧਾਰਾ ਵਿੱਚ ਜਕੜਿਆ ਛੂਤ ਛਾਤ ਜਾਤੀਵਾਦ ਪ੍ਰਥਾ ਅਧਾਰਤ ਜਮਾਤੀ ਸਮਾਜ ਵਿੱਚ ਵੰਡਿਆ ਹੋਇਆ ਸੀ। ਡਾਕਟਰ ਸਾਹਿਬ ਨੇ ਛੂਤ ਛਾਤ, ਜਾਤੀਵਾਦ ਦਾ ਜਬਰ ਆਪਣੇ ਪਿੰਡੇ ਤੇ ਹੰਢਾਉਂਦੇ ਆਪਣੀ ਪੜ੍ਹਾਈ ਮੁਕੰਮਲ ਕੀਤੀ ।1927 ਵਿੱਚ ਉਹਨਾਂ ਛੂਤ ਛਾਤ,ਜਾਤੀਵਾਦ ਦੇ ਖਿਲਾਫ ਆਪਣਾ ਸਘੰਰਸ਼ ਤੇਜ ਕਰ ਦਿੱਤਾ ਅਤੇ ਮਹਾਰਾਸ਼ਟਰ ਵਿੱਚ ਰਾਇਗੜ੍ਹ ਦੇ ਮਹਾਡ ਵਿੱਚ ਉਹਨਾਂ ਨੇ ਮੰਨੂ ਸਿਮਰਤੀ ਦੀ ਪੁਰਾਣੀ ਕਾਪੀ ਫੂਕ ਕੇ ਇਸ ਵਿਰੁੱਧ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦਿੱਤਾ।ਉਹ ਦੇਸ਼ ਦੇ ਪਹਿਲੇ ਲੇਬਰ ਮੰਤਰੀ ਬਣੇ, ਉਹਨਾਂ ਦਲਿਤਾਂ ਲਈ ਨੌਕਰੀਆਂ, ਜਮੀਨਾਂ ਦੇ ਅਧਿਕਾਰ ਸਮੇਤ ਬਹੁਤ ਸਾਰੇ ਕਾਨੂੰਨੀ ਉਪਰਾਲੇ ਕੀਤੇ, ਉਹਨਾਂ ਵੱਲੋਂ ਦੇਸ਼ ਦੇ ਦਲਿਤ ਭਾਈਚਾਰੇ ਨੂੰ ,ਪੜ੍ਹੋ ਜੁੜੋ ਸੰਘਰਸ਼ ਕਰੋ ਦੇ ਨਾਅਰੇ ਤਹਿਤ ਜਥੇਬੰਦ ਹੋਣ ਦਾ ਸੱਦਾ ,ਇਸ ਲਈ ਦਿੱਤਾ ਕਿ ਭਾਵੇਂ ਸੰਵਿਧਾਨ ਵਿੱਚ ਦੇਸ਼ ਦੇ ਮਿਹਨਤਕਸ਼ ਲੋਕਾਂ ਦੀ ਮੁਕਤੀ ਲਈ ਕਾਨੂੰਨੀ ਅਧਿਕਾਰ ਹਨ ,ਪਰੰਤੂ ਇਹਨਾਂ ਅਧਿਕਾਰਾਂ ਨੂੰ ਜਥੇਬੰਦ ਹੋਣ ਉਪਰੰਤ ਹੀ ਲਾਗੂ ਕਰਾਇਆ ਜਾ ਸਕਦਾ ਹੈ।ਇਫਟੂ ਦੇ ਜਿਲਾ ਪ੍ਰਧਾਨ ਗੁਰਦਿਆਲ ਰੱਕੜ ਨੇ ਦੱਸਿਆ ਕਿ ਇਫਟੂ ਵਲੋਂ ਪਹਿਲੀ ਮਈ ਨੂੰ ਕੌਮਾਂਤਰੀ ਮਜਦੂਰ ਦਿਵਸ ਵਿਸ਼ਵਕਰਮਾ ਮੰਦਰ ਰਾਹੋਂ ਰੋਡ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਮਨਾਇਆ ਜਾਵੇਗਾ।ਇਸ ਮੌਕੇ ਆਜਾਦ ਰੰਗਮੰਚ ਫਗਵਾੜਾ ਵਲੋਂ ਡਾਕਟਰ ਅੰਬੇਡਕਰ ਦੀ ਜਿੰਦਗੀ ਅਤੇ ਸੰਘਰਸ਼ਾਂ ਉੱਤੇ ਅਧਾਰਤ ਨਾਟਕ ਖੇਡਿਆ ਜਾਵੇਗਾ।

# ਡਾ. ਅੰਬੇਡਕਰ ਦੇ ਜਨਮ ਦਿਨ 'ਤੇ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਚਕਲੀ ਸੁਜਾਤ ਦੇ ਸਹਿਯੋਗ ਦੇ ਨਾਲ ਬਾਬਾ ਸਾਹਿਬ ਡਾਕਟਰ ਅੰਬੇਡਕਰ ਸਾਹਿਬ ਦੇ ਜਨਮ ਦਿਨ ਨੂੰ ਸਮਰਪਿਤ ਅੰਬੇਦਕਰ ਭਵਨ ਪਿੰਡ ਚਕਲੀ ਸੁਜਾਤ ਵਿਖੇ ਸੰਧੂ ਹਸਪਤਾਲ ਚੰਡੀਗੜ੍ਹ ਰੋਡ ਸਮੁੱਚੀ ਟੀਮ ਸਹਿਯੋਗ ਦੇ ਨਾਲ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਸਤਪਾਲ ਪਿੰਡ ਚਕਲੀ ਸੁਜਾਤ ਨੇ ਕਿਹਾ ਕਿ ਕੈਂਪ 'ਚ ਅੱਖਾਂ ਦੇ ਮਾਹਰ ਰਿਟਾਇਰ ਸਿਵਲ ਸਰਜਨ ਡਾ. ਦਵਿੰਦਰ ਢਾਡਾ ਮੈਡੀਕਲ ਸਮੁੱਚੀ ਟੀਮ ਵਲੋਂ ਸੇਵਾ ਕੀਤੀ ਗਈ। ਕੈਂਪ ਵਿੱਚ 145 ਤੋਂ ਵੱਧ ਮਰੀਜ਼ਾਂ ਨੇ ਲਾਭ ਲਿਆ। ਵਿਧਾਇਕ ਨਛੱਤਰ ਪਾਲ ਨੇ ਕਿਹਾ ਕਿ ਬਾਬਾ ਸਾਹਿਬ ਨੇ ਆਪਣਾ ਪੂਰਾ ਜੀਵਨ ਲੋੜਵੰਦ ਲੋਕਾਂ ਦੇ ਅਧਿਕਾਰਾਂ ਨੂੰ ਸੁਰੱਖਿਅਤ ਅਤੇ ਯਕੀਨੀ ਕਰਨ ਲਈ ਸਮਰਪਿਤ ਕਰ ਦਿੱਤਾ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਲੋੜਵੰਦ ਲੋਕਾਂ ਅਤੇ ਔਰਤਾਂ ਦੇ ਅਧਿਕਾਰਾਂ ਲਈ ਵਿਆਪਕ ਪੱਧਰ ਉਤੇ ਅੰਦੋਲਨ ਚਲਾਏ ਗਏ।



# ਡਰੋਲੀ ਕਲਾਂ ਵਿਖੇ ਵਿਸਾਖੀ ਦਾ ਤਿਉਹਾਰ ਸ਼ਰਧਾ-ਪੂਰਵਕ ਮਨਾਇਆ

**ਆਦਮਪੁਰ, (ਪਰਮਜੀਤ ਸਿੰਘ)**- ਗੁਰਦੁਆਰਾ ਸਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਜਲੰਧਰ ਵਿਖੇ ਖਾਲਸਾ ਸਾਜਨਾ ਦਿਵਸ (ਵਿਸਾਖੀ) ਦਾ ਤਿਉਹਾਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਦੇਖ-ਰੇਖ ਹੇਠ ਅਤੇ ਸਮੂਹ ਸੰਗਤਾਂ ਸਹਿਯੋਗ ਨਾਲ ਬੜੀ ਸ਼ਰਧਾ-ਪੂਰਵਕ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਭਾਈ ਪਿਆਰਾ ਸਿੰਘ ਦੇ ਰਾਗੀ ਜਥੇ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਦੌਰਾਨ ਭਾਈ ਗੁਰਜੀਤ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਸਹੀਦ ਬਾਬਾ ਮਤੀ ਸਾਹਿਬ ਡਰੋਲੀ ਕਲਾਂ, ਭਾਈ ਤਾਰਬਲਬੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਮਹਾਂਦੀਪ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਹਰਪ੍ਰੀਤ ਸਿੰਘ ਬਡਾਲਾ ਕਥਾਵਾਚਕ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ, ਗਿਆਨੀ ਗੁਰਮੀਤ ਸਿੰਘ ਐਮ.ਏ ਹਜ਼ੂਰੀ ਢਾਡੀ ਜੱਥਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਜੱਥਿਆਂ ਵੱਲੋਂ ਵੀ ਆਈਆਂ ਹੋਈਆਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਬਾਬਾ ਸਤਨਾਮ ਸਿੰਘ ਕਾਰ ਸੇਵਾ ਵਾਲੇ, ਦਿਲਬਾਗ ਸਿੰਘ ਹੈਡ ਗ੍ਰੰਥੀ, ਸੁਖਵਿੰਦਰ ਸਿੰਘ ਕੋਟਲੀ ਹਲਕਾ ਵਿਧਾਇਕ ਆਦਮਪੁਰ, ਪਵਨ ਕੁਮਾਰ ਟੀਨੂ ਸੀਨੀਅਰ ਸਪੋਕਸਮੈਨ ਆਮ ਆਦਮੀ ਪਾਰਟੀ, ਨਵਤੇਜ ਸਿੰਘ ਮਿਨਹਾਸ ਐਡਵੋਕੇਟ, ਰਸਪਾਲ ਸਿੰਘ ਸਰਪੰਚ, ਰਣਵੀਰ ਪਾਲ ਸਿੰਘ, ਨਰਿੰਦਰ ਸਿੰਘ, ਜਰਨੈਲ ਸਿੰਘ, ਕਮਲਜੀਤ ਸਿੰਘ, ਜਰਨੈਲ ਸਿੰਘ ਪਰਮਾਰ, ਸਤਨਾਮ ਸਿੰਘ ਇੰਸਪੈਕਟਰ ਸੀ.ਆਈ.ਡੀ, ਡਾਕਟਰ ਗੁਰਮੀਤ ਸਿੰਘ ਸਿਵਲ ਸਰਜਨ ਜਲੰਧਰ, ਡਾਕਟਰ ਰਣਧੀਰ ਸਿੰਘ ਰੰਧਾਵਾ, ਦਲਜੀਤ ਸਿੰਘ ਮਿਨਹਾਸ, ਦਲਵੀਰ ਸਿੰਘ, ਤਰਸੇਮ ਸਿੰਘ ਕੋਟਲੀ ਅਤੇ ਹੋਰ ਇਲਾਕੇ ਦੀਆਂ ਸੰਗਤਾਂ ਹਾਜ਼ਰ ਹੋਈਆਂ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



# ਹਰਜੋਤ ਬੈਂਸ ਨੇ ਰਿਆਤ ਬਾਹਰਾ 'ਵਰਸਿਟੀ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ



**ਕੁਰਾਲੀ (ਮੋਹਨ ਅੱਗਰਵਾਲ)**

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇੱਥੇ ਦਲਿਤ ਆਗੂ ਭੀਮ ਰਾਓ ਰਾਮਜੀ ਅੰਬੇਡਕਰ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਯਾਦ ਕੀਤਾ, ਜਿਨ੍ਹਾਂ ਨੂੰ ਭਾਰਤ ਦੇ ਸੰਵਿਧਾਨ ਦੇ ਪਿਤਾ ਅਤੇ ਪੀੜਤਾਂ ਲਈ ਲੜਨ ਵਾਲੇ ਵਿਅਕਤੀ ਵਜੋਂ ਯਾਦ ਕੀਤਾ ਜਾਂਦਾ ਹੈ।ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਦੇਣ ਲਈ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਬੋਲਦਿਆਂ, ਬੈਂਸ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਕਈ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਬਣੇ ਰਹਿਣਗੇ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਭਾਰਤੀ ਸਮਾਜ ਨੂੰ ਪੂਰੀ ਤਰ੍ਹਾਂ ਸਮਝਿਆ ਅਤੇ ਭਵਿੱਖ ਲਈ ਰਾਹ ਪੱਧਰਾ ਕੀਤਾ।ਇਸ ਮੌਕੇ 'ਤੇ ਬੋਲਦਿਆਂ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਬਾਬਾ ਸਾਹਿਬ ਦੇ ਨਾਂਅ ਨਾਲ ਮਸ਼ਹੂਰ, ਅੰਬੇਡਕਰ ਇੱਕ ਭਾਰਤੀ ਕਾਨੂੰਨਸਾਜ਼, ਅਰਥਸ਼ਾਸਤਰੀ, ਸਿਆਸਤਦਾਨ ਅਤੇ ਸਮਾਜ ਸੁਧਾਰਕ ਸਨ ਜਿਨ੍ਹਾਂ ਨੇ ਦਲਿਤ ਬੋਧੀ ਅੰਦੋਲਨ ਨੂੰ ਪ੍ਰੇਰਿਤ ਕੀਤਾ।ਉਸਨੇ ਅਛੂਤਾਂ ਖਿਲਾਫ ਸਮਾਜਿਕ ਵਿਤਕਰੇ ਵਿਰੁੱਧ ਮੁਹਿੰਮ ਚਲਾਈ ਅਤੇ ਔਰਤਾਂ ਅਤੇ ਮਜ਼ਦੂਰਾਂ ਦੇ ਅਧਿਕਾਰਾਂ ਦਾ ਵੀ ਸਮਰਥਨ ਕੀਤਾ।ਸਮਾਗਮ ਵਿੱਚ ਮਾਲਵਿੰਦਰ ਸਿੰਘ ਕੰਗ ਐਮ.ਪੀ ਸ੍ਰੀ ਅਨੰਦਪੁਰ ਸਾਹਿਬ, ਪ੍ਰਭਜੋਤ ਕੌਰ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੁਹਾਲੀ, ਚੇਅਰਮੈਨ ਪੰਜਾਬ ਯੂਥ ਵਿਕਾਸ ਬੋਰਡ ਪਰਮਿੰਦਰ ਸਿੰਘ ਗੋਲਡੀ,ਆਦਿ ਹਾਜ਼ਰ ਸਨ।ਮੋਹਾਲੀ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕੈਬਨਿਟ ਮੰਤਰੀ ਦਾ ਉਨ੍ਹਾਂ ਦੇ ਆਉਣ ਤੇ ਸਵਾਗਤ ਕੀਤਾ।ਬਾਅਦ ਵਿੱਚ ਮੰਤਰੀ ਨੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮਾਂ, ਅਸ਼ੀਰਵਾਦ ਸਕੀਮ ਅਤੇ ਪੀਐਮਏਜੀਵਾਈ ਸਕੀਮ ਦੇ ਪੰਜ-ਪੰਜ ਲਾਭਪਾਤਰੀਆਂ ਨੂੰ ਪੱਤਰ ਵੰਡੇ।ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

# ਡਾ. ਅੰਬੇਡਕਰ ਦੁਆਰਾ ਦਿਖਾਏ ਗਏ ਮਾਰਗ 'ਤੇ ਚੱਲਣਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ : ਚੀਮਾ

**ਜਲੰਧਰ, (ਸ਼ੈਲੀ ਐਲਬਰਟ)**

ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਸਿਧਾਤਾਂ ਨੂੰ ਕਾਇਮ ਰੱਖਣ ਲਈ ਆਮ ਆਦਮੀ ਪਾਰਟੀ (ਆਪ) ਸਰਕਾਰ ਦੁਆਰਾ ਕੀਤੀਆਂ ਗਈਆਂ ਅਹਿਮ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਕੈਬਨਿਟ ਵਿੱਚ ਛੇ ਅਨੁਸੂਚਿਤ ਜਾਤੀ (ਐਸ.ਸੀ) ਵਰਗ ਦੇ ਮੰਤਰੀਆਂ ਦੇ ਨਾਲ ਆਪ ਸਰਕਾਰ ਨੇ ਪ੍ਰਤੀਨਿਧਤਾ ਅਤੇ ਸਮਾਵੇਸ਼ ਦੀ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੰਜਾਬ ਸਰਕਾਰ ਨੇ ਐਡਵੋਕੇਟ ਜਨਰਲ ਦੇ ਦਫ਼ਤਰ ਵਿੱਚ ਰਾਖਵਾਂਕਰਨ ਲਾਗੂ ਕਰਕੇ ਕਾਨੂੰਨੀ ਖੇਤਰ ਵਿੱਚ ਸਾਰਿਆਂ ਲਈ ਬਰਾਬਰ ਮੌਕੇ ਯਕੀਨੀ ਬਣਾਏ ਹਨ। ਇਸ ਤੋਂ ਇਲਾਵਾ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਵਜ਼ੀਫ਼ਿਆਂ ਦੀ ਮੁਸ਼ਕਲ ਰਹਿਤ ਸੌਖਾਲੀ ਵੰਡ ਰਾਹੀਂ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਸ਼ਕਤ ਬਣਾਇਆ ਜਾ ਰਿਹਾ ਹੈ।ਡਾ. ਅੰਬੇਡਕਰ ਦੇ 134ਵੇਂ ਜਨਮ ਦਿਵਸ ਨੂੰ ਮਨਾਉਣ ਲਈ ਡੇਵਿਟ ਕਾਲਜ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ, ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਨੌਜਵਾਨਾਂ ਨੂੰ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਨੂੰ ਅਪਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲਣਾ ਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੈ।ਕੈਬਨਿਟ ਮੰਤਰੀ ਚੀਮਾ, ਜਿਨ੍ਹਾਂ ਨਾਲ ਵਿਧਾਇਕ ਬਲਕਾਰ ਸਿੰਘ ਅਤੇ ਇੰਦਰਜੀਤ ਕੌਰ ਮਾਨ, ਮੇਅਰ ਵਿਨੀਤ ਧੀਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਸ੍ਰੀਮਤੀ ਧਨਪ੍ਰੀਤ ਕੌਰ ਸਨ, ਨੇ ਜ਼ੋਰ ਦੇ ਕੇ ਕਿਹਾ ਕਿ ਡਾ. ਅੰਬੇਡਕਰ ਦਾ ਸਮਾਜਿਕ ਅਤੇ ਰਾਜਨੀਤਿਕ ਸਮਾਨਤਾ ਦਾ ਦ੍ਰਿਸ਼ਟੀਕੋਣ ਅੱਜ ਵੀ ਪਹਿਲਾਂ ਜਿੰਨਾ ਹੀ ਪ੍ਰਸੰਗਿਕ ਹੈ।ਡਾ. ਅੰਬੇਡਕਰ ਨੂੰ ਇੱਕ ਆਲਮੀ ਰਸੂਖ ਵਾਲਾ ਵਿਅਕਤੀ ਦੱਸਦਿਆਂ ਸ. ਚੀਮਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਇੱਕ ਸਮਾਵੇਸ਼ੀ ਅਤੇ ਨਿਆਂਪੂਰਨ ਸਮਾਜ ਬਣਾਉਣ ਲਈ ਮਿਲੇ ਕੇ ਯਤਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਡਾ. ਅੰਬੇਡਕਰ ਨੇ ਨਾ ਸਿਰਫ਼ ਸਾਡਾ ਸੰਵਿਧਾਨ ਤਿਆਰ ਕੀਤਾ ਬਲਕਿ ਆਪਣੇ ਦੂਰਅੰਦੇਸ਼ੀ ਦ੍ਰਿਸ਼ਟੀਕੋਣ ਨਾਲ ਭਾਰਤੀ ਰਿਜ਼ਰਵ ਬੈਂਕ ਦੀ ਸਥਾਪਨਾ ਦੀ ਨੀਂਹ ਵੀ ਰੱਖੀ।ਇਸ ਮੌਕੇ ਚੀਮਾ ਨੇ ਅਸ਼ੀਰਵਾਦ ਸਕੀਮ ਅਤੇ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਲਾਭਪਾਤਰੀਆਂ ਨੂੰ ਵਧਾਈ ਪੱਤਰ ਵੀ ਵੰਡੇ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਵੱਲੋਂ ਇੱਕ ਕਿਤਾਬਚਾ ਵੀ ਜਾਰੀ ਕੀਤਾ ਗਿਆ, ਜਿਸ ਵਿੱਚ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੀ ਭਲਾਈ ਲਈ ਸਰਕਾਰ ਦੀਆਂ ਪਹਿਲਕਦਮੀਆਂ ਨੂੰ ਦਰਸਾਇਆ ਗਿਆ ਹੈ। ਇਸ ਮੌਕੇ ਪੰਜਾਬ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਅਬਦੁਲ ਬਾਰੀ ਸਲਮਾਨੀ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜਵਿੰਦਰ ਕੌਰ ਥਿਆੜਾ, ਪੰਜਾਬ ਐਗਰੀ ਐਕਸਪੋਰਟ ਲਿਮਟਿਡ ਦੇ ਚੇਅਰਮੈਨ ਮੰਗਲ ਸਿੰਘ ਬੱਸੀ, ਆਪ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ, ਆਪ ਦੇ ਜ਼ਿਲ੍ਹਾ ਰੂਰਲ ਪ੍ਰਧਾਨ ਸਟੀਫਨ ਕਲੇਰ, ਪੰਜਾਬ ਹੈਰੀਟੇਜ ਐਂਡ ਟੂਰਿਜ਼ਮ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਦੀਪਕ ਬਾਲੀ, ਪਵਨ ਕੁਮਾਰ ਟੀਨੂੰ, ਵਧੀਕ ਡਿਪਟੀ ਕਮਿਸ਼ਨਰ ਜਸਵੀਰ ਸਿੰਘ ਹਾਜ਼ਰ ਸਨ।



## ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**- ਹਲਕਾ ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ ਵੱਲੋਂ ਅਨਾਜ ਮੰਡੀ ਗੁਰੂ ਹਰਸਹਾਏ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਗੁਰੂ ਹਰਸਹਾਏ ਦੇ ਚੇਅਰਮੈਨ ਸੁਸ਼ੀਲ ਬੱਟੀ ਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜ਼ਰ ਸਨ।ਕਣਕ ਦੀ ਖ਼ਰੀਦ ਸ਼ੁਰੂ ਕਰਨ ਉਪਰੰਤ ਹਲਕਾ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਣਕ ਦੀ ਖ਼ਰੀਦ ਲਈ ਮੰਡੀਆਂ ਵਿੱਚ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆ ਵਿੱਚ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਦਿੱਕਤ ਨਹੀਂ ਆਵੇਗੀ।ਇਸ ਦੌਰਾਨ ਉਨ੍ਹਾਂ ਉੱਥੇ ਮੌਜੂਦ ਕੁਝ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਤੇ ਕਿਹਾ ਕਿ ਜੇਕਰ ਉਨ੍ਹਾਂ ਨੂੰ ਫਸਲ ਵੇਚਣ ਵਿੱਚ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਦੀ ਸਮੱਸਿਆ ਦਾ ਹੱਲ ਜਲਦੀ ਕੀਤਾ ਜਾਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਫ਼ਸਲ ਨੂੰ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਕਿ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਸਕੱਤਰ ਮਾਰਕੀਟ ਕਮੇਟੀ ਗੁਰ ਹਰਸਹਾਏ ਬਿਕਰਮਜੀਤ ਸਿੰਘ, ਆੜ੍ਹਤੀਆ ਐਸੋਸੀਏਸ਼ਨ ਦੇ ਮੈਂਬਰ, ਕਿਸਾਨ ਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

## ਨਾਬਾਲਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ ਨੌਜਵਾਨ ਖਿਲਾਫ਼ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਮਾਛੀਵਾੜਾ ਪੁਲਸ ਵੱਲੋਂ ਇੱਕ ਨਾਬਾਲਗ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਕਥਿਤ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਰਾਹੁਲ ਵਾਸੀ ਕਾਕਰਾਂ ਕਲਾਂ, ਜ਼ਿਲ੍ਹਾ ਸਹਿਜਾਨਪੁਰ (ਯੂ.ਪੀ.) ਵਜੋਂ ਹੋਈ ਹੈ। ਲੜਕੀ ਦੇ ਪਿਤਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਇੱਕ ਫੈਕਟਰੀ ਵਿੱਚ ਕੰਮ ਕਰਦਾ ਹੈ ਤੇ 11 ਅਪ੍ਰੈਲ ਨੂੰ ਜਦੋਂ ਉਹ ਫੈਕਟਰੀ ਵਿੱਚ ਡਿਊਟੀ ਕਰਕੇ ਸਵੇਰੇ 7 ਵਜੇ ਵਾਪਸ ਆਇਆ ਤੇ ਦੁਪਹਿਰ 12 ਵਜੇ ਖਾਣਾ ਖਾ ਕੇ ਸੌਂ ਗਿਆ। ਸ਼ਾਮ 6 ਵਜੇ ਜਦੋਂ ਉਸ ਦੀ ਪਤਨੀ ਨੇ ਆ ਕੇ ਕੁਆਰਟਰ ਦੇਖਿਆ ਕਿ ਉਨ੍ਹਾਂ ਦੀ ਨਾਬਾਲਗ ਲੜਕੀ ਘਰ ਵਿੱਚ ਮੌਜੂਦ ਨਹੀਂ ਸੀ। ਆਸਪਾਸ ਪਤਾ ਕਰਨ 'ਤੇ ਪਤਾ ਲੱਗਾ ਕਿ ਨੌਜਵਾਨ ਰਾਹੁਲ ਉਸ ਦੀ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ। ਪੁਲਸ ਵੱਲੋਂ ਉਕਤ ਨੌਜਵਾਨ ਖਿਲਾਫ਼ ਮਾਮਲਾ ਦਰਜ ਕਰ ਦੋਵਾਂ ਦੀ ਤਲਾਸ਼ ਸ਼ੁਰੂ ਕਰ ਦਿੱਤੀ ਹੈ।

## ਡਾ. ਅੰਬੇਡਕਰ ਨੇ ਸਮਾਜ ਵੱਲੋਂ ਲਿਤਾੜੇ ਲੋਕਾਂ ਨੂੰ ਸਿਰ ਉਠਾ ਕੇ ਚੱਲਣ ਦੀ ਨੁਮਾਇੰਦਗੀ ਦਿੱਤੀ : ਦੁਆ



**ਸਮਰਾਲਾ (ਸੁਰਜੀਤ ਸਿੰਘ)**- ਦੇਸ਼ ਦੇ ਸੰਵਿਧਾਨ ਨਿਰਮਾਤਾ ਤੇ ਦੂਰਅੰਦੇਸ਼ੀ ਵਿਦਵਾਨ ਡਾ. ਭੀਮ ਰਾਓ ਅੰਬੇਡਕਰ ਨੇ ਉਸ ਸਮੇਂ ਦੇ ਹੀ ਨਹੀਂ ਬਲਕਿ ਆਉਣ ਵਾਲੇ ਸਮਿਆਂ ਦੌਰਾਨ ਸਮਾਜ ਵੱਲੋਂ ਲਤਾੜੇ ਲੋਕਾਂ ਨੂੰ ਭਾਰਤੀ ਸੰਵਿਧਾਨ ਵਿੱਚ ਬਰਾਬਰ ਦੇ ਹੱਕ ਰਾਖਵੇਂ ਕਰਕੇ ਉਨ੍ਹਾਂ ਨੂੰ ਸਮਾਜ ਵਿੱਚ ਬਰਾਬਰੀ ਦਾ ਦਰਜਾ ਦੇ ਕੇ ਸਿਰ ਉਠਾ ਕੇ ਚੱਲਣ ਦੀ ਨੁਮਾਇੰਦਗੀ ਦਿੱਤੀ।ਇਹ ਵਿਚਾਰ ਇਥੇ ਕੌਂਸਲਰ ਤੇ ਕਾਂਗਰਸ ਦੇ ਸ਼ਹਿਰੀ ਪ੍ਰਧਾਨ ਸੰਨੀ ਦੁਆ ਨੇ ਪ੍ਰਧਾਨ ਧਰਮਜੀਤ ਸਿੰਘ ਦੀ ਅਗਵਾਈ ਵਿੱਚ ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਵੈੱਲਫੇਅਰ ਸੁਸਾਇਟੀ ਸਮਰਾਲਾ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਹਾੜੇ ਮੌਕੇ ਹਾਜ਼ਰ ਪਤਵੰਤਿਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਇੱਕ ਅਜਿਹਾ ਦਸਤਾਵੇਜ਼ ਹੈ ਜੋ ਸਾਰੀ ਦੁਨੀਆ ਦੇ ਲੋਕਤੰਤਰਿਕ ਦੇਸ਼ਾਂ ਦੇ ਸੰਵਿਧਾਨਾਂ ਦੇ ਅਧਿਐਨ ਦਾ ਨਿਚੋੜ ਕਰਨ ਉਪਰੰਤ ਜੋ ਦੇਸ਼ ਲਈ ਚੰਗੀਆਂ ਚੀਜ਼ਾਂ ਸਾਹਮਣੇ ਆਈਆਂ, ਉਨ੍ਹਾਂ ਨੂੰ ਡਾ. ਅੰਬੇਡਕਰ ਨੇ ਉਸ ਦਸਤਾਵੇਜ਼ ਵਿੱਚ ਸ਼ਾਮਲ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਦੂਰਦਰਸ਼ੀ ਵਿਦਵਾਨ ਦੇ ਭਾਰਤੀ ਸਮਾਜ ਪ੍ਰਤੀ ਯੋਗਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।ਇਸ ਮੌਕੇ ਡਾ. ਅੰਬੇਡਕਰ ਦੀ ਤਸਵੀਰ ਅੱਗੇ ਫੁੱਲ ਅਰਪਣ ਕਰਕੇ ਨਮਨ ਕੀਤਾ ਗਿਆ।ਸੁਸਾਇਟੀ ਦੇ ਪ੍ਰਧਾਨ ਧਰਮਜੀਤ ਸਿੰਘ ਨੇ ਕਿਹਾ ਕਿ ਮਿਸ਼ਨ ਦਾ ਮੁੱਖ ਉਦੇਸ਼ ਪੜ੍ਹਾਈ ਤੋਂ ਵਾਂਝੇ ਰਹਿ ਗਏ ਗਰੀਬ ਬੱਚਿਆਂ ਨੂੰ ਪੜ੍ਹਾਉਣਾ ਤੇ ਲੋੜਵੰਦਾਂ ਦੀ ਹਰ ਸੰਭਵ ਮਦਦ ਕਰਨਾ ਹੈ।ਇਸ ਮੌਕੇ ਰੈਸਲਿੰਗ ਵਿੱਚ ਆਪਣੀ ਪਛਾਣ ਬਣਾ ਚੁੱਕੇ ਕਿਰਨਦੀਪ ਸਿੰਘ ਬੋਦਲੀ ਨੂੰ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਕੌਂਸਲਰ ਸਨੀ ਦੂਆ ਸ਼ਹਿਰੀ ਪ੍ਰਧਾਨ ਕਾਂਗਰਸ ਸਮਰਾਲਾ, ਡਾ. ਜਸਦੇਵ ਸਿੰਘ ਐੱਸ ਐੱਮ ਓ ਮਾਛੀਵਾੜਾ ਸਾਹਿਬ, ਇੰਦਰਜੀਤ ਸਿੰਘ ਐਡਵੋਕੇਟ ਲੁਧਿਆਣਾ, ਕੌਂਸਲਰ ਸੇਵਾ ਸਿੰਘ ਤੇ ਅਮਰਜੀਤ ਸਿੰਘ ਬਾਲਿਓ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।ਸਮਾਗਮ ਵਿੱਚ ਉਪਰੋਕਤ ਤੋਂ ਇਲਾਵਾ ਤਰਸੇਮ ਕੁਮਾਰ ਸ਼ਰਮਾ, ਜੁਗਲ ਕਿਸ਼ੋਰ ਸਾਹਨੀ, ਡਾ. ਲਖਵਿੰਦਰ ਸਿੰਘ, ਡਾ. ਰਸ਼ਪਾਲ ਸਿੰਘ, ਜਗੀਰਾ ਰਾਮ ਕੋਟਾਲਾ, ਵਿਸ਼ਾਲ ਭਾਰਤੀ, ਰਿਕੂ ਥਾਪਰ, ਸੋਹਣ ਸਿੰਘ ਰਾਏ, ਚੰਦ ਸਿੰਘ ਦੀਵਾਲਾ, ਕਰਨੈਲ ਸਿੰਘ ਰਿਟਾਇਰਡ ਸੁਪਰਡੈਂਟ, ਪ੍ਰੀਤਮ ਸਿੰਘ, ਹਰਬੰਸ ਲਾਲ, ਪ੍ਰਿੰ. ਹਰਜਿੰਦਰ ਸਿੰਘ, ਧਰਮ ਸਿੰਘ, ਮਹਿੰਦਰ ਸਿੰਘ ਉਟਾਲਾਂ, ਹਰਨੇਕ ਸਿੰਘ, ਜਗਮੋਹਨ ਸਿੰਘ, ਰਾਜੀਵ ਕੁਮਾਰ ਲਵਲੀ, ਨੰਬਰਦਾਰ ਹਾਕਮ ਸਿੰਘ ਹੇੜੀਆਂ, ਕਰਨੈਲ ਸਿੰਘ ਕੋਟਾਲਾ ਤੋਂ ਇਲਾਵਾ ਇਲਾਕੇ ਦੀ ਵੱਖੋ ਵੱਖ ਜਥੇਬੰਦੀਆਂ ਦੇ ਅਹੁਦੇਦਾਰਾਂ ਨੇ ਹਾਜ਼ਰੀ ਭਰੀ।ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਸੁਸਾਇਟੀ ਦੇ ਪ੍ਰਬੰਧਕ ਜਿਨ੍ਹਾਂ ਵਿੱਚ ਰਘਵੀਰ ਸਿੰਘ ਰਿਟਾ. ਐੱਸਡੀਓ, ਸੁਵਿੰਦਰ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਸਿਕੰਦਰ ਸਿੰਘ ਪੀ.ਐੱਨ.ਪੀ, ਸੂਬੇਦਾਰ ਕੇਸਰ ਸਿੰਘ ਆਦਿ ਤੋਂ ਇਲਾਵਾ ਹੋਰ ਮੈਂਬਰ ਨੇ ਪੂਰਨ ਯੋਗਦਾਨ ਪਾਇਆ।

## ਕਾਰਜ ਸਾਧਕ ਅਫਸਰ ਸਿਕੰਦਰ ਸਿੰਘ ਨੇ ਅਹੁਦਾ ਸੰਭਾਲਿਆ



**ਬਰੇਟਾ (ਰੀਤਵਾਲ)** - ਸਥਾਨਕ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਸਿਕੰਦਰ ਸਿੰਘ ਨੇ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਦੱਸਿਆ ਕਿ ਲੋਕ ਭਲਾਈ ਸਕੀਮਾਂ ਜਿਵੇਂ ਕਿ ਪ੍ਰਧਾਨ ਮੰਤਰੀ ਸ਼ਹਿਰੀ ਅਵਾਸ ਯੋਜਨਾ, ਪੀ. ਐੱਮ. ਸਵੈਨਿਧੀ ਸਕੀਮ ਆਦਿ ਲੋੜਵੰਦ ਲੋਕਾਂ ਤੱਕ ਪਹੁੰਚਾਈਆਂ ਜਾਣਗੀਆਂ। ਇਸ ਤੋਂ ਇਲਾਵਾ ਜਨਮ ਤੇ ਮੌਤ, ਨਕਸ਼ਾ ਫੀਸ ਆਦਿ ਦੀਆਂ ਸੇਵਾਵਾਂ ਬਿਨਾਂ ਕਿਸੇ ਦੇਰੀ ਤੋਂ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਗਾਂਧੀ ਰਾਮ ਸਿੰਗਲਾ ਤੇ ਕੌਂਸਲਰ ਸਾਹਿਬਾਨ, ਨਗਰ ਕੌਂਸਲ ਦੇ ਜੂਨੀਅਰ ਇੰਜੀਨੀਅਰ ਗੁਰਜੰਟ ਸਿੰਘ, ਜੂਨੀਅਰ ਸਹਾਇਕ ਵਿਜੈ ਕੁਮਾਰ ਜੈਨ, ਨੀਲ ਕਮਲ, ਵਿਕਾਸ ਸ਼ੁਕਲਾ, ਬਲਾਕ ਪ੍ਰਧਾਨ ਕਾਕੂ ਬਰੇਟਾ, ਪ੍ਰੀਤ ਕੁਮਾਰ ਪ੍ਰੀਤਾ ਬਲਾਕ ਪ੍ਰਧਾਨ, ਕੇਵਲ ਸ਼ਰਮਾ ਸ਼ਹਿਰੀ ਪ੍ਰਧਾਨ ਤੇ ਹੋਰ ਪਾਰਟੀ ਵਰਕਰ ਮੈਂਬਰ ਅਤੇ ਸਮੂਹ ਦਫਤਰੀ ਸਟਾਫ ਹਾਜ਼ਰ ਸੀ। ਇਸ ਮੌਕੇ ਬਲਵਿੰਦਰ ਸਿੰਘ ਹੈੱਡ ਮਾਸਟਰ ਤੇ ਕਾਰਜ ਸਾਧਕ ਅਫਸਰ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਕਿਸਾਨਾਂ ਨੂੰ ਮੰਡੀਆਂ 'ਚ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ : ਗੀਤੀਮਾਨ



**ਚੀਮਾ ਮੰਡੀ (ਰਵਿੰਦਰ ਚੀਮਾ)**- ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਵੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਦਰਸ਼ਨ ਸਿੰਘ ਗੀਤੀਮਾਨ ਚੇਅਰਮੈਨ ਮਾਰਕੀਟ ਕਮੇਟੀ ਚੀਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਣਕ ਦਾ ਦਾਣਾ-ਦਾਣਾ ਮੰਡੀਆਂ ਵਿੱਚੋਂ ਚੁੱਕਿਆ ਜਾਵੇਗਾ ਅਤੇ ਕਿਸੇ ਵੀ ਕਿਸਾਨ ਨੂੰ ਕੋਈ ਖੱਜਲ ਖੁਆਰੀ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਖਰੀਦ ਦਾ ਪ੍ਰਬੰਧ ਠੀਕ ਢੰਗ ਨਾਲ ਚੱਲ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਸੁੱਕੀ ਕਣਕ ਹੀ ਲੈ ਕੇ ਆਉਣ। ਇਸ ਮੌਕੇ ਗੁਰਜੀਤ ਸਿੰਘ ਲੇਖਾਕਾਰ ਮਾਰਕੀਟ ਕਮੇਟੀ ਚੀਮਾ, ਜਸ਼ਨਦੀਪ ਸਿੰਘ ਮੰਡੀ ਸੁਪਰਵਾਈਜ਼ਰ, ਮੱਖਣ ਸਿੰਘ ਕਲਰਕ ਮਾਰਕੀਟ ਕਮੇਟੀ, ਰੋਬਿਨ ਇੰਸਪੈਕਟਰ ਪਨਗਰੇਨ ਤੇ ਹੋਰ ਕਿਸਾਨ ਹਾਜ਼ਰ ਸਨ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਬ-ਡਵੀਜ਼ਨ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਬਿੱਕਰ ਸਿੰਘ ਮਾਛੀਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪਿਛਲੇ ਸਮੇਂ ਦੌਰਾਨ ਵਿਛੜ ਚੁੱਕੇ ਸਾਥੀ ਗੁਰਦੇਵ ਸਿੰਘ ਬੀ ਪੀ ਈ ਓ, ਜਸਵੀਰ ਸਿੰਘ ਮੋਹਾਲੀ ਤੇ ਅਜਾਇਬ ਸਿੰਘ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।ਸਟੇਜ ਦੀ ਭੂਮਿਕਾ ਜੋਰਾਵਰ ਸਿੰਘ ਬੱਧਨੀ ਕਲਾਂ ਨੇ ਬਾਖੂਬੀ ਨਿਭਾਈ।ਇਸ ਤੋਂ ਬਾਅਦ ਬਲਾਕ ਪ੍ਰਧਾਨ ਬਿੱਕਰ ਸਿੰਘ ਮਾਛੀਕੇ ਨੇ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ, ਜਿਸ ਵਿੱਚ 2.59 ਦਾ ਗੁਣਾਂਕ ਨੋਸਨਲ ਫਿਕਸੇਸ਼ਨ, ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ, ਲੀਵ-ਇਨਕੈਸ਼ਮੈਂਟ ਕੈਸ਼ਲੈੱਸ ਹੈਲਥ ਸਕੀਮ ਆਦਿ ਮੰਗਾਂ ਬਾਰੇ ਕੋਈ ਵੀ ਤਵੱਜੋਂ ਨਹੀਂ ਦੇ ਰਹੀ, ਇਸ ਦੇ ਤਹਿਤ ਐੱਮ ਐੱਲ ਏ ਨੂੰ ਰੋਸ ਵਜੋਂ ਪੱਤਰ ਵੀ ਦਿੱਤੇ, ਪਰ ਸਰਕਾਰ ਦੇ ਕੰਨਾਂ 'ਤੇ ਕੋਈ ਜੂੰ ਨਹੀਂ ਸਰਕੀ। ਗੁਰਮੇਲ ਸਿੰਘ ਖੋਟੇ, ਸਿਕੰਦਰ ਸਿੰਘ ਭਾਗੀਕੇ, ਗੁਰਦੇਵ ਸਿੰਘ ਕਿਰਤੀ, ਗੁਰਮੇਲ ਸਿੰਘ ਬੌਡੇ, ਬੇਅੰਤ ਸਿੰਘ ਗਿਰੀ ਤੇ ਐੱਨ ਆਰ ਬਚਿੱਤਰ ਸਿੰਘ ਖੋਟੇ ਆਦਿ ਬੁਲਾਰਿਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪੈਨਸ਼ਨਰਜ਼ ਦੀਆਂ ਭੱਖਦੀਆਂ ਮੰਗਾਂ 'ਤੇ ਸੰਜੀਦਗੀ ਨਾਲ ਵਿਚਾਰ ਨਾ ਕੀਤੀ ਤਾਂ ਆਉਂਦੇ ਸਮੇਂ ਵਿੱਚ ਤਿੱਖੇ ਸੰਘਰਸ਼ਾਂ ਦੀ ਰੂਪ ਰੇਖਾ ਤੇ ਆਉਂਦੇ ਸਮੇਂ ਵਿੱਚ ਮੰਤਰੀਆਂ ਨੂੰ ਪਿੰਡਾਂ ਵਿੱਚ ਆਉਣਾ ਬੰਦ ਕਰ ਦਿੱਤਾ ਜਾਵੇਗਾ।ਇਸ ਮੌਕੇ ਮੀਟਿੰਗ ਵਿੱਚ ਰੂਪ ਸਿੰਘ ਦੀਨਾ, ਤੋਤਾ ਸਿੰਘ, ਗੁਰਮੇਲ ਸਿੰਘ, ਰਜਿੰਦਰ ਸਿੰਘ, ਬਲਵੀਰ ਸਿੰਘ, ਉਮਾ ਕਾਂਤ, ਪ੍ਰਤਾਪ ਸਿੰਘ, ਅਜਾਇਬ ਸਿੰਘ, ਜੰਗੀਰ ਸਿੰਘ, ਮੇਜਰ ਸਿੰਘ, ਕਰਤਾਰ ਸਿੰਘ, ਸੁਖਮਿੰਦਰ ਸਿੰਘ, ਜਗਤਾਰ ਸਿੰਘ, ਸੁਰਿੰਦਰ ਸਿੰਘ, ਗੁਰਮੇਲ ਸਿੰਘ, ਦਰਸ਼ਨ ਸਿੰਘ, ਗੁਰਦੇਵ ਸਿੰਘ, ਹਰਦਿਆਲ ਸਿੰਘ, ਮੁਖਤਿਆਰ ਸਿੰਘ, ਪ੍ਰੀਤਮ ਸਿੰਘ, ਜੋਗਿੰਦਰ ਸਿੰਘ, ਪ੍ਰਿੰਸੀਪਲ ਸੁਖਚੈਨ ਸਿੰਘ, ਮੋਹਨ ਸਿੰਘ, ਭਰਾਵਾਰ ਸਿੰਘ, ਮਲਕੀਤ ਸਿੰਘ, ਵਾਧਾਵਾ ਸਿੰਘ, ਦਵਿੰਦਰ ਸਿੰਘ ਹਿੰਮਤਪੁਰਾ ਆਦਿ ਸਾਥੀ ਹਾਜ਼ਰ ਸਨ।

## ਕੁਰੜ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਗੁਰਦੁਆਰਾ ਦਇਆਸਰ ਸਾਹਿਬ ਪਿੰਡ ਕੁਰੜ ਵਿਖੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਤ ਗੁਰਬਾਣੀ ਕੰਠ ਤੇ ਲੰਬੇ ਕੇਸਾਂ ਦੇ ਮੁਕਾਬਲੇ ਕਰਵਾਏ ਗਏ।ਹੈੱਡ ਗ੍ਰੰਥੀ ਭਾਈ ਰਜਿੰਦਰ ਸਿੰਘ ਨੇ ਖ਼ਾਲਸਾ ਸਾਜਨਾ ਵਿਸਾਖੀ ਦੀ ਵਧਾਈ ਦਿੰਦਿਆ ਖ਼ਾਲਸਾ ਸਾਜਨਾ ਦਿਵਸ ਦੇ ਇਤਿਹਾਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਸਮੂਹ ਸੰਗਤਾਂ ਨੂੰ ਆਪਣੇ ਨਿੱਕੀ ਉਮਰ ਦੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਵਿਸ਼ੇਸ਼ ਧਿਆਨ ਦੇਣ ਦੀ ਅਪੀਲ ਕੀਤੀ।ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਬਿੱਲੂ, ਕੈਪਟਨ ਕਰਮ ਸਿੰਘ, ਗੁਰਚਰਨ ਸਿੰਘ, ਕੁਲਵੰਤ ਸਿੰਘ ਖ਼ਾਲਸਾ, ਰਾਜਵਿੰਦਰ ਸਿੰਘ ਕੁਰੜ, ਮੇਵਾ ਸਿੰਘ, ਬਹਾਲ ਸਿੰਘ, ਕਰਮਜੀਤ ਸਿੰਘ, ਸਿਕੰਦਰ ਸਿੰਘ, ਲਵਦੀਪ ਸਿੰਘ, ਬੂਟਾ ਸਿੰਘ, ਬਲਜੀਤ ਸਿੰਘ, ਡਾ: ਭੋਲਾ ਸਿੰਘ, ਅਵਤਾਰ ਸਿੰਘ ਤਾਰੀ, ਮੇਜਰ ਸਿੰਘ ਆਦਿ ਸਮੂਹ ਪ੍ਰਬੰਧਕਾਂ ਦੀ ਅਗਵਾਈ ਹੇਠ ਗੁਰਬਾਣੀ ਕੰਠ, ਲੰਮੇ ਕੇਸ਼ ਮੁਕਾਬਲੇ ਦੇ ਜੇਤੂਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਸ਼ਹੀਦ ਗੁਰਨਾਮ ਸਿੰਘ ਸਫਾਈ ਕਲੱਬ ਦੇ ਪੂਰੀ ਹਾਜ਼ਰੀ ਵਾਲੇ ਸੇਵਾਦਾਰਾਂ ਤੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।

## ਜਨਹਿਤ ਸਮਿਤੀ ਦਾ ਵਾਤਾਵਰਣ ਸੰਭਾਲ 'ਚ ਵੱਡਾ ਯੋਗਦਾਨ : ਮੇਅਰ ਕੁੰਦਨ ਗੋਗੀਆ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**- ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾਵਾਂ ਜਨਹਿੱਤ ਸੰਮਤੀ ਵੱਲੋਂ ਪ੍ਰਧਾਨ ਐੱਸ ਕੇ ਗੌਤਮ ਤੇ ਜਰਨਲ ਸਕੱਤਰ ਵਿਨੋਦ ਸ਼ਰਮਾ ਦੀ ਅਗਵਾਈ 'ਚ ਵਿਸਾਖੀ ਮੌਕੇ ਚਿਲਡਰਨ ਪਾਰਕ ਵਿੱਚ ਬੂਟੇ ਲਗਾਏ ਗਏ, ਜਿਸ ਵਿੱਚ ਮੁੱਖ ਮਹਿਮਾਨ ਮੇਅਰ ਕੁੰਦਨ ਗੋਗੀਆ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਪ੍ਰਿੰਸੀਪਲ ਮੋਦੀ ਕਾਲਜ ਨੀਰਜ਼ ਮੋਦੀ, ਜਸਵੰਤ ਸਿੰਘ ਕੌਲੀ ਯੋਗਾ ਪਰਵਾਰ ਕਲੱਬ, ਪ੍ਰਾਣ ਸੱਭਰਵਾਲ, ਡਾਕਟਰ ਸੁਧੀਰ ਵਰਮਾ, ਬਲਜਿੰਦਰ ਸ਼ਰਮਾ ਪੰਜੋਲਾ, ਮੀਤ ਪ੍ਰਧਾਨ ਚਮਨ ਲਾਲ ਗਰਗ, ਅਬਦੁਲ ਵਾਹਿਦ, ਵਰਿੰਦਰ ਆਹਲੂਵਾਲੀਆ, ਅਨਿਲ ਕਪੂਰ, ਐੱਮ ਐੱਚ ਕੁਰੈਸ਼ੀ, ਈਸ਼ਵਰ ਚੌਧਰੀ, ਜੀ ਐੱਸ ਆਨੰਦ, ਇੰਦਰਜੀਤ ਦੁਆ, ਵਿਨੇ ਸ਼ਰਮਾ, ਹਰਪਾਲ ਮਾਨ, ਸੁਰਿੰਦਰ ਸਿੰਘ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਜਨਹਿੱਤ ਸੰਮਤੀ ਵੱਲੋਂ ਪਟਿਆਲਾ ਸ਼ਹਿਰ ਦੇ ਪਾਰਕਾਂ ਦੀ ਸਾਂਭ ਸੰਭਾਲ ਕਰਨਾ ਬਹੁਤ ਹੀ ਪ੍ਰਸੰਸਾਯੋਗ ਹੈ, ਹਰ ਮੁਨੱਖ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਸਾਂਭ ਸੰਭਾਲ ਕਰਨੀ ਵੀ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਅੱਜ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਣ ਨੂੰ ਬਚਾਉਣਾ ਇੰਨਸਾਨੀਅਤ ਦਾ ਮੁੱਢਲਾ ਫਰਜ਼ ਹੈ। ਪ੍ਰੋਫੈਸਰ ਸੁਦਰਸ਼ਨ ਸ਼ਰਮਾ ਨੇ ਹਰਬਲ ਬੂਟੇ ਲਗਾਉਣ ਲਈ ਦਿੱਤੇ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਖ਼ੂਨਦਾਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਨੂੰ ਸਮਰਪਤ ਨਿਊ ਪੰਜਾਬ ਕਲਿਨੀਕਲ ਲੈਬੋਰੇਟਰੀ ਵੱਲੋਂ ਸ਼ਹੀਦ ਊਧਮ ਸਿੰਘ ਯੂਥ ਕਲੱਬ ਪਾਤੜਾਂ ਤੇ ਗੁਰੂ ਤੇਗ ਬਹਾਦਰ ਟੈਕਸੀ ਸਟੈਂਡ ਯੂਨੀਅਨ ਦੇ ਸਹਿਯੋਗ ਨਾਲ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਕੈਂਪ ਦੌਰਾਨ ਡਾਕਟਰ ਕੇ ਕੇ ਜੌਹਰੀ ਬਲੱਡ ਬੈਂਕ ਸਮਾਣਾ ਦੀ ਟੀਮ ਨੇ 59 ਯੂਨਿਟ ਖ਼ੂਨ ਇਕੱਤਰ ਕੀਤਾ। ਸਮਾਜ ਸੇਵੀ ਜਗਤਿੰਦਰ ਸਿੰਘ ਬਣਵਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਪਿਛਲੇ ਕਈ ਸਾਲਾਂ ਤੋਂ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦੇ ਜਨਮ ਦਿਨ ਮੌਕੇ ਖ਼ੂਨਦਾਨ ਕੈਂਪ ਲਾਇਆ ਜਾ ਰਿਹਾ ਹੈ, ਪਰ ਇਸ ਵਾਰ ਹਸਪਤਾਲਾਂ ਵਿੱਚ ਖ਼ੂਨ ਦੀ ਕਮੀ ਨੂੰ ਧਿਆਨ ਵਿੱਚ ਰੱਖਦਿਆਂ ਖਾਲਸਾ ਸਾਜਨਾ ਦਿਵਸ ਮੌਕੇ ਖ਼ੂਨਦਾਨ ਕੈਂਪ ਲਗਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਹੀਦ ਊਧਮ ਸਿੰਘ ਯੂਥ ਕਲੱਬ ਪਾਤੜਾਂ ਦੇ ਪ੍ਰਧਾਨ ਅਮਨਜੀਤ ਸਿੰਘ ਮੌਲਵੀਵਾਲਾ, ਜਨਰਲ ਸਕੱਤਰ ਨਿਸ਼ਾਨ ਸਿੰਘ ਬਣਵਾਲਾ, ਜੱਗੀ ਪਾਤੜਾਂ ਤੇ ਅਮਨ ਜੱਸਲ ਆਦਿ ਹਾਜ਼ਰ ਸਨ।

## ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਨੇ ਡਾ. ਅੰਬੇਡਕਰ ਦਾ ਮਨਾਇਆ ਜਨਮ ਦਿਨ



**ਮਾਨਸਾ (ਆਤਮਾ ਸਿੰਘ ਪਮਾਰ)**- ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਨੇ ਮਾਨਸਾ ਤੇ ਬੁਢਲਾਡਾ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ।ਇਸ ਸਮੇਂ ਬੋਲਦਿਆਂ ਸੂਬਾ ਪ੍ਰਧਾਨ ਸਟੇਟ ਐਵਾਰਡੀ ਰਜਿੰਦਰ ਵਰਮਾ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ 14 ਅਪ੍ਰੈਲ 1891 ਨੂੰ ਮਹੂ ਵਿਖੇ ਹੋਇਆ।ਉਨ੍ਹਾਂ ਨੂੰ ਸਮਾਜ ਸੁਧਾਰਕ ਤੇ ਸੰਵਿਧਾਨ ਦੇ ਨਿਰਮਾਤਾ ਦੇ ਰੂਪ ਵਿੱਚ ਜਾਣਿਆ ਜਾਂਦਾ ਹੈ। ਉਨ੍ਹਾਂ ਦਾ ਮੰਨਣਾ ਸੀ ਕਿ ਇੱਕ ਦੇਸ਼ ਉਦੋਂ ਤੱਕ ਵਿਕਾਸ ਨਹੀਂ ਕਰ ਸਕਦਾ, ਜਦੋਂ ਤੱਕ ਉਸ ਦੇਸ਼ ਦੀਆਂ ਔਰਤਾਂ ਦਾ ਵਿਕਾਸ ਨਾ ਹੋਵੇ।ਦਲਿਤ ਪਰਵਾਰ ਤੋਂ ਹੋਣ ਕਰਕੇ ਉਨ੍ਹਾਂ ਨੂੰ ਆਪਣੀ ਪੜ੍ਹਾਈ ਦੇ ਸਮੇਂ ਕਾਫੀ ਵਿਤਕਰਾ ਵੀ ਸਹਿਣਾ ਪਿਆ, ਪਰ ਉਨ੍ਹਾਂ ਨੇ ਹਾਰ ਨਾ ਮੰਨੀ ਤੇ ਆਪਣੀ ਪੜ੍ਹਾਈ ਜਾਰੀ ਰੱਖੀ ਤੇ ਭਾਰਤ ਦੇ ਕਾਨੂੰਨ ਮੰਤਰੀ ਬਣੇ ਅਤੇ ਭਾਰਤ ਦੇ ਸੰਵਿਧਾਨ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ। ਉਨ੍ਹਾ ਦਾ 1956 ਵਿੱਚ ਦੇਹਾਂਤ ਹੋ ਗਿਆ।ਸਮਾਜਿਕ ਕੰਮਾਂ ਤੇ ਲੋਕਾਂ ਦੇ ਵਿਕਾਸ ਪ੍ਰਤੀ ਯੋਗਦਾਨ ਲਈ ਉਨ੍ਹਾਂ ਨੂੰ ਭਾਰਤ ਵਿੱਚ ਬਹੁਤ ਸਨਮਾਨ ਨਾਲ ਯਾਦ ਕੀਤਾ ਜਾਂਦਾ ਹੈ।ਇਸ ਮੌਕੇ ਮੰਜੂ ਜਿੰਦਲ ਸੀਨੀਅਰ ਆਗੂ ਨੇ ਕਿਹਾ ਕਿ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਵੱਲੋਂ ਹਮੇਸ਼ਾ ਹੀ ਸਮਾਜ ਸੇਵਾ ਵਿੱਚ ਮੋਹਰੀ ਰੋਲ ਨਿਭਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦਿਵਿਆਂਗ ਬੱਚਿਆਂ ਦੀ ਮੁਫਤ ਪੜ੍ਹਾਈ ਤੇ ਉਨ੍ਹਾਂ ਨੂੰ ਸਕੂਟਰੀ, ਕੰਨਾਂ ਵਾਲੀਆਂ ਮਸ਼ੀਨਾਂ ਤੇ ਹੋਰ ਸਾਮਾਨ ਵੀ ਮੁਹੱਈਆ ਕਰਵਾਇਆ ਜਾਂਦਾ ਹੈ।ਇਸ ਮੌਕੇ ਸਲੋਚਨਾ ਰਾਣੀ, ਰੇਖਾ ਰਾਣੀ, ਸਿਮਰਨਜੀਤ ਕੌਰ, ਲਖਵੀਰ ਸਿੰਘ, ਮਨਦੀਪ ਕੌਰ, ਹੇਮ ਰਾਜ, ਯੁਗੇਸ਼ ਸ਼ਰਮਾ, ਚੰਦਨ ਕਮਾਰ, ਨੰਬਰਦਾਰ ਰਮੇਸ਼ ਸਿੰਘ, ਮੱਖਣ ਸਿੰਘ, ਮਾਸਟਰ ਸੁਖਪਾਲ ਸਿੰਘ ਨੇ ਕਿਹਾ ਐਸੋਸੀਏਸ਼ਨ ਵੱਲੋਂ ਬੱਚਿਆਂ ਨੂੰ ਸਰਕਾਰੀ ਸਕੂਲ ਨਾਲ ਜੋੜਨ ਦੀ ਮੁਹਿੰਮ ਵੀ ਚਲਾਈ ਗਈ ਹੈ।ਇਸ ਮੌਕੇ ਹਾਜ਼ਰੀਨ ਨੂੰ ਲੱਡੂ ਵੀ ਵੰਡੇ ਗਏ।

## ਸੁਖਬੀਰ ਬਾਦਲ ਦੇ ਪਾਰਟੀ ਪ੍ਰਧਾਨ ਬਣਨ ਦੀ ਖ਼ੁਸ਼ੀ 'ਚ ਲੱਡੂ ਵੰਡੇ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸਰਕਲ ਦਿੜ੍ਹਬਾ ਵੱਲੋਂ ਸਥਾਨਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਵਿਖੇ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੇ ਯੂਥ ਜ਼ਿਲ੍ਹਾ ਇੰਚਾਰਜ ਹਰਪਾਲ ਸਿੰਘ ਖਡਿਆਲ ਦੀ ਅਗਵਾਈ ਅਕਾਲੀ ਆਗੂਆਂ ਤੇ ਵਰਕਰਾਂ ਨੇ ਸੁਖਬੀਰ ਸਿੰਘ ਬਾਦਲ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ 'ਤੇ ਲੱਡੂ ਵੰਡ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ।ਇਸ ਮੌਕੇ ਸ਼ਹਿਰੀ ਸਰਕਲ ਪ੍ਰਧਾਨ ਸਤਗੁਰ ਸਿੰਘ ਘੁਮਾਣ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਤੇ ਪੰਜਾਬ ਦੇ ਇਕੋ-ਇਕ ਖੇਤਰੀ ਪਾਰਟੀ ਹੈ ਤੇ ਪਾਰਟੀ ਦੀ ਅਗਵਾਈ ਸੁਖਬੀਰ ਸਿੰਘ ਬਾਦਲ ਦੇ ਹੱਥਾਂ ਵਿੱਚ ਹੀ ਮਹਿਫ਼ੂਜ਼ ਹੈ। ਡੈਲੀਗੇਟ ਅਜਲਾਸ ਵਿੱਚ ਸੁਖਬੀਰ ਸਿੰਘ ਬਾਦਲ ਦੀ ਚੋਣ ਹੋਣਾ ਉਨ੍ਹਾਂ ਦੀ ਲੋਕਪ੍ਰਿਅਤਾ ਦਾ ਸਬੂਤ ਹੈ। ਇਸ ਮੌਕੇ ਜ਼ਿਲ੍ਹਾ ਝੰਡਾ ਸਿੰਘ ਖੇਤਲਾ, ਸੁਭਾਸ਼ ਕੁਮਾਰ ਵਿੱਕੀ ਖਨਾਲ ਸਰਕਲ ਪ੍ਰਧਾਨ, ਜਗਰ ਖਨਾਲ, ਬਲਵੀਰ ਸਿੰਘ ਖੇਤਲਾ, ਕੁਲਵੰਤ ਸਿੰਘ, ਰਾਜੂ ਸਿੰਘ ਖ਼ਾਲਸਾ, ਬਿੱਕਰ ਸਿੰਘ ਸੂਬੇਦਾਰ, ਸੱਤੂ ਰਾਮਪੁਰ ਛੰਨਾ, ਦਵਿੰਦਰ ਸਿੰਘ ਘੁਮਾਣ, ਟੋਨੀ ਕੁਮਾਰ ਰੋਗਲਾ, ਅੰਮ੍ਰਿਤਪਾਲ ਸਿੰਘ ਜਨਾਲ, ਲਾਡੀ ਘੁਮਾਣ, ਤਰਨਜੋਤ ਘੁਮਾਣ, ਗੁਰਪ੍ਰੀਤ ਸਿੰਘ ਆਦਿ ਮੌਜੂਦ ਸਨ।

## ਐੱਮ. ਪੀ. ਅਮਰ ਸਿੰਘ ਨੇ ਸਾਬਕਾ ਕੌਂਸਲਰ ਪੰਮੀ ਨਾਲ ਕੀਤਾ ਦੁੱਖ ਸਾਂਝਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਲੋਕ ਸਭਾ ਹਲਕਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਐੱਮ. ਪੀ. ਅਮਰ ਸਿੰਘ ਨੇ ਸਾਬਕਾ ਕੌਂਸਲਰ ਪਰਮਜੀਤ ਪੰਮੀ ਨਾਲ ਉਨ੍ਹਾ ਦੇ ਪਿਤਾ ਸਵ. ਅਰਜਨ ਦਾਸ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ। ਐੱਮ. ਪੀ. ਅਮਰ ਸਿੰਘ ਨੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਰਜਨ ਦਾਸ ਇੱਕ ਮਿਹਨਤੀ ਤੇ ਦਲਿਤ ਪਰਵਾਰ ਨਾਲ ਸਬੰਧ ਰੱਖਦੇ ਸਨ, ਜਿਨ੍ਹਾਂ ਨੇ ਜਿੱਥੇ ਕਾਂਗਰਸ ਲਈ ਤਨਦੇਹੀ ਨਾਲ ਕੰਮ ਕੀਤਾ, ਉੱਥੇ ਅੱਜ ਪਰਵਾਰ ਵੀ ਡੱਟ ਕੇ ਪਾਰਟੀ ਦਾ ਸਾਥ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਸਵ. ਅਰਜਨ ਦਾਸ ਦੀ ਮੌਤ ਨਾਲ ਪਰਵਾਰ ਤੇ ਪਾਰਟੀ ਨੂੰ ਵੱਡਾ ਘਾਟਾ ਪਿਆ। ਇਸ ਮੌਕੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਲਖਬੀਰ ਸਿੰਘ ਲੱਖਾ, ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਉਪ ਪ੍ਰਧਾਨ ਕਸਤੂਰੀ ਲਾਲ ਮਿੰਟੂ, ਸ਼ਹਿਰੀ ਪ੍ਰਧਾਨ ਐਡਵੋਕੇਟ ਕਪਿਲ ਆਨੰਦ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਵੀ ਸਾਬਕਾ ਕੌਂਸਲਰ ਨਾਲ ਉਨ੍ਹਾਂ ਦੇ ਪਿਤਾ ਦੀ ਮੌਤ 'ਤੇ ਗਹਿਰਾ ਦੁੱਖ ਜਤਾਇਆ।



## ਪੁਸਤਕ ਲੋਕ ਅਰਪਣ ਤੇ ਅਜੋਕੇ ਪ੍ਰਸੰਗਾਂ 'ਤੇ ਚਰਚਾ 20 ਨੂੰ

**ਸੰਗਰੂਰ (ਪ੍ਰਵੀਨ ਸਿੰਘ)**- ਪੰਜਾਬੀ ਭਾਸ਼ਾ ਦੇ ਵਿਕਾਸ ਲਈ ਨਿਰੰਤਰ ਕਾਰਜਸ਼ੀਲ ਮਾਲਵਾ ਰਿਸਰਚ ਸੈਂਟਰ ਪਟਿਆਲਾ ਵੱਲੋਂ ਅਮਰ ਗਰਗ ਕਲਮਦਾਨ ਦਾ ਕਹਾਣੀ ਸੰਗ੍ਰਹਿ ਸਲੋਚਨਾ ਨੂੰ ਲੋਕ ਅਰਪਣ ਕਰਨ ਲਈ ਇੱਕ ਵਿਸ਼ਾਲ ਸਮਾਰੋਹ 20 ਅਪ੍ਰੈਲ ਨੂੰ ਸਵੇਰੇ 10:30 ਵਜੇ ਪਟੇਲ ਗਰੀਨਵੁੱਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਕੀਤਾ ਜਾ ਰਿਹਾ ਹੈ। ਇਸ ਸੰਬਧੀ ਜਾਣਕਾਰੀ ਦਿੰਦਿਆਂ ਸੈਂਟਰ ਦੇ ਜਨਰਲ ਸਕੱਤਰ ਡਾ: ਭਗਵੰਤ ਸਿੰਘ ਨੇ ਦੱਸਿਆ ਕਿ ਪਵਨ ਹਰਚੰਦਪੁਰੀ ਦੀ ਪ੍ਰਧਾਨਗੀ ਹੇਠ ਹੋ ਰਹੇ ਸਮਾਗਮ ਵਿਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ: ਸਵਰਾਜ ਸਿੰਘ ਵਿਸ਼ਵ ਚਿੰਤਕ, ਅਸ਼ੀਰਵਾਦ ਡਾ: ਤੇਜਵੰਤ ਮਾਨ ਸਾਹਿਤ ਰਤਨ ਸ਼ਿਰਕਤ ਕਰਨਗੇ, ਜਦੋਂਕਿ ਉਦਘਾਟਨ ਡਾ: ਲਖਵਿੰਦਰ ਸਿੰਘ ਜੌਹਲ ਕਰਨਗੇ ਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਏ. ਆਰ. ਸ਼ਰਮਾ, ਦਰਸ਼ਨ ਆਸ਼ਟ ਤੇ ਰਾਜਵੰਤ ਸਿੰਘ ਘੁੱਲੀ ਹਾਜ਼ਰੀ ਲਵਾਉਣਗੇ। ਉਨ੍ਹਾ ਦੱਸਿਆ ਕਿ ਇਸ ਮੌਕੇ ਪ੍ਰਵਿਸ਼ਟਾ ਵਿਚਾਰ ਸਵਾਮੀ ਰਾਜ ਸ਼ਰਮਾ, ਦਾਰਸ਼ਨਿਕ ਵਿਚਾਰ ਡਾ: ਈਸ਼ਵਰਦਾਸ ਸਿੰਘ ਮਹਾਂਮੰਡੇਲਸ਼ਵਰ ਤੇ ਪ੍ਰੋ: ਸੰਧੂ ਵਰਿਆਣਵੀ ਦੇਣਗੇ। ਇਸ ਮੌਕੇ ਸੈਂਟਰ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਦੇ ਸਨਮਾਨ ਕੀਤੇ ਜਾਣਗੇ।

## ਵਧੇਰੇ ਬਜਟ ਨਾਲ ਸਕੂਲਾਂ 'ਚ ਸਿੱਖਿਆ ਦਾ ਮਿਆਰ ਉੱਚਾ ਹੋਇਆ : ਨੀਨਾ ਮਿੱਤਲ

- **ਵਿਧਾਇਕਾ ਨੇ ਉਕਸੀ ਸੈਣੀਆਂ ਤੇ ਅਲੂਣਾ ਵਿਖੇ ਸਿੱਖਿਆ ਕ੍ਰਾਂਤੀ ਉਦਘਾਟਨ ਸਮਾਰੋਹਾਂ 'ਚ ਕੀਤੀ ਸ਼ਿਰਕਤ**



**ਰਾਜਪੁਰਾ/ ਪਟਿਆਲਾ, (ਰਮੇਸ਼ ਕਟਾਰੀਆ/ ਰਾਜਿੰਦਰ ਸਿੰਘ ਥਿੰਦ)** : ਰਾਜਪੁਰਾ ਹਲਕੇ ਦੇ ਵਿਧਾਇਕ ਨੀਨਾ ਮਿੱਤਲ ਨੇ ਉਕਸੀ ਸੈਣੀਆਂ ਤੇ ਅਲੂਣਾ ਵਿਖੇ ਸਿੱਖਿਆ ਕ੍ਰਾਂਤੀ ਦੇ ਉਦਘਾਟਨ ਸਮਾਰੋਹਾਂ ਵਿੱਚ ਸ਼ਿਰਕਤ ਕਰਕੇ ਸਥਾਨਕ ਲੋਕਾਂ ਤੇ ਵਿਦਿਆਰਥੀਆਂ ਨੂੰ ਸਿੱਖਿਆ ਖੇਤਰ ਵਿੱਚ ਹੋ ਰਹੀ ਤਰੱਕੀ ਬਾਰੇ ਜਾਣੂੰ ਕਰਵਾਇਆ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਕਸੀ ਸੈਣੀਆਂ ਵਿਖੇ ਪ੍ਰਿੰਸੀਪਲ ਡਾ. ਰਾਕੇਸ਼ ਕੁਮਾਰ ਬੱਬਰ, ਸਰਕਾਰੀ ਪ੍ਰਾਇਮਰੀ ਸਕੂਲ ਉਕਸੀ ਵਿਖੇ ਸੈਂਟਰ ਹੈੱਡ ਟੀਚਰ ਰੇਖਾ ਵਰਮਾ ਤੇ ਅਲੂਣਾ ਵਿਖੇ ਸੰਦੀਪਕਾ ਦੀ ਅਗਵਾਈ ਹੇਠ ਪ੍ਰੋਗਰਾਮ ਸਫਲਤਾਪੂਰਵਕ ਕਰਵਾਏ ਗਏ। ਇਨ੍ਹਾਂ ਸਮਾਗਮਾਂ ਦੌਰਾਨ ਨਵੀਂ ਬਣੀ ਚਾਰਦੀਵਾਰੀ ਤੇ ਹੋਰ ਵਿਕਾਸ ਕਾਰਜਾਂ ਦੀ ਸੰਪੂਰਨਤਾ ਹੋਣ 'ਤੇ ਖ਼ੁਸ਼ੀ ਪ੍ਰਗਟਾਈ ਗਈ। ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਤੇ ਵਿੱਦਿਅਕ ਪ੍ਰਦਰਸ਼ਨੀਆਂ ਦੁਆਰਾ ਮਹਿਮਾਨਾਂ ਨੂੰ ਪ੍ਰਭਾਵਿਤ ਕੀਤਾ ਗਿਆ।ਉਕਸੀ ਸੈਣੀਆਂ ਵਿਖੇ ਵਿਦਿਆਰਥੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਨੀਨਾ ਮਿੱਤਲ ਦਾ ਪੈਨਸਿਲ ਸਕੈੱਚ ਤਿਆਰ ਕਰਕੇ ਭੇਟ ਕੀਤਾ। ਨੀਨਾ ਮਿੱਤਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹਾਲ ਹੀ ਵਿੱਚ ਆਏ ਬਜਟ ਵਿੱਚ ਸਿੱਖਿਆ ਖੇਤਰ ਨੂੰ ਵਧੇਰੇ ਰਾਸ਼ੀ ਨਿਰਧਾਰਤ ਕੀਤੀ ਗਈ ਹੈ, ਜਿਸ ਕਾਰਨ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਨਿਰੰਤਰ ਉੱਚਾ ਹੋ ਰਿਹਾ ਹੈ। ਉਨ੍ਹਾਂ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਭੂਮਿਕਾ ਦੀ ਵੀ ਪ੍ਰਸੰਸਾ ਕੀਤੀ।

## ਖਾਂਗ ਵਿਖੇ ਡਾ. ਅੰਬੇਡਕਰ ਜੈਅੰਤੀ ਨੂੰ ਸਮਰਪਤ ਖ਼ੂਨਦਾਨ ਕੈਂਪ ਲਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸਮਾਜ ਸੇਵੀ ਸੰਸਥਾ ਡਾਕਟਰ ਭੀਮ ਰਾਓ ਅੰਬੇਡਕਰ ਵੈੱਲਫੇਅਰ ਸੋਸਾਇਟੀ ਖਾਂਗ ਵੱਲੋਂ ਅੰਬੇਡਕਰ ਜੈਅੰਤੀ ਨੂੰ ਸਮਰਪਤ ਦੂਜਾ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦਾ ਉਦਘਾਟਨ ਵੈਸਟ ਵਿੰਗਜ਼ ਇੰਸਟੀਚਿਊਟ ਪਾਤੜਾਂ ਦੇ ਐੱਮ ਡੀ ਅਜੈਪਾਲ ਸਿੰਘ ਨੇ ਕੀਤਾ, ਜਦੋਂਕਿ ਮੁੱਖ ਮਹਿਮਾਨ ਦੇ ਤੌਰ 'ਤੇ ਮਾਰਕੀਟ ਕਮੇਟੀ ਪਾਤੜਾਂ ਦੇ ਨਵ-ਨਿਯੁਕਤ ਚੇਅਰਮੈਨ ਮਹਿੰਗਾ ਸਿੰਘ ਬਰਾੜ ਤੇ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵੀ ਆਗੂ ਸਰਪੰਚ ਲਵਜੀਤ ਸਿੰਘ ਬੱਬੀ ਹੋਤੀਪੁਰ ਨੇ ਸ਼ਿਰਕਤ ਕੀਤੀ।ਕੈਂਪ ਦੌਰਾਨ ਲਾਈਫ ਲਾਈਨ ਬਲੱਡ ਬੈਂਕ ਪਟਿਆਲਾ ਵੱਲੋਂ ਡਾਕਟਰ ਸਾਗਰ ਦੀ ਅਗਵਾਈ ਵਿੱਚ ਟੀਮ ਨੇ 44 ਯੂਨਿਟ ਖ਼ੂਨ ਇਕੱਤਰ ਕੀਤਾ। ਇਸ ਦੌਰਾਨ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤਕਸੀਮ ਕਰਦਿਆਂ ਬੈਚ ਲਗਾ ਕੇ ਸਨਮਾਨਤ ਕਰਨ ਉਪਰੰਤ ਮੁੱਖ ਮਹਿਮਾਨ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਮਨੁੱਖੀ ਖ਼ੂਨ ਇੱਕ ਅਜਿਹੀ ਵਸਤੂ ਹੈ, ਜਿਸ ਨੂੰ ਅੱਜ ਤੱਕ ਕੋਈ ਵੀ ਸਾਇੰਸ ਲੈਬੋਰੇਟਰੀ ਵਿੱਚ ਤਿਆਰ ਨਹੀਂ ਕਰ ਸਕੀ, ਇਸ ਲਈ ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਕਿਉਂਕਿ ਇੱਕ ਵਿਅਕਤੀ ਵੱਲੋਂ ਦਾਨ ਕੀਤਾ ਗਿਆ ਖ਼ੂਨ ਕੀਮਤੀ ਜਾਨ ਬਚਾਉਣ ਵਿੱਚ ਸਭ ਤੋਂ ਵੱਧ ਸਹਾਈ ਹੁੰਦਾ ਹੈ।ਉਨ੍ਹਾਂ ਡਾਕਟਰ ਭੀਮ ਰਾਓ ਅੰਬੇਡਕਰ ਵੈੱਲਫੇਅਰ ਸੋਸਾਇਟੀ ਵੱਲੋਂ ਕੀਤੇ ਗਏ ਉਪਰਾਲਾ ਦੀ ਸ਼ਲਾਘਾ ਕੀਤੀ।ਇਸ ਦੌਰਾਨ ਸੰਸਥਾ ਵੱਲੋਂ ਆਏ ਮਹਿਮਾਨਾਂ ਦਾ ਡਾਕਟਰ ਅੰਬੇਡਕਰ ਦੀਆਂ ਤਸਵੀਰਾਂ ਦੇ ਕੇ ਵਿਸ਼ੇਸ਼ ਸਨਮਾਨ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਰਘਵੀਰ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਜੈਪਾਲ ਸਿੰਘ, ਜਰਨਲ ਸਕੱਤਰ ਗਗਨਦੀਪ ਸਿੰਘ, ਖਜ਼ਾਨਚੀ ਸੇਬੀ ਰਾਮ, ਮਲਕੀਤ ਸਿੰਘ, ਨਿਰਮਲ ਸਿੰਘ, ਗੁਰਬਖਸ਼ ਸਿੰਘ, ਤਰਸੇਮ ਸਿੰਘ, ਹਰਦੀਪ ਸਿੰਘ, ਰਿੰਕੂ ਰਾਮ, ਜਗਸੀਰ ਸਿੰਘ ਤੇ ਸੁਨੀਲ ਕੁਮਾਰ ਆਦਿ ਹਾਜ਼ਰ ਸਨ।

## ਸੁਖਬੀਰ ਸਿੰਘ ਬਾਦਲ ਦੇ ਦੁਬਾਰਾ ਪ੍ਰਧਾਨ ਚੁਣੇ ਜਾਣ 'ਤੇ ਅਕਾਲੀ ਲੀਡਰਸ਼ਿਪ 'ਚ ਖ਼ੁਸ਼ੀ ਦੀ ਲਹਿਰ

- **ਬਾਘਾ ਪੁਰਾਣਾ ਹਲਕੇ ਤੋਂ ਵਿਸ਼ਾਲ ਸਮਰਥਨ ਦੇ ਨਾਲ ਅਕਾਲੀ ਦਲ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ : ਆਗੂ**



**ਬਾਘਾ ਪੁਰਾਣਾ (ਮਨੀ ਸਿੰਗਲਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵਜੋਂ ਸੁਖਬੀਰ ਸਿੰਘ ਬਾਦਲ ਦੇ ਦੁਬਾਰਾ ਚੁਣੇ ਜਾਣ 'ਤੇ ਆਕਾਲੀ ਲੀਡਰਸ਼ਿਪ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਜੈ ਸਿੰਘ ਵਾਲਾ, ਲਵਲੀ ਬਾਂਸਲ, ਲਧਾਈਕੇ ਵਾਲੇ, ਰਾਕੇਸ ਜਿੰਦਲ ਤੋਤਾ ਤੇ ਵਿੱਕੀ ਫੂਲੇਵਾਲੀਆ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਵਿਕਾਸ, ਪੰਜਾਬੀਅਤ ਦੀ ਸੇਵਾ ਤੇ ਕਿਸਾਨ-ਮਜ਼ਦੂਰ ਹਿੱਤਾਂ ਦੀ ਆਵਾਜ਼ ਬਣ ਕੇ ਸਦਾ ਅੱਗੇ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਅਕਾਲੀ ਦਲ ਦੀ ਪਹਿਚਾਣ ਮੁੜ ਸਦੀਆਂ ਵਾਲੇ ਅੰਦੋਲਨਾਂ ਨਾਲ ਜੋੜੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਚੋਣ ਪੰਜਾਬ ਲਈ ਨਵੀਂ ਉਮੀਦ ਲੈ ਕੇ ਆਈ ਹੈ।ਉਨ੍ਹਾਂ ਕਿਹਾ ਕਿ ਬਾਦਲ ਪਰਵਾਰ ਨੇ ਹਮੇਸ਼ਾ ਪੰਜਾਬੀ ਸੱਭਿਆਚਾਰ, ਸਿੱਖੀ ਤੇ ਗਰੀਬ ਵਰਗ ਦੀ ਹਮਦਰਦ ਆਵਾਜ਼ ਬਣ ਕੇ ਕੰਮ ਕੀਤਾ ਹੈ।ਪ੍ਰਕਾਸ਼ ਸਿੰਘ ਬਾਦਲ ਦੀ ਜ਼ਿੰਦਗੀ ਲੋਕਸੇਵਾ ਲਈ ਸਮਰਪਤ ਰਹੀ ਤੇ ਸੁਖਬੀਰ ਸਿੰਘ ਬਾਦਲ ਨੇ ਉਹੀ ਰਾਹ ਅਪਣਾਇਆ ਹੈ।ਉਨ੍ਹਾਂ ਦੇ ਦੌਰ ਵਿੱਚ ਪੰਜਾਬ 'ਚ ਬਿਹਤਰ ਸੜਕਾਂ, ਇੰਫ੍ਰਾਸਟ੍ਰਕਚਰ, ਸਿੱਖਿਆ ਤੇ ਸਿਹਤ ਸਹੂਲਤਾਂ ਲਈ ਕੀਤੇ ਕੰਮਾਂ ਨੂੰ ਲੋਕ ਅੱਜ ਵੀ ਯਾਦ ਕਰਦੇ ਹਨ।ਆਗੂਆਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੇ ਹੱਕਾਂ ਦੀ ਰਾਖੀ ਕਰੇਗਾ ਤੇ ਖੇਤੀਬਾੜੀ, ਸਿੱਖਿਆ, ਰੋਜ਼ਗਾਰ ਤੇ ਧਾਰਮਿਕ ਮੁੱਲਾਂ ਦੀ ਸੰਭਾਲ ਕਰੇਗਾ।ਆਗੂਆਂ ਨੇ ਕਿਹਾ ਕਿ ਬਾਘਾ ਪੁਰਾਣਾ ਹਲਕੇ ਤੋਂ ਵਿਸ਼ਾਲ ਸਮਰਥਨ ਦੇ ਨਾਲ ਅਕਾਲੀ ਦਲ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਹਲਕਾ ਪੱਧਰ 'ਤੇ ਵੀ ਨਵੀਂਆਂ ਉਮੀਦਾਂ ਜਨਮ ਲੈ ਰਹੀਆਂ ਹਨ।ਅਗਲੇ ਚੋਣਾਵੀ ਦੌਰ ਵਿੱਚ ਬਾਘਾ ਪੁਰਾਣਾ ਹਲਕਾ ਅਕਾਲੀ ਦਲ ਲਈ ਕਿਲ੍ਹਾ ਸਾਬਿਤ ਹੋਵੇਗਾ।

## ਪੀ ਆਰ ਟੀ ਸੀ ਦੇ ਕੱਚੇ ਕਾਮੇ ਨਿਗੂਣੀ ਤਨਖਾਹ ਨੂੰ ਵੀ ਤਰਸਣ ਲੱਗੇ : ਰਵਿੰਦਰ ਬਰਾੜ

- **ਸਰਕਾਰ ਵੱਲੋਂ ਫਰੀ ਸਫ਼ਰ ਸਹੂਲਤ ਦੇ ਪੈਸੇ ਨਾ ਦੇਣ ਕਰਕੇ ਬੱਸਾਂ ਖੜਨ ਕੰਢੇ : ਹਰਤਾਰ ਸ਼ਰਮਾ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਪੰਜਾਬ ਰੋਡਵੇਜ਼/ਪਨਬਸ/ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਡਿੱਪੂ ਪ੍ਰਧਾਨ ਰਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਅਪ੍ਰੈਲ ਦਾ ਅੱਧਾ ਮਹੀਨਾ ਬੀਤ ਜਾਣ ਦੇ ਬਾਵਜੂਦ ਮਾਰਚ ਮਹੀਨੇ ਦੀ ਤਨਖਾਹ ਅਜੇ ਤੱਕ ਨਹੀਂ ਆਈ।ਕੱਚੇ ਮੁਲਾਜ਼ਮਾਂ ਦੀਆਂ ਤਨਖਾਹਾਂ ਪਹਿਲਾਂ ਹੀ ਬਹੁਤ ਘੱਟ ਹਨ, ਉਪਰੋਂ ਮੈਨੇਜਮੈਂਟ ਤਨਖਾਹਾਂ ਸਮੇਂ ਸਿਰ ਨਾ ਪਾ ਕੇ ਮੁਲਾਜ਼ਮਾਂ ਦਾ ਸ਼ੋਸ਼ਣ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਸਾਹਿਬ ਸੱਤਾ ਹਾਸਲ ਕਰਨ ਤੋ ਪਹਿਲਾ ਵੱਡੇ ਵੱਡੇ ਵਾਅਦੇ ਕਰਦੇ ਨਹੀਂ ਸੀ ਥੱਕਦੇ ਕਿ ਠੇਕਾ ਮੁਲਾਜ਼ਮ ਪੱਕੇ ਕੀਤੇ ਜਾਣਗੇ, ਅਉਟਸੋਰਸਿੰਗ ਦੀ ਭਰਤੀ ਬੰਦ ਕੀਤੀ ਜਾਵੇਗੀ ਤੇ ਵਿਚੋਲੀਏ ਵੀ ਬਾਹਰ ਕੱਢੇ ਜਾਣਗੇ, ਪਰ ਕੁਝ ਵੀ ਨਹੀਂ ਬਦਲਿਆ ਸਾਰਾ ਉਸੇ ਤਰ੍ਹਾਂ ਹੀ ਚੱਲ ਰਿਹਾ ਹੈ। ਸਰਕਾਰ ਨੇ ਅੱਜ ਤੱਕ ਨਾ ਹੀ ਮਹਿਕਮੇ ਵਿੱਚ ਕੋਈ ਨਵੀਂ ਬੱਸ ਪਾਈ ਹੈ ਤੇ ਨਾ ਹੀ ਕੋਈ ਮੁਲਾਜ਼ਮ ਪੱਕਾ ਕੀਤਾ, ਸਗੋਂ ਇਸ ਦੇ ਉਲਟਾ ਕਿਲੋਮੀਟਰ ਸਕੀਮ ਬੱਸਾ ਪਾਈਆ ਹਨ ਅਤੇ ਪਿਛਲੇ ਤਿੰਨ ਸਾਲਾਂ ਤੋਂ ਅਉਟਸੋਰਸਿੰਗ ਵਿੱਚ ਭਰਤੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਫਰੀ ਸਫ਼ਰ ਦੀ ਸਹੂਲਤ ਦਿੱਤੀ ਗਈ ਹੈ, ਪਰ ਉਸ ਸਫ਼ਰ ਦਾ ਕਰੋੜਾਂ ਰੁਪਏ ਬਕਾਇਆ ਪੰਜਾਬ ਸਰਕਾਰ ਵੱਲ ਖੜਾ ਹੈ, ਜਿਸ ਕਰਕੇ ਵਿਭਾਗ ਦੀ ਆਮਦਨ 0 ਹੈ ਤੇ ਪੈਸੇ ਦੀ ਘਾਟ ਕਾਰਨ ਡਿੱਪੂਆਂ ਵਿੱਚ ਕੋਈ ਸਪੇਅਰ ਪਾਰਟ ਨਹੀਂ ਆ ਰਿਹਾ, ਜਿਸ ਕਾਰਨ ਵਰਕਸ਼ਾਪਾਂ ਵਿੱਚ ਬਹੁਤ ਸਾਰੀਆਂ ਬੱਸਾਂ ਖਰਾਬ ਖੜੀਆਂ ਹਨ।ਇਸ ਕਾਰਨ ਅੱਡਿਆਂ ਉੱਪਰ ਸਵਾਰੀਆਂ ਖੱਜਲ ਖੁਆਰ ਹੋ ਰਹੀਆਂ ਹਨ।ਜੇਕਰ ਕੱਚਾ ਵਰਕਰ ਕੋਈ ਗਲਤੀ ਕਰਦਾ ਹੈ ਤਾਂ ਉਸ ਨੂੰ ਉਸ ਸਮੇਂ ਨੌਕਰੀ ਤੋਂ ਫਾਰਗ ਕਰ ਦਿੱਤਾ ਜਾਂਦਾ, ਉਲਟਾ ਸਰਕਾਰ ਵੱਲੋਂ ਤਨਖਾਹ ਨਾ ਪਾ ਕੇ ਮੁਲਾਜ਼ਮਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਕਿਉਂਕਿ ਮੁਲਾਜ਼ਮ ਦੇ ਘਰਾਂ ਦਾ ਗੁਜ਼ਾਰਾ ਤਨਖਾਹ ਨਾਲ ਹੀ ਚਲਦਾ ਹੈ।ਅੱਜ ਤੱਕ ਤਨਖਾਹ ਕਿਸੇ ਮਹੀਨੇ ਵੀ ਸਮੇਂ ਸਿਰ ਨਹੀਂ ਮਿਲੀ। ਵਰਕਸ਼ਾਪ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਸੰਘਰਸ਼ ਦੌਰਾਨ ਲੋਕਾਂ ਦੀ ਖੱਜਲ ਖੁਆਰੀ ਤੇ ਮਹਿਕਮੇ ਦੇ ਹੋਣ ਵਾਲੇ ਵਿੱਤੀ ਨੁਕਸਾਨ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

## ਸਵੱਛਤਾ ਪਖਵਾੜੇ ਦੌਰਾਨ 55 ਸੈਨੀਟੇਸ਼ਨ ਕਰਮਚਾਰੀ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**- ਪੀ ਜੀ ਆਈ ਚੰਡੀਗੜ੍ਹ ਵਿੱਚ ਇਸ ਮਹੀਨੇ ਦੇ ਪਹਿਲੇ ਪਖਵਾੜੇ ਦੌਰਾਨ ਮਨਾਏ ਗਏ ਸਵੱਛਤਾ ਅਭਿਆਨ ਵਿੱਚ ਸੰਸਥਾ ਦੇ 55 ਕਰਮਚਾਰੀਆਂ ਨੂੰ 'ਬੈਸਟ ਵਰਕਰ' ਦਾ ਖਿਤਾਬ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਸਫਾਈ ਸਿਹਤ ਤੇ ਭਲਾਈ ਪ੍ਰਤੀ ਸਾਡੀ ਵਚਨਬੱਧਤਾ ਦੀ ਅਕਸੀਰ ਹੈ।ਉਨ੍ਹਾਂ ਕਿਹਾ ਕਿ ਇਹ ਪਹਿਲ ਸਿਰਫ਼ ਸਾਫ-ਸੁਥਰੇ ਵਾਤਾਵਰਣ ਵੱਲ ਹੀ ਨਹੀਂ, ਬਲਕਿ ਇੱਕ ਟਿਕਾਊ ਜੀਵਨਸ਼ੈਲੀ ਅਪਣਾਉਣ ਅਤੇ ਸਾਰੇ ਕਰਮਚਾਰੀਆਂ ਤੇ ਸਮਾਜ ਨੂੰ ਸਸ਼ਕਤ ਕਰਨ ਵੱਲ ਵੀ ਇੱਕ ਕਦਮ ਹੈ।ਪ੍ਰੋ. ਵਿਪਿਨ ਕੋਸ਼ਲ, ਮੈਡੀਕਲ ਸੁਪਰਿੰਟੈਂਡੈਂਟ ਤੇ ਹੋਸਪਟਲ ਐਡਮਿਨਿਸਟ੍ਰੇਸ਼ਨ ਵਿਭਾਗ ਦੇ ਮੁਖੀ ਨੇ ਕਿਹਾ ਕਿ ਸਫਾਈ ਕਰਮਚਾਰੀ ਕਿਸੇ ਵੀ ਸਿਹਤ ਸੇਵਾ ਪ੍ਰਣਾਲੀ ਦੇ ਅਦਿੱਖੇ ਪਿੱਲਰ ਹੁੰਦੇ ਹਨ।ਇਸ ਦੌਰਾਨ ਵਿਅਕਤੀਗਤ ਤੇ ਪੇਸ਼ਾਵਰ ਜ਼ਿੰਦਗੀ ਵਿੱਚ ਸਫਾਈ ਪ੍ਰਤੀ ਵਚਨਬੱਧਤਾ ਦੀ ਸ਼ਪਥ ਵੀ ਦਿਵਾਈ ਗਈ।ਜ਼ਿਕਰਯੋਗ ਹੈ ਕਿ ਇਹ ਪੰਦਰਵਾੜਾ ਪੀ ਜੀ ਆਈ ਦੇ ਵੱਖ-ਵੱਖ ਖੇਤਰਾਂ ਜਿਵੇਂ ਕਿ ਰਿਹਾਇਸ਼ੀ ਇਲਾਕਿਆਂ, ਹੋਸਟਲਾਂ, ਹਸਪਤਾਲ ਬਲਾਕਾਂ, ਕੰਟੀਨਾਂ ਤੇ ਜਨਤਕ ਸਹੂਲਤਾਂ ਵਿੱਚ ਵਿਸਤ੍ਰਿਤ ਸਫਾਈ ਮੁਹਿੰਮਾਂ ਲਈ ਸਮਰਪਤ ਕੀਤਾ ਗਿਆ।ਇਸੇ ਦੌਰਾਨ ਸਵੱਛਤਾ ਨੂੰ ਉਤਸ਼ਾਹਤ ਕਰਨ ਲਈ ਕਈ ਦਿਲਚਸਪ ਤੇ ਸਿੱਖਣਯੋਗ ਮੁਕਾਬਲੇ ਵੀ ਕਰਵਾਏ ਗਏ, ਜਿਵੇਂ ਕਿ ਹੈਂਡਵਾਸ਼ਿੰਗ ਤੇ ਬਾਇਓਮੈਡੀਕਲ ਵੇਸਟ ਮੈਨੇਜਮੈਂਟ ਕੁਇੱਜ਼, ਪੋਸਟਰ ਬਣਾਉਣਾ, ਵਾਦ-ਵਿਵਾਦ, ਕਵਿਤਾ, ਨਾਅਰੇ ਲਿਖਣ, ਰੰਗੋਲੀ ਤੇ ਬੈਸਟ ਆਉਟ ਆਫ ਵੇਸਟ ਚੈਲੇਂਜ।ਇਨ੍ਹਾਂ ਵਿੱਚ ਸਟਾਫ ਤੇ ਉਨ੍ਹਾਂ ਦੇ ਪਰਿਵਾਰਾਂ ਨੇ ਭਰਪੂਰ ਭਾਗ ਲਿਆ।ਜੇਤੂਆਂ ਨੂੰ ਨਕਦ ਇਨਾਮ ਤੇ ਸਰਟੀਫਿਕੇਟ ਦਿੱਤੇ ਗਏ।ਸਫਾਈ ਦੇ ਮਹੱਤਵ ਨੂੰ ਰੰਗਮੰਚ ਰਾਹੀਂ ਰਚਨਾਤਮਕ ਢੰਗ ਨਾਲ ਉਭਾਰਨ ਲਈ ਇੱਕ ਰੌਚਕ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਸੀ ਐੱਮ ਡੀ ਤੇ ਡਾਇਰੈਕਟਰ ਪ੍ਰਬੰਧਕੀ ਨੂੰ ਮੰਗ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਏਟਕ) ਦੇ ਇੱਕ ਡੈਪੂਟੇਸ਼ਨ ਨੇ ਅਮਰੀਕ ਸਿੰਘ ਮਸੀਤਾਂ ਪੰਜਾਬ ਯੂਨੀਅਨ ਜਨਰਲ ਸੈਕਰਟਰੀ ਦੀ ਅਗਵਾਈ ਵਿੱਚ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਅਜੋਏ ਕੁਮਾਰ ਸਿਨਹਾ ਤੇ ਜਸਬੀਰ ਸਿੰਘ ਸੁਰ ਸਿੰਘ ਵਾਲਾ ਡਾਇਰੈਕਟਰ ਐਡਮਿਨ ਨੂੰ ਮਿਲ ਕੇ ਆਪਣੀਆਂ ਮੰਗਾਂ ਸਬੰਧੀ ਮੀਟਿੰਗ ਦੇਣ ਬਾਰੇ ਇੱਕ ਮੈਮੋਰੰਡਮ ਦਿੱਤਾ।ਦੋਵੇਂ ਹੀ ਪ੍ਰਬੰਧਕਾਂ ਨੇ ਚੰਗੇ ਮਾਹੌਲ ਵਿੱਚ ਗੱਲ ਸੁਣ ਕੇ ਮੀਟਿੰਗ ਦੇਣ ਦੀ ਗੱਲ ਕਹੀ। ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ ਨੇ ਉਨ੍ਹਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੇ ਪੇ ਰਿਵੀਜ਼ਨ ਦੇ ਏਰੀਅਰ ਬਕਾਇਆ ਪਏ ਹਨ, ਜਿਨ੍ਹਾਂ ਬਾਰੇ ਪੰਜਾਬ ਸਰਕਾਰ ਨੇ ਪੌਲਸੀ ਬਣਾਈ ਹੈ, ਉਸ ਨੂੰ ਜਲਦੀ ਲਾਗੂ ਕਰਵਾਇਆ ਜਾਵੇ।ਇਸ ਮੌਕੇ ਕੇਵਲ ਸਿੰਘ ਬਣਵੈਤ ਮੀਤ ਪ੍ਰਧਾਨ, ਰਜਿੰਦਰ ਸਿੰਘ ਰਾਜਪੁਰਾ ਮੀਤ ਪ੍ਰਧਾਨ, ਗੱਜਣ ਸਿੰਘ ਪ੍ਰੈੱਸ ਸਕੱਤਰ, ਜਗਦੇਵ ਸਿੰਘ ਬਾਹੀਆ, ਭਿੰਦਰ ਸਿੰਘ ਚਾਹਿਲ ਹੈੱਡ ਆਫਿਸ ਪ੍ਰਧਾਨ, ਸੁਰਿੰਦਰ ਸਿੰਘ, ਅਜ਼ੀਮ ਖਾਨ, ਮਲਕੀਤ ਸਿੰਘ, ਜਸਪਾਲ ਸਿੰਘ, ਸੰਤੋਖ ਸਿੰਘ ਤੇ ਜਗਤਾਰ ਸਿੰਘ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲਾਂ 'ਚ ਬਣੇ ਸਮਾਰਟ ਕਲਾਸ ਰੂਮਾਂ ਦਾ ਵਿਧਾਇਕ ਰੰਧਾਵਾ ਵੱਲੋਂ ਉਦਘਾਟਨ

## * 37 ਲੱਖ ਤੋਂ ਵਧੇਰੇ ਦੀ ਗਰਾਂਟ ਨਾਲ ਤਿੰਨ ਸਕੂਲਾਂ ਦੀ ਬਦਲੀ ਨੁਹਾਰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ ਅਤੇ ਸਮਾਰਟ ਕਲਾਸ ਰੂਮ, ਕੰਪਿਊਟਰ ਲੈਬਜ਼, ਖੇਡ ਗਰਾਊਂਡ ਤੇ ਹੋਰ ਆਧੁਨਿਕ ਸਹੂਲਤਾਂ ਸਰਕਾਰੀ ਸਕੂਲਾਂ ਦੀ ਪੜਾਈ ਦੇ ਮਿਆਰ ਨੂੰ ਹੋਰ ਉਚਾ ਕਰ ਰਹੀਆਂ ਹਨ।ਇਸ ਸਿੱਖਿਆ ਕ੍ਰਾਂਤੀ ਅਧੀਨ ਸਰਕਾਰੀ ਹਾਈ ਸਕੂਲ ਮਨਸੂਰਕੇ ਵਿੱਚ 22.51 ਲੱਖ ਅਤੇ ਸਰਕਾਰੀ ਮਿਡਲ ਸਕੂਲ ਸ਼ਹਿਜਾਦਾ ਤੇ ਸਰਕਾਰੀ ਪ੍ਰਾਇਮਰੀ ਸਕੂਲ ਸ਼ਹਿਜਾਦਾ ਵਿਖੇ 15.70 ਲੱਖ ਰੁਪਏ ਦੀ ਗਰਾਂਟ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਅੱਜ ਵਿਧਾਇਕ ਡੇਰਾ ਬਾਬਾ ਨਾਨਕ ਸ. ਗੁਰਦੀਪ ਸਿੰਘ ਰੰਧਾਵਾ ਨੇ ਕੀਤਾ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸਮਾਰਟ ਕਲਾਸ ਰੂਮ ਅਤੇ ਸਕੂਲਾਂ ਦੀ ਚਾਰਦੀਵਾਰੀ ਦੀ ਰਿਪੇਅਰ ਆਦਿ ਮਹੱਤਵਪੂਰਨ ਕਾਰਜ ਸ਼ਾਮਲ ਹਨ।ਇਸ ਉਦਘਾਟਨ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਹੁਣ ਸੂਬੇ ਦਾ ਹਰੇਕ ਸਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਨਾਲ ਸੂਬੇ ਦੇ ਸਿੱਖਿਆ ਦੇ ਮਿਆਰ ਵਿੱਚ ਵੀ ਵਾਧਾ ਹੋਇਆ ਹੈ।ਉਨ੍ਹਾਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਕੂਲ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਕਿਸੇ ਵੀ ਸਰਕਾਰੀ ਸਕੂਲ ਵਿੱਚ ਕਿਸੇ ਵੀ ਪੱਖ ਤੋਂ ਕੋਈ ਵੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸਰਕਾਰੀ ਸਹੂਲਤਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਲਿਆਉਣ ਲਈ ਕਰੋੜਾਂ ਰੁਪਏ ਦੇ ਫ਼ੰਡ ਜਾਰੀ ਕੀਤੇ ਗਏ ਹਨ ਅਤੇ ਭਵਿੱਖ ਵਿੱਚ ਵੀ ਸਕੂਲਾਂ ਦੀ ਨੁਹਾਰ ਬਦਲਣ ਦੇ ਯਤਨ ਜਾਰੀ



ਰਹਿਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੇ ਮਿਆਰ ਵਿੱਚ ਵਾਧਾ ਹੋ ਰਿਹਾ ਹੈ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਸਰਕਾਰ ਸਿੱਖਿਆ ਖੇਤਰ ਵਿੱਚ ਮਿਸਾਲੀ ਕ੍ਰਾਂਤੀਆਂ ਲਿਆ ਰਹੀ ਹੈ ਉਹ ਵੀ ਆਪਣੀ ਨਿੱਜੀ ਜ਼ਿੰਮੇਵਾਰੀ ਸਮਝ ਕੇ ਸਿੱਖਿਆ ਦੇ ਖੇਤਰ ਨੂੰ ਹੋਰ ਬੁਲੰਦੀਆਂ ਵੱਲ ਲਿਜਾਣ ਲਈ ਪੰਜਾਬ ਸਰਕਾਰ ਦਾ ਸਾਥ ਦੇਣ।ਉਨ੍ਹਾਂ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਦਾਖਲੇ ਦਾ ਗਰਾਫ਼ ਵੀ ਦਿਨ ਪ੍ਰਤੀ ਦਿਨ ਵਧ ਰਿਹਾ ਹੈ, ਕਿਉਂਕਿ ਉਚ ਦਰਜੇ ਦੀਆਂ ਸਹੂਲਤਾਂ ਸਰਕਾਰੀ ਸਕੂਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੋਧ ਸਿੰਘ ਬਾਠ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪਰਵਿੰਦਰ ਸਿੰਘ ਘਣੀਆ, ਪੀਏ ਲਵਪ੍ਰੀਤ ਸਿੰਘ, ਹਰਜੀਤ ਸਿੰਘ ਠੇਠਰਕੇ, ਮੇਜਰ ਸਿੰਘ ਠੇਠਰਕੇ, ਸਰਪੰਚ ਵਿਕਟਰ ਮਸੀਹ, ਅਵਤਾਰ ਸਿੰਘ ਸਰਪੰਚ ਮਨਸੂਰਕੇ ਪੱਤੀ, ਹੈੱਡ ਮਾਸਟਰ ਦਲਵਿੰਦਰ ਜੀਤ ਸਿੰਘ, ਸੈਂਟਰ ਹੈੱਡ ਟੀਚਰ ਅੰਮ੍ਰਿਤਪਾਲ ਸਿੰਘ ਰੰਧਾਵਾ, ਰਤਨ ਸਿੰਘ ਪ੍ਰਿੰਸੀਪਲ ਸ਼ਾਹਪੁਰ ਜਾਜਨ, ਜ਼ਿਲ੍ਹਾ ਕੋਆਰਡੀਨੇਟਰ ਗੁਰਨਾਮ ਸਿੰਘ, ਖੁਸ਼ਬੀਰ ਸਿੰਘ ਸਮਰਾ, ਗੁਰਵਿੰਦਰ ਸਿੰਘ ਖੁਸ਼ਹਾਲਪੁਰ, ਮੈਡਮ ਰੁਪਿੰਦਰ ਕੌਰ, ਕਲਕਰ ਦਿਲਰਾਜ ਬੀਰ ਸਿੰਘ, ਕੁਲਦੀਪ ਸਿੰਘ ਬਾਜਵਾ, ਤਰਲੋਕ ਸਿੰਘ ਬਾਠ ਝੰਗੀ, ਡਾਕਟਰ ਗੁਰਮੇਜ ਸਿੰਘ ਸਰਪੰਚ,ਬਲਦੇਵ ਸਿੰਘ ਚੀਮਾ, ਗੁਰਮੀਤ ਸਿੰਘ, ਕਸ਼ਮੀਰ ਚੰਦ, ਮਾਸਟਰ ਤਰਸੇਮ ਮਸੀਹ, ਮਾਸਟਰ ਜੋਨੀ, ਸਤਿੰਦਰ ਸਿੰਘ, ਜਸਵੰਤ ਸਿੰਘ, ਮੈਡਮ ਨਿਸ਼ਾ, ਹਰਬੰਸ ਮਸੀਹ ਝੰਗੀ, ਮੈਡਮ ਅਨੀਤਾ ਰਾਣੀ, ਵਾਰਸ ਮਸੀਹ, ਨਿਰਮਲ ਜੋਤੀ, ਤਜਿੰਦਰ ਪਾਲ ਸਿੰਘ ਪੂੰਨੀ, ਮੰਗਲ ਸਿੰਘ ਸ਼ਹਿਜ਼ਾਦਾ, ਅੰਮ੍ਰਿਤਦੀਪ ਸਿੰਘ, ਸਿਮਰਤਜੀਤ ਸਿੰਘ, ਕੁਲਵਿੰਦਰ ਕੌਰ, ਸੁਖਬੀਰ ਕੌਰ ਪਰਾਚਾ, ਅਮਰਦੀਪ ਕੌਰ, ਰਜਵੰਤ ਕੌਰ, ਗਗਨਦੀਪ ਸਿੰਘ, ਗੁਰਪਿੰਦਰ ਸਿੰਘ ਤੇ ਅਮਿਤ ਗੁਪਤਾ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਅਧਿਆਪਕ, ਵਿਦਿਆਰਥੀਆਂ ਦੇ ਮਾਪੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਤਰਸਿੱਕਾ ਤੋਂ ਅੱਡਾ ਖੁਜਾਲਾ ਨੂੰ ਜਾਂਦੀ ਸੜਕ ਤੇ ਵਾਪਰੇ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੀ ਮੌਤ ਹੋ ਜਾਣ ਦੀ ਖਬਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਿੱਕਾ ਵਾਲੀ ਸਾਈਡ ਤੋਂ ਹਰਪ੍ਰੀਤ ਸਿੰਘ ਹੈਪੀ ਪਿੰਡ ਲੋਹਗੜ੍ਹ ਬਲਕ ਰਹੀਆ ਆਪਣੇ ਮੋਟਰਸਾਈਕਲ ਤੇ ਖੁਜਾਲਾ ਵਾਲੀ ਸਾਈਡ ਨੂੰ ਜਾ ਰਿਹਾ ਸੀ।ਅੱਗੋਂ ਥਰੀਵ੍ਹੀਲਰ ਨੂੰ ਕਰਾਸ ਕਰਦਿਆਂ ਆ ਰਹੀ ਡਾਕ ਵਿਭਾਗ ਦੀ ਕੈਸ਼ ਵਾਲੀ ਗੱਡੀ ਜਿਸ ਨੂੰ ਡੇਵਸ ਕੁਮਾਰ ਚਲਾ ਰਿਹਾ ਸੀ, ਨਾਲ ਉਸ ਦੀ ਸਿੱਧੀ ਟੱਕਰ ਹੋ ਗਈ ਜਿਸ ਕਾਰਨ ਹਰਪ੍ਰੀਤ ਸਿੰਘ ਹੈਪੀ ਦੀ ਮੌਕੇ ਤੇ ਹੀ ਮੌਤ ਹੋ ਗਈ। ਥਾਣਾ ਤਰਸਿੱਕਾ ਦੀ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਲਾਸ਼ ਅਤੇ ਗੱਡੀ ਮੋਟਰਸਾਈਕਲ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਾਮਲਾ ਪਿੰਡ ਮਾੜੀਗੌੜ ਸਿੰਘ ਤੋਂ ਨਾਬਾਲਗ ਬੱਚੇ ਦੀ ਲਾਸ਼ ਨਹਿਰ 'ਚੋਂ ਮਿਲਣ ਦਾ

## * ਚਾਚੇ ਦਾ ਪੁੱਤ ਹੀ ਨਿਕਲਿਆ ਕਾਤਲ, ਪੁਲਸ ਨੇ ਕੀਤਾ ਗ੍ਰਿਫ਼ਤਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਬ ਡਵੀਜ਼ਨ ਭਿੱਖੀਵਿੰਡ ਅਧੀਨ ਪੈਂਦੇ ਪਿੰਡ ਮਾੜੀਗੌੜ ਸਿੰਘ ਤੋਂ ਥੋੜ੍ਹੇ ਕੁ ਦਿਨ ਪਹਿਲਾਂ ਗੁਰਪਿਆਰ ਸਿੰਘ ਨਾਮਕ ਬੱਚੇ ਦੀ ਲਾਸ਼ ਨਹਿਰ ਵਿੱਚੋਂ ਮਿਲਣ ਦੇ ਮਾਮਲੇ ਨੂੰ ਸੁਲਝਾਉਂਦੇ ਹੋਏ ਭਿੱਖੀਵਿੰਡ ਪੁਲਸ ਨੇ ਮ੍ਰਿਤਕ ਬੱਚੇ ਦੇ ਚਾਚੇ ਦੇ ਪੁੱਤਰ ਨੂੰ ਗ੍ਰਿਫ਼ਤਾਰ ਕੀਤਾ ਹੈ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਡੀਐੱਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਪਿੰਡ ਮਾੜੀਗੌੜ ਸਿੰਘ ਤੋਂ ਗੁਰਪਿਆਰ ਸਿੰਘ ਨਾਮਕ ਬੱਚਾ ਜੋ 2 ਅਪ੍ਰੈਲ ਨੂੰ ਲਾਪਤਾ ਹੋਇਆ ਸੀ, ਦੀ ਸੂਚਨਾ ਭਿੱਖੀਵਿੰਡ ਪੁਲਸ ਨੂੰ ਮਿਲੀ ਸੀ।ਕੇਸ ਦਰਜ ਕਰਕੇ ਜਾਂਚ ਆਰੰਭਣ ਮਗਰੋਂ ਮਿਤੀ 4 ਅਪ੍ਰੈਲ ਨੂੰ ਬੱਚੇ ਦੀ ਲਾਸ਼ ਪਿੰਡ ਵਿੱਚੋਂ ਲੰਘਦੀ ਕਸੂਰ ਨਹਿਰ ਵਿੱਚੋਂ ਮਿਲੀ।ਡੀਐੱਸਪੀ ਨੇ ਦੱਸਿਆ ਕਿ ਲਾਸ਼ ਮਿਲਣ ਮਗਰੋਂ ਬੱਚੇ ਦੇ ਪਰਿਵਾਰਕ ਮੈਂਬਰਾਂ ਵੱਲੋਂ ਕਤਲ ਦਾ



ਖਦਸ਼ਾ ਜਤਾਉਣ ਮਗਰੋਂ ਜਦੋਂ ਉਨ੍ਹਾਂ ਨੇ ਟੈਕਨੀਕਲ ਸੋਰਸਿਜ ਦੀ ਮਦਦ ਨਾਲ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਮ੍ਰਿਤਕ ਬੱਚੇ ਦੇ ਚਾਚੇ ਦਾ ਪੁੱਤਰ ਜੋ ਖੁਦ ਵੀ ਨਾਬਾਲਗ ਹੈ, ਨੇ ਬੱਚੇ ਨੂੰ ਮੌਤ ਦੇ ਘਾਟ ਉਤਾਰਿਆ ਸੀ।ਕਾਤਲ ਦੇ ਦੱਸਣ ਮੁਤਾਬਕ ਉਸ ਦੇ ਸਾਈਕਲ ਨਾਲ ਟਕਰਾਉਣ ਕਾਰਨ ਗੁਰਪਿਆਰ ਬੇਹੋਸ਼ ਹੋ ਗਿਆ ਸੀ।ਕਤਲ ਦੇ ਸ਼ੱਕ ਤੋਂ ਬਚਣ ਲਈ ਉਸ ਨੇ ਗੁਨਾਹ ਨੂੰ ਛੁਪਾਉਣ ਲਈ ਉਸ ਨੇ ਗੁਰਪਿਆਰ ਸਿੰਘ ਨੂੰ ਬੇਹੋਸ਼ੀ ਦੀ ਹਾਲਤ ਵਿੱਚ ਨੇੜਿਓਂ ਲੰਘਦੀ ਕਸੂਰ ਨਹਿਰ ਵਿੱਚ ਸੁੱਟ ਦਿੱਤਾ, ਜਿਸ ਕਾਰਨ ਉਸ ਦੀ ਮੌਤ ਹੋ ਗਈ।

ਡੀਐੱਸਪੀ ਦਾ ਕਹਿਣਾ ਸੀ ਕਿ ਬੱਚੇ ਨੂੰ ਲੱਭਣ ਦੇ ਬਹਾਨੇ ਕਾਤਲ ਨੇ ਖ਼ੁਦ ਹੀ ਲਾਸ਼ ਨੂੰ ਬਰਾਮਦ ਕਰਵਾਇਆ।ਉਨ੍ਹਾਂ ਕਿਹਾ ਕਿ ਭਿੱਖੀਵਿੰਡ ਪੁਲਸ ਵੱਲੋਂ ਵੱਖ-ਵੱਖ ਪਹਿਲੂਆਂ ਤੋਂ ਜਾਂਚ ਕਰਕੇ ਕਤਲ ਕਰਨ ਦੀ ਅਸਲ ਵਜ੍ਹਾ ਤੇ ਮਾਮਲੇ ਨਾਲ ਜੁੜੇ ਹਰ ਇੱਕ ਪੱਖ ਨੂੰ ਬਾਹਰ ਲਿਆਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਜ਼ੋਨ ਬਾਬਾ ਦੀਪ ਸਿੰਘ ਵੱਲੋਂ ਅਰਥੀ ਫੂਕ ਮੁਜ਼ਾਹਰਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਵੱਲੋਂ ਅੰਮ੍ਰਿਤਸਰ ਤੋਂ ਖੇਮਕਰਨ ਰੋਡ ਮੰਨਣ ਟੋਲ ਪਲਾਜ਼ਾ ਤੇ ਪਿੰਡ ਸਭਰਾਵਾਂ ਵਿੱਚ ਆਪ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਸ਼ਹਿ ਤੇ ਥਾਣਾ ਸਭਰਾਵਾਂ ਦੇ ਇੰਚਾਰਜ ਵੱਲੋਂ ਇਕ ਕਿਸਾਨ ਦੀ ਜ਼ਮੀਨ ਦੇ ਨਾਲ ਜ਼ਬਰਦਸਤੀ



ਨਾਜਾਇਜ਼ ਖੱਡ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਜਿਸ ਦਾ ਮਕਸਦ ਰੇਤ ਦੀ ਮਾਈਨਿੰਗ ਕਰਨਾ ਹੈ ਜੋ ਕਿ ਸਰਕਾਰੀ ਧੱਕਾ ਹੈ।ਇਸ ਜ਼ਮੀਨ ਦੇ ਗਰੀਬ ਕਿਸਾਨ ਦੀ ਜ਼ਮੀਨ ਬਚਾਉਣ ਲਈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਇਹ ਨਜਾਇਜ਼ ਕੰਮ ਰੋਕਿਆ ਜਾਵੇ। ਇਸ ਮੌਕੇ ਪ੍ਰਧਾਨ ਸੁੱਚਾ ਸਿੰਘ ਖੈਰਦੀਨ ਕੇ, ਪ੍ਰਧਾਨ ਧਰਮ ਸਿੰਘ ਠੱਠਗੜ੍ਹ, ਪ੍ਰਧਾਨ ਗੁਰਮੀਤ ਸਿੰਘ ਐਮਾ ਕਲਾਂ, ਪ੍ਰਧਾਨ ਹਰਜੀਤ ਸਿੰਘ ਮੰਨਣ, ਗੱਜਣ ਸਿੰਘ ਪੰਡੋਰੀ ਸਿੱਧਵਾਂ, ਅਵਤਾਰ ਸਿੰਘ ਮੰਨਣ, ਮੰਗਲ ਸਿੰਘ ਐਮਾਂ ਕਲਾਂ, ਰਣਜੀਤ ਸਿੰਘ ਐਮਾਂ ਕਲਾਂ, ਕਰਤਾਰ ਸਿੰਘ ਐਮਾਂ ਕਲਾਂ, ਡਾ. ਭਾਨ ਸਿੰਘ ਪੰਡੋਰੀ ਸਿੱਧਵਾਂ ਆਦਿ ਬਹੁਗਿਣਤੀ ਆਗੂ ਹਾਜ਼ਰ ਸਨ।

# ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ ਦਾ ਜ਼ਿਲ੍ਹਾ ਮੈਨੇਜਰ ਰਿਸ਼ਵਤ ਲੈਂਦਾ ਕਾਬੂ

**ਤਰਨਤਾਰਨ (ਪ੍ਰਿਤਪਾਲ ਸਿੰਘ)**-ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ, ਤਰਨਤਾਰਨ ਵਿਖੇ ਜ਼ਿਲ੍ਹਾ ਮੈਨੇਜਰ ਵਜੋਂ ਤਾਇਨਾਤ ਚਿਮਨ ਲਾਲ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਤਰਨਤਾਰਨ ਜ਼ਿਲ੍ਹੇ ਦੇ ਪਿੰਡ



ਗਿਧੜੀ ਬੱਘੀਹਾਰੀ ਦੇ ਇੱਕ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਉਪਰੰਤ ਕੀਤੀ ਗਈ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਸਦੀ ਦਿਵਿਆਂਗ ਭੈਣ ਨੇ ਸਾਲ 2009 ਵਿੱਚ ਉਕਤ ਕਾਰਪੋਰੇਸ਼ਨ ਤੋਂ 1,00,000 ਰੁਪਏ ਦਾ ਕਰਜ਼ਾ ਲਿਆ ਸੀ।ਇਸ ਉਪਰੰਤ ਸਰਕਾਰ ਨੇ ਇੱਕ ਸਕੀਮ ਤਹਿਤ ਅਜਿਹੇ ਕਰਜ਼ਿਆਂ ਦੀ ਮੁਆਫ਼ੀ ਦਾ ਐਲਾਨ ਕੀਤਾ ਸੀ ਪਰ ਉਕਤ ਮੈਨੇਜਰ ਨੇ ਸਰਕਾਰ ਦੁਆਰਾ ਮੁਆਫ਼ ਕੀਤੇ ਗਏ ਕਰਜ਼ੇ ਦੀ ਪ੍ਰਕਿਰਿਆ ਅਤੇ ਇਸਦਾ ਨਿਪਟਾਰਾ ਕਰਨ ਲਈ ਉਸ ਤੋਂ 10,000 ਰੁਪਏ ਰਿਸ਼ਵਤ ਦੀ ਮੰਗੀ ਹੈ।ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਉਕਤ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ।ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਅੰਤਰਰਾਸ਼ਟਰੀ ਗਣਿਤ ਓਲੰਪੀਆਡ 'ਚ ਸੋਨੇ ਦੇ 22 ਤਮਗੇ ਜਿੱਤੇ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਨੇ ਇੱਕ ਵਾਰ ਫਿਰ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ 22 ਵਿਦਿਆਰਥੀਆਂ ਨੇ ਐੱਸਓਐੱਫ ਅੰਤਰਰਾਸ਼ਟਰੀ ਗਣਿਤ ਓਲੰਪੀਆਡ ਵਿੱਚ ਸੋਨੇ ਦੇ ਤਮਗੇ ਹਾਸਿਲ ਕਰਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।

ਐੱਸਓਐੱਫ ਅੰਤਰਰਾਸ਼ਟਰੀ ਗਣਿਤ ਓਲੰਪੀਆਡ, ਸਾਇੰਸ ਓਲੰਪੀਆਡ ਫਾਊਂਡੇਸ਼ਨ ਦੁਆਰਾ ਕਰਵਾਇਆ ਜਾਂਦਾ ਹੈ ਅਤੇ ਕਲਾਸ 1 ਤੋਂ 12 ਤੱਕ ਦੇ ਵਿਦਿਆਰਥੀਆਂ ਲਈ ਇੱਕ ਮਾਣਯੋਗ ਸਾਲਾਨਾ ਵਿੱਦਿਅਕ ਪ੍ਰਤੀਯੋਗਤਾ ਹੈ। ਇਸਦਾ ਟੀਚਾ ਵਿਦਿਆਰਥੀਆਂ ਦੀ ਗਣਿਤਕ ਤਰਕ-ਸ਼ਕਤੀ, ਵਿਸ਼ਲੇਸ਼ਣਾਤਮਕ ਸੋਚ ਅਤੇ ਤਾਰਕਿਕ ਯੋਗਤਾ ਦਾ ਮੁਲਾਂਕਣ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕੀਤਾ ਜਾ ਸਕੇ। ਤਮਗੇ ਹਾਸਲ ਕਰਨ ਵਾਲੇ ਵਿਦਿਆਰਥੀ ਵਿੱਚ ਕਾਇਨਾ, ਮਾਧਵ, ਸਕੈਰਾ, ਦਕਸ਼, ਪੀਯੂਸ਼, ਮਯੰਕ, ਜਸਪ੍ਰੀਤ, ਕਿਆਂਸ, ਅਯਾਨ, ਪ੍ਰਣਵ, ਤਰੇਸ, ਸਾਵਿਆ, ਅਨਾਹਿਤਾ, ਅੰਨਵ, ਪ੍ਰਗੁਣ, ਪ੍ਰਣਵ, ਸੌਮਿਲੀ, ਦੇਵਾਂਸ਼, ਰਿਧਮ ਅਤੇ ਵੰਸ਼ ਹਨ। ਇਨ੍ਹਾਂ ਵਿਦਿਆਰਥੀਆਂ ਨੇ ਆਪਣੀ ਅਸਾਧਾਰਣ ਗਣਿਤਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਨਾ ਸਿਰਫ ਸਕੂਲ, ਸਗੋਂ ਆਪਣੇ ਪਰਿਵਾਰ ਦਾ ਨਾਮ ਵੀ ਮਾਣ ਨਾਲ ਉੱਚਾ ਕੀਤਾ ਹੈ।

ਡਾਇਰੈਕਟਰ ਸੰਨੀ ਮਹਾਜਨ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਕਾਮਯਾਬੀ ਸਾਡੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਅਸੀਂ ਉੱਤਮਤਾ ਦੀ ਭਾਵਨਾ ਨੂੰ ਪੋਸ਼ਿਤ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ ਅਤੇ ਇਹ ਸਫਲਤਾ ਉਸੇ ਦ੍ਰਿਸ਼ਟੀਕੋਣ ਦੀ ਪੈਦਾਵਾਰ ਹੈ।

ਡਾਇਰੈਕਟਰ ਓਸਿਨ ਮਹਾਜਨ ਨੇ ਕਿਹਾ ਕਿ ਗਣਿਤ ਬੱਚਿਆਂ ਨੂੰ ਆਲੋਚਨਾਤਮਕ ਸੋਚ ਅਤੇ ਅਸਲ ਜੀਵਨ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਕਲਾ ਸਿਖਾਉਂਦਾ ਹੈ। ਮੈਨੂੰ ਸਾਡੇ ਹੋਣਹਾਰ ਵਿਦਿਆਰਥੀਆਂ ਅਤੇ ਪ੍ਰਤਾਪ ਵਰਲਡ ਸਕੂਲ ਵਿੱਚ ਬਣਾਏ ਗਏ ਅਕਾਦਮਿਕ ਮਾਹੌਲ 'ਤੇ ਬਹੁਤ ਮਾਣ ਹੈ। ਪ੍ਰਿੰਸੀਪਲ ਸੁਭਰਾ ਰਾਣੀ ਨੇ ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਦਾ ਪਲ ਹੈ। ਸਾਡੇ ਵਿਦਿਆਰਥੀ ਲਗਾਤਾਰ ਰਾਸ਼ਟਰੀ ਪੱਧਰ ਤੇ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ ਅਤੇ ਇਹ ਉਪਲਬਧੀ ਸਾਡੀ ਗੁਣਵੱਤਾਪੂਰਨ ਸਿੱਖਿਆ ਅਤੇ ਨਿਰੰਤਰ ਪ੍ਰੋਤਸਾਹਨ ਦੀ ਨੀਤੀ ਨੂੰ ਮਜ਼ਬੂਤ ਕਰਦੀ ਹੈ।



# ਮਿਸ਼ਨ ਸਮਰੱਥ 3.0 ਅਧੀਨ ਬੇਸਲਾਈਨ ਸਿਖਲਾਈ ਟੈਸਟਿੰਗ ਦਾ ਸੁਤੰਤਰ ਮੁਲਾਂਕਣ ਸ਼ੁਰੂ: ਪੁਰੇਵਾਲ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਐੱਸਸੀਈਆਰਟੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲੇ ਦੇ ਸਰਕਾਰੀ ਸਕੂਲਾਂ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਸਿੱਖਿਆ ਪੱਧਰ ਵਿੱਚ ਸੁਧਾਰ ਲਿਆਉਣ ਲਈ ਮਿਸ਼ਨ ਸਮਰੱਥ 3.0 ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਸ ਤਹਿਤ ਇਨ੍ਹਾਂ ਵਿਦਿਆਥੀਆਂ ਦੀ ਬੇਸ ਲਾਈਨ ਟੈਸਟਿੰਗ ਮੁਕੰਮਲ ਹੋ ਚੁੱਕੀ ਹੈ ਅਤੇ ਇਸ ਨਾਲ ਸਾਰ ਡਾਟਾ ਸੰਬੰਧਿਤ ਐਪ ਤੇ ਅਪਲੋਡ ਕਰ ਦਿੱਤਾ ਗਿਆ ਹੈ ।ਹੁਣ ਵਿਦਿਆਰਥੀਆਂ ਦਾ ਸੁਤੰਤਰ ਮੁਲਾਂਕਣ ਕੀਤਾ ਜਾਣਾ ਹੈ ਜਿਸ ਵਾਸਤੇ ਮਾਨਯੋਗ ਜਿਲਾ ਸਿੱਖਿਆ ਅਫਸਰ ਦੀ ਰਹਿਨੁਮਾਈ ਹੇਠ ਕਰੀਬ 138 ਸਕੂਲਾਂ ਵਿੱਚ ਸੁਤੰਤਰ ਮੁਲਾਂਕਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ ।ਇਸ ਦੀ ਜਾਂਚ ਲਈ ਜ਼ਿਲਾ ਰਿਸੋਰਸ ਕੋਆਰਡੀਨੇਟਰ ਪੁਰੇਵਾਲ ਵਲੋਂ ਸਮਿਸ ਕੰਡਿਆਲ ਬਲਾਕ ਬਟਾਲਾ ਅਤੇ ਸਮਿਸ ਗੰਜਾ ਬਲਾਕ ਦੋਰਾਂਗਲਾ ਦੇ ਸਕੂਲ ਵਿਜਟ ਕੀਤੇ ਗਏ ।ਉਨ੍ਹਾਂ ਦੱਸਿਆ ਕਿ ਬੇਸਲਾਈਨ ਟੈਸਟਿੰਗ ਪਹਿਲਾਂ ਸਕੂਲ ਪੱਧਰ ਤੇ ਵਿਸ਼ਾਵਾਰ ਅਧਿਆਪਕਾਂ ਵਲੋਂ ਕੀਤੀ ਗਈ ਸੀ ਅਤੇ ਹੁਣ ਇਸ ਦੀ ਕਰਾਸ ਚੈਕਿੰਗ ਲਈ ਅੰਤਰ ਬਲਾਕ ਰਿਸੋਰਸ ਕੋਆਰਡੀਨੇਟਰਾਂ ਦੀਆਂ ਟੀਮਾਂ ਬਣਾ ਕੇ ਸੁਤੰਤਰ ਮੁਲਾਂਕਣ ਕਰਵਾਇਆ ਜਾ ਰਿਹਾ ਹੈ।ਇਸ ਦੌਰਾਨ ਤਿੰਨ ਵੱਖ ਵੱਖ ਵਿਸ਼ਿਆਂ ਪੰਜਾਬੀ, ਅੰਗਰੇਜ਼ੀ ਅਤੇ ਗਣਿਤ ਦਾ ਸੁਤੰਤਰ ਮੁਲਾਂਕਣ ਕੀਤਾ ਜਾਵੇਗਾ ।ਇਸ ਤੋਂ ਉਪਰੰਤ ਰੈਂਡਮ



ਅਸੈਸਮੈਂਟ ਵੀ ਕੀਤੀ ਜਾਵੇਗੀ।ਉਨ੍ਹਾਂ ਸਮੂਹ ਸਕੂਲ ਮੁਖੀਆਂ ਨੂੰ ਅਪੀਲ ਕੀਤੀ ਕਿ ਸੁਤੰਤਰ ਮੁਲਾਂਕਣ ਵਾਲੇ ਦਿਨ ਵਿਦਿਆਰਥੀਆਂ ਦੀ ਹਾਜ਼ਰੀ 100 ਪ੍ਰਤੀਸ਼ਤ ਯਕੀਨੀ ਬਣਾਈ ਜਾਵੇ । ਸ: ਪੁਰੇਵਾਲ ਨੇ ਦੱਸਿਆ ਕਿ ਨਵੇਂ ਸੈਸ਼ਨ ਵਾਸਤੇ ਮਿਸ਼ਨ ਸਮਰੱਥ ਦੀਆਂ ਕਿਤਾਬਾਂ ਬਲਾਕਾਂ ਵਿੱਚ ਪਹੁੰਚ ਚੁੱਕੀਆਂ ਹਨ ਅਤੇ ਸਮੂਹ ਸਕੂਲ਼ ਮੁਖੀ ਆਪਣੇ ਬੀਪੀਈਓ ਦਫਤਰ ਨਾਲ ਤਾਲਮੇਲ ਕਰਕੇ ਇਹ ਕਿਤਾਬਾਂ ਬੱਚਿਆਂ ਤੱਕ ਜਲਦੀ ਤੋਂ ਜਲਦੀ ਪੁੱਜਦੀਆਂ ਕਰਨ ।ਉਨ੍ਹਾਂ ਸਮੂਹ ਸਕੂਲ ਮੁਖੀਆਂ ਨੂੰ ਸਕੂਲ ਪੱਧਰ ਤੇ ਸਕੂਲ ਗਰੁੱਪਿੰਗ ਅਨੁਸਾਰ ਅਤੇ ਮਿਸ਼ਨ ਸਮਰੱਥ ਅਧੀਨ ਤਿਆਰ ਕੀਤੇ ਟਾਈਮ ਟੇਬਲ ਅਨੁਸਾਰ ਜਮਾਤਾਂ ਲਗਾਉਣ ਦੀ ਅਪੀਲ ਕੀਤੀ ।ਮਿਸ਼ਨ ਸਮਰੱਥ ਅਧੀਨ ਪੰਜਾਬੀ ਵਿਸ਼ੇ ਵਾਸਤੇ 80 ਮਿੰਟ ਅੰਗਰੇਜ਼ੀ ਅਤੇ ਗਣਿਤ ਵਾਸਤੇ 40-40 ਮਿੰਟ ਦਾ ਸਮਾਂ ਰੱਖਿਆ ਗਿਆ ਹੈ ।ਇਸ ਮੌਕੇ ਬੀਆਰਸੀ ਰਣਜੀਤ ਸਿੰਘ, ਗੁਰਮੀਤ ਸਿੰਘ ਅਤੇ ਸਕੂਲ ਸਟਾਫ ਵੀ ਹਾਜ਼ਰ ਸੀ ।

# ਨੈਸ਼ਨਲ ਵੈਕਟਰ ਬੋਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਸੈਮੀਨਾਰ ਆਯੋਜਿਤ

ਗੁਰਦਾਸਪੁਰ (ਜਨਕ ਮਹਾਜਨ)-ਸਿਵਲ ਸਰਜਨ ਗੁਰਦਾਸਪੁਰ ਡਾ. ਪ੍ਰਭਜੋਤ ਕੌਰ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੈਰੀਟੋਰੀਅਸ ਸਕੂਲ ਗੁਰਦਾਸਪੁਰ ਵਿਖੇ ਨੈਸ਼ਨਲ ਵੈਕਟਰ ਬੋਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਇੱਕ ਸੈਮੀਨਾਰ ਲਾਇਆ ਗਿਆ ।ਇਸ ਮੌਕੇ ਜ਼ਿਲਾ ਐਪੀਡੇਮੋਲੋਜਿਸਟ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲੇ ਵਿੱਚ ਡੇਂਗੂ, ਮਲੇਰੀਏ ਦੀ ਰੋਕਥਾਮ ਅਤੇ ਜਾਗਰੂਕਤਾ ਲਈ 101 ਟੀਮਾਂ ਬਣਾਈ ਗਈਆਂ ਹਨ।ਜਲਦ ਹੀ ਬ੍ਰੀਡਿੰਗ ਚੈਕਰ ਦੀ ਵੀ ਭਰਤੀ ਕੀਤੀ ਜਾਵੇਗੀ। ਫੀਲਡ ਸਟਾਫ ਵੱਲੋ ਡੇਂਗੂ ਅਤੇ ਮਲੇਰੀਏ ਦੀ ਜਾਂਚ ਲਈ ਘਰਾਂ ਅਤੇ ਹੋਰ ਜਗਾ ਤੇ ਮੱਛਰ ਦੇ ਲਾਰਵੇ ਦੀ ਜਾਂਚ ਕੀਤੀ ਜਾਵੇਗੀ ।ਸਕੂਲਾਂ ਵਿੱਚ ਬੱਚਿਆਂ ਨੂੰ ਜਾਗਰੂਕ ਕਰਨ ਲਈ ਲਿਟਲ ਚੈਂਪੀਅਨ ਪ੍ਰੋਗਰਾਮ ਜਾਰੀ ਹੈ।ਉਨ੍ਹਾਂ ਕਿਹਾ ਕਿ ਮਛਰਾਂ ਨਾਲ ਹੋਣ ਵਾਲੇ ਰੋਗਾਂ ਦੀ ਰੋਕਥਾਮ ਲਈ ਹਰੇਕ ਸ਼ੁੱਕਰਵਾਰ ਨੂੰ ਡਰਾਈ ਡੇ ਗਤੀਵਿਧੀ ਕੀਤੀ ਜਾਵੇਗੀ ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਫਾਲਤੂ ਵਿਚ ਪਾਣੀ ਨਾ ਜਮ੍ਹਾ ਹੋਣ ਦੇਣ।ਜੇ ਕਿਤੇ ਮਛਰ ਦਾ ਲਾਰਵਾ ਹੋਵੇ, ਉਸ ਨੂੰ ਨਸ਼ਟ ਕੀਤਾ ਜਾਵੇ। ਮਛਰ ਜਨਿਤ ਰੋਗਾਂ ਤੋ ਬਚਾਅ ਕੀਤਾ ਜਾਵੇ।ਬੁਖਾਰ ਹੋਣ ਤੇ ਤੁਰੰਤ ਨੇੜਲੇ ਸਿਹਤ ਕੇਂਦਰ ਤੋਂ ਜਾਂਚ ਕਰਵਾਈ ਜਾਵੇ। ਡਾਕਟਰ ਦੀ ਸਲਾਹ ਨਾਲ ਹੀ ਦਵਾਈ ਖਾਦੀ ਜਾਵੇ।



# ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਸਖਤੀ ਨਾਲ ਜਾਰੀ ਰਹੇਗੀ: ਥਾਣਾ ਮੁਖੀ

ਅੰਮ੍ਰਿਤਸਰ (ਅਰੋੜਾ): ਪੁਲਸ ਥਾਣਾ ਛੇਹਰਟਾ ਦੇ ਇੰਚਾਰਜ ਇੰਸਪੈਕਟਰ ਵਿਨੋਦ ਸ਼ਰਮਾ ਨੇ ਆਪਣੇ ਕਾਰਜਕਾਲ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਪੰਜਾਬ ਸਰਕਾਰ ਅਤੇ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਨਸ਼ੇ ਦਾ ਧੰਦਾ ਕਰਨ ਵਾਲਿਆਂ ਅਤੇ ਹੋਰ ਗੈਰ ਕਾਨੂੰਨੀ ਕੰਮ ਕਰਨ ਵਾਲਿਆਂ ਦੇ ਨਾਲ ਸਖਤੀ ਨਾਲ



ਨਿਪਟਿਆ ਜਾਵੇਗਾ। ਉਨ੍ਹਾਂ ਨੇ ਗੈਰ ਕਾਨੂੰਨੀ ਕੰਮ ਕਰਨ ਵਾਲਿਆਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਉਹ ਗੈਰ ਕਾਨੂੰਨੀ ਧੰਦੇ ਦਾ ਕਾਰੋਬਾਰ ਬੰਦ ਕਰਨ ਨਹੀਂ ਤਾਂ ਉਨ੍ਹਾਂ ਦੇ ਨਾਲ ਸਖਤੀ ਨਾਲ ਨਿਪਟਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਨਸ਼ੇ ਦਾ ਧੰਦਾ ਕਰਨ ਵਾਲਿਆਂ ਦੇ ਨਾਲ ਨਾਲ ਸੜਕਾਂ ਦੇ ਕਿਨਾਰਿਆਂ ਤੇ ਲੱਗੀਆਂ ਰੇਹੜੀਆਂ ਤੇ ਜੋ ਵੀ ਸ਼ਰਾਬ ਦਾ ਸੇਵਨ ਕਰਦਾ ਦੇਖਿਆ ਜਾਵੇਗਾ ਉਸ ਨੂੰ ਤੁਰੰਤ ਹਿਰਾਸਤ ਵਿੱਚ ਲੈ ਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਨੇ ਦੁਕਾਨਾਂ ਅਤੇ ਰੇਹੜੀਆਂ ਤੇ ਬਣਾਏ ਗਏ ਗੈਰ ਕਾਨੂੰਨੀ ਅਹਾਤੇ ਮਾਲਕਾਂ ਨੂੰ ਵੀ ਚਿਤਾਵਨੀ ਦਿੱਤੀ ਕਿ ਉਹ ਕਿਸੇ ਨੂੰ ਵੀ ਸ਼ਰਾਬ ਦਾ ਸੇਵਨ ਸੜਕਾਂ ਦੇ ਕਿਨਾਰਿਆਂ ਅਤੇ ਦੁਕਾਨਾਂ ਤੇ ਕਰਨ ਦੀ ਇਜਾਜ਼ਤ ਨਾ ਦੇਣ ਨਹੀਂ ਤਾਂ ਉਨ੍ਹਾਂ ਦੇ ਖਿਲਾਫ਼ ਵੀ ਕਾਨੂੰਨ ਦੇ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਥਾਣਾ ਪ੍ਰਭਾਰੀ ਵਿਨੋਦ ਸ਼ਰਮਾ ਨੇ ਮੈਡੀਕਲ ਸਟੋਰਾਂ ਤੇ ਬੈਨ ਕੀਤੀਆਂ ਦਵਾਈਆਂ ਵੇਚਣ ਵਾਲਿਆਂ ਨੂੰ ਵੀ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਕੋਈ ਵੀ ਅਜਿਹੀ ਦਵਾਈ ਨਾ ਵੇਚਣ ਜਿਸਦੀ ਵਰਤੋਂ ਨਸ਼ੇ ਦੇ ਰੂਪ ਵਿੱਚ ਕੀਤੀ ਜਾਂਦੀ ਹੈ।ਇਸ ਮੌਕੇ ਇੰਸਪੈਕਟਰ ਵਿਨੋਦ ਸ਼ਰਮਾ ਦੇ ਨਾਲ ਪੁਲਸ ਥਾਣਾ ਛੇਹਰਟਾ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਨਵਾਂ ਗੁਰਦਾਸ ਨੰਗਲ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਨ, ਤਰਕਸ਼ੀਲ ਆਗੂ ਡਾਕਟਰ ਅਜੇ ਸੋਹਲ ਅਤੇ ਡਾਕਟਰ ਸੁੱਚਾ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਪ੍ਰੋਗਰਾਮ ਦੌਰਾਨ ਆਗੂਆਂ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਬੁਲਾਰਿਆਂ ਨੇ ਕਿਹਾ ਕਿ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਸੰਘਰਸ਼ਮਈ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦਾ ਜੀਵਨ ਸਾਰਿਆਂ ਲਈ ਪ੍ਰੇਰਣਾ ਸ੍ਰੋਤ ਹੈ ਅਤੇ ਨੌਜਵਾਨ ਵਰਗ ਨੂੰ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਡਾ. ਅੰਬੇਡਕਰ ਨੇ ਇੱਕ ਗਰੀਬ ਪਰਿਵਾਰ 'ਚੋਂ ਉੱਠ ਕੇ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਦੀ ਗੱਲ ਕੀਤੀ ਅਤੇ ਭਾਰਤ ਦੇ ਸਵਿੰਧਾਨ ਵਿੱਚ ਸਾਰਿਆਂ ਨੂੰ ਬਰਾਬਰ ਦੇ ਹੱਕ ਦਿੱਤੇ। ਬਾਬਾ ਸਾਹਿਬ ਦੀ ਦੇਣ ਨੂੰ ਸਾਡਾ ਦੇਸ਼ ਕਦੀ ਵੀ ਭੁੱਲ ਨਹੀਂ ਸਕਦਾ। ਪ੍ਰੋਗਰਾਮ ਵਿੱਚ ਮਾਸਟਰ ਨੰਦ ਲਾਲ ਕਲਿਆਣਪੁਰੀ, ਐੱਸਡੀਓ ਕਸਤੂਰੀ ਲਾਲ, ਅਸ਼ਵਨੀ ਫੱਜੂਪੁਰ, ਪਿੰਡ ਦੀ ਸਰਪੰਚ ਬੀਬੀ ਹਰਜਿੰਦਰ ਕੌਰ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਬਲਵਿੰਦਰ ਸਿੰਘ, ਬਲਦੇਵ ਸਿੰਘ, ਕੁਲਜੀਤ ਸਿੰਘ, ਵਿਕਟਰ ਮਸੀਹ, ਗੁਰਮੁਖ ਸਿੰਘ, ਸਿਕੰਦਰ ਸਿੰਘ ਹੈਪੀ, ਸਾਗਰ, ਮਾਸਟਰ ਬਲਬੀਰ ਸਿੰਘ ਗੋਲਡੀ, ਮੰਗਲ ਸਿੰਘ, ਪ੍ਰਧਾਨ ਰਾਜੂ ਆਦਿ ਹਾਜ਼ਰ ਸਨ।

# 'ਡਾ. ਭੀਮ ਰਾਓ ਅੰਬੇਡਕਰ ਨੇ ਸੰਵਿਧਾਨ ਦੀ ਰਚਨਾ ਕਰਕੇ ਦਲਿਤਾਂ ਤੇ ਪੱਛੜੇ ਵਰਗਾਂ ਲਈ ਸ਼ਲਾਘਾਯੋਗ ਕਾਰਜ ਕੀਤਾ'

ਝਬਾਲ (ਹਰਜਿੰਦਰ ਸਿੰਘ ਸੋਨੀ)-ਸੀਟੂ ਦੀ ਜ਼ਿਲ੍ਹਾ ਕਮੇਟੀ ਅੰਮ੍ਰਿਤਸਰ ਵੱਲੋਂ ਡਾ. ਭੀਮਰਾਉ ਅੰਬੇਦਕਰ ਦਾ ਜਨਮ ਦਿਨ ਸਥਾਨਕ ਬੇਰੀ ਗੇਟ ਪਾਰਕ ਵਿਖੇ ਮਨਾਇਆ ਗਿਆ ਜਿਸ ਨੂੰ ਸੀਟੂ ਦੇ ਸੂਬਾਈ ਵਿੱਤ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ, ਸਨਅਤੀ ਮਜ਼ਦੂਰ ਯੂਨੀਅਨ ਦੇ ਆਗੂ ਕਾਮਰੇਡ ਚਰਨਜੀਤ ਸਿੰਘ ਮਜੀਠਾ ਤੇ ਕਾਮਰੇਡ ਕਿਰਪਾ ਰਾਮ, ਆਸ਼ਾ ਵਰਕਰ ਫਸਿਲੀਟੇਟਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਰਘਵੀਰ ਕੌਰ ਨਾਗ, ਲਾਲ ਝੰਡਾ ਭੱਠਾ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਬੁਤਾਲਾ, ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਟਪਿਆਲਾ, ਮਿਡ ਡੇ ਮੀਲ ਵਰਕਸ ਯੂਨੀਅਨ ਦੀ ਦੀ ਆਗੂ ਸਪਨਾ ਰਾਣੀ, ਸਟਰੀਟ ਲਾਈਟ ਵਰਕਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਵਾਸਦੇਵ, ਲੋਡਿੰਗ ਅਨਲੋਡਿੰਗ ਦੇ ਜ਼ਿਲਾ ਸਕੱਤਰ ਕਾਮਰੇਡ ਪ੍ਰਤਾਪ ਸਿੰਘ ਖਾਪੜਖੇੜੀ, ਅੰਮ੍ਰਿਤਸਰ ਆਟੋ ਰਿਕਸ਼ਾ ਯੂਨੀਅਨ ਦੇ ਆਗੂ ਮਹਿੰਦਰ ਖਹਿਰਾ ਨੇ ਸੰਬੋਧਨ ਕੀਤਾ।ਭਰਾਤਰੀ ਜਥੇਬੰਦੀਆਂ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਭੁਪਿੰਦਰਜੀਤ ਸਿੰਘ ਛੀਨਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਸਮੁੱਚੇ ਬੁਲਾਰਿਆਂ ਨੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਨੇ ਭਾਰਤ ਦੀ ਆਜ਼ਾਦੀ ਤੋਂ ਉਪਰੰਤ ਸੰਵਿਧਾਨ ਸੰਵਿਧਾਨ ਦੀ ਰਚਨਾ ਦਾ ਮਹੱਤਵਪੂਰਨ ਕਾਰਜ ਕਰਕੇ ਦਲਿਤਾਂ ਅਤੇ ਹੋਰ ਪਿਛੜੇ ਵਰਗ ਦੇ ਲੋਕਾਂ ਨੂੰ ਆਜ਼ਾਦ ਭਾਰਤ ਅੰਦਰ ਢੁਕਵੀ ਸਨਮਾਨ ਜਨਕ ਥਾਂ ਦਵਾਉਣ ਦਾ ਸਲਾਘਾਯੋਗ ਕੰਮ ਕੀਤਾ। ਡਾ. ਅੰਬੇਦਕਰ ਦੇ ਸੰਵਿਧਾਨ ਦੇ ਕਾਰਨ ਹੀ ਅੱਜ ਸਦੀਆਂ ਤੋਂ ਲਿਤਾੜੇ ਆ ਰਹੇ ਦਲਿਤ ਅਤੇ ਪਛੜੇ ਭਾਈਚਾਰੇ ਦੇ ਲੋਕ ਮਹੱਤਵਪੂਰਨ ਅਹੁਦਿਆਂ ਤੇ ਸੇਵਾਵਾਂ ਨਿਭਾ ਰਹੇ ਹਨ ਪਰ ਫਿਰਕੂਵਾਦੀ ਤਾਕਤਾਂ ਬਾਬਾ ਸਾਹਿਬ ਵੱਲੋਂ ਦਿੱਤੇ ਸੰਵਿਧਾਨ ਨੂੰ ਬਦਲਣ ਲਈ ਏਡੀ ਚੋਟੀ ਦਾ ਜ਼ੋਰ ਲਗਾ ਰਹੀਆਂ ਹਨ।ਕੇਂਦਰ ਦੀ ਮੋਦੀ ਸਰਕਾਰ ਵੀ ਇਨਾਂ ਤਾਕਤਾਂ ਦਾ ਹੱਥ ਠੋਕਾ ਬਣ ਕੇ ਸੰਵਿਧਾਨ ਨੂੰ ਬਦਲਣ ਤੇ ਰਾਤ ਤੁਰ ਪਈ ਹੈ



ਜਿਸ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਸੀਟੂ ਦੇ ਸੂਬਾਈ ਵਿੱਤ ਸਕੱਤਰ ਅਤੇ ਜਿਲ੍ਹਾ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਧੱਕੇਸ਼ਾਹੀਆਂ ਵਿਰੁੱਧ 20 ਮਈ ਨੂੰ ਸੀਟੂ ਵੱਲੋਂ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ।ਇਸ ਮੌਕੇ ਅੰਮ੍ਰਿਤਸਰ ਬੱਸ ਸਟੈਂਡ ਤੇ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਦੇਸ਼ ਦੀਆਂ ਪ੍ਰਮੁੱਖ ਦਸ ਟ੍ਰੇਡ ਯੂਨੀਅਨਾਂ ਅਤੇ 50 ਫੈਡਰੇਸ਼ਨਾਂ ਦੇ ਵਰਕਰ ਭਾਰੀ ਗਿਣਤੀ ਵਿੱਚ ਸ਼ਾਮਿਲ ਹੋਣਗੇ।ਉਨ੍ਹਾਂ ਨੇ ਦੱਸਿਆ ਕਿ 1 ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਡੈਮਗੰਜ ਨਾਈਆ ਵਾਲੇ ਮੋੜ ਵਿਖੇ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਵੀ ਸੀਟੂ ਨਾਲ ਸੰਬੰਧਿਤ ਸਾਰੇ ਜਾਂ ਜਥੇਬੰਦੀਆਂ ਦੇ ਸਾਥੀ ਹਾਜ਼ਰ ਹੋਣਗੇ।ਸੀਟੂ ਦਾ ਜ਼ਿਲ੍ਹਾ ਪ੍ਰਧਾਨ ਕਾਮਰੇਡ ਜੀਤ ਰਾਜ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਕਾਮਰੇਡ ਵਿਜੇ ਕੁਮਾਰ, ਗੁਰਨਾਮ ਸਿੰਘ ਤਲਵੰਡੀ, ਮਨਜੀਤ ਸਿੰਘ ਉਬਰਾਏ, ਸੁਖਵਿੰਦਰ ਸਿੰਘ ਸਿੱਧੂ, ਚਰਨ ਸਿੰਘ ਫਤਾਹਪੁਰ, ਮਨਜੀਤ ਕੌਰ ਆਦਿ ਹਾਜ਼ਰ ਸਨ।

# ਗੁਰਦੁਆਰਾ ਭਗਤ ਜੱਲਣ ਦਾਸ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ

## * ਚਰਨਜੀਤ ਚੰਨੀ, ਪ੍ਰਗਟ ਸਿੰਘ, ਲਾਲੀ ਢਾਲਾ, ਕੁਲਬੀਰ ਜ਼ੀਰਾ, ਰਾਜਬੀਰ ਭੁੱਲਰ ਤੇ ਚੈਅ: ਰਮਨ ਕੁਮਾਰ ਨੇ ਭਰੀ ਹਾਜ਼ਰੀ

ਝਬਾਲ,(ਹਰਜਿੰਦਰ ਸਿੰਘ ਸੋਨੀ)-ਕੰਡਿਆਲੀ ਤਾਰ ਦੇ ਕੋਲ ਵੱਸੇ ਪਿੰਡ ਨੌਸ਼ਿਹਰਾ ਢਾਲਾ ਵਿਖੇ ਸਥਿਤ ਭਗਤ ਜੱਲਣ ਦਾਸ ਜੀ ਦੇ ਤਪ ਅਸਥਾਨ ਗੁਰਦੁਆਰਾ ਬਾਬਾ ਜੱਲਣ ਦਾਸ ਵਿਖੇ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਸੰਧੂ ਮੈਂਬਰ ਐੱਸਜੀਪੀਸੀ ਦੀ ਅਗਵਾਈ ਹੇਠ ਅਤੇ ਉਘੇ ਸਮਾਜ ਸੇਵਕ ਪਹਿਲਵਾਨ ਕੰਵਰ ਸੰਧੂ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਜਸਮਿੰਦਰ ਸਿੰਘ ਸੰਧੂ, ਮਨਜਿੰਦਰ ਸਿੰਘ ਮੰਨਾ ਬਾਵਾ ਤੇ ਸਮੂਹ ਨਗਰ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਦੋ ਰੋਜ਼ਾ ਵਿਸਾਖੀ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਤੇ ਧੂਮ ਧਾਮ ਨਾਲ ਮਨਾਇਆ ਗਿਆ । ਸਵੇਰੇ ਅਨੇਕਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰਖਾਏ ਗਏ ਪਾਠ ਦੇ ਭੋਗ ਪਾਏ ਜਾਣ ਉਪਰੰਤ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਹਜ਼ੂਰੀ ਰਾਗੀ ਗੁ. ਬਾਬਾ ਜੱਲਣ ਦਾਸ ਭਾਈ ਰਮਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਵੱਲੋਂ ਇਲਾਹੀ ਬਾਣੀ ਦਾ ਸ਼ਬਦ ਕੀਰਤਨ ਅਤੇ ਪੰਥ ਦੇ ਪ੍ਰਸਿੱਧ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਲੱਖਾ ਸ਼ਰਧਾਲੂਆਂ ਨੇ ਮੱਥਾ ਟੇਕਿਆ ਜਦ ਕਿ ਵਿਸੈਸ ਖਿੱਚ ਦਾ ਕੇਂਦਰ ਰਹੀਆਂ ਬਲਦਾਂ ਦੀਆਂ ਦੋੜਾ ਦੌਰਾਨ ਜੇਤੂ ਬਲਦਾਂ ਦੀਆ ਜੋੜੀਆਂ ਵਾਲੇ ਕਿਸਾਨਾਂ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪੁੱਜੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ



ਚੰਨੀ, ਸਾਬਕਾ ਵਿਧਾਇਕ ਪ੍ਰਗਟ ਸਿੰਘ ਜਲੰਧਰ, ਕੁਲਬੀਰ ਸਿੰਘ ਜ਼ੀਰਾ, ਚੇਅਰਮੈਨ ਰਮਨ ਕੁਮਾਰ ਝਬਾਲ, ਰਾਜਬੀਰ ਸਿੰਘ ਭੁੱਲਰ, ਸਮੇਤ ਨਤਮਸਤਕ ਹੋਈਆਂ ਰਾਜਸੀ, ਧਾਰਮਿਕ ਸਖਸ਼ੀਅਤਾਂ ਨੂੰ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਸੰਧੂ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਭਾਈ ਜਸਮਿੰਦਰ ਸਿੰਘ ਸੰਧੂ ਆਦਿ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮੇਂ ਜਿੱਥੇ ਦੁੱਧ, ਲੱਸੀ, ਜੂਸ, ਰਸ, ਫਲ ਫਰੂਟ, ਚਾਹ ਪਕੌੜੇ ਜਲੇਬੀਆਂ ਤੇ ਵੱਖ-ਵੱਖ ਪਕਵਾਨਾਂ ਦੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ ਉਥੇ ਹੀ ਇਲਾਕੇ ਦੀਆਂ ਸੰਗਤਾਂ ਵੱਲੋਂ ਥਾਂ ਥਾਂ ਤੇ ਅਨੇਕਾਂ ਗੁਰੂ ਦੇ ਲੰਗਰ ਲਗਾਏ ਗਏ ਜਦਕਿ ਸ਼ਾਮ ਵੇਲੇ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਦੇ ਕਰਵਾਏ ਗਏ ਫਸਵੇਂ ਮੁਕਾਬਲਿਆਂ ਵਿੱਚ ਜੇਤੂ ਟੀਮਾਂ ਨੂੰ ਪ੍ਰਬੰਧਕਾਂ ਵੱਲੋਂ ਦਿਲਕਸ਼ ਨਗਦ ਇਨਾਮ ਦੇ ਕੇ ਨਿਵਾਜਿਆ ਗਿਆ।ਇਸ ਮੌਕੇ ਗ੍ਰੰਥੀ ਸਾਹਿਬਾਨ ਭਾਈ ਅਮਨਦੀਪ ਸਿੰਘ, ਜਥੇ: ਕਸ਼ਮੀਰ ਸਿੰਘ ਗੰਡੀਵਿੰਡ ਸਾਬਕਾ ਐੱਸਜੀਪੀਸੀ ਮੈਂਬਰ, ਸਾਬਕਾ ਵਾਇਸ ਚੇਅਰਮੈਨ ਗੁਰਬੀਰ ਸਿੰਘ ਝਬਾਲ, ਹਰਦੇਵ ਸਿੰਘ ਸ਼ਾਹ, ਸੁਖਰਾਜ ਸਿੰਘ ਕਾਲਾ ਗੰਡੀਵਿੰਡ, ਸਾਬਕਾ ਸਰਪੰਚ ਗੁਰਭੇਜ ਸਿੰਘ, ਸਰਪੰਚ ਕੇਹਰ ਸਿੰਘ ਆਧੀ,ਸਰਪੰਚ ਪ੍ਰਦੀਪ ਉੱਪਲ, ਸਾਬਕਾ ਸਰਪੰਚ ਗੁਰਭੇਜ ਸਿੰਘ, ਰਾਣਾ ਆਧੀ, ਸੁਖਜੀਤ ਸਿੰਘ ਬਾਵਾ, ਆੜ੍ਹਤੀ ਗੁਰਬੀਰ ਸਿੰਘ ਲਾਡੀ, ਹਰਮਨ ਸਿੰਘ ਹੰਮਾ,ਭਗਵਾਨ ਸਿੰਘ ਭਾਗਾ ਨੌਸ਼ਹਿਰਾ, ਸੁਲਤਾਨ ਸਿੰਘ ਨੌਸ਼ਹਿਰਾ, ਦਵਿੰਦਰ ਸਿੰਘ ਆੜਤੀ, ਰਾਣਾ ਆਧੀ, ਸ਼ੈਲੀ ਸੋਹਲ, ਗੁਰਭਾਗ ਸਿੰਘ ਭਾਗਾ ਸੋਹਲ, ਸੋਨੂੰ ਝਬਾਲ ਮੋਦੀ ਕਰਿਆਨਾ ਸਟੋਰ, ਕਰਮਨ ਹਵੇਲੀਆਂ, ਰਾਣਾ ਹਵੇਲੀਆਂ, ਦਵਿੰਦਰ ਸਿੰਘ ਹਵੇਲੀਆਂ, ਮੁਖ਼ਤਾਰ ਸਿੰਘ ਹਵੇਲੀਆਂ, ਸੁਖਮਨ ਸਿੰਘ, ਬਲਦੇਵ ਸਿੰਘ, ਬਲਕਾਰ ਸਿੰਘ, ਸੋਨੂੰ ਬਾਵਾ, ਗੁਰਜੰਟ ਢਾਲਾ, ਅਰਸ਼ ਢਾਲਾ, ਸੁਲਤਾਨ ਸੰਧੂ, ਗੋਰਾ ਬਾਵਾ, ਗੋਪੀ, ਸੁਖਜੀਤ ਸਿੰਘ ਬਾਵਾ,ਯੋਧਾ ਬਾਵਾ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਆਗੂ,ਵਰਕਰ ਤੇ ਸੰਗਤਾਂ ਵੀ ਮੌਜੂਦ ਸਨ।

# ਮਾਰਕੀਟ ਕਮੇਟੀ ਝਬਾਲ ਅਧੀਨ ਆਉਂਦੀਆਂ ਮੰਡੀਆਂ 'ਚ ਕਣਕ ਦੀ ਖਰੀਦ ਦੇ ਪ੍ਰਬੰਧ ਮੁਕੰਮਲ



**ਝਬਾਲ, (ਹਰਜਿੰਦਰ ਸਿੰਘ ਸੋਨੀ)**- ਮਾਰਕੀਟ ਕਮੇਟੀ ਝਬਾਲ ਅਧੀਨ ਆਉਂਦੀਆਂ ਮੰਡੀਆਂ ਝਬਾਲ, ਸੋਹਲ ਗੱਗੋਬੂਹਾ, ਜਿਊਬਾਲਾ, ਕਸੇਲ, ਸਰਾਏ ਅਮਾਨਤ ਖਾਂ ਅਤੇ ਚੀਮਾ ਮੰਡੀਆਂ ਵਿੱਚ ਸੜਕਾਂ, ਫੜ੍ਹਾਂ ਦੀ ਸਫਾਈ, ਲਾਈਟਾਂ, ਪੀਣ ਵਾਲੇ ਪਾਣੀ, ਛਾਂ ਅਤੇ ਪਖਾਨਿਆਂ ਦੀ ਸਫਾਈ ਆਦਿ ਸਮੇਤ ਸਾਰੇ ਪ੍ਰਬੰਧ ਮੁਕੰਮਲ ਹਨ।

ਮਕੁੰਮਲ ਪ੍ਰਬੰਧਾਂ ਸਬੰਧੀ ਜਾਣਕਾਰੀ ਦਿੰਦਿਆਂ ਮਾਰਕੀਟ ਕਮੇਟੀ ਝਬਾਲ ਦੇ ਸਕੱਤਰ ਕੰਵਲਪ੍ਰੀਤ ਸਿੰਘ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਜਿੱਥੇ ਫਸਲ ਲੈਣ ਕੇ ਆਉਣ ਵਾਲੇ ਕਿਸਾਨਾਂ ਨੂੰ ਸੁੱਕੀ ਕਣਕ ਹੀ ਲੈ ਕੇ ਆਉਣ ਦੀ ਅਪੀਲ ਕੀਤੀ ਉਥੇ ਹੀ ਆੜ੍ਹਤੀਆਂ ਨੂੰ ਵੀ ਕਿਹਾ ਕਿ ਉਹ ਆਪਣੀਆਂ ਆੜ੍ਹਤ ਦੀਆਂ ਦੁਕਾਨਾਂ ਤੇ ਸਰਕਾਰੀ ਮਾਪਦੰਡਾਂ ਤੇ ਸਹੀ ਮੁਆਇਸਚਰ ਵਾਲੀ ਸੁੱਕੀ ਕਣਕ ਹੀ ਕਿਸਾਨਾਂ ਨੂੰ ਲਿਆਉਣ ਲਈ ਕਹਿਣ ਤਾਂ ਜੋ ਕਿਸਾਨ ਅਤੇ ਆੜ੍ਹਤੀ ਬੇਲੋੜੀ ਖੱਜਲ ਖ਼ੁਆਰੀ ਤੋਂ ਬਚ ਸਕਣ।ਇਸ ਮੌਕੇ ਉਨ੍ਹਾਂ ਨਾਲ ਲੇਖਾਕਾਰ ਬਲਜੀਤ ਸਿੰਘ, ਗ੍ਰੇਡਿੰਗ ਸੁਪਰਵਾਈਜ਼ਰ ਹਰਮਨ ਪਾਲ ਸਿੰਘ ਚੀਮਾਂ, ਮੰਡੀ ਸੁਪਰਵਾਈਜ਼ਰ ਭੁਪਿੰਦਰਜੀਤ ਸਿੰਘ ਛਿਛਰੇਵਾਲ, ਆਕਰਸ਼ਨ ਰਿਕਾਰਡਿੰਗ ਮਨਜਿੰਦਰ ਸਿੰਘ ਸੰਧੂ, ਕੰਪਿਊਟਰ ਅਪਰੇਟਰ ਹਰਚੰਦ ਸਿੰਘ ਆਦਿ ਵੀ ਹਾਜ਼ਰ ਸਨ।

# ਧਾਲੀਵਾਲ ਵੱਲੋਂ ਨਵਾਂ ਪਿੰਡ ਤੇ ਚੱਕ ਸਿਕੰਦਰ 'ਚ ਸਕੂਲੀ ਇਮਾਰਤਾਂ ਦੇ ਉਦਘਾਟਨ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਆਪਣੇ ਹਲਕੇ ਦੇ ਪਿੰਡਾਂ ਚੱਕ ਸਿਕੰਦਰ ਅਤੇ ਨਵਾਂ ਪਿੰਡ ਵਿੱਚ ਸਕੂਲੀ ਇਮਾਰਤਾਂ ਦੇ ਉਦਘਾਟਨ ਕਰਦੇ ਦੱਸਿਆ ਕਿ ਪੰਜਾਬ ਸਰਕਾਰ ਨੇ ਬੀਤੇ ਦਿਨ ਪ੍ਰਿੰਸੀਪਲਾਂ ਦਾ ਤਰੱਕੀ ਕੋਟਾ 50 ਫੀਸਦੀ ਤੋਂ ਵਧਾ ਕੇ 75 ਫੀਸਦੀ ਕਰ ਦਿੱਤਾ ਹੈ, ਜਿਸ ਨਾਲ ਘੱਟੋ-ਘੱਟ 500 ਪ੍ਰਿੰਸੀਪਲਾਂ ਦੀ ਨਿਯੁਕਤੀ ਲਈ ਰਾਹ ਪੱਧਰਾ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਕੇਂਦਰ ਬਿੰਦੂ ਰਾਜ ਦੇ ਲੋਕਾਂ ਦੀ ਸਿਹਤ, ਸਿੱਖਿਆ ਤੇ ਆਰਥਿਕ ਤਰੱਕੀ ਹੈ ਅਤੇ ਅਸੀਂ ਇਸ ਲਈ ਕੰਮ ਕਰ ਰਹੇ ਹਾਂ।ਉਨ੍ਹਾਂ ਕਿਹਾ



ਕਿ ਸਾਡੀ ਸਰਕਾਰ ਨੇ ਸਕੂਲਾਂ ਨੂੰ ਪੈਸੇ ਦੇਣ ਵਿੱਚ ਕੋਈ ਕਮੀ ਨਹੀਂ ਛੱਡੀ, ਕਰੋੜਾਂ ਰੁਪਏ ਦੀਆਂ ਗਰਾਂਟਾਂ ਸਕੂਲਾਂ ਨੂੰ ਦਿੱਤੀਆਂ ਹਨ ਅਤੇ ਦਿੱਤੀਆਂ ਜਾ ਰਹੀਆਂ ਹਨ ਪਰ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਕਰਨ ਸਕੂਲਾਂ ਵਿੱਚ ਪ੍ਰਿੰਸੀਪਲ ਦੀਆਂ ਅਸਾਮੀਆਂ ਖਾਲੀ ਚੱਲ ਰਹੀਆਂ ਸਨ, ਜੋ ਕਿ ਸਕੂਲ ਪ੍ਰਬੰਧ ਵਿੱਚ ਵੱਡੀ ਰੁਕਾਵਟ ਪੈਦਾ ਕਰਦੀਆਂ ਸਨ।ਉਨ੍ਹਾਂ ਦੱਸਿਆ ਕਿ ਹੁਣ ਅਸੀਂ ਪ੍ਰਿੰਸੀਪਲਾਂ ਦੀ ਤਰੱਕੀ ਲਈ ਕੋਟਾ 50 ਫੀਸਦੀ ਤੋਂ ਵਧਾ ਕੇ 75 ਫੀਸਦੀ ਕਰ ਦਿੱਤਾ ਹੈ, ਜਿਸ ਨਾਲ 500 ਪ੍ਰਿੰਸੀਪਲ ਹੋਰ ਸਕੂਲਾਂ ਵਿੱਚ ਛੇਤੀ ਪਹੁੰਚ ਜਾਣਗੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਸਕੂਲਾਂ ਅਤੇ ਹਸਪਤਾਲਾਂ ਦੇ ਵਿਸ਼ੇ ਉਤੇ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਸਮਝੌਤਾ ਬਰਦਾਸ਼ਤ ਨਹੀਂ ਕਰਦੇ ਕਿਉਂਕਿ ਉਹ ਸਮਝਦੇ ਹਨ ਕਿ ਜੇ ਸਾਡੇ ਲੋਕਾਂ ਦੀ ਸਿਹਤ ਚੰਗੀ ਹੈ ਅਤੇ ਸਿੱਖਿਆ ਦਾ ਪੱਧਰ ਵਧੀਆ ਹੈ ਤਾਂ ਉਸ ਪਰਿਵਾਰ ਨੂੰ , ਉਸ ਰਾਜ ਨੂੰ ਕੋਈ ਵੀ ਤਰੱਕੀ ਕਰਨ ਤੋਂ ਰੋਕ ਨਹੀਂ ਸਕਦਾ।

ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਸਿੱਖਿਆ ਕੋਆਰਡੀਨੇਟਰ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ, ਬੀਪੀਈਓ ਦਲਜੀਤ ਸਿੰਘ, ਸੀਐੱਚਟੀ ਸਤਵਿੰਦਰ ਕੌਰ ਚੇਤਨਪੁਰਾ, ਸਰਪੰਚ ਮਲਕੀਤ ਸਿੰਘ ਨਵਾਂ ਪਿੰਡ, ਸਰਪੰਚ ਸੁਖਪ੍ਰੀਤ ਕੌਰ ਵਿਛੋਆ, ਐਮ. ਪੀ. ਸਿੰਘ ਕਾਹਲੋ, ਨਿਰਵੈਰ ਸਿੰਘ ਢਿੱਲੋਂ, ਸਰਬਜੋਤ ਸਿੰਘ ਵਿਛੋਆ, ਚਰਨਜੀਤ ਸਿੰਘ ਵਿਛੋਆ, ਮੈਡਮ ਸਰਬਜੀਤ ਕੌਰ, ਮੈਡਮ ਨਵਦੀਪ ਕੌਰ , ਮੈਡਮ ਰਾਜਵਿੰਦਰ ਕੌਰ ਮਨਦੀਪ ਕੌਰ ਆਦਿ ਹਾਜ਼ਰ ਸਨ।

# ਅਧਿਆਪਕਾਂ ਨੂੰ ਗੈਰ-ਵਿੱਦਿਅਕ ਕਾਰਜਾਂ 'ਚ ਉਲਝਾ ਕੇ ਸਿੱਖਿਆ ਦਾ ਉਜਾੜਾ ਕੀਤਾ ਜਾ ਰਿਹਾ: ਪੰਨੂ, ਲਾਹੌਰੀਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਹਰਜਿੰਦਰ ਪਾਲ ਸਿੰਘ ਪੰਨੂ ਤੇ ਸੂਬਾ ਪ੍ਰੈੱਸ ਸਕੱਤਰ ਦਲਜੀਤ ਸਿੰਘ ਲਹੌਰੀਆ ਨੇ ਦੱਸਿਆ ਕਿ ਈਟੀਯੂ ਪੰਜਾਬ ਵੱਲੋਂ ਸਖਤ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਵੱਲੋ ਨਵੇ ਦਾਖਿਲਆਂ ਦੇ ਸਮੇਂ ਕਰੋੜਾਂ ਰੁਪਏ ਖਰਚ ਕਰਕੇ ਅਧਿਆਪਕਾਂ ਨੂੰ ਬੇਮੌਸਮੀ ਉਦਘਾਟਨਾਂ 'ਚ ਮਿਸਤਰੀ ਲੱਭਣ 'ਚ ਉਲਝਾਇਆ ਜਾ ਰਿਹਾ ਹੈ ਅਤੇ ਉਲਟਾ ਵਿਰੋਧੀ ਰਾਜਨੀਤਿਕ ਧਿਰਾਂ ਨੂੰ ਆਪ ਬੋਲਣ ਦਾ ਮੌਕਾ ਦੇ ਕੇ ਸਾਡੀ ਸਰਕਾਰੀ ਸੰਸਥਾਵਾਂ ਦੀ ਹੇਠੀ ਕਰਾਈ ਜਾ ਰਹੀ ਹੈ, ਜਿਸਦਾ ਸਮੁੱਚੇ ਅਧਿਆਪਕ ਵਰਗ 'ਚ ਭਾਰੀ ਰੋਸ ਹੈ। ਈਟ ਯੂ (ਰਜਿ) ਸੂਬਾ ਕਮੇਟੀ ਨੇ ਕਿਹਾ ਕਿ ਉਦਘਾਟਨ ਕਰਨ ਆ ਰਹੇ ਐੱਮਐੱਲਏਜ਼/ਮੰਤਰੀਆਂ ਨੂੰ ਪ੍ਰਾਇਮਰੀ ਪੱਧਰ ਦੀਆਂ ਅਹਿਮ ਮੰਗਾਂ ਗੈਰ-ਵਿਦਿਅਕ ਕੰਮਾਂ/ਆਨਲਾਈਨ ਕੰਮਾਂ ਅਤੇ ਗੈਰ-ਵਿਦਿਅਕ ਬੀਐਲਓਜ਼ ਡਿਊਟੀਆਂ ਜਿਨ੍ਹਾਂ ਕਰਕੇ ਦਾਖਲੇ ਵੀ ਦਿਨ ਬਦਿਨ ਘੱਟ ਰਹੇ ਹਨ, ਨਵਾਂ ਸੈਸ਼ਨ ਕਿਤਾਬਾਂ ਅਜੇ ਤੱਕ ਸਕੂਲਾਂ ਨਹੀ ਪਹੁੰਚੀਆਂ, ਪੁਰਾਣੀ ਪੈਨਸ਼ਨ/ਡੀ ਏ/ਪੁਰਾਣੇ ਪੇ-ਕਮਿਸ਼ਨ ਦੀਆਂ ਤਰੁੱਟੀਆਂ/ਬਾਰਡਰ ਭੱਤਾ/ਪੇਂਡੂ ਭੱਤੇ ਸਮੇਤ/ਕੇਂਦਰੀ ਪੈਟਰਨ ਦੀ ਜਗ੍ਹਾ ਪੰਜਾਬ ਸਕੇਲ ਲਾਗੂ ਕਰਨ ਅਤੇ ਪ੍ਰਮੋਸ਼ਨਾਂ, ਸਕੂਲਾ 'ਚ ਡਾਟਾ ਐਂਟਰੀ ਅਪਰੇਟਰਾਂ, ਸਫਾਈ ਸੇਵਕ, ਚੌਂਕੀਦਾਰ ਸਮੇਤ ਸਭ ਵਿਭਾਗੀ ਅਹਿਮ ਮੁੱਖ ਮੰਗਾਂ ਸਰਕਾਰ ਦੇ ਸਾਹਮਣੇ ਲਿਆਂਦੀਆ ਜਾਣਗੀਆਂ। ਯੂਨੀਅਨ ਆਗੂਆ ਨੇ ਇਹ ਵੀ ਕਿਹਾ ਕਿ ਸਰਕਾਰ ਵੱਲੋ ਅਧਿਆਪਕ ਯੂਨੀਅਨਾਂ ਨਾਲ ਮੀਟਿੰਗਾਂ ਨਾ ਕਰਕੇ ਵੀ ਅਸਲੀ ਕਾਰਣਾਂ ਤੇ ਚੰਗੇ ਸੁਝਾਅ ਲੈਣ ਤੋਂ ਦੂਰ ਜਾ ਰਹੀ ਹੈ ਸਰਕਾਰ। ਜੇਕਰ ਪੰਜਾਬ ਸਰਕਾਰ ਦਾਖਲਾ ਵਧਾਉਣ ਲਈ ਸੁਝਾਅ ਲੈਣਾ ਚਾਹੇ ਤਾਂ ਐਲੀਮੈਂਟਰੀ ਟੀਚਰਜ਼



ਯੂਨੀਅਨ ਪੰਜਾਬ (ਰਜਿ) ਕੋਲ ਰੋਡ ਮੈਪ ਹੈ। ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਨੇ ਹਮੇਸ਼ਾ ਪਿਛਲੇ ਸਮਿਆਂ 'ਚ ਵੀ ਸਿੱਖਿਆ ਸੁਧਾਰਾਂ ਨੂੰ ਲੈ ਕੇ ਸਹੀ ਤੱਥ ਸਰਕਾਰ ਅੱਗੇ ਰੱਖਦੀ ਰਹੀ ਹੈ ਤੇ ਹੁਣ ਮੌਜੂਦਾ ਸਰਕਾਰ ਵੀ ਕਹੇ ਤਾਂ ਅਸੀਂ ਸੁਝਾਅ ਦੇ ਸਕਦੇ ਹਾਂ ਤੇ ਦਅਵੇ ਨਾਲ ਕਹਾਂਗੇ ਕਿ ਜੇਕਰ ਸਰਕਾਰੀ ਸਕੂਲਾਂ ਚ ਦਾਖਲੇ ਲਈ ਲਾਈਨਾਂ ਲੱਗਣਗੀਆਂ। ਸਰਕਾਰ ਨੂੰ ਇਹ ਸਮਝਣਾ ਪਵੇਗਾ ਕਿ ਮੌਜੂਦਾ ਅਧਿਆਪਕਾਂ ਦੇ ਵੀ ਇਸ ਫੀਲਡ 'ਚ 35-35 ਸਾਲਾਂ ਤੋਂ ਵੱਧ ਦਾ ਤਜਰਬਾ ਹੈ ਜੋ ਸਿਆਣੇ ਸੁਝਾਅ ਦੇ ਸਕਦੇ ਹਨ। ਨਹੀਂ ਤਾਂ ਸਭ ਹਨੇਰੇ 'ਚ ਤੀਰ ਮਾਰਨ ਵਾਲੀ ਗੱਲ ਹੈ। ਭਾਵੇਂ ਸਕੂਲ ਵਧੀਆਂ ਹਨ, ਅਧਿਆਪਕ ਵੀ ਆਲਾ ਦਰਜੇ ਦੀ ਪੜ੍ਹਾਈ, ਯੋਗਤਾ ਅਤੇ ਤਜਰਬਾ ਰੱਖਦੇ ਹਨ ਫਿਰ ਵੀ ਅਧਿਆਪਕਾਂ ਕੋਲੋਂ ਪੜ੍ਹਾਈ ਦੀ ਥਾਂ ਵੀਹ ਤਰਾਂ ਦੇ ਗੈਰ-ਵਿਦਿਅਕ ਕੰਮ ਲੈ ਕੇ ਮਿਆਰੀ ਸਿੱਖਿਆ ਦਾ ਢੰਡੋਰਾ ਨਹੀਂ ਪਿਟਿਆ ਜਾ ਸਕਦਾ। ਇਸ ਤੋਂ ਇਲਾਵਾ ਵੱਖ-ਵੱਖ ਪ੍ਰੋਜੈਕਟ ਬੰਦ ਕਰਕੇ ਅਧਿਆਕਾਂ ਨੂੰ ਸਿਰਫ ਸਕੂਲਾਂ ਚ ਪੜ੍ਹਾਉਣ ਲਈ ਲਗਾਇਆ ਜਾਵੇ ਅਤੇ ਟੀਚੇ ਦੀ ਖੇਡ ਬੰਦ ਕੀਤੀ ਜਾਵੇ। ਸਰਕਾਰ ਨੂੰ ਜ਼ਮੀਨੀ ਹਕੀਕਤ ਸਮਝਣੀ ਪਵੇਗੀ। ਇਸ ਮੌਕੇ ਹਰਜਿੰਦਰ ਪਾਲ ਸਿੰਘ ਪੰਨੂੰ, ਨਰੇਸ਼ ਪਨਿਆੜ, ਬੀ ਕੇ ਮਹਿਮੀ, ਲਖਵਿੰਦਰ ਸਿੰਘ ਸੇਖੋਂ, ਹਰਜਿੰਦਰ ਹਾਂਡਾ, ਸਤਵੀਰ ਸਿੰਘ ਰੌਣੀ, ਹਰਕ੍ਰਿਸ਼ਨ ਸਿੰਘ ਮੋਹਾਲੀ, ਨੀਰਜ ਅਗਰਵਾਲ, ਗੁਰਿੰਦਰ ਸਿੰਘ ਘੁੱਕੇਵਾਲੀ, ਸਰਬਜੀਤ ਸਿੰਘ, ਸੋਹਣ ਸਿੰਘ ਮੋਗਾ, ਦਲਜੀਤ ਸਿੰਘ ਲਹੌਰੀਆ, ਅਮ੍ਰਿਤਪਾਲ ਸਿੰਘ ਸੇਖੋਂ, ਨਿਰਭੈ ਸਿੰਘ ਮਾਲੋਵਾਲ, ਅਸ਼ੋਕ ਕੁਮਾਰ ਸਰਾਰੀ, ਤਰਸੇਮ ਲਾਲ ਜਲੰਧਰ, ਜਤਿੰਦਰਪਾਲ ਸਿੰਘ ਰੰਧਾਵਾ, ਹਰਜਿੰਦਰ ਸਿੰਘ ਚੌਹਾਨ, ਸਤਬੀਰ ਸਿੰਘ ਬੋਪਾਰਾਏ, ਰਵੀ ਵਾਹੀ, ਮਲਕੀਤ ਸਿੰਘ ਕਾਹਨੂੰਵਾਨ, ਦਿਲਬਾਗ ਸਿੰਘ ਬੌਡੇ, ਪਰਮਜੀਤ ਸਿੰਘ ਬੁੱਢੀਵਿੰਡ, ਪ੍ਰਭਜੋਤ ਸਿੰਘ ਦੁਲਾਨੰਗਲ, ਜਗਨੰਦਨ ਸਿੰਘ ਫਾਜਿਲਕਾ, ਮਨੋਜ ਘਈ, ਰਣਜੀਤ ਸਿੰਘ ਮੱਲ੍ਹਾ, ਸੁਖਦੇਵ ਸਿੰਘ ਬੈਨੀਪਾਲ, ਅਵਤਾਰ ਸਿੰਘ ਮਾਨ, ਗੁਰਦੀਪ ਸਿੰਘ ਖੁਣਖੁਣ, ਕੁਲਦੀਪ ਸਿੰਘ ਨਵਾਂਸ਼ਹਿਰ, ਰਵੀ ਕਾਂਤ, ਦਿਗਪਾਲ ਪਠਾਨਕੋਟ, ਮਨਿੰਦਰ ਸਿੰਘ ਤਰਨਤਾਰਨ, ਰਛਪਾਲ ਸਿੰਘ ਉਦੋਕੇ, ਜਸਵੰਤ ਸਿੰਘ ਸੇਖੜਾ, ਹਰਜੀਤ ਸਿੰਘ ਸਿੱਧੂ, ਹਰਵਿੰਦਰ ਸਿੰਘ ਹੈਪੀ, ਹੈਰੀ ਮਲੋਟ, ਦਿਲਬਾਗ ਸਿੰਘ ਸੈਣੀ, ਹਰਪ੍ਰੀਤ ਸਿੰਘ, ਰਿਸ਼ੀ ਕੁਮਾਰ ਜਲੰਧਰ, ਅਸ਼ੋਕ ਕੁਮਾਰ, ਸੁਰਿੰਦਰ ਕੁਮਾਰ ਮੋਗਾ, ਪਰਮਬੀਰ ਸਿੰਘ ਰੋਖੇ, ਲਖਵਿੰਦਰ ਸਿੰਘ ਸੰਗੂਆਣਾ, ਰਵੀ ਕੁਮਾਰ ਫਰੀਦਕੋਟ, ਗੁਰਦੀਪ ਸਿੰਘ ਸੈਣੀ, ਧਰਮਿੰਦਰ ਸਿੰਘ ਡੋਡ, ਹਰਪਿੰਦਰ ਸਿੰਘ ਤਰਨਤਾਰਨ, ਜਸਵਿੰਦਰ ਸਿੰਘ ਬਾਤਿਸ਼, ਮਨਜੀਤ ਸਿੰਘ ਬੌਬੀ, ਸੁਰਜੀਤ ਸਿੰਘ ਕਾਲੜਾ, ਜਨਕਰਾਜ ਮੁਹਾਲੀ, ਸਤਨਾਮ ਸਿੰਘ ਪਾਲੀਆ, ਚਰਨਜੀਤ ਸਿੰਘ ਫਿਰੋਜ਼ਪੁਰ, ਰਾਕੇਸ਼ ਗਰਗ, ਕੁਲਬੀਰ ਸਿੰਘ ਗਿੱਲ, ਅਵਤਾਰ ਸਿੰਘ ਭਲਵਾਨ, ਕਮਲਜੀਤ ਸਿੰਘ ਡੱਡੇਆਣਾ, ਬਚਨ ਸਿੰਘ, ਰਵਿੰਦਰ ਕੁਮਾਰ, ਬਲਕਾਰ ਸਿੰਘ, ਰਮਨ ਕੁਮਾਰ ਪਠਾਨਕੋਟ, ਹੀਰਾ ਸਿੰਘ ਅੰਮ੍ਰਿਤਸਰ, ਮੇਜਰ ਸਿੰਘ ਮਸੀਤੀ, ਨਵਰੀਤ ਸਿੰਘ ਜੌਲੀ, ਸਤੀਸ਼ ਕੁਮਾਰ ਫਾਜ਼ਿਲਕਾ, ਮਨਜੀਤ ਸਿੰਘ ਪਾਰਸ, ਪੰਕਜ ਅਰੋੜਾ, ਜਸਵਿੰਦਰ ਸਿੰਘ ਤਰਨਤਾਰਨ, ਜਸਪਾਲ ਸਿੰਘ, ਸੁਖਵਿੰਦਰ ਸਿੰਘ ਧਾਮੀ, ਸੰਦੀਪ ਚੌਧਰੀ, ਕੀਮਤੀ ਲਾਲ ਮੁਕਤਸਰ, ਗੁਰਬੀਰ ਸਿੰਘ ਦਦੇਹਰ ਸਾਹਿਬ, ਗੁਰਦੀਪ ਸਿੰਘ ਸੈਣੀ ਤੇ ਹੋਰ ਆਗੂ ਹਾਜ਼ਰ ਸਨ।

# ਗੁਰਦਾਸਪੁਰ ਤੋਂ ਵਿਸਾਖੀ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ


ਅਰਵਿੰਦ ਕੇਜਰੀਵਾਲ 'ਆਪ' ਕਨਵੀਨਰ | ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ | ਮੁਨੀਸ਼ ਸਿਸੋਦੀਆ ਆਪ ਪ੍ਰਭਾਰੀ ਪੰਜਾਬ | ਅਮਨ ਅਰੋੜਾ ਪੰਜਾਬ ਪ੍ਰਧਾਨ | ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਾਈਸ ਪ੍ਰਧਾਨ

ਵਿਸਾਖੀ ਦੀਆਂ ਇਲਾਕਾ ਨਿਵਾਸੀਆਂ ਅਤੇ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ !



ਰਾਜੀਵ ਸ਼ਰਮਾ ਚੇਅਰਮੈਨ

## ਰਾਜੀਵ ਸ਼ਰਮਾ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵਲੋਂ ਕੀਤੇ ਵਿਕਾਸ ਕੰਮਾਂ ਦਾ ਵੇਰਵਾ

1. ਬਾਬਾ ਬੰਦਾ ਸਿੰਘ ਬਹਾਦਰ ਇੰਟਰਸਟੇਟ ਬੱਸ ਟਰਮੀਨਲ 14.5 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ
2. ਸਕੀ ਨੰ. 7 ਵਿਚ 850 ਫੁੱਟ ਲੰਬੀ, 10 ਫੁੱਟ ਉੱਚੀ ਦੀਵਾਰ ਬਣਾਈ ਗਈ।
3. 3 ਏਕੜ ਜ਼ਮੀਨ ਵਿਚ ਲਗਭਗ 1 ਹਜ਼ਾਰ ਵਹੀਕਲ ਦੀ ਪਾਰਕਿੰਗ ਬਣਾਈ ਗਈ।
4. 2 ਏਕੜ ਜ਼ਮੀਨ ਵਿਚ ਇੱਕ ਰੈਸਟ ਹਾਊਸ ਬਣਾਇਆ ਜਾ ਰਿਹਾ ਹੈ।
5. ਸਟਰੀਟ ਲਾਈਟਾਂ ਦਾ ਪ੍ਰਬੰਧ ਕੀਤਾ ਗਿਆ।
6. ਸਕੀਮ ਨੰ.7 ਦੇ ਆਲੇ ਦੁਆਲੇ ਬਾਊਡਰੀ ਵਾਲ ਬਣਾਈ ਗਈ।
7. ਸੁਰੱਖਿਆ ਨੂੰ ਮੁੱਖ ਰੱਖਦੇ ਹੋਏ 3 ਗੇਟ ਬਣਾਏ ਗਏ।
8. ਟੁੱਟੀਆਂ ਸੜਕਾਂ ਦੀ ਮੁਰੰਮਤ ਕਰਵਾਈ ਗਈ।
9. ਸ਼ਾਪਕਮ ਫਲੈਕਸ 1 ਤੋਂ 40 ਅਤੇ 16 ਤੋਂ 41 ਤੱਕ ਪਾਰਕਿੰਗ ਵਿਚ ਇੰਟਰਲਾਕ ਟਾਈਲਾਂ ਲਗਾਈਆਂ ਗਈਆਂ।
10. 3 ਏਕੜ ਜ਼ਮੀਨ ਵਿਚ ਟਾਊਨ ਪਾਰਕ ਬਣਾ ਕੇ ਇਸ ਵਿਚ 150 ਫੁੱਟ ਫਲੈਗ ਲਗਾਇਆ ਜਾ ਰਿਹਾ ਹੈ
11. ਪਾਰਕ ਵਿਚ ਲੋਕਾਂ ਦੇ ਬੈਠਣ ਲਈ ਕੁਰਸੀਆਂ ਦਾ ਪ੍ਰਬੰਧ ਕੀਤਾ ਗਿਆ।
12. ਬੱਸ ਅੱਡੇ ਦੇ ਬਾਹਰਲੇ ਪਾਸੇ ਚੌਕ ਵਿਚ ਬਾਬਾ ਬੰਦਾ ਸਿੰਘ ਬਹਾਦਰ ਪਾਰਕ ਬਣਾਉਣ ਦਾ ਕੰਮ ਚੱਲ ਰਿਹਾ ਹੈ।
13. ਸਕੀਮ ਨੰਬਰ 7 ਵਿਚ ਐਂਟਰੀ ਗੇਟ ਬਣਾਏ ਗਏ।
14. ਬੱਸ ਅੱਡੇ ਦੀ ਫ਼ਰੰਟ ਅਤੇ ਬੈਕ ਸਾਈਡ 'ਤੇ ਕੁੱਲ 4 ਪਾਰਕ ਬਣਾਏ ਗਏ।
15. ਬੂਥ ਸਾਈਟਾਂ ਦੀ ਪਾਰਕਿੰਗ ਵਿਚ ਟਾਈਲਾਂ ਲਗਾਉਣ ਦਾ ਕੰਮ ਚੱਲ ਰਿਹਾ ਹੈ।
16. ਈ-ਆਕਸ਼ਨ ਰਾਹੀਂ ਜਾਇਦਾਦਾਂ ਵੇਚਣ ਤੋਂ ਟਰੱਸਟ ਨੂੰ 80 ਕਰੋੜ ਰੁਪਏ ਦੀ ਆਮਦਨ ਹੋਈ।
17. ਨੈਸ਼ਨਲ ਹਾਈਵੇ ਤੋਂ ਸਕੀਮ ਨੰ. 7 ਵੱਲ ਐਂਟਰੀ ਲਈ 80 ਫੁੱਟ ਰੋਡ ਦਾ ਨਿਰਮਾਣ ਕਰਵਾਇਆ ਗਿਆ

aap AAM AADMI PARTY





ਜਨਕ ਮਹਾਜਨ ਆਪਣੀ ਜੀਵਨ ਸਾਥਣ ਊਸ਼ਾ ਮਹਾਜਨ ਅਤੇ ਦੋਹਤੀ-ਦੋਹਤੇ ਛਵੀ ਮਹਾਜਨ ਤੇ ਨਮਨ ਮਹਾਜਨ ਦੇ ਨਾਲ

## ਧੰਨਵਾਦ ਜੀ

ਮੈਂ ਸਾਰੇ ਸੱਜਣਾ ਮਿੱਤਰਾਂ ਦਾ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਮੈਨੂੰ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਹਿਯੋਗ ਦਿੱਤਾ ਹੈ।



ਪੱਤਰਕਾਰ ਜਨਕ ਮਹਾਜਨ
ਗੁਰਦਾਸਪੁਰ, ਮੋ. 9855624380



ਨਗਰ ਸੁਧਾਰ ਟਰਸਟ ਗੁਰਦਾਸਪੁਰ ਦੇ ਅਧਿਕਾਰੀ
ਵਿਸਾਖੀ ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ !

Raj Kumar junior -Asstt | Anurag Sharma JE | Manoj Sharma Executive officer | Harmeet Singh SDO | Surinder Singh Draftsman



# Chemist Association Gurdaspur

President Darshan sharma | Rajwant Singh V.P

ਵਿਸਾਖੀ ਦੀਆਂ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ !

Ashish Gupta Sec | Rakesh Arora Cashier



A Shoppee of Exclusive Uniforms
KRISHNA SCHOOL UNIFORM
Old Bus Stand, Near International Hotel/Gautam Sports Gurdaspur
Mob.62809-76300, Mob. 84371-41954, Mob. 79734-06665



Mahadev Advertiser & Card Shop
Deals in – Calendars, Diaries & Advertisment Material
Sangalpura Road Gurdaspur
991550-12269
Sachin Gupta



Deepak Hospital
Purana Shalla Gurdaspur
ਇੱਥੇ ਔਰਤਾਂ ਦੀ ਹਰ ਬਿਮਾਰੀ ਦਾ ਇਲਾਜ ਕੀਤਾ ਜਾਂਦਾ ਹੈ।
Dr. Ritu Kondal BAMS



TK Paper Mill
Village Sakta Chack Kathua (J&K)
Sister Concern – Himalya Craft Tahli Sahib (H.P.)
Tarsame Mahajan | ਰੋਸ਼ਨ ਮਹਾਜਨ
92167-21001, 92167-21016



VIRDI HOSPITAL
Dr. B.S. Virdi M.D M:98151-03706
DR. R.S VIRDI MBBS, MCHT FICD (FELLOWSHIP IN CARDIODIABETES) AIIMS NEW DELHI MEMBER OF OZONE FORUM OF INDIA EX. FORTIS HOSPITAL,MOHALI. M: 9780293706
Emergency 24 Hours
MUKERIAN ROAD, PURANA SHALLA, GURDASPUR



U.K TRADERS LIBRARY ROAD GURDASPUR
Usha Kumari



Anuradha Feed Agency
Pandori Road Gurdaspur
Surinderpal



OM Clinical Lab
ਇਥੇ ਹਰ ਤਰ੍ਹਾਂ ਦੇ ਟੈਸਟ ਕੀਤੇ ਜਾਂਦੇ ਹਨ।
Near Sri Gurdwara Sahib Saila Khurad Hoshiarpur
Pooja



Anand Modren Sr. Sec. School
Principal Nargis Anand | Mob. 9888145324 | Ravinder Anand MD
Gopal Shah Road Mohalla Islamabaad Gurdaspur



ਛਵੀ ਅਤੇ ਨਮਨ ਮਹਾਜਨ



Manmohan Singh
Inspector CID (Retd.)



Surinder Pappu
Ex Finance Secretary Punjab
TSU PSEB



Ashok Kumar Press Repoter | Naseeb Singh | Gurmeet Singh Dala



ਵਿਸਾਖੀ ਤੇ ਖ਼ਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ
SHINE ENTERPRISES
DEALS SPORTS & SCHOOL ITEMS
M 98144-45996
G.T ROAD KAHNUWAN CHOWK GURDASPUR
ਪਵਨ ਕੁਮਾਰ



CTU District Gurdaspur
Jaswant Singh Butter District President | Dhian Singh Thakur District General Secretary


## ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਕੀਤਾ ਵਿੱਦਿਅਕ ਦੌਰਾ



**ਜਲੰਧਰ (ਸ਼ੈਲੀ ਐਲਬਰਟ)**-ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਇਲੈਕਟ੍ਰੀਕਲ ਵਿਭਾਗ ਦੇ ਵਿਦਿਆਰਥੀ ਤੱਕ ਇੱਕ ਤਕਨੀਕੀ ਵਿੱਦਿਅਕ ਦੌਰੇ 'ਤੇ ਗਏ। ।ਇਸ ਵਿੱਦਿਅਕ ਦੌਰੇ ਦੌਰਾਨ ਉਹਨਾਂ ਨੇ ਭਾਖੜਾ ਡੈਮ, ਸ੍ਰੀ ਅਨੰਦਪੁਰ ਸਾਹਿਬ, ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਾਵਰ ਪਲਾਂਟ (ਰੋਪੜ), ਪੈਡਾ ਸੋਲਰ ਪੈਸਵ ਕੰਪਲਕਸ, ਰਾਮਕ੍ਰਿਸ਼ਨ ਆਸ਼ਰਮ ਚੰਡੀਗੜ੍ਹ , ਪੰਡੋਹ ਡੈਮ ਸੁੰਦਰਨਗਰ, ਗੁਰੂਦਵਾਰਾ ਮੰਡੀ ਸਾਹਿਬ, ਗੁਰੂਦਵਾਰਾ ਸ੍ਰੀ ਮਨੀਕਰਨ ਸਾਹਿਬ, ਮਲਾਨਾ ਹਾਈਡ੍ਰੋ ਪਾਵਰ ਪਲਾਂਟ, ਬ੍ਰਮ੍ਹ ਗੰਗਾ ਹਾਈਡ੍ਰੋ ਪਾਵਰ ਪਲਾਂਟ ਕੁਲੂ, ਬਿਆਸ ਕੁੰਡ ਮਨਾਲੀ ਅਤੇ ਅਟਲ ਟਨਲ, ਸ਼ੀਸੂ, ਕੋਕਸਰ ਦੀ ਯਾਤਰਾ ਕੀਤੀ।ਰਾਸਤੇ ਵਿੱਚ ਉਹਨਾਂ ਨੇ ਵਿੰਡ ਮਿੱਲਾਂ ਅਤੇ ਬਹੁਤ ਸਾਰੇ ਕੁੱਦਰਤੀ ਦ੍ਰਿਸ਼ ਵੀ ਦੇਖੇ।ਇਸ ਟੂਰ ਦੀ ਅਗਵਾਈ ਵਿਕ੍ਰਮਜੀਤ ਸਿੰਘ ਅਤੇ ਗਗਨਦੀਪ ਨੇ ਕੀਤੀ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਕਸ਼ਮੀਰ ਕੁਮਾਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਇਹ ਵਿੱਦਿਅਕ ਦੋਰਾ ਵਿਦਿਆਰਥੀਆਂ ਲਈ ਅਮਿੱਟ ਛਾਪ ਛੱਡ ਗਿਆ।

## 'ਵਰਸਿਟੀ ਕਲਰ ਨਾਲ ਸਨਮਾਨਤ ਖਾਲਸਾ ਕਾਲਜ ਦੀ ਸਕਿੱਟ ਟੀਮ ਦਾ ਸਵਾਗਤ

**ਮਾਹਿਲਪੁਰ, (ਸ਼ਫ਼ਰੀ)**

ਪਿਛਲੇ ਦਿਨੀਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੀ ਥੀਏਟਰੀਕਲ ਟੀਮ ਦੇ ਛੇ ਵਿਦਿਆਰਥੀਆਂ ਨੂੰ ਸਕਿੱਟ ਵੰਨਗੀ ਵਿੱਚ ਸਰਵੋਤਮ ਕਾਰਗੁਜ਼ਾਰੀ ਵਜੋਂ ਰੋਲ ਆਫ ਆਨਰ ਅਤੇ ਯੂਨੀਵਰਸਿਟੀ ਕਲਰ ਨਾਲ ਸਨਮਾਨਿਤ ਕੀਤਾ ਗਿਆ।ਉਕਤ ਸਨਮਾਨ ਹਾਸਲ ਕਰਨ ਉਪਰੰਤ ਅੱਜ ਖਾਲਸਾ ਕਾਲਜ ਮਾਹਿਲਪੁਰ ਵਿੱਚ ਪੁੱਜੀ ਥੀਏਟਰੀਕਲ ਟੀਮ ਦੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਸਟਾਫ਼ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਵਿਦਿਆਰਥੀਆ ਨੂੰ ਇਸ ਪ੍ਰਾਪਤੀ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਟੀਮ ਦੀ ਅਗਵਾਈ ਕਰਦੇ ਅਧਿਆਪਕਾਂ ਅਤੇ ਵਿਦਿਆਰਥੀ ਨਾਟ ਕਰਮੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਨਾਲ ਸੰਸਥਾ ਦਾ ਨਾਮ ਰੌਸ਼ਨ ਹੁੰਦਾ ਹੈ ਅਤੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਦਾ ਵੀ ਬਹੁਪੱਖੀ ਨਿਰਮਾਣ ਹੁੰਦਾ ਹੈ। ਇਸ ਮੌਕੇ ਥੀਏਟਰੀਕਲ ਟੀਮ ਦੇ ਕਨਵੀਨਰ ਡਾ ਜੇ ਬੀ ਸੇਖੋਂ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਕਰਵਾਏ ਜਾਂਦੇ ਜੋਨਲ ਯੁਵਕ ਅਤੇ ਵਿਰਾਸਤੀ ਮੇਲੇ, ਇੰਟਰ ਜੋਨਲ ਯੁਵਕ ਅਤੇ ਵਿਰਾਸਤੀ ਮੇਲਿਆਂ ਸਮੇਤ ਅੰਤਰ ਯੂਨੀਵਰਸਿਟੀ ਯੁਵਕ ਅਤੇ ਵਿਰਾਸਤੀ ਮੇਲਿਆਂ ਵਿੱਚ ਖਾਲਸਾ ਕਾਲਜ ਮਾਹਿਲਪੁਰ ਦੀ ਥੀਏਟਰੀਕਲ ਟੀਮ ਦੀ ਸ਼ਾਨਦਾਰ ਕਾਰਗੁਜ਼ਾਰੀ ਰਹੀ ਹੈ। ਉਨ੍ਹਾਂ



ਦੱਸਿਆ ਕਿ ਮੁਕਾਬਲੇ ਦੇ ਉਕਤ ਪੱਧਰਾਂ 'ਤੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਕਾਲਜ ਦੀ ਸਕਿੱਟ ਟੀਮ ਦੇ ਛੇ ਵਿਦਿਆਰਥੀ- ਨਾਟ ਕਰਮੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਯੁਵਕ ਭਲਾਈ ਵਿਭਾਗ ਵੱਲੋਂ ਰੋਲ ਆਫ ਆਨਰ ਅਤੇ ਯੂਨੀਵਰਸਿਟੀ ਕਲਰ ਨਾਲ ਸਨਮਾਨਿਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਸਨਮਾਨ ਵਿਦਿਆਰਥੀਆ ਦੀਆਂ ਕਲਾ ਅਤੇ ਸਭਿਆਚਾਰਕ ਪ੍ਰਾਪਤੀਆਂ ਦੀ ਸ਼ਲਾਘਾ ਵਿੱਚ ਸਰਵੋਤਮ ਪੁਰਸਕਾਰ ਹੈ। ਸਨਮਾਨਿਤ ਹੋਣ ਪਿੱਛੋਂ ਯੂਨੀਵਰਸਿਟੀ ਕਲਰ ਜੇਤੂ ਵਿਦਿਆਰਥੀਆਂ ਅੰਮ੍ਰਿਤਪਾਲ ਸਿੰਘ, ਸ਼ੈਰਲ, ਗੀਤਿਕਾ, ਗਗਨਦੀਪ ਸਿੰਘ, ਹਰਮਨ, ਮੁਨੀਸ਼ ਕੁਮਾਰ ਨੇ ਕਾਲਜ ਦੇ ਪ੍ਰਬੰਧਕਾਂ ਅਤੇ ਅਧਿਆਪਕਾਂ ਵਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਥੀਏਟਰੀਕਲ ਟੀਮ ਦੀ ਤਿਆਰੀ ਵਿਚ ਸਹਿਯੋਗੀ ਅਧਿਆਪਕਾਂ ਵਿੱਚ ਪ੍ਰੋ ਅਸ਼ੋਕ ਕੁਮਾਰ, ਪ੍ਰੋ ਗਣੇਸ਼, ਪ੍ਰੋ ਅਮਨਦੀਪ ਕੌਰ, ਪ੍ਰੋ ਨੈਨਸੀ ਅਤੇ ਪ੍ਰੋ ਅਨੁਰਾਧਾ ਨੇ ਵੀ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕੀਤੀ।

## ਏ ਜੀ ਆਈ ਗਲੋਬਲ ਸਕੂਲ ਨੇ ਆਗੂਆਂ ਨੂੰ ਕੀਤਾ ਸਨਮਾਨਿਤ

**ਜਲੰਧਰ ( ਰਾਜੇਸ਼ ਥਾਪਾ)**

ਏ ਜੀ ਆਈ ਗਲੋਬਲ ਸਕੂਲ ਨੇ ਆਪਣੇ ਵਿਦਿਆਰਥੀਆਂ ਦੀ ਸਫਲਤਾ ਦਾ ਜਸ਼ਨ ਮਨਾਇਆ ਅਤੇ ਸਕੂਲ ਦੁਆਰਾ ਆਯੋਜਿਤ ਇੱਕ ਸਮਾਗਮ ਵਿੱਚ ਉਨ੍ਹਾਂ ਨੂੰ ਢੁੱਕਵੇਂ ਢੰਗ ਨਾਲ ਸਨਮਾਨਿਤ ਕੀਤਾ।ਇਸ ਮੌਕੇ ਸਕੂਲ ਨੇ ਆਪਣਾ ਅਕਾਦਮਿਕ ਉੱਤਮਤਾ ਪੁਰਸਕਾਰ ਸਮਾਰੋਹ ਆਯੋਜਿਤ ਕੀਤਾ।ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ 95% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲਿਆਂ ਨੂੰ ਪੁਰਸਕਾਰ ਦਿੱਤੇ ਗਏ।ਇਸ ਸਮਾਗਮ ਵਿੱਚ ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਅਤੇ ਸਕੂਲ ਦੀ ਚੇਅਰਪਰਸਨ ਸ਼੍ਰੀਮਤੀ ਸਲਵਿੰਦਰਜੀਤ ਕੌਰ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ 95% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ। ਹੋਰਨਾਂ ਖੇਤਰਾਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਮਾਨਤਾ ਦਿੱਤੀ ਗਈ।ਸਭ ਤੋਂ ਵੱਧ ਅਨੁਸ਼ਾਸਿਤ ਵਿਦਿਆਰਥੀ, ਸਭ ਤੋਂ ਵੱਧ ਸਮਾਰਟ ਵਿਦਿਆਰਥੀ, ਅਤੇ ਆਲ-ਰਾਊਂਡਰ ਵਰਗੇ ਪੁਰਸਕਾਰ ਦਿੱਤੇ ਗਏ।ਵਿਦਿਆਰਥੀਆਂ ਦੁਆਰਾ ਸੁੰਦਰ ਪ੍ਰਦਰਸ਼ਨ ਵੀ ਕੀਤੇ ਗਏ।ਸਕੂਲ ਦੀ ਡਾਇਰੈਕਟਰ, ਸ਼੍ਰੀਮਤੀ ਹਰਲੀਨ ਮੋਹੰਤੀ ਨੇ ਦੱਸਿਆ ਕਿ ਪੜ੍ਹਾਈ ਵਿੱਚ ਚੰਗਾ ਪ੍ਰਦਰਸ਼ਨ ਕਰਨਾ ਕਿੰਨਾ




ਮਹੱਤਵਪੂਰਨ ਹੈ ਅਤੇ ਸਕੂਲ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਨਾਲ ਵਧਣ ਵਿੱਚ ਕਿਵੇਂ ਮਦਦ ਕਰਦਾ ਹੈ।ਪ੍ਰਿੰਸੀਪਲ, ਸ਼੍ਰੀਮਤੀ ਆਰਤੀ ਸ਼ਰਮਾ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ।